ਮੰਗਲਵਾਰ, 7 ਅਪ੍ਰੈਲ, 2026
25 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 306

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 7 APRIL, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



# ਪ੍ਰਕਾਸ਼ ਪੁਰਬ
## ਨੌਵੇਂ ਪਾਤਸ਼ਾਹ
## ਸ੍ਰੀ ਗੁਰੂ ਤੇਗ਼ ਬਹਾਦਰ ਜੀ

"ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਜੀਵਨ, ਮਨੁੱਖਤਾ ਦੀ ਰਾਖੀ ਅਤੇ ਧਾਰਮਿਕ ਆਜ਼ਾਦੀ ਦੀ ਸਰਬ-ਉੱਚ ਮਿਸਾਲ ਹੈ। ਉਹਨਾਂ ਦਾ ਜੀਵਨ ਸਾਨੂੰ ਨਾ-ਇਨਸਾਫ਼ੀ ਵਿਰੁੱਧ ਬਿਨਾਂ ਕਿਸੇ ਡਰ ਤੋਂ ਖੜ੍ਹੇ ਰਹਿਣ ਅਤੇ ਸੱਚ ਦੇ ਰਾਹ ਉੱਤੇ ਅਡੋਲ ਰਹਿਣ ਦੀ ਪ੍ਰੇਰਨਾ ਦਿੰਦਾ ਹੈ। ਆਓ, ਅਸੀਂ ਗੁਰੂ ਸਾਹਿਬ ਦੇ ਦਰਸਾਏ ਰਾਹ ਉੱਤੇ ਚਲਦਿਆਂ ਆਪਸੀ ਭਾਈਚਾਰੇ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਈਏ।"

**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ



ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਸਰਕਾਰ ਗੜੇਮਾਰੀ ਨਾਲ ਤਬਾਹ ਹੋਈ ਫਸਲ ਦਾ 50,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਵੇ : ਹਰਸਿਮਰਤ ਬਾਦਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਸੀਨੀਅਰ ਆਗੂ ਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਬੇਨਤੀ ਕੀਤੀ ਕਿ ਉਹ ਉਨ੍ਹਾਂ ਸਾਰੇ ਕਿਸਾਨਾਂ ਨੂੰ 50,000 ਰੁਪਏ ਪ੍ਰਤੀ ਏਕੜ ਦਾ ਮੁਆਵਜ਼ਾ ਤੁਰੰਤ ਜਾਰੀ ਕਰਨ, ਜਿਨ੍ਹਾਂ ਦੀ ਕਣਕ ਦੀ ਖੜ੍ਹੀ ਫ਼ਸਲ ਹਾਲ ਹੀ ਵਿੱਚ ਗੜੇਮਾਰੀ ਕਾਰਨ ਤਬਾਹ ਹੋ ਗਈ ਹੈ।ਬਠਿੰਡਾ ਦੇ ਸੰਸਦ ਮੈਂਬਰ, ਜਿਨ੍ਹਾਂ ਐਤਵਾਰ ਭੁੱਚੋ ਹਲਕੇ ਦੇ ਪ੍ਰਭਾਵਿਤ ਕਿਸਾਨਾਂ ਨਾਲ ਗੱਲਬਾਤ ਕੀਤੀ, ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ 'ਆਪ' ਸਰਕਾਰ ਨੇ ਕਿਸਾਨਾਂ ਨੂੰ ਪੂਰੀ ਤਰ੍ਹਾਂ ਤਿਆਗ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਹ ਨਿੰਦਣਯੋਗ ਹੈ ਕਿ ਮੁੱਖ ਮੰਤਰੀ ਨੇ ਇਲਾਕੇ ਵਿੱਚ ਇੱਕ ਰਾਤ ਬਿਤਾਉਣ ਦੇ ਬਾਵਜੂਦ ਕਿਸਾਨਾਂ ਦੀ ਦੁਰਦਸ਼ਾ 'ਤੇ ਪ੍ਰਤੀਕਿਰਿਆ ਨਹੀਂ ਦਿੱਤੀ ਤੇ ਉਨ੍ਹਾਂ ਲਈ ਮੁਆਵਜ਼ੇ ਦਾ ਐਲਾਨ ਨਹੀਂ ਕੀਤਾ।ਉਨ੍ਹਾ ਕਿਹਾ ਕਿ ਮੁੱਖ ਮੰਤਰੀ ਨੇ ਪਹਿਲਾਂ ਸ਼ੇਖੀ ਮਾਰੀ ਸੀ ਕਿ ਉਹ ਮੁਰਗੀਆਂ ਤੇ ਬੱਕਰੀਆਂ ਲਈ ਵੀ ਮੁਆਵਜ਼ਾ ਦੇਣਗੇ, ਪਰ ਜਿਵੇਂ ਪਿਛਲੇ ਸਾਲ ਹੜ੍ਹਾਂ ਵਿੱਚ ਤਬਾਹ ਹੋਈ ਝੋਨੇ ਦੀ ਫ਼ਸਲ ਲਈ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਹੀਂ ਮਿਲਿਆ ਸੀ, ਇਸ ਵਾਰ ਵੀ ਸਰਕਾਰ ਉਨ੍ਹਾਂ ਨੂੰ ਕੋਈ ਮੁਆਵਜ਼ਾ ਦੇਣ ਲਈ ਕੋਈ ਇੱਛਕਤਾ ਨਹੀਂ ਦਿਖਾ ਰਹੀ ਹੈ।ਸ੍ਰੀਮਤੀ ਬਾਦਲ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਲੋੜੀਂਦਾ ਮੁਆਵਜ਼ਾ ਦੇਣ ਲਈ ਆਪਣੇ 1100 ਕਰੋੜ ਰੁਪਏ ਦੇ ਸਾਲਾਨਾ ਬਜਟ ਨੂੰ ਆਸਾਨੀ ਨਾਲ ਘਟਾ ਸਕਦੀ ਹੈ।ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਰਕਾਰ ਅਸਫਲ ਰਹਿੰਦੀ ਹੈ ਤਾਂ ਕਿਸਾਨਾਂ ਦੀ ਮਦਦ ਲਈ ਉਹ ਅੱਗੇ ਆਵੇਗੀ ਤੇ 2027 ਵਿੱਚ ਅਗਲੀ ਅਕਾਲੀ ਸਰਕਾਰ ਬਣਨ 'ਤੇ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦੇਵੇਗੀ।

## ਗੁਰਦੁਆਰਾ ਟਿਕਾਣਾ ਮਹੰਤ ਗੁਲਾਬ ਜੀ ਵਿਖੇ ਸਾਲਾਨਾ ਯੱਗ ਸਮਾਗਮ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਗੁਰਦੁਆਰਾ ਟਿਕਾਣਾ ਮਹੰਤ ਗੁਲਾਬ ਸਿੰਘ ਜੀ ਸੇਵਾ ਪੰਥੀ ਵਿਖੇ ਸਾਲਾਨਾ ਯੱਗ ਸਮਾਗਮ ਸੰਗਤਾਂ ਵੱਲੋਂ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਬਾਬਾ ਵਰਿੰਦਰ ਸਿੰਘ ਵਾਸੂ ਨੇ ਦੱਸਿਆ ਕਿ ਸਵੇਰ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ। ਉਨ੍ਹਾਂ ਦੱਸਿਆ ਕਿ ਇਹ ਸਾਲਾਨਾ ਯੱਗ ਸਮਾਗਮ ਮਹੰਤ ਭਾਈ ਗੁਲਾਬ ਸਿੰਘ ਜੀ ਸੇਵਾ ਪੰਥੀ, ਮਹੰਤ ਭਾਈ ਤੀਰਥ ਸਿੰਘ ਜੀ ਸੇਵਾ ਪੰਥੀ, ਸੰਤ ਬਾਬਾ ਹਰਨਾਮ ਸਿੰਘ ਰੰਗਪੁਰ ਵਾਲਿਆਂ ਤੇ ਸੰਤ ਭਾਈ ਹਰੀ ਸਿੰਘ ਸੇਵਾ ਪੰਥੀ ਦੀ ਮਿੱਠੀ ਯਾਦ 'ਚ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਮਹੰਤ ਕਾਹਨ ਸਿੰਘ ਜੀ ਗੋਨਿਆਣਾ ਮੰਡੀ ਵਾਲੇ ਪੁੱਜੇ, ਜਿਨ੍ਹਾਂ ਸੰਗਤਾਂ ਨੂੰ ਬਾਣੀ ਨਾਲ ਜੋੜਿਆ। ਇਸ ਤੋਂ ਇਲਾਵਾ ਗੁਰਮਤਿ ਸਮਾਗਮ ਦੌਰਾਨ ਸਜਾਏ ਗਏ ਦੀਵਾਨਾਂ ਵਿੱਚ ਰਾਗੀ, ਢਾਡੀ, ਕਵੀਸ਼ਰੀ ਜੱਥਿਆਂ ਵੱਲੋਂ ਗੁਰਬਾਣੀ ਦਾ ਪ੍ਰਵਾਹ ਚਲਾਇਆ ਗਿਆ। ਇਸ ਮੌਕੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਆੜ੍ਹਤੀ ਅਰਵਿੰਦਰਪਾਲ ਵਿੱਕੀ, ਨਿਰੰਜਨ ਨੂਰ, ਸ਼ੇਰਾ ਖੁਰਾਣਾ ਮੌਜੂਦ ਸਨ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵੀ ਵਰਤਾਏ ਗਏ।

## ਵਿਧਾਇਕ ਨੇ ਬਾਬਰਪੁਰ-ਨਾਭਾ ਸੜਕ ਦਾ ਰੱਖਿਆ ਨੀਂਹ ਪੱਥਰ



**ਨਾਭਾ (ਵਰਿੰਦਰ ਵਰਮਾ)**-ਨਾਭਾ ਹਲਕੇ ਦੀ ਲਾਈਵ ਲਾਇਨ ਕਹੀ ਜਾਣ ਵਾਲਾ ਪਿੰਡ ਬਾਬਰਪੁਰ ਤੋਂ ਨਾਭਾ ਤੱਕ 9 ਕਿਲੋਮੀਟਰ ਲੰਬੀ ਸੜਕ, ਜੋ ਤਕਰੀਬਨ 7 ਕਰੋੜ ਦੀ ਲਾਗਤ ਨਾਲ ਤਿਆਰ ਹੋਵੇਗੀ, ਦਾ ਨੀਂਹ ਪੱਥਰ ਹਲਕਾ ਨਾਭਾ ਦੇ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਰੱਖਿਆ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵੱਡੇ ਪੱਧਰ 'ਤੇ ਸੂਬੇ ਭਰ ਵਿੱਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਨਣ ਨਾਲ ਨਾਭਾ ਹਲਕੇ ਦੇ 25 ਤੋਂ 30 ਪਿੰਡਾਂ ਨੂੰ ਆਉਣ-ਜਾਣ ਵਿੱਚ ਆ ਰਹੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।ਇਹ ਸੜਕ 12 ਫੁੱਟੀ ਹੈ, ਇਸ ਦੇ ਦੋਨੋਂ ਸਾਇਡ ਇੰਟਰਲਾਕ ਟਾਇਲ ਲਾ ਕੇ 18 ਫੁੱਟ ਚੌੜੀ ਬਣੇਗੀ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਬਾਕੀ ਸੜਕਾਂ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜਾਂ ਲਈ ਗਰਾਂਟਾਂ ਦੀ ਕਿਸੇ ਪ੍ਰਕਾਰ ਦੀ ਕੋਈ ਕਮੀ ਨਹੀਂ ਹੈ ਤੇ ਹਲਕੇ ਵਿੱਚ ਰਹਿੰਦੇ ਕੰਮਾਂ ਨੂੰ ਬਹੁਤ ਜਲਦੀ ਪੂਰਾ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਵਿਕਾਸ ਬਾਤਿਸ਼ ਐੱਸ ਡੀ ਓ, ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ ਬਲਾਕ ਸੰਮਤੀ, ਗੱਗੀ ਸਰਪੰਚ ਬਾਬਰਪੁਰ, ਸਿਮਰਨ ਚੌਹਾਨ ਅੜਕ, ਮਨਦੀਪ ਸਿੰਘ ਰਠੋਰ ਜੇ ਈ, ਲਖਵਿੰਦਰ ਸਿੰਘ ਪੰਚ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਕੈਬਨਿਟ ਮੰਤਰੀ ਨੇ ਭਗਵਾਨ ਮਹਾਂਵੀਰ ਦੀਆਂ ਸਿੱਖਿਆਵਾਂ ਦੀ ਸਾਰਥਕਤਾ 'ਤੇ ਦਿੱਤਾ ਜ਼ੋਰ



**ਲੁਧਿਆਣਾ (ਰਾਜ ਸਿੰਗਲਾ)**-ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੈਨ ਤੀਰਥੰਕਰਾਂ ਦੁਆਰਾ ਦਿੱਤੇ ਗਏ ਅਹਿੰਸਾ, ਦਇਆ, ਭਾਈਚਾਰੇ ਤੇ ਸਦਭਾਵਨਾ ਦੇ ਸਦੀਵੀ ਸੰਦੇਸ਼ ਸਾਰੀ ਮਨੁੱਖਤਾ ਲਈ, ਖਾਸ ਕਰਕੇ ਵਿਸ਼ਵਵਿਆਪੀ ਟਕਰਾਅ ਤੇ ਹਿੰਸਾ ਦੇ ਯੁੱਗ ਵਿੱਚ, ਇੱਕ ਮਾਰਗਦਰਸ਼ਕ ਰੌਸ਼ਨੀ ਵਜੋਂ ਕੰਮ ਕਰਦੇ ਰਹਿੰਦੇ ਹਨ।ਇੱਥੇ ਗੁਰੂ ਨਾਨਕ ਦੇਵ ਭਵਨ ਵਿਖੇ ਆਯੋਜਿਤ 'ਪ੍ਰਭੂ ਮਹਾਂਵੀਰ ਭਗਤੀ ਉਤਸਵ' ਸਮਾਗਮ ਵਿੱਚ ਹਿੱਸਾ ਲੈਂਦੇ ਹੋਏ ਅਰੋੜਾ ਨੇ ਸ਼ਾਂਤੀ ਤੇ ਨੈਤਿਕ ਜੀਵਨ ਨੂੰ ਉਤਸ਼ਾਹਤ ਕਰਨ ਵਿੱਚ ਜੈਨ ਧਰਮ 'ਦੁਨੀਆ ਦੇ ਸਭ ਤੋਂ ਪੁਰਾਣੇ ਧਰਮਾਂ ਵਿੱਚੋਂ ਇੱਕ' ਦੀ ਡੂੰਘੀ ਸਾਰਥਕਤਾ ਨੂੰ ਉਜਾਗਰ ਕੀਤਾ।ਉਨ੍ਹਾਂ ਰਾਸ਼ਟਰ-ਨਿਰਮਾਣ, ਸਿੱਖਿਆ, ਸਿਹਤ ਸੰਭਾਲ ਤੇ ਪਰਉਪਕਾਰ ਵਿੱਚ ਜੈਨ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕੀਤੀ।ਕੈਬਨਿਟ ਮੰਤਰੀ ਨੇ ਪ੍ਰਭੂ ਮਹਾਂਵੀਰ ਭਗਤੀ ਉਤਸਵ ਦੇ ਆਯੋਜਨ ਤੇ ਭਗਵਾਨ ਮਹਾਂਵੀਰ ਦੇ ਵਿਸ਼ਵਵਿਆਪੀ ਭਾਈਚਾਰੇ ਤੇ ਅਹਿੰਸਾ ਦੇ ਸੰਦੇਸ਼ ਨੂੰ ਫੈਲਾਉਣ ਵਿੱਚ ਉਨ੍ਹਾਂ ਦੇ ਨਿਰੰਤਰ ਯਤਨਾਂ ਲਈ ਸ੍ਰੀ ਆਲ ਇੰਡੀਆ ਸ਼ਵੇਤਾਂਬਰ ਸਥਾਨਕਵਾਸੀ ਜੈਨ ਕਾਨਫਰੰਸ ਦਾ ਧੰਨਵਾਦ ਕੀਤਾ।ਇਸ ਮੌਕੇ ਹਾਜ਼ਰ ਪ੍ਰਮੁੱਖ ਲੋਕਾਂ ਵਿੱਚ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਦੀਪਾਂਸ਼ੂ ਜੈਨ, ਰਾਜੀਵ ਜੈਨ, ਵਿਨੇ ਜੈਨ, ਗੌਰਵ ਜੈਨ, ਜਿਨੇਸ਼ ਜੈਨ, ਕੁਨਾਲ ਜੈਨ ਤੇ ਹੋਰ ਸ਼ਾਮਲ ਸਨ।

## ਗੁਰੂ ਹਰਸਹਾਏ ਵਿਖੇ ਵਿਸ਼ਾਲ 'ਸਾਈਕਲ ਕੈਂਪੇਨ' ਦਾ ਸਫਲ ਆਯੋਜਨ

### 400 ਤੋਂ ਵੱਧ ਸਾਈਕਲਿਸਟਾਂ ਨੇ ਲਿਆ ਹਿੱਸਾ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸਥਾਨਕ ਰੇਲਵੇ ਪਾਰਕ ਗੁਰੂ ਹਰਸਹਾਏ ਤੋਂ ਸਿਹਤ ਤੇ ਸਮਾਜਿਕ ਜਾਗਰੂਕਤਾ ਨੂੰ ਸਮਰਪਤ ਇੱਕ ਵਿਸ਼ਾਲ 'ਸਾਈਕਲ ਕੈਂਪੇਨ' ਦਾ ਆਗਾਜ਼ ਕੀਤਾ ਗਿਆ।ਇਸ ਰੈਲੀ ਨੂੰ ਰਾਜਬੀਰ ਸਿੰਘ (ਡੀ.ਐੱਸ.ਪੀ.) ਤੇ ਇੰਜ: ਬਲਬੀਰ ਸਿੰਘ ਵੋਹਰਾ (ਪਿੰਕਾ ਵੋਹਰਾ, ਐੱਸ.ਡੀ.ਓ. ਰਿਟਾਇਰਡ) ਨੇ ਸਵੇਰੇ 8:00 ਵਜੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਹ ਸਾਈਕਲ ਰੈਲੀ ਰੇਲਵੇ ਪਾਰਕ ਤੋਂ ਸ਼ੁਰੂ ਹੋ ਕੇ ਮੁਕਤਸਰ ਰੋਡ ਤੇ ਗੁਰਦੁਆਰਾ ਬੇਰ ਸਾਹਿਬ ਤੋਂ ਹੁੰਦੀ ਹੋਈ ਪਿੰਡ ਸ਼ਰੀਂਹ ਵਾਲਾ ਬਰਾੜ ਪਹੁੰਚੀ, ਜਿੱਥੇ ਲਾਡੀ ਧਵਨ ਤੇ ਪਿੰਡ ਵਾਸੀਆਂ ਵੱਲੋਂ ਭਰਪੂਰ ਸਵਾਗਤ ਕਰਦਿਆਂ ਜੂਸ ਫਲ ਤੇ ਪਾਣੀ ਦਾ ਪ੍ਰਬੰਧ ਕੀਤਾ ਗਿਆ।ਇਸ ਤੋਂ ਬਾਅਦ ਰੈਲੀ ਪਿੰਡ ਕਾਹਨ ਸਿੰਘ ਵਾਲਾ ਵਿਖੇ ਪਹੁੰਚੀ, ਜਿੱਥੇ ਚਾਹ ਤੇ ਲੱਡੂਆਂ ਨਾਲ ਸਵਾਗਤ ਕਰਦਿਆਂ ਸੋਸਾਇਟੀ ਮੈਂਬਰਾਂ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ ਗਿਆ।ਇਸ ਉਪਰੰਤ ਰੈਲੀ ਪਿੰਡ ਮੋਠਾਂ ਵਾਲਾ ਵਿੱਚੋਂ ਹੁੰਦੀ ਹੋਈ ਤਕਰੀਬਨ 22 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਚੰਦਨ ਪੈਲੇਸ, ਗੁਰੂ ਹਰਸਹਾਏ ਵਿਖੇ ਪਹੁੰਚ ਕੇ ਸੰਪੰਨ ਹੋਈ।ਇਸ ਮੁਹਿੰਮ ਵਿੱਚ ਸ਼ਾਮਲ ਹੋਏ ਸਾਇਕਲ ਚਾਲਕਾਂ ਲਈ ਲੱਕੀ ਡ੍ਰਾਅ ਕੱਢੇ ਗਏ।ਸਮਾਪਤੀ ਸਮਾਗਮ ਦੌਰਾਨ ਮਾਣਯੋਗ ਐੱਸ.ਐੱਸ.ਪੀ. ਭੁਪਿੰਦਰ ਸਿੰਘ ਬਲਬੀਰ ਸਿੰਘ ਵੋਹਰਾ, ਡੀ ਐੱਸ ਪੀ ਰਾਜਬੀਰ ਸਿੰਘ ਵੱਲੋਂ ਸੱਤ ਸਾਈਕਲਾਂ ਦੇ ਲੱਕੀ ਡ੍ਰਾਅ ਕੱਢੇ ਗਏ, ਜੋ ਕਿ ਸੁਖਬੀਰ ਐਗਰੋ ਐਨਰਜੀ ਲਿਮਟਿਡ ਵੱਲੋਂ ਸਪੌਂਸਰ ਕੀਤੇ ਗਏ ਹਨ, ਉਹ ਇਨਾਮ ਵਜੋਂ ਵੰਡੇ ਗਏ।ਇਸ ਦੌਰਾਨ ਵਿਧਾਇਕ ਫੌਜਾ ਸਿੰਘ ਸਰਾਰੀ, ਆਤਮਜੀਤ ਸਿੰਘ ਡੇਵਿਡ (ਪ੍ਰਧਾਨ ਨਗਰ ਕੌਂਸਲ), ਮੰਟੂ ਵੋਹਰਾ (ਸਾਬਕਾ ਪ੍ਰਧਾਨ), ਜਤਿਨ ਆਵਲਾ, ਦੀਪਕ ਸ਼ਰਮਾ, ਹਰਪਾਲ ਸਿੰਘ ਬੇਦੀ, ਐੱਸ.ਐੱਚ.ਓ. ਜਗਦੀਪ ਸਿੰਘ, ਰਮਨ ਬਹਿਲ ਤੇ ਹੋਰ ਪਤਵੰਤੇ ਹਾਜ਼ਰ ਸਨ।ਐੱਸ.ਐੱਸ.ਪੀ. ਭੁਪਿੰਦਰ ਸਿੰਘ ਨੇ ਆਪਣੇ ਸੰਦੇਸ਼ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਖੇਡਾਂ ਵਿੱਚ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ।ਅੰਤ ਵਿੱਚ ਸੋਸਾਇਟੀ ਦੇ ਅਹੁਦੇਦਾਰਾਂ ਗੁਰਪ੍ਰੀਤ ਧਵਨ, ਪਿੰਕਾ ਵੋਹਰਾ, ਨੀਰਜ ਸਹਿਗਲ, ਬਬਲਾ ਬੇਦੀ ਤੇ ਹੋਰਾਂ ਨੇ ਸਮੁੱਚੇ ਸਿਵਿਲ ਤੇ ਪੁਲਸ ਪ੍ਰਸ਼ਾਸਨ, ਸਪਾਂਸਰਾਂ ਤੇ ਮੀਡੀਆ ਦਾ ਧੰਨਵਾਦ ਕੀਤਾ।

### ਮਾਮਲਾ ਟੈਕਸੀ ਚਾਲਕ ਵੱਲੋਂ ਖੁਦਕੁਸ਼ੀ ਦਾ

## ਪੀੜਤ ਪਰਵਾਰ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਸਸਕਾਰ ਨਾ ਕਰਨ 'ਤੇ ਅੜਿਆ

### ■ ਕੇਸ 'ਚ ਇੱਕ ਹੋਰ ਵਿਅਕਤੀ ਨਾਮਜ਼ਦ, ਐੱਸ ਸੀ ਐਕਟ ਦੀਆਂ ਧਰਾਵਾਂ ਦਾ ਵਾਧਾ



ਪਰਵਾਰ ਨੂੰ ਸ਼ਾਂਤ ਕਰਦੇ ਹੋਏ ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਹਾਮਝੇੜੀ ਵਾਸੀ ਟੈਕਸੀ ਚਾਲਕ ਨਾਲ ਕੁਝ ਵਿਅਕਤੀਆਂ ਦੀ ਲੜਾਈ ਨੇ ਉਸ ਵੇਲੇ ਗੰਭੀਰ ਰੂਪ ਧਾਰਨ ਕਰ ਲਿਆ, ਜਦੋਂ ਟੈਕਸੀ ਚਾਲਕ ਨੇ ਵੀਡੀਓ ਬਣਾਉਣ ਤੋਂ ਬਾਅਦ ਜ਼ਹਿਰੀਲੀ ਦਵਾਈ ਪੀ ਕੇ ਖੁਦਕੁਸ਼ੀ ਕਰ ਲਈ।ਸੋਸ਼ਲ ਮੀਡੀਆ 'ਤੇ ਪਾਈ ਇਸ ਵੀਡੀਓ ਵਿੱਚ ਮ੍ਰਿਤਕ ਨੇ ਹਲਕਾ ਸ਼ੁਤਰਾਣਾ ਦੇ ਸਾਬਕਾ ਵਿਧਾਇਕ ਨਿਰਮਲ ਸਿੰਘ ਤੇ ਪੁਲਸ ਦੇ ਇੱਕ ਅਧਿਕਾਰੀ ਖ਼ਿਲਾਫ਼ ਖੁਦਕੁਸ਼ੀ ਲਈ ਮਜਬੂਰ ਕਰਨ ਦੇ ਦੋਸ਼ ਲਗਾਏ ਹਨ।ਮਾਮਲੇ ਸਬੰਧੀ ਸ਼ਨੀਵਾਰ ਨੂੰ ਮ੍ਰਿਤਕ ਦੇ ਪੁੱਤਰ ਦੇ ਬਿਆਨਾਂ 'ਤੇ ਪੁਲਸ ਨੇ ਚਾਰ ਵਿਅਕਤੀਆਂ ਸਮੇਤ ਕੁਝ ਅਣਪਛਾਤਿਆਂ ਖ਼ਿਲਾਫ਼ ਕੇਸ ਦਰਜ ਕੀਤਾ ਸੀ। ਪਰਵਾਰ ਵੱਲੋਂ ਮ੍ਰਿਤਕ ਦਾ ਸਸਕਾਰ ਨਹੀਂ ਕੀਤਾ ਗਿਆ, ਜਿਸ ਦੇ ਚਲਦਿਆਂ ਐਤਵਾਰ ਨੂੰ ਪੁਲਸ ਨੇ ਇੱਕ ਹੋਰ ਵਿਅਕਤੀ ਨੂੰ ਕੇਸ ਵਿੱਚ ਨਾਮਜ਼ਦ ਕਰਨ ਦੇ ਨਾਲ ਨਾਲ ਕੇਸ ਵਿੱਚ ਐੱਸਸੀ ਐਕਟ ਦੀਆਂ ਧਰਾਵਾਂ ਤਹਿਤ ਵਾਧਾ ਕੀਤਾ ਹੈ।ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਨੇ ਮੌਕੇ ਉੱਤੇ ਪਹੁੰਚ ਕੇ ਪਰਵਾਰ ਨੂੰ ਸ਼ਾਂਤ ਕਰਦਿਆਂ ਮ੍ਰਿਤਕ ਦਾ ਅੰਤਿਮ ਸੰਸਕਾਰ ਕਰਨ ਦੀ ਅਪੀਲ ਕੀਤੀ, ਪਰ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਨਾ ਹੋਣ ਤੋਂ ਖਫਾ ਪਰਿਵਾਰਕ ਮੈਂਬਰ, ਰਿਸ਼ਤੇਦਾਰ ਤੇ ਪਿੰਡ ਵਾਸੀ ਸਸਕਾਰ ਨਾ ਕਰਨ ਦੀ ਜ਼ਿੱਦ 'ਤੇ ਅੜੇ ਹੋਏ ਹਨ।ਇਸ ਦੌਰਾਨ ਹਲਕਾ ਸ਼ੁਤਰਾਣਾ ਦੇ ਲੋਕ ਆਗੂ ਜਤਿੰਦਰ ਸਿੰਘ ਮੱਟੂ ਨੇ ਪਿੰਡ ਪਹੁੰਚ ਕੇ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਕਥਿਤ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਹੈ।ਹਾਮਝੇੜੀ ਵਾਸੀ ਮ੍ਰਿਤਕ ਬਲਜਿੰਦਰ ਸਿੰਘ ਦੇ ਪੁੱਤਰ ਕ੍ਰਿਸ਼ਨ ਸਿੰਘ, ਪਤਨੀ ਕੁਲਦੀਪ ਕੌਰ, ਨੌਜਵਾਨ ਆਗੂ ਜਰਨੈਲ ਸਿੰਘ ਜੈਲੀ, ਸੂਬਾ ਸਿੰਘ, ਖੁਸ਼ੀ ਨੰਬਰਦਾਰ, ਟੈਕਸੀ ਯੂਨੀਅਨ ਦੇ ਪ੍ਰਧਾਨ ਸਰਬਜੀਤ ਸਿੰਘ ਨੇ ਨੀਟਾ ਪਾਤੜਾਂ ਨੇ ਕਿਹਾ ਕਿ ਜਦੋਂ ਤੱਕ ਪੁਲਸ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕਰ ਲੈਂਦੀ, ਉਦੋਂ ਤੱਕ ਮ੍ਰਿਤਕ ਦਾ ਅੰਤਿਮ ਸੰਸਕਾਰ ਨਹੀਂ ਕੀਤਾ ਜਾਵੇਗਾ।ਥਾਣਾ ਮੁਖੀ ਪਾਤੜਾਂ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਪੁੱਤਰ ਕ੍ਰਿਸ਼ਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਮੇਜਰ ਸਿੰਘ, ਕਰਮਜੀਤ ਸਿੰਘ ਉਰਫ਼ ਪੀਚਾ, ਬੰਟੀ ਵਾਸੀ ਪਾਤੜਾਂ, ਦੀਪਕ ਵਾਸੀ ਸਮਾਣਾ ਤੇ ਕੁਝ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ।ਇਸ ਮਾਮਲੇ ਵਿੱਚ ਇੱਕ ਹੋਰ ਕਥਿਤ ਦੋਸ਼ੀ ਹਰਦੇਵ ਸਿੰਘ ਬਿੱਲਾ ਨੂੰ ਨਾਮਜ਼ਦ ਕਰਨ ਦੇ ਨਾਲ ਨਾਲ ਕੇਸ ਵਿੱਚ ਐੱਸ ਸੀ ਐਕਟ ਦੀਆਂ ਧਰਾਵਾਂ ਤਹਿਤ ਵਾਧਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਪੁਲਸ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਕਥਿਤ ਦੋਸ਼ੀਆਂ ਨੂੰ ਫੜਨ ਲਈ ਲਗਾਤਾਰ ਛਾਪੇਮਾਰੀ ਕਰ ਰਹੀ ਹੈ ਤੇ ਜਲਦੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।ਇਸ ਮਾਮਲੇ ਸਬੰਧੀ ਹਲਕਾ ਸ਼ੁਤਰਾਣਾ ਦੇ ਸਾਬਕਾ ਵਿਧਾਇਕ ਨਿਰਮਲ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੋਸ਼ਾਂ ਦਾ ਖੰਡਣ ਕਰਦਿਆਂ ਕਿਹਾ ਕਿ ਉਹ ਕਾਫ਼ੀ ਸਮੇਂ ਤੋਂ ਰਾਜਨੀਤੀ ਤੋਂ ਬਾਹਰ ਹਨ।ਉਹ ਨਾ ਤਾਂ ਮ੍ਰਿਤਕ ਵਿਅਕਤੀ ਨੂੰ ਜਾਣਦੇ ਹਨ ਤੇ ਨਾ ਹੀ ਉਨ੍ਹਾਂ ਕਿਸੇ ਨੂੰ ਕੋਈ ਫ਼ੋਨ ਕੀਤਾ ਹੈ।ਉਨ੍ਹਾਂ ਨੂੰ ਕਿਸੇ ਸਾਜ਼ਿਸ਼ ਤਹਿਤ ਮਾਮਲੇ ਨਾਲ ਜੋੜਿਆ ਜਾ ਰਿਹਾ ਹੈ।

## ਸਰਕਾਰੀ ਹਸਪਤਾਲ ਮਮਦੋਟ ਦੇ ਓਟ ਸੈਂਟਰ 'ਚੋਂ ਦਵਾਈ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਦੇ ਸਰਕਾਰੀ ਕਮਿਊਨਿਟੀ ਹੈੱਲਥ ਸੈਂਟਰ (ਸੀਐੱਚਸੀ) ਵਿਖੇ ਸਥਿਤ ਓਟ ਸੈਂਟਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਅਣਪਛਾਤੇ ਚੋਰਾਂ ਵੱਲੋਂ ਦਵਾਈਆਂ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਦੇ ਸਬੰਧ ਵਿਚ ਥਾਣਾ ਮਮਦੋਟ ਪੁਲਸ ਨੇ ਅਣਪਛਾਤੇ ਚੋਰਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਡਾ. ਰੇਖਾ ਭੱਟੀ ਨੇ ਦੱਸਿਆ ਕਿ 3 ਅਪ੍ਰੈਲ ਨੂੰ ਸਵੇਰੇ ਕਰੀਬ 8.30 ਵਜੇ ਓਟ ਸੈਂਟਰ ਦਾ ਸਟਾਫ ਰੋਜ਼ਾਨਾ ਦੀ ਤਰ੍ਹਾਂ ਆਪਣੀ ਡਿਊਟੀ 'ਤੇ ਪਹੁੰਚਿਆ। ਸਟਾਫ ਨੇ ਦੇਖਿਆ ਕਿ ਸੈਂਟਰ ਦੇ ਮੁੱਖ ਦਰਵਾਜ਼ੇ ਦਾ ਅਰਲ ਟੁੱਟਿਆ ਹੋਇਆ ਸੀ। ਜਦੋਂ ਕਰਮਚਾਰੀ ਅੰਦਰ ਗਏ ਤਾਂ ਉੱਥੇ ਅੰਦਰ ਪਈ ਦਵਾਈਆਂ ਵਾਲੀ ਅਲਮਾਰੀ ਦਾ ਲਾਕ ਵੀ ਟੁੱਟਾ ਹੋਇਆ ਸੀ ਤੇ ਅਲਮਾਰੀ ਵਿੱਚੋਂ ਦਵਾਈਆਂ ਦਾ ਵੱਡਾ ਸਟਾਕ ਗਾਇਬ ਸੀ। ਇਸ ਵਾਰਦਾਤ ਤੋਂ ਬਾਅਦ ਹਸਪਤਾਲ ਪ੍ਰਸ਼ਾਸਨ ਵੱਲੋਂ ਸਥਾਨਕ ਪੁਲਸ ਨੂੰ ਸੂਚਿਤ ਕੀਤਾ ਗਿਆ। ਸਹਾਇਕ ਥਾਣੇਦਾਰ ਗਹਿਣਾ ਰਾਮ ਆਪਣੀ ਟੀਮ ਸਮੇਤ ਮੌਕੇ 'ਤੇ ਪਹੁੰਚੇ ਤੇ ਸਥਿਤੀ ਦਾ ਜਾਇਜ਼ਾ ਲਿਆ। ਜਾਂਚ ਅਧਿਕਾਰੀ ਨੇ ਦੱਸਿਆ ਕਿ ਡਾ. ਰੇਖਾ ਭੱਟੀ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਨੇ ਅਣਪਛਾਤੇ ਚੋਰਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਧਿਕਾਰੀ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਦੋਸ਼ੀਆਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਵਿਧਾਇਕ ਦੇਵ ਮਾਨ ਨੇ ਨਾਭਾ 'ਚ 70 ਫੁੱਟ ਉੱਚਾ ਕੌਮੀ ਝੰਡਾ ਲਹਿਰਾਇਆ

### ਝੰਡਾ ਸਾਡੇ ਨੌਜਵਾਨਾਂ ਤੇ ਬੱਚਿਆਂ 'ਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕਰੇਗਾ



**ਨਾਭਾ (ਵਰਿੰਦਰ ਵਰਮਾ)**-ਸਾਡਾ ਰਾਸ਼ਟਰੀ ਝੰਡਾ ਭਾਰਤ ਦੇਸ਼ ਦੀ ਆਨ, ਬਾਨ ਤੇ ਸ਼ਾਨ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ 70 ਫੁੱਟ ਉੱਚਾ ਰਾਸ਼ਟਰੀ ਝੰਡਾ ਨਾਭਾ ਵਿਖੇ ਪਹਿਲੀ ਵਾਰ ਲਹਿਰਾਉਣ ਦਾ ਉਦਘਾਟਨ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਹਲਕਾ ਨਾਭ ਲਈ ਇਤਿਹਾਸਕ ਹੈ। ਉਨ੍ਹਾਂ ਕਿਹਾ ਕਿ ਇਹ 70 ਫੁੱਟ ਉੱਚਾ ਤਿਰੰਗਾ ਝੰਡਾ ਦੇਸ਼ ਦੀ ਸ਼ਾਨ ਹੈ, ਇਹ ਝੰਡਾ ਉੱਚਾ ਆਸਮਾਨ ਦੀਆਂ ਬੁਲੰਦੀਆਂ ਨੂੰ ਛੂੰਹਦਾ ਹੋਏ ਲਹਿਰਾਏਗਾ ਤੇ ਦੇਸ਼ ਦਾ ਗੌਰਵ ਬਣੇਗਾ।ਉਨ੍ਹਾਂ ਕਿਹਾ ਕਿ ਕੌਮੀ ਝੰਡਾ ਮੁਲਕ ਦੇ ਵਸਨੀਕਾਂ ਲਈ ਜਾਨ ਤੋਂ ਵੀ ਪਿਆਰਾ ਹੁੰਦਾ ਹੈ ਤੇ ਅੱਜ ਸਾਡਾ ਕੌਮੀ ਤਿਰੰਗਾ ਅੰਬਰਾਂ ਵਿਚ ਲਹਿਰਾ ਰਿਹਾ ਹੈ, ਜੋ ਕਿ ਸਾਨੂੰ ਅਜ਼ੀਮ ਖੁਸ਼ੀ ਦੇ ਰਿਹਾ ਹੈ।ਦੇਵ ਮਾਨ ਨੇ ਕਿਹਾ ਕਿ ਹਲਕੇ ਦੇ ਸਾਰੇ ਲੋਕਾਂ ਦੀ ਮੰਗ ਸੀ ਕਿ ਸਾਡੇ ਨਾਭੇ ਦਾ ਤਿਰੰਗਾ ਝੰਡਾ ਉੱਚਾ ਹੋਣਾ ਚਾਹੀਦਾ ਹੈ।ਇਸ ਲਈ ਉਨ੍ਹਾਂ ਨੇ ਬਿਨਾਂ ਦੇਰੀ ਮੰਗ ਪ੍ਰਵਾਨ ਕੀਤੀ ਹੈ।ਦੇਵ ਮਾਨ ਨੇ ਕਿਹਾ ਕਿ ਇਹ ਝੰਡਾ ਸਾਡੇ ਨੌਜਵਾਨਾਂ ਤੇ ਬੱਚਿਆਂ ਵਿਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕਰੇਗਾ।ਉਨ੍ਹਾਂ ਕਿਹਾ ਕਿ ਦੇਸ਼ ਲਈ ਕੁਰਬਾਨ ਹੋਣ ਵਾਲੇ ਵੀਰਾਂ ਨੂੰ ਤਿਰੰਗੇ 'ਚ ਲਪੇਟਿਆ ਜਾਂਦਾ ਹੈ।ਅਜਿਹਾ ਉਨ੍ਹਾਂ ਨੂੰ ਸਨਮਾਨ ਦੇਣ ਲਈ ਲਪੇਟਿਆ ਜਾਂਦਾ ਹੈ।ਸ਼ਹੀਦ ਹੋਣ ਵਾਲੇ ਵਿਅਕਤੀ ਨਾਲ ਤਿਰੰਗੇ ਝੰਡੇ ਨੂੰ ਸਾੜਿਆ ਜਾਂ ਦਫਨਾਇਆ ਨਹੀਂ ਜਾਂਦਾ।ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਕੌਮੀ ਝੰਡੇ 'ਤੇ ਮਾਣ ਹੋਣਾ ਚਾਹੀਦਾ ਹੈ।ਇਸ ਮੌਕੇ ਆਪ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ, ਪ੍ਰਿੰਸ ਸ਼ਰਮਾ, ਵਾਰਡ ਨੰਬਰ 18 ਦੇ ਮੁੱਖ ਸੇਵਾਦਾਰ ਦੀਪ ਉੱਦਮ ਸਿੰਘ, ਕੌਂਸਲਰ ਹਿਤੇਸ਼ ਖੱਟੜ, ਕੌਂਸਲਰ ਕ੍ਰਿਸ਼ਨ ਕੁਮਾਰ, ਦਵਿੰਦਰ ਸਿੰਘ, ਗੁਰਮੁਖ ਸਿੰਘ ਮਨੀ, ਬਲਾਕ ਸੰਮਤੀ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਕਲਰ ਮਾਜਰੀ, ਸਰਪੰਚ ਦਵਿੰਦਰ ਕਲਾਰਾ, ਪ੍ਰਗਟ ਸਿੰਘ ਅਗੇਤੀ, ਸੰਜੇ ਮੁੱਗੋ, ਕਮਲ ਕੁਮਾਰ ਰਾਜੂ, ਕਸ਼ਮੀਰ ਸਿੰਘ ਲਾਲਕਾ, ਹਰਸਿਮਰਨ ਸਿੰਘ ਸਾਹਨੀ, ਅਮਨ ਗਰਗ, ਸਿਮਰਨ ਸਿੰਘ ਚੌਹਾਨ, ਜੋਰਾ ਸਿੰਘ, ਹਰਮੀਤ ਸਿੰਘ ਬਾਜਵਾ ਆਦਿ ਹਾਜ਼ਰ ਸਨ।

## ਮਾਨਸਾ ਦੀ ਬਹੁ-ਚਰਚਿਤ ਕਚਹਿਰੀ ਰੋਡ ਦੇ ਲਏ ਨਮੂਨੇ ਹੋਏ ਫੇਲ੍ਹ

### ■ ਠੇਕੇਦਾਰ ਸਮੇਤ ਕਮੇਟੀ ਅਧਿਕਾਰੀਆਂ ਤੇ ਸ਼ਾਮਲ ਰਾਜਸੀ ਲੋਕਾਂ 'ਤੇ ਹੋਵੇ ਪਰਚਾ : ਸੰਘਰਸ਼ ਕਮੇਟੀ

**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਸ਼ਹਿਰ 'ਚ ਪਿਛਲੇ ਸਮੇਂ ਤੋਂ ਗਠਿਤ 21 ਮੈਂਬਰੀ ਸੰਘਰਸ਼ ਕਮੇਟੀ ਵੱਲੋਂ ਕਚਹਿਰੀ ਰੋਡ 'ਤੇ ਬਣੀ ਆਰ ਸੀ ਸੀ ਸੜਕ ਦੇ ਮਾਮਲੇ 'ਚ ਲਗਾਤਾਰ ਕੀਤੇ ਜਾ ਰਹੇ ਸੰਘਰਸ਼ ਤਹਿਤ ਇੱਕ ਹੋਰ ਮਹੱਤਵਪੂਰਨ ਤੱਥ ਸਾਹਮਣੇ ਆ ਗਿਆ ਹੈ।ਕਮੇਟੀ ਵੱਲੋਂ ਪਹਿਲਾਂ ਵੀ ਇਸ ਸੜਕ 'ਤੇ ਘਟੀਆ ਮਟੀਰੀਅਲ ਤੇ ਭ੍ਰਿਸ਼ਟਾਚਾਰ ਹੋਣ ਦੇ ਦੋਸ਼ ਲਗਾਏ ਗਏ ਸਨ, ਜਿਸ ਤੋਂ ਬਾਅਦ ਡਿਪਟੀ ਕਮਿਸ਼ਨਰ ਮਾਨਸਾ ਵੱਲੋਂ ਇਸ ਸਬੰਧੀ 5 ਮੈਂਬਰਾਂ ਦੇ ਅਧਾਰਤ ਇੱਕ ਜਾਂਚ ਕਮੇਟੀ ਦਾ ਗਠਿਤ ਕੀਤਾ ਗਿਆ ਸੀ।ਲੰਘੀ 3 ਅਪ੍ਰੈਲ ਨੂੰ ਜਾਂਚ ਕਮੇਟੀ ਵੱਲੋਂ ਸੜਕ 'ਤੇ ਲੱਗੇ ਮਟੀਰੀਅਲ ਦੇ ਸੈਂਪਲ ਲਏ ਗਏ।ਇਸ ਸਮੇਂ ਐੱਸ.ਡੀ.ਐੱਮ. ਮਾਨਸਾ, ਸੁਪਰਡੈਂਟ ਇੰਜੀਨੀਅਰ ਮੰਡੀ ਬੋਰਡ ਤੇ ਦੂਸਰੇ ਮੈਂਬਰ ਵੀ ਮੌਜੂਦ ਸਨ।ਇਸ ਤੋਂ ਇਲਾਵਾ 21 ਮੈਂਬਰੀ ਸੰਘਰਸ਼ ਕਮੇਟੀ ਦੇ ਮੈਂਬਰ ਵੀ ਮੌਕੇ 'ਤੇ ਹਾਜ਼ਰ ਰਹੇ।ਸੈਂਪਲਿੰਗ ਤੋਂ ਬਾਅਦ ਸੰਘਰਸ਼ ਕਮੇਟੀ ਦੇ ਮੈਂਬਰਾਂ ਨੇ ਐੱਸ.ਡੀ.ਐੱਮ. ਮਾਨਸਾ, ਐੱਸ. ਈ. ਐਕਸੀਅਨ ਤੇ ਹੋਰ ਅਧਿਕਾਰੀਆਂ ਨਾਲ ਮਿਲ ਕੇ ਸਰਕਾਰ ਵੱਲੋਂ ਚੁਣੀ ਗਈ ਲੈਬ 'ਚ ਨਮੂਨੇ ਜਮ੍ਹਾਂ ਕਰਵਾਏ।ਸਾਰੇ ਸੈਂਪਲ ਐੱਸ.ਡੀ.ਐੱਮ., ਐੱਸ.ਈ. ਤੇ ਹੋਰ ਮੈਂਬਰਾਂ ਦੀ ਮੌਜੂਦਗੀ 'ਚ ਸਹੀ ਢੰਗ ਨਾਲ ਸੀਲ ਕੀਤੇ ਗਏ ਤੇ ਉਨ੍ਹਾਂ 'ਤੇ ਸੰਘਰਸ਼ ਕਮੇਟੀ ਦੇ ਸ਼ਿਕਾਇਤਕਰਤਾ ਮੈਂਬਰਾਂ ਤੋਂ ਵੀ ਦਸਤਖ਼ਤ ਕਰਵਾਏ ਗਏ, ਤਾਂ ਜੋ ਪੂਰੀ ਪ੍ਰਕਿਰਿਆ ਪਾਰਦਰਸ਼ੀ ਬਣੀ ਰਹੇ।ਅੱਜ ਸਬੰਧਤ ਲੈਬ ਤੋਂ ਸੈਂਪਲਾਂ ਦੀ ਰਿਪੋਰਟ ਆ ਗਈ ਹੈ।ਰਿਪੋਰਟ ਅਨੁਸਾਰ ਸੜਕ ਦੀ ਕੁਆਲਿਟੀ ਬੁਰੀ ਤਰ੍ਹਾਂ ਫੇਲ੍ਹ ਪਾਈ ਗਈ ਹੈ, ਕਿਉਂਕਿ ਸੜਕ ਦੀ ਕਮਪ੍ਰੈਸਿਵ ਸਟਰੈਂਥ 30 ©/✡✡ ਤੋਂ ਵੱਧ ਹੋਣੀ ਚਾਹੀਦੀ ਸੀ, ਜਦਕਿ ਟੈਸਟ 'ਚ ਇਹ ਸਿਰਫ 10.19 ©/✡✡ ਪਾਈ ਗਈ ਹੈ।ਭਾਵ ਸੜਕ ਦੀ ਮਜ਼ਬੂਤੀ ਇੱਕ ਤਿਹਾਈ ਵੀ ਨਹੀਂ।ਇਸ ਤਰ੍ਹਾਂ ਇਹ ਸੜਕ ਨਿਰਮਾਣ ਤਕਨੀਕੀ ਮਾਪਦੰਡਾਂ 'ਤੇ ਖਰਾ ਨਹੀਂ ਉਤਰਦਾ। ਇਸ ਤੋਂ ਇਲਾਵਾ ਸੜਕ ਦੇ ਪੱਧਰ, ਟੈਂਡਰ ਕੀਮਤਾਂ ਤੇ ਪਾਈਪਾਂ ਆਦਿ ਨਾਲ ਸੰਬੰਧਤ ਹੋਰ ਵੀ ਕਈ ਗੰਭੀਰ ਖ਼ਾਮੀਆਂ ਸਾਹਮਣੇ ਆਈਆਂ ਹਨ।ਕਮੇਟੀ ਨੇ ਦੱਸਿਆ ਕਿ ਸਾਡੇ ਕੋਲ ਪੁਖਤਾ ਜਾਣਕਾਰੀ ਹੈ ਕਿ ਸਥਾਨਕ ਵਿਧਾਇਕ ਡਾ. ਵਿਜੇ ਸਿੰਗਲਾ ਤੇ ਨਗਰ ਕੌਂਸਲ ਦੇ ਪ੍ਰਧਾਨ ਸੁਨੀਲ ਕੁਮਾਰ ਨੀਨੂ ਘਟੀਆ ਸੜਕ ਬਣਾਉਣ ਵਾਲਿਆਂ ਦੇ ਹੱਕ 'ਚ ਭੁਗਤ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਸਭ ਕੁੱਝ ਸੰਘਰਸ਼ ਕਮੇਟੀ ਦੇ ਮੈਂਬਰਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਹੈ।ਕਮੇਟੀ ਅਨੁਸਾਰ ਉਨ੍ਹਾਂ ਦਾ ਕਥਿਤ ਦੋਸ਼ੀਆਂ ਨਾਲ ਖੜ੍ਹਨਾ ਵੀ ਜਾਂਚ ਦਾ ਵਿਸ਼ਾ ਹੈ।21 ਮੈਂਬਰੀ ਸੰਘਰਸ਼ ਕਮੇਟੀ ਦਾ ਮੰਨਣਾ ਹੈ ਕਿ ਇੰਨਾ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਸਿਰਫ਼ ਇੱਕ ਠੇਕੇਦਾਰ ਦੇ ਵੱਸ ਦੀ ਗੱਲ ਨਹੀਂ।ਇਸ 'ਚ ਨਗਰ ਕੌਂਸਲ ਦੇ ਕਈ ਅਧਿਕਾਰੀ, ਸਰਕਾਰੀ ਕਰਮਚਾਰੀ ਤੇ ਸੱਤਾਧਿਰ ਨਾਲ ਸੰਬੰਧਤ ਵਿਅਕਤੀ ਵੀ ਸ਼ਾਮਲ ਹੋ ਸਕਦੇ ਹਨ।ਕਮੇਟੀ ਨੇ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਡੂੰਘਾਈ ਤੇ ਨਿਰਪੱਖਤਾ ਨਾਲ ਜਾਂਚ ਕਰਵਾਈ ਜਾਵੇ ਅਤੇ ਇਸ 'ਚ ਸ਼ਾਮਲ ਸਾਰੇ ਵਿਅਕਤੀਆਂ ਖ਼ਿਲਾਫ਼ ਐੱਫ਼ ਆਈ ਆਰ ਦਰਜ ਕੀਤੀ ਜਾਵੇ, ਜਿਸ ਵਿੱਚ ਠੇਕੇਦਾਰ, ਨਗਰ ਕੌਂਸਲ ਅਧਿਕਾਰੀ, ਸਰਕਾਰੀ ਅਫ਼ਸਰ ਤੇ ਰਾਜਨੀਤਕ ਲੋਕ ਵੀ ਸ਼ਾਮਲ ਹੋਣ। ਸੰਘਰਸ਼ ਕਮੇਟੀ ਨੇ ਕਿਹਾ ਕਿ ਉਹ ਮਾਨਸਾ 'ਚ ਹੋ ਰਹੇ ਸਾਰੇ ਕੰਮਾਂ ਦੀ ਜਾਂਚ ਕਰਨਗੇ, ਜਿੱਥੇ ਵੀ ਘਟੀਆ ਕੰਮ ਮਿਲਿਆ, ਉਸ ਦਾ ਖੁਲਾਸਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜ ਜਾਰੀ ਰਹਿਣੇ ਚਾਹੀਦੇ ਹਨ, ਪਰ ਗੁਣਵੱਤਾ ਤੇ ਭ੍ਰਿਸ਼ਟਾਚਾਰ ਨਾਲ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਪੰਜਾਬ ਕੋ-ਐਜੂਕੇਸ਼ਨ 'ਚ ਬਾਹਰੋਂ ਆਏ 9 ਵਿਦਿਆਰਥੀਆਂ ਨੇ ਪ੍ਰਾਪਤ ਕੀਤੀ ਸਕਾਲਰਸ਼ਿਪ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਸਵਰਗਵਾਸੀ ਪ੍ਰਿੰਸੀਪਲ ਸ. ਗੁਰਦੇਵ ਸਿੰਘ ਦੇ ਅਸ਼ੀਰਵਾਦ ਸਦਕਾ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੇ ਸੁਚੱਜੀ ਤੇ ਯੋਗ ਅਗਵਾਈ ਵਿੱਚ ਨਿੱਤ ਨਵੀਆਂ ਮੰਜ਼ਿਲਾਂ ਸਰ ਕਰ ਰਹੀ ਹੈ, ਵਿਖੇ ਗਿਆਰਵੀਂ ਸ਼੍ਰੇਣੀ ਦੇ ਦਾਖਲੇ ਲਈ ਸਕਾਲਰਸ਼ਿਪ ਟੈਸਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ 100 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।ਇਹ ਸੰਸਥਾ ਹਰ ਦਿਨ ਬੱਚਿਆਂ ਦੇ ਭਵਿੱਖ ਨੂੰ ਉੱਜਵਲ ਕਰਨ ਲਈ ਸ਼ਲਾਘਾਯੋਗ ਯਤਨ ਕਰਦੀ ਹੈ।ਇਸ ਸਕਾਲਰਸ਼ਿਪ ਟੈਸਟ ਦਾ ਮੰਤਵ ਪੜ੍ਹਾਈ ਵਿੱਚ ਹੁਸ਼ਿਆਰ ਵਿਦਿਆਰਥੀਆਂ ਦੀ ਆਰਥਿਕ ਸਹਾਇਤਾ ਕਰਨ ਦੇ ਨਾਲ ਨਾਲ ਉਨ੍ਹਾਂ ਨੂੰ ਬਾਰਵੀਂ ਸ਼੍ਰੇਣੀ ਤੋਂ ਬਾਅਦ ਹੋਣ ਵਾਲੇ ਕੰਪੀਟੀਸ਼ਨਾਂ ਦੇ ਯੋਗ ਬਣਾਉਣਾ ਵੀ ਹੈ।ਇਸ ਮੌਕੇ ਬੱਚਿਆਂ ਨੂੰ ਗਾਈਡ ਕਰਨ ਲਈ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਉਹ ਗਿਆਰਵੀਂ ਸ਼੍ਰੇਣੀ ਵਿੱਚ ਕਿਹੜੇ ਵਿਸ਼ੇ ਚੁਣ ਸਕਦੇ ਹਨ ਤੇ ਭਵਿੱਖ ਲਈ ਇਹ ਵਿਸ਼ੇ ਉਨ੍ਹਾਂ ਲਈ ਕਿਵੇਂ ਲਾਭਦਾਇਕ ਹੋ ਸਕਦੇ ਹਨ।ਇਸ ਤੋਂ ਇਲਾਵਾ ਗਿਆਰਵੀਂ ਤੇ ਬਾਰਵੀਂ ਦੇ ਵਿਦਿਅਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਆਈ ਆਈ ਟੀ., ਜੇ.ਈ.ਈ., ਐੱਨ.ਡੀ.ਏ., ਨੀਟ, ਬੀ.ਐੱਸ.ਸੀ. ਆਦਿ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਈ ਜਾਵੇਗੀ, ਜਿਸ ਲਈ ਯੋਗ ਤੇ ਤਜਰਬੇਕਾਰ ਅਧਿਆਪਕ ਉਪਲੱਬਧ ਕਰਵਾਏ ਜਾਣਗੇ।

ਇਸ ਟੈਸਟ ਵਿੱਚ ਪਹਿਲਾ ਸਥਾਨ ਯਾਸਿਕਾ ਸੇਠੀ, ਦੂਜਾ ਸਥਾਨ ਇੰਦਰਜੀਤ ਸਿੰਘ ਤੇ ਸਹਿਜਪ੍ਰੀਤ ਕੌਰ ਅਤੇ ਤੀਜਾ ਸਥਾਨ ਅਨੂਪਬੀਰ ਕੌਰ ਤੇ ਏਕਮਨੂਰ ਕੌਰ ਨੇ ਹਾਸਲ ਕੀਤਾ, ਜਿਨ੍ਹਾਂ ਨੂੰ ਕ੍ਰਮਵਾਰ 30,000, 20,000 ਤੇ 10,000 ਦਾ ਸਕਾਲਰਸ਼ਿਪ ਦਿੱਤਾ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਇਸ ਸਕੂਲ ਦੇ ਫਾਊਂਡਰ ਪ੍ਰਿੰਸੀਪਲ ਸਵ. ਗੁਰਦੇਵ ਸਿੰਘ ਦੇ ਨਾਮ 'ਤੇ ਸ੍ਰ. ਗੁਰਦੇਵ ਸਿੰਘ ਮੈਮੋਰੀਅਲ ਸਕਾਲਰਸ਼ਿਪ ਟੈਸਟ ਅਨਾਊਂਸ ਕੀਤਾ, ਜੋ ਕਿ ਹਰ ਸਾਲ 24 ਮਾਰਚ ਨੂੰ ਛੇਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਆਯੋਜਿਤ ਕੀਤਾ ਜਾਇਗਾ, ਪਹਿਲੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਫ੍ਰੀ ਐਜੂਕੇਸ਼ਨ ਦਿੱਤੀ ਜਾਵੇਗੀ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਅਤੇ ਕੋਆਰਡੀਨੇਟਰ ਮੁਕੇਸ਼ ਅਰੋੜਾ ਨੇ ਮਾਪਿਆਂ ਤੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ ਤੇ ਵਧਾਈ ਦਿੱਤੀ।ਇਸ ਮੌਕੇ ਐਡਵੋਕੇਟ ਰਾਜਾ ਸਿੰਘ ਪ੍ਰਿੰਸੀਪਲ, ਮੈਡਮ ਪਰਮਿੰਦਰ ਕੌਰ, ਸੁਧਾ ਮਹਿਤਾ, ਖੁਸ਼ਪ੍ਰੀਤ ਕੌਰ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਭਗਵਾਨ ਹਾਂਸ 'ਪੁੱਤਾਂ ਦੇ ਜਹਾਜ਼' ਲੈ ਕੇ ਸਰੋਤਿਆਂ ਦੀ ਕਚਹਿਰੀ 'ਚ ਹਾਜ਼ਰ

**ਹਠੂਰ (ਲਵਲੀ ਕੁਮਾਰ)**-ਪਿਛਲੇ ਤਿੰਨ ਦਹਾਕਿਆਂ ਤੋਂ ਪੰਜਾਬੀ ਸੱਭਿਆਚਾਰ ਦੀ ਸੇਵਾ ਕਰਦੇ ਆ ਰਹੇ ਪ੍ਰਸਿੱਧ ਲੋਕ ਗਾਇਕ ਭਗਵਾਨ ਹਾਂਸ ਆਪਣੇ ਸਰੋਤਿਆਂ ਦੀ ਕਚਹਿਰੀ ਵਿੱਚ ਆਪਣਾ ਸਿੰਗਲ ਟਰੈਕ ਗੀਤ 'ਪੁੱਤਾਂ ਦੇ ਜਹਾਜ' ਲੈ ਕੇ ਹਾਜ਼ਰ ਹੋਇਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਗਾਇਕ ਭਗਵਾਨ ਹਾਂਸ ਨੇ ਦੱਸਿਆ ਕਿ ਇਸ ਗੀਤ ਨੂੰ ਪ੍ਰਸਿੱਧ ਗੀਤਕਾਰ ਪ੍ਰੀਤ ਭਾਗੀਕੇ ਨੇ ਆਪਣੀ ਮਿਆਰੀ ਕਲਮ ਨਾਲ ਸ਼ਿੰਗਾਰਿਆ ਹੈ। ਇਸ ਗੀਤ ਨੂੰ ਸੰਗੀਤ ਡੀ ਸਟੂਡੀਓ ਨੇ ਤੇ ਗੀਤ ਦੀ ਵੀਡੀਓ ਵੱਖ-ਵੱਖ ਦੇਸ਼ਾਂ ਵਿੱਚ ਫਿਲਮਾਈ ਗਈ ਹੈ।ਇਹ ਗੀਤ ਵਿਦੇਸ਼ ਗਏ ਪੁੱਤ ਦੀ ਮਾਂ ਦੇ ਦਿਲ ਦੇ ਦਰਦ ਨੂੰ ਬਿਆਨ ਕਰਦਾ ਹੈ ਅਤੇ ਦੇਸ਼ ਦੀਆਂ ਸਮੂਹ ਮਾਵਾਂ ਨੂੰ ਸਮਰਪਿਤ ਹੈ, ਜੋ ਆਪਣੇ ਪੁੱਤਰਾਂ ਦੀ ਦਿਨ-ਰਾਤ ਉਡੀਕ ਕਰ ਰਹੀਆਂ ਹਨ।ਉਨ੍ਹਾ ਦੱਸਿਆ ਕਿ ਇਹ ਗੀਤ ਵੱਖ-ਵੱਖ ਟੀਵੀ ਚੈਨਲਾਂ ਤੇ ਸੋਸ਼ਲ ਮੀਡੀਆ 'ਤੇ ਰਿਲੀਜ਼ ਹੋ ਚੁੱਕਾ ਹੈ। ਮੈਨੂੰ ਯਕੀਨ ਹੈ ਕਿ ਮੇਰੇ ਰੱਬ ਵਰਗੇ ਸਰੋਤੇ ਮੇਰੇ ਪਹਿਲੇ ਗੀਤਾਂ ਵਾਂਗ ਇਸ ਗੀਤ ਨੂੰ ਵੀ ਮਾਂ ਵਰਗਾ ਪਿਆਰ-ਸਤਿਕਾਰ ਦੇਣਗੇ।

## 'ਵਿਸ਼ਵ ਜਲ ਦਿਵਸ 2026 : ਪਾਣੀ ਦੀ ਸੰਭਾਲ ਤੇ ਲਿੰਗਕ ਸਮਾਨਤਾ' 'ਤੇ ਸਮਾਗਮ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿੱਚ ਕੈਮਿਸਟਰੀ ਵਿਭਾਗ ਤੇ ਭੋਜਨ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਵੱਲੋਂ ਸਾਂਝੇ ਉੱਦਮ ਤਹਿਤ ਨੂੰ ਵਿਸ਼ਵ ਜਲ ਦਿਵਸ ਮਨਾਇਆ ਗਿਆ।ਇਸ ਸਾਲ ਦਾ ਥੀਮ ਪਾਣੀ ਤੇ ਲਿੰਗਕ ਸਮਾਨਤਾ ਸੀ, ਜੋ ਜਿੱਥੇ ਪਾਣੀ ਵਗਦਾ ਹੈ, ਬਰਾਬਰੀ ਵਧਦੀ ਹੈ, ਦੇ ਨਾਅਰੇ ਨਾਲ ਗੂੰਜਦਾ ਰਿਹਾ ਅਤੇ ਪਾਣੀ ਦੀ ਸਾਮਾਨ ਪਹੁੰਚ ਤੇ ਸਮਾਜਿਕ ਸੰਤੁਲਨ ਵੱਲ ਸੰਕੇਤ ਕਰਦਾ ਹੈ।ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਪਾਣੀ ਦੇ ਸਰੋਤਾਂ ਦੀ ਸੰਭਾਲ ਲਈ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਪਾਣੀ ਦੀ ਸੁਰੱਖਿਆ ਸਿਰਫ਼ ਵਾਤਾਵਰਨਕ ਮੁੱਦਾ ਨਹੀਂ, ਸਗੋਂ ਇਹ ਸਾਡੀ ਨੈਤਿਕ ਤੇ ਸਮਾਜਿਕ ਜ਼ਿੰਮੇਵਾਰੀ ਵੀ ਹੈ।ਉਨ੍ਹਾਂ ਸਮਾਜਿਕ ਤੇ ਲਿੰਗਕ ਸਮਾਨਤਾ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ ਤੇ ਸੰਤੁਲਿਤ ਸਮਾਜ ਦੀ ਨਿਰਮਾਣ ਵਿੱਚ ਇਸ ਦੀ ਭੂਮਿਕਾ 'ਤੇ ਚਾਨਣਾ ਪਾਇਆ।

ਇਸ ਮੌਕੇ ਡਾ. ਕਿਰਨਦੀਪ ਕੌਰ ਐਸੋਸੀਏਟ ਪ੍ਰੋਫੈਸਰ ਧਰਮ ਅਧਿਐਨ ਵਿਭਾਗ ਤੇ ਕੋਆਰਡੀਨੇਟਰ, ਮਹਿਲਾ ਸ਼ਿਕਾਇਤ ਨਿਵਾਰਣ ਸੈੱਲ ਵੱਲੋਂ ਵਿਸ਼ੇਸ਼ ਭਾਸ਼ਣ ਦਿੱਤਾ ਗਿਆ।ਉਨ੍ਹਾਂ ਪਾਣੀ ਦੇ ਸੱਭਿਆਚਾਰਕ ਤੇ ਅਧਿਆਤਮਕ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਗੁਰਬਾਣੀ ਤੇ ਧਰਮ-ਗ੍ਰੰਥਾਂ ਦੇ ਹਵਾਲਿਆਂ ਨਾਲ ਇਹ ਦਰਸਾਇਆ ਕਿ ਪਾਣੀ ਦੀ ਸੰਭਾਲ ਤੇ ਸਮਾਨਤਾ ਦੇ ਸਿਧਾਂਤ ਸਾਡੀ ਪ੍ਰੰਪਰਾ ਵਿੱਚ ਪੁਰਾਤਨ ਸਮੇਂ ਤੋਂ ਮੌਜੂਦ ਹਨ।ਰਸਾਇਣ ਵਿਭਾਗ ਦੇ ਮੁਖੀ ਡਾ. ਰਾਹੁਲ ਬਦਰੂ ਨੇ ਦੋਵਾਂ ਵਿਭਾਗਾਂ ਦੇ ਸਾਂਝੇ ਉੱਦਮ ਦੀ ਪ੍ਰਸੰਸਾ ਕੀਤੀ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਵਧਾਉਣ ਵਾਲੇ ਸਮਾਗਮ ਕਰਵਾਉਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ।ਪ੍ਰੋਗਰਾਮ ਦੀ ਸ਼ੁਰੂਆਤ ਭੋਜਨ ਪ੍ਰੋਸੈਸਿੰਗ ਟੈਕਨਾਲੋਜੀ ਵਿਭਾਗ ਦੇ ਇੰਚਾਰਜ ਡਾ. ਰੁਪਿੰਦਰ ਪਾਲ ਸਿੰਘ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਪਾਣੀ ਦੇ ਸਰੋਤਾਂ ਦੀ ਸੰਭਾਲ ਦੀ ਤੁਰੰਤ ਲੋੜ 'ਤੇ ਚਾਨਣਾ ਪਾਇਆ ਅਤੇ ਵਿਸ਼ਵ ਜਲ ਦਿਵਸ ਦੇ ਇਤਿਹਾਸਕ ਮਹੱਤਵ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਸਿਕੰਦਰ ਸਿੰਘ ਡੀਨ ਵਿਦਿਆਰਥੀ ਭਲਾਈ ਨੇ ਦੱਸਿਆ ਕਿ ਪਾਣੀ ਦੇ ਸਰੋਤਾਂ ਦੀ ਘਾਟ ਪੰਜਾਬ ਦੀ ਖੇਤੀਬਾੜੀ ਤੇ ਆਰਥਿਕ ਸੰਰਚਨਾ 'ਤੇ ਗੰਭੀਰ ਪ੍ਰਭਾਵ ਪਾ ਰਹੀ ਹੈ ਤੇ ਇਸ ਸਥਿਤੀ ਨਾਲ ਨਜਿੱਠਣ ਲਈ ਟਿਕਾਊ ਉਪਾਅ ਬਹੁਤ ਜ਼ਰੂਰੀ ਹਨ।ਇਸ ਮੌਕੇ ਯੂਨੀਵਰਸਿਟੀ ਕੈਂਪਸ ਵਿੱਚ ਵਿਦਿਆਰਥੀਆਂ ਵੱਲੋਂ ਬੈਨਰ ਫੜ ਕੇ ਜਾਗਰੂਕਤਾ ਰੈਲੀ ਕੱਢੀ ਗਈ ਤੇ ਪਾਣੀ ਦੀ ਸੰਭਾਲ ਤੇ ਲਿੰਗਕ ਸਮਾਨਤਾ ਵਿਸ਼ੇ 'ਤੇ ਪ੍ਰਸ਼ਨੋਤਰੀ ਤੇ ਰੰਗੋਲੀ ਮੁਕਾਬਲੇ ਕਰਵਾਏ ਗਏ।ਅੰਤ ਵਿੱਚ ਜੇਤੂਆਂ ਨੂੰ ਸਰਟੀਫਿਕੇਟ ਵੰਡੇ ਗਏ।ਇਸ ਸਮਾਗਮ ਦਾ ਸੰਚਾਲਨ ਈਸੀਏ ਇੰਚਾਰਜ ਡਾ. ਰਿਪਨੀਲ ਕੌਰ ਤੇ ਸ੍ਰੀਮਤੀ ਕੋਮਲਪ੍ਰੀਤ ਕੌਰ ਵੱਲੋਂ ਕੀਤਾ ਗਿਆ।

## ਪ੍ਰੋ. ਜਸਪਾਲ ਚੰਦ ਨੰਗਲ ਨੂੰ ਸੇਵਾ ਮੁਕਤੀ 'ਤੇ ਨਿੱਘੀ ਵਿਦਾਇਗੀ ਪਾਰਟੀ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਜ਼ਿਲ੍ਹਾ ਮੋਗਾ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਬਤੌਰ ਅਧਿਆਪਕ ਦੀ ਸੇਵਾ ਨਿਭਾਅ ਚੁੱਕੇ ਪ੍ਰੋਫੈਸਰ ਜਸਪਾਲ ਚੰਦ ਨੰਗਲ ਦੀ ਸੇਵਾ ਮੁਕਤੀ 'ਤੇ ਸ਼ਹੀਦ ਸੂਬੇਦਾਰ ਅਵਤਾਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ ਦੇ ਕਾਰਜਕਾਰੀ ਪ੍ਰਿੰਸੀਪਲ ਗੁਰਜੀਤ ਸਿੰਘ ਦੀ ਅਗਵਾਈ ਹੇਠ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਧਾਰਮਿਕ ਗੀਤ, ਕਵੀਸ਼ਰੀ, ਗਿੱਧਾ ਭੰਗੜਾ, ਲੋਕ ਗੀਤ, ਜਾਗੋ ਪੇਸ਼ ਕੀਤੀ ਗਈ।ਇਸ ਮੌਕੇ ਅਧਿਆਪਕ ਦਲ ਦੇ ਸੂਬਾ ਸਕੱਤਰ ਹਰਜੰਟ ਸਿੰਘ ਬੋਡੇ, ਪ੍ਰਿੰਸੀਪਲ ਜਸਵਿੰਦਰ ਸਿੰਘ ਗਰਚਾ, ਜਸਵਿੰਦਰ ਕੁਮਾਰ ਨੰਗਲ, ਜ਼ਿਲ੍ਹਾ ਪ੍ਰਧਾਨ ਕੁਲਜਿੰਦਰ ਸਿੰਘ, ਡਾ: ਗੁਰਮੇਲ ਸਿੰਘ ਮਾਛੀਕੇ, ਸਰਪੰਚ ਜਗਮੋਹਣ ਸਿੰਘ ਮਾਛੀਕੇ, ਅਵਤਾਰ ਸਿੰਘ, ਤਰਸੇਮ ਸਿੰਘ ਆਦਿ ਬੁਲਾਰਿਆਂ ਨੇ ਪ੍ਰੋਫੈਸਰ ਜਸਪਾਲ ਚੰਦ ਨੰਗਲ ਦੇ ਸੰਘਰਸ਼ਾਂ ਭਰੇ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਜਸਪਾਲ ਚੰਦ ਨੰਗਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਮਾਛੀਕੇ ਤੋਂ 8 ਨਵੰਬਰ 1996 ਨੂੰ ਬਤੌਰ ਅਧਿਆਪਕ ਦੀ ਸੇਵਾ ਸ਼ੁਰੂ ਕੀਤੀ।ਇਸ ਤੋਂ ਇਲਾਵਾ ਉਨ੍ਹਾ ਸਰਕਾਰੀ ਪ੍ਰਾਇਮਰੀ ਸਕੂਲ ਮੀਨੀਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਡੇ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ ਵਿਖੇ 31 ਮਾਰਚ 2026 ਤੱਕ ਵਿਦਿਆਰਥੀਆਂ ਨੂੰ ਬੜੀ ਸਖਤ ਮਿਹਨਤ ਨਾਲ ਪੜ੍ਹਾਇਆ ਤੇ ਸਿੱਖਿਆ ਵਿਭਾਗ ਵਿਚ 29 ਸਾਲ ਚਾਰ ਮਹੀਨੇ ਬੱਚਿਆਂ ਦੇ ਸੁਨਹਿਰੀ ਭਵਿੱਖ ਦੇ ਲੇਖੇ ਲਗਾਏ।ਇਸ ਮੌਕੇ ਸਕੂਲ ਸਟਾਫ ਵੱਲੋਂ ਵੱਖ-ਵੱਖ ਤਰ੍ਹਾਂ ਦੇ ਤੋਹਫੇ ਭੇਟ ਕੀਤੇ ਗਏ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕ ਮਾਸਟਰ ਕਿਰਨਦੀਪ ਸਿੰਘ ਨੇ ਨਿਭਾਈ। ਅੰਤ ਵਿੱਚ ਪ੍ਰੋਫੈਸਰ ਜਸਪਾਲ ਚੰਦ ਨੰਗਲ ਨੇ ਵਿਦਾਇਗੀ ਪਾਰਟੀ ਵਿੱਚ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਤੇ ਸਕੂਲ ਦੇ ਵਿਕਾਸ ਕਾਰਜਾਂ ਲਈ 31 ਹਜ਼ਾਰ ਰੁਪਏ ਦੀ ਰਾਸ਼ੀ ਸਟਾਫ ਨੂੰ ਭੇਟ ਕੀਤੀ।ਇਸੇ ਤਰ੍ਹਾਂ ਸਕੂਲ ਦੇ ਚਾਰ ਫੋਰ ਕਰਮਚਾਰੀਆਂ ਨੂੰ 2100-2100 ਰੁਪਏ ਭੇਟ ਕੀਤੇ।

## ਕਿਸਾਨ ਆਗੂ ਭਜਨ ਸਿੰਘ ਢੱਡਰੀਆਂ ਨੂੰ ਸ਼ਰਧਾਂਜਲੀਆਂ



**ਲੌਂਗੋਵਾਲ (ਪ੍ਰਦੀਪ ਸੱਪਲ)**-ਪਿਛਲੇ ਦਿਨੀਂ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਵਿਛੋੜਾ ਦੇ ਗਏ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ ਦਾ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਪਿੰਡ ਢੱਡਰੀਆਂ ਦੇ ਗੁਰਦੁਆਰਾ ਸਾਹਿਬ ਵਿਖੇ ਹੋਇਆ, ਜਿੱਥੇ ਕਿਸਾਨ ਆਗੂਆਂ ਤੇ ਵੱਖ-ਵੱਖ ਰਾਜਨੀਤਕ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਗੁਰਦੁਆਰਾ ਸਾਹਿਬ ਵਿਖੇ ਅੰਤਿਮ ਅਰਦਾਸ ਹੋਈ ਤੇ ਉਸ ਤੋਂ ਬਾਅਦ ਹੋਏ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾ ਆਗੂ ਐਡਵੋਕੇਟ ਕਿਰਨਜੀਤ ਸਿੰਘ ਸੇਖੋਂ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ ਨੇ ਭਜਨ ਸਿੰਘ ਦੁਆਰਾ ਕਿਸਾਨ ਅੰਦੋਲਨ ਵਿੱਚ ਪਾਏ ਯੋਗਦਾਨ ਤੇ ਉਨ੍ਹਾਂ ਦੁਆਰਾ ਲੜੇ ਗਏ ਘੋਲਾਂ ਬਾਰੇ ਚਾਨਣਾ ਪਾਉਂਦਿਆਂ ਅਜੋਕੇ ਸਮੇਂ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਭਾਰਤ ਅਮਰੀਕਾ ਵਪਾਰ ਸਮਝੌਤੇ, ਲਗਾਤਾਰ ਖੇਤੀ ਦੀਆਂ ਸਬਸਿਡੀਆਂ ਘਟਾਉਣਾ, ਕਿਸਾਨਾਂ ਦੀ ਕਰਜਾ ਮੁਕਤੀ ਸਮੇਤ ਕਿਸਾਨੀ ਮੰਗਾਂ ਤੇ ਚੱਲ ਰਹੇ ਘੋਲ ਦੇ ਸਮੇਂ ਭਜਨ ਸਿੰਘ ਵਰਗੇ ਆਗੂਆਂ ਦੇ ਚਲਾਣੇ ਨੂੰ ਵੱਡਾ ਘਾਟਾ ਦੱਸਦਿਆਂ ਲੋਕਾਂ ਨੂੰ ਉਨ੍ਹਾਂ ਦੀ ਜ਼ਿੰਦਗੀ ਤੋਂ ਪ੍ਰੇਰਣਾ ਲੈਂਦਿਆਂ ਆਪਣੀ ਜਥੇਬੰਦਕ ਤਾਕਤ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਆਗੂ ਇੰਦਰਪਾਲ ਸਿੰਘ ਪੂਨਾਂਵਾਲ, ਭਾਕਿਯੂ ਲੱਖੋਵਾਲ ਦੇ ਆਗੂ ਨਿਰਮਲ ਸਿੰਘ ਘਨੌਰ, ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਸੁਖਵਿੰਦਰ ਸਿੰਘ ਚੁੰਘਾਂ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਾਮਵੀਰ ਸਿੰਘ, ਕੁੱਲ ਹਿੰਦ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਨਿਰੰਜਨ ਸਿੰਘ ਚੁਨਾਗਰਾ, ਕਿਸਾਨ ਵਿਕਾਸ ਫਰੰਟ ਦੇ ਮਹਿੰਦਰ ਸਿੰਘ ਭੱਠਲ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਦਰਸ਼ਨ ਸਿੰਘ ਕੁਨਰਾਂ, ਵਿੱਤ ਸਕੱਤਰ ਕੁਲਦੀਪ ਸਿੰਘ, ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ ਤੇ ਗੁਰਮੇਲ ਸਿੰਘ ਉੱਭਾਵਾਲ, ਸਤਵਿੰਦਰ ਸਿੰਘ ਬਹਾਦਰਪੁਰ, ਜੁਝਾਰ ਸਿੰਘ ਬੁਡਰੁੱਖਾਂ, ਹਰਦਮ ਸਿੰਘ ਰਾਜੋਮਾਜਰਾ, ਮਨਪ੍ਰੀਤ ਸਿੰਘ ਈਸਾਪੁਰ ਲੰਡਾ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਨੇ ਸਾਰਿਆਂ ਦਾ ਧੰਨਵਾਦ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਨੇ ਨਿਭਾਈ।

## ਸੱਚਖੰਡ ਐਕਸਪ੍ਰੈੱਸ ਰੇਲ ਗੱਡੀ 'ਚੋਂ ਮੋਬਾਇਲ ਚੋਰ ਕਾਬੂ

### ਰੇਲਵੇ ਕਰਮਚਾਰੀ ਤੇ ਯਾਤਰੀ ਦੇ ਚੋਰੀ ਹੋਏ ਮੋਬਾਇਲ ਬਰਾਮਦ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੰਮ੍ਰਿਤਸਰ ਤੋਂ ਨਾਂਦੇੜ ਸਾਹਿਬ ਜਾਣ ਵਾਲੀ ਰੇਲ ਗੱਡੀ ਸੰਖਿਆ 12715 ਸੱਚਖੰਡ ਐਕਸਪ੍ਰੈੱਸ ਵਿੱਚ ਟਿਕਟ ਚੈਕਿੰਗ ਸਟਾਫ ਦੀ ਚੌਕਸੀ ਸਦਕਾ ਇਕ ਮੋਬਾਇਲ ਚੋਰ ਨੂੰ ਰੰਗੇ ਹੱਥੀਂ ਫੜਨ ਵਿੱਚ ਵੱਡੀ ਸਫਲਤਾ ਹਾਸਲ ਹੋਈ ਹੈ। ਇਸ ਕਾਰਵਾਈ ਦੌਰਾਨ ਨਾ ਸਿਰਫ ਇਕ ਯਾਤਰੀ ਦਾ ਚੋਰੀ ਹੋਇਆ ਫੋਨ ਵਾਪਸ ਮਿਲਿਆ, ਬਲਕਿ ਰੇਲਵੇ ਵਿਭਾਗ ਦੇ ਇਕ ਕਰਮਚਾਰੀ ਦਾ ਮੋਬਾਇਲ ਵੀ ਮੁਲਜ਼ਮ ਕੋਲੋਂ ਬਰਾਮਦ ਕੀਤਾ ਗਿਆ। ਸੱਚਖੰਡ ਐਕਸਪ੍ਰੈੱਸ ਦੇ ਕੋਚ ਬੀ-4 ਦੀ ਸੀਟ ਨੰਬਰ 1 'ਤੇ ਸਫਰ ਕਰ ਰਹੇ ਇਕ ਯਾਤਰੀ ਨੇ ਸ਼ਿਕਾਇਤ ਕੀਤੀ ਕਿ ਉਸ ਦਾ ਮੋਬਾਇਲ ਫੋਨ ਚੋਰੀ ਹੋ ਗਿਆ ਹੈ। ਡਿਊਟੀ 'ਤੇ ਤੈਨਾਤ ਟਿਕਟ ਚੈਕਿੰਗ ਸਟਾਫ ਨੇ ਸ਼ੱਕੀ ਵਿਅਕਤੀਆਂ ਦੀ ਨਿਸ਼ਾਨਦੇਹੀ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਸਟਾਫ ਨੂੰ ਟਰੇਨ ਵਿੱਚ ਘੁੰਮ ਰਹੇ ਇੱਕ ਨੌਜਵਾਨ 'ਤੇ ਸ਼ੱਕ ਹੋਇਆ। ਜਦੋਂ ਉਸ ਕੋਲੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ ਤੇ ਉਸ ਦੀ ਤਲਾਸ਼ੀ ਲਈ ਗਈ, ਤਾਂ ਉਸ ਦੇ ਕਬਜ਼ੇ ਵਿੱਚੋਂ ਯਾਤਰੀ ਦਾ ਚੋਰੀ ਹੋਇਆ ਮੋਬਾਇਲ ਬਰਾਮਦ ਹੋ ਗਿਆ। ਹੈਰਾਨੀ ਦੀ ਗੱਲ ਇਹ ਰਹੀ ਕਿ ਤਲਾਸ਼ੀ ਦੌਰਾਨ ਉਕਤ ਮੁਲਜ਼ਮ ਕੋਲੋਂ ਇਕ ਹੋਰ ਮੋਬਾਇਲ ਫੋਨ ਵੀ ਮਿਲਿਆ, ਜੋ ਰੇਲਵੇ ਦੇ ਹੀ ਇੱਕ ਕਰਮਚਾਰੀ ਦਾ ਸੀ। ਜਿਵੇਂ ਹੀ ਟਰੇਨ ਰਾਜਪੁਰਾ ਸਟੇਸ਼ਨ 'ਤੇ ਪਹੁੰਚੀ, ਟਿਕਟ ਚੈਕਿੰਗ ਸਟਾਫ ਨੇ ਮੁਲਜ਼ਮ ਨੂੰ ਤੁਰੰਤ ਰੇਲਵੇ ਸੁਰੱਖਿਆ ਬਲ ਦੇ ਹਵਾਲੇ ਕਰ ਦਿੱਤਾ। ਆਰਪੀਐੱਫ ਵੱਲੋਂ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਰੇਲਵੇ ਅਧਿਕਾਰੀਆਂ ਨੇ ਟਿਕਟ ਚੈਕਿੰਗ ਸਟਾਫ ਦੀ ਇਸ ਬਹਾਦਰੀ ਤੇ ਮੁਸਤੈਦੀ ਦੀ ਸ਼ਲਾਘਾ ਕੀਤੀ ਹੈ। ਫਿਰੋਜ਼ਪੁਰ ਮੰਡਲ ਦੇ ਬੁਲਾਰੇ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੇਲਵੇ ਵਿਭਾਗ ਯਾਤਰੀਆਂ ਦੀ ਸੁਰੱਖਿਆ ਤੇ ਉਨ੍ਹਾਂ ਦੇ ਸਾਮਾਨ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਗੜੇਮਾਰੀ ਨਾਲ ਨੁਕਸਾਨੀਆਂ ਫਸਲਾਂ ਤੇ ਪਸ਼ੂਆਂ ਦਾ ਸਰਕਾਰ ਤੁਰੰਤ ਮੁਆਵਜ਼ਾ ਜਾਰੀ ਕਰੇ : ਸੁੱਖ ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰੀ ਮੀਂਹ ਤੇ ਗੜੇਮਾਰੀ ਕਾਰਨ ਪੰਜਾਬ ਦੇ ਕਈ ਇਲਾਕਿਆਂ ਵਿੱਚ ਫਸਲਾਂ ਤੇ ਪਸ਼ੂਆਂ ਨੂੰ ਵੱਡਾ ਨੁਕਸਾਨ ਹੋਇਆ ਹੈ।ਇਸ ਸਬੰਧੀ ਅਜ਼ਾਦ ਕਿਸਾਨ ਮੋਰਚਾ ਪੰਜਾਬ ਦੇ ਆਗੂ ਤੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਸਰਕਾਰ ਤੋਂ ਤੁਰੰਤ ਮੁਆਵਜ਼ਾ ਜਾਰੀ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਤਬਾਹ ਹੋ ਚੁੱਕੀਆਂ ਹਨ ਤੇ ਕਈ ਥਾਵਾਂ 'ਤੇ ਪਸ਼ੂ ਵੀ ਜ਼ਖਮੀ ਹੋਏ ਹਨ, ਜਿਵੇਂ ਕੇ ਕੋਟ ਸਦਰ ਖਾਂ ਦੇ ਕਿਸਾਨ ਪਿੱਪਲ ਸਿੰਘ ਦਾ ਮੱਝਾਂ ਵਾਲਾ ਬਰਾਂਡਾ ਮੀਂਹ ਤੇ ਗੜੇਮਾਰੀ ਨਾਲ ਡਿੱਗਣ ਕਾਰਨ ਸਾਰੇ ਪਸ਼ੂ ਥੱਲੇ ਆ ਗਏ ਸਨ ਅਤੇ ਕਾਫੀ ਗੰਭਰ ਜ਼ਖਮੀ ਹੋ ਗਏ ਹਨ, ਇਸ ਮੀਂਹ ਤੇ ਗੜੇਮਾਰੀ ਨਾਲ ਕਿਸਾਨਾਂ ਨੂੰ ਦੋਹਰਾ ਝਟਕਾ ਲੱਗਿਆ ਹੈ।ਇਸ ਲਈ ਸਰਕਾਰ ਨੂੰ ਬਿਨਾਂ ਦੇਰੀ ਕੀਤੇ ਪ੍ਰਭਾਵਿਤ ਕਿਸਾਨਾਂ ਦੀ ਸਹਾਇਤਾ ਲਈ ਅੱਗੇ ਆਉਣਾ ਚਾਹੀਦਾ ਹੈ। ਸੁੱਖ ਗਿੱਲ ਮੋਗਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਹਿਲਾਂ ਇਹ ਵਾਅਦਾ ਕੀਤਾ ਗਿਆ ਸੀ ਕਿ ਬਿਨਾਂ ਗਿਰਦਾਵਰੀ ਕੀਤੇ ਵੀ ਨੁਕਸਾਨੀ ਫਸਲਾਂ ਤੇ ਪਸ਼ੂਆਂ ਦਾ ਮੁਆਵਜ਼ਾ ਦਿੱਤਾ ਜਾਵੇਗਾ।ਇਸ ਮੌਕੇ ਦਲਜੀਤ ਸਿੰਘ ਸਰਪੰਚ ਦਾਨੇਵਾਲਾ ਜਨਰਲ ਸਕੱਤਰ ਪੰਜਾਬ ਬੀਕੇਯੂ ਤੋਤੇਵਾਲ, ਚੰਦਨਦੀਪ ਸਿੰਘ ਰੌਂਤਾ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ ਬੀਕੇਯੂ ਤੋਤੇਵਾਲ, ਤਲਵਿੰਦਰ ਗਿੱਲ ਜ਼ਿਲ੍ਹਾ ਯੂਥ ਪ੍ਰਧਾਨ ਮੋਗਾ ਬੀਕੇਯੂ ਤੋਤੇਵਾਲ, ਕੁਲਜੀਤ ਸਿੰਘ ਰੌਂਤਾ ਜ਼ਿਲ੍ਹਾ ਯੂਥ ਪ੍ਰਧਾਨ ਮੋਗਾ ਸ਼ਹਿਰੀ, ਪ੍ਰਦੀਪ ਸ਼ਹਿਰੀ ਪ੍ਰਧਾਨ ਮੁੱਦਕੀ, ਬਲਦੇਵ ਕੁਮਾਰ ਰੌਂਤਾ, ਮਾਸਟਰ ਹਰਪ੍ਰੀਤ ਸਿੰਘ ਕੈਂਥ ਸਰਾਂਵਾਲੀ, ਜਰਨੈਲ ਸਿੰਘ ਰੌਂਤਾ ਹਾਜ਼ਰ ਸਨ।

ਮੰਗਲਵਾਰ, 7 ਅਪ੍ਰੈਲ, 2026
25 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 306

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 7 APRIL, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

# ਅਕਾਲੀ ਆਦਤਨ ਅਪਰਾਧੀ : ਮਾਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਜਨਤਕ ਰੈਲੀ ਵਿੱਚ ਬਿਜਲੀ ਚੋਰੀ ਕਰਦੇ ਫੜੇ ਗਏ ਅਕਾਲੀ ਆਗੂਆਂ ਨੇ ਪੰਜਾਬ ਨੂੰ ਲੁੱਟਣ ਦੀ ਆਪਣੀ ਆਦਤ ਅਜੇ ਤੱਕ ਨਹੀਂ ਛੱਡੀ ਹੈ। ਉਨ੍ਹਾ ਚੇਤਾਵਨੀ ਦਿੱਤੀ ਕਿ ਜੇ ਸੱਤਾ ਤੋਂ ਬਾਹਰ ਹੋ ਕੇ ਵੀ ਉਹ ਅਜਿਹੀਆਂ ਘਟੀਆ ਕਾਰਵਾਈਆਂ ਕਰ ਰਹੇ ਹਨ ਤਾਂ ਫਿਰ ਸੱਤਾ 'ਚ ਆ ਕੇ ਤਾਂ ਉਹ ਜੋ ਨੁਕਸਾਨ ਪੰਜਾਬ ਨੂੰ ਪਹੁੰਚਾਉਣਗੇ, ਉਸ ਦਾ ਅੰਦਾਜ਼ਾ ਵੀ ਨਹੀਂ ਲਾਇਆ ਜਾ ਸਕਦਾ, ਜੋ ਗੰਭੀਰ ਸ਼ੰਕੇ ਖੜ੍ਹੇ ਕਰਦਾ ਹੈ। ਅਕਾਲੀਆਂ ਨੂੰ ਆਦਤਨ ਅਪਰਾਧੀ ਆਖਦਿਆਂ ਜਿਨ੍ਹਾਂ ਪਹਿਲਾਂ ਰੇਤਾ ਅਤੇ ਬੱਸਾਂ ਲੁੱਟੀਆਂ ਅਤੇ ਹੁਣ ਬਿਜਲੀ ਚੋਰੀ ਤੱਕ ਆ ਗਏ ਹਨ, ਉਨ੍ਹਾ ਕਿਹਾ ਕਿ ਅਜਿਹਾ ਘਟੀਆ ਵਿਹਾਰ ਸਰਕਾਰੀ ਸਰੋਤਾਂ ਦਾ ਸ਼ੋਸ਼ਣ ਕਰਨ ਦੀ ਉਨ੍ਹਾਂ ਦੀ ਦ੍ਰਿੜ੍ਹ ਮਾਨਸਿਕਤਾ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਇਸ ਦੇ ਆਧਾਰ 'ਤੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਦਾ ਸਮਾਜਿਕ ਬਾਈਕਾਟ ਕਰਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਬੇਅਦਬੀ ਅਤੇ ਲੋਕਾਂ 'ਤੇ ਅੱਤਿਆਚਾਰ ਢਾਹੁਣ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।

ਪਟਿਆਲਾ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਆਪਣੇ ਸ਼ਾਸਨਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀ ਇਜਾਜ਼ਤ ਦੇ ਕੇ ਹਰੇਕ ਆਮ ਆਦਮੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ। ਇਨ੍ਹਾਂ ਗੱਦਾਰਾਂ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਲਈ ਜ਼ਿੰਮੇਵਾਰ ਹਨ ਅਤੇ ਇਨ੍ਹਾਂ ਦੇ ਹੱਥ ਮਾਸੂਮ ਲੋਕਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ।

ਉਨ੍ਹਾ ਕਿਹਾ ਕਿ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਮਤਲਬ ਹੈ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ, ਮਾਸੂਮ ਪ੍ਰਦਰਸ਼ਨਕਾਰੀਆਂ 'ਤੇ ਗੋਲੀਬਾਰੀ ਅਤੇ ਆਮ ਆਦਮੀ 'ਤੇ ਅੱਤਿਆਚਾਰਾਂ ਦਾ ਯੁੱਗ ਵਾਪਸ ਲਿਆਉਣ ਲਈ ਆਪਣੀ ਸਹਿਮਤੀ ਦੇਣਾ ਹੈ।

ਅਜਿਹੇ ਆਗੂਆਂ ਖਿਲਾਫ਼ ਸਖ਼ਤ ਜਨਤਕ ਕਾਰਵਾਈ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸੂਬੇ ਦੀਆਂ ਕਈ ਪੀੜ੍ਹੀਆਂ ਨੂੰ ਬਰਬਾਦ ਕੀਤਾ ਹੈ ਅਤੇ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਲਈ ਜ਼ਿੰਮੇਵਾਰ ਹਨ, ਉਨ੍ਹਾਂ ਨੂੰ ਕਿਸੇ ਵੀ ਹੀਲੇ ਮੁਆਫ਼ੀ ਨਹੀਂ ਦਿੱਤੀ ਜਾਣੀ ਚਾਹੀਦੀ ਅਤੇ ਉਨ੍ਹਾਂ ਨੂੰ ਸਬਕ ਸਿਖਾਇਆ ਜਾਣਾ ਚਾਹੀਦਾ ਹੈ। ਇਨ੍ਹਾਂ ਆਗੂਆਂ ਦਾ ਸਮਾਜਿਕ ਬਾਈਕਾਟ ਕਰਨਾ ਸਮੇਂ ਦੀ ਲੋੜ ਹੈ, ਤਾਂ ਜੋ ਉਹ ਸੂਬੇ ਅਤੇ ਇਸ ਦੇ ਲੋਕਾਂ ਨੂੰ ਹੋਰ ਨੁਕਸਾਨ ਨਾ ਪਹੁੰਚਾ ਸਕਣ। ਉਨ੍ਹਾ ਹੈਰਾਨੀ ਪ੍ਰਗਟਾਈ ਕਿ ਕੁਝ ਲੋਕ ਆਪਣੇ ਨਿੱਜੀ ਸਵਾਰਥੀ ਹਿੱਤਾਂ ਲਈ ਅਜਿਹੇ ਆਗੂਆਂ ਦੀਆਂ ਘਟੀਆ ਕਾਰਵਾਈਆਂ ਤੋਂ ਚੰਗੀ ਤਰ੍ਹਾਂ ਜਾਣੂ ਹੋਣ ਦੇ ਬਾਵਜੂਦ ਉਨ੍ਹਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕਰ ਰਹੇ ਹਨ, ਜੋ ਬਹੁਤ ਮੰਦਭਾਗਾ ਹੈ। ਅਕਾਲੀ ਦਲ ਦੀ ਅਖੌਤੀ 'ਪੰਜਾਬ ਬਚਾਓ ਯਾਤਰਾ' 'ਤੇ • ਬਾਕੀ ਸਫਾ 10 'ਤੇ

## ਪੀ ਆਰ ਟੀ ਸੀ ਫਲੀਟ 'ਚ 250 ਨਵੀਆਂ ਬੱਸਾਂ ਨੂੰ ਹਰੀ ਝੰਡੀ



ਮੁੱਖ ਮੰਤਰੀ ਭਗਵੰਤ ਮਾਨ ਨਵੀਆਂ ਬੱਸਾਂ ਨੂੰ ਹਰੀ ਝੰਡੀ ਦਿੰਦੇ ਹੋਏ।

## ਅਮਰੀਕਾ ਜੰਗਾਂ ਰਾਹੀਂ ਆਪਣੇ ਘਾਤਕ ਹਥਿਆਰਾਂ ਦੀ ਪਰਖ ਕਰਦੈ : ਜਤਿੰਦਰ ਪਨੂੰ



**ਸਮਰਾਲਾ (ਸੁਰਜੀਤ ਸਿੰਘ)**-'ਅਮਰੀਕਾ ਵੱਖ-ਵੱਖ ਦੇਸ਼ਾਂ ਵਿਚ ਲੱਗੀਆਂ ਜੰਗਾਂ ਵਿੱਚ ਆਪਣੇ ਬਣਾਏ ਹਥਿਆਰਾਂ ਦੀ ਪਰਖ ਕਰਦਾ ਹੈ ਅਤੇ ਫੇਰ ਉਹਨਾਂ ਨੂੰ ਵੇਚਦਾ ਹੈ।' ਇਹ ਵਿਚਾਰ ਸੋਮਵਾਰ ਇਥੇ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਵੱਲੋਂ ਕਾਮਰੇਡ ਜਗਜੀਤ ਸਿੰਘ ਬਾਗੀ ਦੀ ਯਾਦ ਵਿੱਚ ਆਯੋਜਿਤ ਸੈਮੀਨਾਰ ਵਿਚ ਵੱਡੀ ਗਿਣਤੀ ਵਿਚ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਪੱਤਰਕਾਰ ਜਤਿੰਦਰ ਪਨੂੰ ਨੇ ਪ੍ਰਗਟ ਕੀਤੇ। ਉਹਨਾ ਕਿਹਾ ਕਿ ਅਮਰੀਕਾ ਦੀ ਆਰਥਿਕਤਾ ਜੰਗਾਂ ਦਾ ਸਮਾਨ ਵੇਚਣ ਨਾਲ ਹੀ ਚਲਦੀ ਹੈ। ਉਹਨਾ ਕਿਹਾ ਕਿ ਵੀਅਤਨਾਮ, ਅਫ਼ਗਾਨਿਸਤਾਨ ਅਤੇ ਈਰਾਨ ਵਿਚ ਲੱਗੀਆਂ ਜੰਗਾਂ ਵਿਚ ਕਲੱਸਟਰ ਬੰਬਾਂ ਦਾ ਤਜਰਬਾ ਕੀਤਾ ਗਿਆ। ਉਹਨਾ ਕਿਹਾ ਕਿ ਹੁਣ ਬਰਤਾਨੀਆ, ਫਰਾਂਸ, ਸਪੇਨ, ਇਟਲੀ ਅਤੇ ਸ੍ਰੀਲੰਕਾ ਨੇ ਅਮਰੀਕਾ ਨੂੰ ਇਰਾਨ ਜੰਗ ਵਿੱਚ ਮਦਦ ਦੇਣ ਤੋਂ ਕੋਰੀ ਨਾਂਹ ਕਰ ਦਿੱਤੀ। ਕੈਨੇਡਾ ਨਾਲ ਅਮਰੀਕਾ ਨੇ ਆਪਣੇ ਸੰਬੰਧ ਵਿਗਾੜ ਲਏ ਹਨ। ਉਧਰ ਖੁਦ ਅਮਰੀਕਾ ਵਿਚ ਟਰੰਪ ਦਾ ਸਖ਼ਤ ਵਿਰੋਧ ਹੋ ਰਿਹਾ ਹੈ। ਅਮਰੀਕਾ ਸਾਰੀ ਦੁਨੀਆ ਨੂੰ ਧੌਂਸ ਦਿਖਾ ਕੇ ਠਾਣੇਦਾਰੀ ਕਰ ਰਿਹਾ ਹੈ, ਪਰ ਹੁਣ ਇਰਾਨ ਵਿਚ ਬੁਰੀ ਤਰਾਂ ਫਸ ਗਿਆ ਹੈ। ਉਹਨਾ ਕਿਹਾ ਕਿ ਭਾਰਤ ਵਿਚ ਅਡਾਨੀਆਂ , ਅੰਬਾਨੀਆਂ ਨੂੰ ਉਭਾਰਿਆ ਜਾ ਰਿਹਾ ਹੈ, ਜਦਕਿ ਬਿਰਲਾ, ਟਾਟਾ ਅਤੇ ਡਾਲਮੀਆ ਵਰਗੇ ਹੁਣ ਗੌਣ ਹੋ ਗਏ ਹਨ। ਅਡਾਨੀ ਦਾ ਜੰਗਲਾਂ ਅਤੇ ਬੰਦਰਗਾਹਾਂ 'ਤੇ ਕਬਜ਼ਾ ਹੋ ਗਿਆ ਹੈ। ਚੋਣ ਕਮਿਸ਼ਨ ਅਤੇ ਕੰਪਟਰੋਲਰ ਐਂਡ ਆਡੀਟਰ ਜਨਰਲ (ਕੈਗ) ਵਰਗੀਆਂ ਸੰਸਥਾਵਾਂ ਸਰਕਾਰ ਦੀ ਕਠਪੁਤਲੀ ਬਣ ਕੇ ਰਹਿ ਗਈਆਂ ਹਨ। ਉਹਨਾ ਕਾਮਰੇਡ ਬਾਗੀ ਨਾਲ ਗੁਜ਼ਾਰਿਆ ਸਮਾਂ ਵੀ ਯਾਦ ਕੀਤਾ। ਉੱਘੇ ਚਿੰਤਕ ਹਮੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿਆਸੀ ਪਾਰਟੀਆਂ ਹੁਣ ਮੈਨੀਫੈਸਟੋ ਦੀ ਥਾਂ ਗਰੰਟੀਆਂ ਦੇਣ ਲੱਗ ਪਈਆਂ ਹਨ। ਰੁਜ਼ਗਾਰ ਦੇ ਬੁਨਿਆਦੀ ਹੱਕ ਖੋਹੇ ਜਾ ਰਹੇ ਹਨ। ਮਨੁੱਖ ਹੁਣ ਨਾਗਰਿਕ ਦੀ ਥਾਂ ਸਿਆਸੀ ਪਾਰਟੀਆਂ ਲਈ ਵੋਟ ਬੈਂਕ ਬਣ ਗਿਆ ਹੈ। ਚੋਣ ਕਮਿਸ਼ਨ ਸਮੇਤ ਸਾਰੇ ਕਮਿਸ਼ਨ ਕਮਜ਼ੋਰ ਹੋ ਗਏ ਹਨ। ਲੋਕਾਂ ਦੇ ਹੱਕ ਅਧਾਰਤ ਕਾਨੂੰਨ ਦੀ ਥਾਂ ਹੁਣ ਖੈਰਾਤ ਅਧਾਰਤ ਕਾਨੂੰਨ ਬਣਾਏ ਜਾ ਰਹੇ ਹਨ। ਪੰਜਾਬ ਦਾ ਦੂਸ਼ਿਤ ਪਾਣੀ ਅਤੇ ਵਾਤਾਵਰਨ ਕਿਸੇ ਪਾਰਟੀ ਦਾ ਏਜੰਡਾ ਨਹੀਂ ਰਿਹਾ। ਲੋਕ ਆਪੋ-ਆਪਣੇ ਮੁੱਦਿਆਂ 'ਤੇ ਲੜ ਰਹੇ ਹਨ, ਪਰ ਸਰਕਾਰ ਇਸ ਨੂੰ ਨਜ਼ਰਅੰਦਾਜ਼ ਕਰ ਰਹੀ ਹੈ। ਅਜਿਹੇ ਹਾਲਾਤ ਵਿਚ ਸਥਿਤੀ ਵਿਸਫੋਟਕ ਬਣਦੀ ਜਾ ਰਹੀ ਹੈ। ਉਹਨਾ ਕਿਹਾ ਕਿ ਸਰਕਾਰ ਦਾਅਵਾ ਕਰਦੀ ਹੈ ਕਿ ਉਸ ਨੇ ਨਸ਼ਿਆਂ 'ਤੇ ਲਗਾਮ ਕੱਸਣ ਲਈ 51 ਹਜ਼ਾਰ ਨਸ਼ਾ-ਫਰੋਸ਼ਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਪੰਜਾਬ ਦੀਆਂ ਜੇਲ੍ਹਾਂ ਦੀ ਸਮਰੱਥਾ ਹੀ 23 ਹਜ਼ਾਰ ਹੈ।

ਇਸੇ ਦੌਰਾਨ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ, ਰਮੇਸ਼ ਰਤਨ, ਦਵਿੰਦਰ ਜਟਾਣਾ, ਕਰਮਜੀਤ ਕੰਗ ਅਤੇ ਕਮਾਂਡੈਂਟ ਰਛਪਾਲ ਸਿੰਘ ਨੇ ਵੀ ਸੰਬੋਧਨ ਕੀਤਾ। ਸਮਾਗਮ ਵਿਚ ਕਮਾਂਡੈਂਟ ਰਛਪਾਲ ਸਿੰਘ, ਹਮੀਰ ਸਿੰਘ, ਜਤਿੰਦਰ ਪਨੂੰ, ਕਰਮਜੀਤ ਬਾਗੀ, ਰਮੇਸ਼ ਰਤਨ, ਸੁਖਵਿੰਦਰ ਗਿੱਲ, ਹਰਮਿੰਦਰ ਗਿੱਲ, ਇੰਦਰਜੀਤ ਕੰਗ, ਦਰਸ਼ਨ ਕੰਗ ਅਤੇ ਦੀਪ ਨੂੰ ਸਨਮਾਨਤ ਕੀਤਾ ਗਿਆ।

## ਵਿਸ਼ੇਸ਼ ਗਿਰਦਾਵਰੀ ਦੇ ਹੁਕਮ

**ਚੰਡੀਗੜ੍ਹ** : ਇੱਕ ਹਫਤੇ ਦੌਰਾਨ ਹੋਈ ਬੇਮੌਸਮੀ ਬਾਰਿਸ਼, ਤੇਜ਼ ਹਵਾਵਾਂ ਅਤੇ ਗੜ੍ਹੇਮਾਰੀ ਕਾਰਨ ਕਣਕ ਦੀ ਪੱਕੀ ਫਸਲ ਦੇ ਹੋਏ ਭਾਰੀ ਨੁਕਸਾਨ ਨੂੰ ਦੇਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕੀਤੇ ਹਨ। ਮਾਨ ਨੇ ਸੋਮਵਾਰ ਕਿਹਾ ਕਿ ਪੰਜਾਬ ਸਰਕਾਰ ਨੇ ਫਸਲੀ ਨੁਕਸਾਨ ਦੇ ਮੱਦੇਨਜ਼ਰ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰ ਦਿੱਤੇ ਹਨ। ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਲਈ ਸਰਕਾਰ ਮੁਆਵਜ਼ਾ ਦੇਵੇਗੀ। ਪੰਜਾਬ ਦੇ ਖਾਸ ਕਰਕੇ ਮਾਲਵਾ ਖਿੱਤੇ ਵਿੱਚ 30-31 ਮਾਰਚ ਨੂੰ ਮੀਂਹ ਅਤੇ ਗੜ੍ਹੇਮਾਰੀ ਨਾਲ ਭਾਰੀ ਨੁਕਸਾਨ ਹੋਇਆ ਹੈ ਅਤੇ ਇਸੇ ਤਰ੍ਹਾਂ ਮਾਝਾ ਅਤੇ ਦੁਆਬਾ ਵਿੱਚ ਵੀ ਫਸਲਾਂ ਨੂੰ ਮਾਰ ਪਈ ਹੈ। ਖੇਤੀ ਮਹਿਕਮੇ ਅਨੁਸਾਰ ਪੰਜਾਬ ਵਿੱਚ ਕਰੀਬ ਇੱਕ ਲੱਖ ਏਕੜ ਤੋਂ ਵੱਧ ਕਣਕ ਦੀ ਫਸਲ ਦਾ ਨੁਕਸਾਨ ਹੋਇਆ ਹੈ। ਸਭ ਤੋਂ ਵੱਧ ਨੁਕਸਾਨ ਜ਼ਿਲ੍ਹਾ ਮੁਕਤਸਰ, ਫਾਜ਼ਿਲਕਾ ਅਤੇ ਬਠਿੰਡਾ ਤੋਂ ਇਲਾਵਾ ਅੰਮ੍ਰਿਤਸਰ ਅਤੇ ਤਰਨ ਤਾਰਨ ਵਿੱਚ ਹੋਇਆ ਹੈ।

## 90 ਫੀਸਦ ਘਰਾਂ ਨੂੰ ਮੁਫ਼ਤ ਬਿਜਲੀ ਦੇ ਕੇ ਵੀ ਬਿਜਲੀ ਵਿਭਾਗ ਕਮਾ ਰਿਹੈ ਮੁਨਾਫ਼ਾ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਕਿਹਾ ਕਿ ਕਿਸੇ ਸਮੇਂ ਘਾਟੇ ਵਿੱਚ ਚੱਲ ਰਿਹਾ ਇਹ ਵਿਭਾਗ ਹੁਣ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰ ਕੇ ਵੀ ਮੁਨਾਫ਼ਾ ਕਮਾ ਰਿਹਾ ਹੈ। ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਨਾ ਸਿਰਫ਼ 600 ਯੂਨਿਟ ਮੁਫ਼ਤ ਬਿਜਲੀ ਰਾਹੀਂ ਬਹੁਗਿਣਤੀ ਪਰਵਾਰਾਂ ਲਈ ਜ਼ੀਰੋ ਬਿਜਲੀ ਬਿੱਲ ਯਕੀਨੀ ਬਣਾਏ, ਸਗੋਂ ਪਿਛਲੀਆਂ ਸਰਕਾਰਾਂ ਵੱਲੋਂ ਜਨਤਕ ਜਾਇਦਾਦਾਂ ਵੇਚਣ ਦੇ ਪੁਰਾਣੇ ਰੁਝਾਨ ਨੂੰ ਬਦਲਦਿਆਂ 540 ਮੈਗਾਵਾਟ ਗੋਇੰਦਵਾਲ ਥਰਮਲ ਪਾਵਰ ਪਲਾਂਟ ਨੂੰ ਖ਼ਰੀਦ ਕੇ ਬਿਜਲੀ ਉਪਲੱਬਧਤਾ ਵਿੱਚ ਅਹਿਮ ਸੁਧਾਰ ਕੀਤੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਸਮੇਤ ਹੋਰ ਸ਼੍ਰੇਣੀਆਂ ਲਈ ਟੈਰਿਫ ਘਟਾਏ ਗਏ ਹਨ, ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ ਅਤੇ ਨਵੇਂ ਸਬ-ਸਟੇਸ਼ਨਾਂ ਅਤੇ ਟ੍ਰਾਂਸਫਾਰਮਰਾਂ ਰਾਹੀਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ। ਰੁਜ਼ਗਾਰ ਪੈਦਾ ਕਰਨ 'ਤੇ ਜ਼ੋਰ ਦਿੰਦਿਆਂ ਉਨ੍ਹਾ ਕਿਹਾ ਕਿ ਬਿਜਲੀ ਖੇਤਰ ਵਿੱਚ 9593 ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ 1750 ਹੋਰ ਅਸਾਮੀਆਂ ਲਈ ਭਰਤੀ ਜਾਰੀ ਹੈ। ਪੰਜਾਬ ਬਿਜਲੀ ਵਿਭਾਗ (ਪੀ ਐੱਸ ਪੀ ਸੀ ਐੱਲ) ਵੱਲੋਂ ਏ+ ਰੇਟਿੰਗ ਹਾਸਲ ਕਰਨਾ, ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਮਿਲਣਾ ਪੰਜਾਬ ਨੂੰ ਬਿਜਲੀ ਵਿੱਚ ਆਤਮ-ਨਿਰਭਰ ਬਣਾਉਣ ਅਤੇ ਲੋਕਾਂ ਲਈ 24 ਘੰਟੇ ਮੁਫ਼ਤ ਬਿਜਲੀ ਸਪਲਾਈ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਪ੍ਰੈੱਸ ਕਾਨਫਰੰਸ ਦੌਰਾਨ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, 'ਆਪ ਸਰਕਾਰ ਨੇ ਹਰ ਖੇਤਰ ਨੂੰ ਸਸਤੀ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਦਾਨ ਕਰਵਾ ਕੇ ਨਵਾਂ ਰਿਕਾਰਡ ਕਾਇਮ ਕੀਤਾ ਹੈ। ਪਹਿਲੀ ਵਾਰ ਲੋਕਾਂ ਨੂੰ ਬਿਨਾਂ ਕਿਸੇ ਵਾਧੂ ਵਿੱਤੀ ਬੋਝ ਤੋਂ ਬਿਜਲੀ ਦੀ ਨਿਰੰਤਰ ਸਪਲਾਈ ਦਿੱਤੀ ਜਾ ਰਹੀ ਹੈ।' ਉਨ੍ਹਾ ਕਿਹਾ, 'ਜਦੋਂ ਅਸੀਂ ਸੂਬੇ ਦੀ ਵਾਗਡੋਰ ਸੰਭਾਲੀ ਸੀ ਤਾਂ ਸਿੰਚਾਈ ਲਈ ਸਿਰਫ 22 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ, ਪਰ ਅੱਜ ਇਹ ਪ੍ਰਤੀਸ਼ਤ ਵਧ ਕੇ 78 ਫੀਸਦੀ ਹੋ ਗਿਆ ਹੈ ਅਤੇ ਆਉਣ ਵਾਲੇ ਝੋਨੇ ਦੇ ਸੀਜ਼ਨ ਤੱਕ ਇਸ ਨੂੰ 90 ਫੀਸਦੀ ਤੱਕ ਵਧਾ ਦਿੱਤਾ ਜਾਵੇਗਾ।'

## ਵਰਜੀਤ ਵਾਲੀਆ ਜਲੰਧਰ ਦੇ ਨਵੇਂ ਡੀ ਸੀ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਵੱਡੇ ਪੱਧਰ 'ਤੇ ਫੇਰਬਦਲ ਕਰਦਿਆਂ ਜਲੰਧਰ ਦੇ ਡੀ ਸੀ ਹਿਮਾਂਸ਼ੂ ਅਗਰਵਾਲ ਨੂੰ ਪਟਿਆਲਾ ਬਦਲ ਦਿੱਤਾ ਹੈ, ਜਦੋਂਕਿ ਉੱਥੋਂ ਦੇ ਡੀ ਸੀ ਵਰਜੀਤ ਵਾਲੀਆ ਨੂੰ ਜਲੰਧਰ ਨਿਯੁਕਤ ਕੀਤਾ ਹੈ। ਅਮਿਤ ਕੁਮਾਰ ਪੰਚਾਲ ਨੂੰ ਸ੍ਰੀ ਮੁਕਤਸਰ ਸਾਹਿਬ ਤੇ ਆਕਾਸ਼ ਬੰਸਲ ਨੂੰ ਕਪੂਰਥਲਾ ਦਾ ਨਵਾਂ ਡਿਪਟੀ ਕਮਿਸ਼ਨਰ ਅਤੇ ਤੇਜਦੀਪ ਸਿੰਘ ਸੈਣੀ ਨੂੰ ਜਲੰਧਰ 'ਚ ਐਡੀਸ਼ਨਲ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਿਯੁਕਤ ਕੀਤਾ ਗਿਆ ਹੈ।

## ਹੇਮਕੁੰਟ ਦੇ ਰਾਹ ਤੋਂ ਬਰਫ ਹਟਾਉਣ ਦਾ ਕੰਮ ਛੇਤੀ

**ਦੇਹਰਾਦੂਨ** : ਉੱਤਰਾਖੰਡ ਦੇ ਹਿਮਾਲਿਆ ਵਿੱਚ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਿਤ ਵਿਸ਼ਵ ਪ੍ਰਸਿੱਧ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਨੂੰ ਮੁੱਖ ਰੱਖਦਿਆਂ ਭਾਰਤੀ ਫੌਜ ਅਤੇ ਮੈਨੇਜਮੈਂਟ ਟਰੱਸਟ ਵੱਲੋਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ। ਹਾਲ ਹੀ ਵਿੱਚ ਜਵਾਨਾਂ ਅਤੇ ਟਰੱਸਟ ਦੇ ਵਲੰਟੀਅਰਾਂ ਨੇ ਗੋਬਿੰਦਘਾਟ ਤੋਂ ਸ੍ਰੀ ਹੇਮਕੁੰਟ ਸਾਹਿਬ ਤੱਕ ਦੇ ਪੈਦਲ ਰਸਤੇ ਦੀ ਸਾਂਝੀ ਰੇਕੀ ਕੀਤੀ। ਇਹ ਪਾਇਆ ਗਿਆ ਕਿ ਸ੍ਰੀ ਹੇਮਕੁੰਟ ਸਾਹਿਬ ਵਿਖੇ ਲਗਭਗ ਪੰਜ ਤੋਂ ਛੇ ਫੁੱਟ ਬਰਫ ਜੰਮੀ ਹੋਈ ਸੀ। ਰਸਤੇ ਦੇ ਨਾਲ ਅਟਲਾਕੋਟੀ ਗਲੇਸ਼ੀਅਰ ਪੁਆਇੰਟ 'ਤੇ ਵੀ ਕਾਫੀ ਮਾਤਰਾ ਵਿੱਚ ਬਰਫ ਮੌਜੂਦ ਸੀ। ਫੌਜ ਦੇ ਜਵਾਨਾਂ ਦੀ ਇੱਕ ਟੁਕੜੀ 15 ਅਪਰੈਲ ਤੋਂ ਬਾਅਦ ਰਸਤੇ 'ਤੇ ਬਰਫ ਸਾਫ ਕਰਨ ਲਈ ਰਵਾਨਾ ਹੋਵੇਗੀ। ਸ੍ਰੀ ਹੇਮਕੁੰਟ ਸਾਹਿਬ ਯਾਤਰਾ ਇਸ ਸਾਲ 23 ਮਈ ਨੂੰ ਸ਼ੁਰੂ ਹੋਵੇਗੀ। ਪਹਿਲਾ ਜੱਥਾ 20 ਮਈ ਨੂੰ ਰਿਸ਼ੀਕੇਸ਼ ਤੋਂ ਰਵਾਨਾ ਹੋਵੇਗਾ।

## ਹਥਿਆਰਬੰਦ ਲੁਟੇਰੇ ਬੈਂਕ 'ਚੋਂ ਨਗਦੀ ਲੁੱਟ ਕੇ ਫਰਾਰ

**ਜਲੰਧਰ (ਸੁਰਿੰਦਰ ਕੁਮਾਰ)**-ਜਲੰਧਰ ਦੇ ਕੂਕੀ ਢਾਬ ਇਲਾਕੇ ਦੇ ਬੈਂਕ ਐਨਕਲੇਵ ਵਿੱਚ ਸਥਿਤ ਪੰਜਾਬ ਨੈਸ਼ਨਲ ਬੈਂਕ ਵਿੱਚ ਸੋਮਵਾਰ ਦੁਪਹਿਰ ਨੂੰ ਹਥਿਆਰਬੰਦ ਬਾਈਕ ਸਵਾਰ ਦੋ ਲੁਟੇਰੇ ਪਿਸਤੌਲ ਦੀ ਨੋਕ 'ਤੇ ਬੈਂਕ ਵਿੱਚੋਂ ਨਗਦੀ ਲੁੱਟ ਕੇ ਮੌਕੇ ਤੋਂ ਫ਼ਰਾਰ ਹੋ ਗਏ।ਇਹ ਘਟਨਾ ਦੁਪਹਿਰ ਕਰੀਬ 2:30 ਵਜੇ ਵਾਪਰੀ। ਦੋ ਨਕਾਬਪੋਸ਼ ਲੁਟੇਰੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ। ਇੱਕ ਲੁਟੇਰਾ ਬੈਂਕ ਦੇ ਅੰਦਰ ਦਾਖਲ ਹੋ ਗਿਆ ਤੇ ਦੂਜਾ ਬਾਹਰ ਨਿਗਰਾਨੀ ਕਰਦਾ ਰਿਹਾ। ਅੰਦਰ ਗਏ ਲੁਟੇਰੇ ਨੇ ਕੈਸ਼ੀਅਰ 'ਤੇ ਪਿਸਤੌਲ ਤਾਣ ਦਿੱਤੀ ਅਤੇ ਜਾਨੋਂ ਮਾਰਨ ਦੀ ਧਮਕੀ ਦੇ ਕੇ ਸਾਰੀ ਨਗਦੀ ਖੋਹ ਲਈ। ਘਟਨਾ ਵੇਲੇ ਬੈਂਕ ਵਿੱਚ 3 ਤੋਂ 4 ਗਾਹਕ ਵੀ ਮੌਜੂਦ ਸਨ।

## ਏ ਆਈ ਦੇ ਦੌਰ 'ਚ ਵੀ ਸਮਾਜਵਾਦੀ ਪ੍ਰਬੰਧ ਮੁਤਾਬਕ ਰੁਜ਼ਗਾਰ ਦੀ ਗਾਰੰਟੀ ਕੀਤੀ ਜਾ ਸਕਦੀ : ਜਗਰੂਪ

**ਜਲਾਲਾਬਾਦ (ਬਲਵਿੰਦਰ ਸਿੰਘ, ਰਣਬੀਰ ਕੌਰ ਢਾਬਾਂ, ਜੰਗੀਰ ਕੌਰ, ਜੀਤ ਕੁਮਾਰ)**
ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਅਤੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਲੋਕ ਘੋਲਾਂ ਦੇ ਸਿਰਕੱਢ ਆਗੂ ਕਾਮਰੇਡ ਆਲਾ ਸਿੰਘ ਦੀ 23ਵੀਂ ਬਰਸੀ ਅਨਾਜ ਮੰਡੀ ਜਲਾਲਾਬਾਦ ਵਿਖੇ ਕਿਸਾਨ ਕਾਨਫਰੰਸ ਅਤੇ ਇਨਕਲਾਬੀ ਸਮਾਗਮ ਕਰਵਾ ਕੇ ਮਨਾਈ ਗਈ। ਸਮਾਗਮ ਦੀ ਪ੍ਰਧਾਨਗੀ ਸੀ ਪੀ ਆਈ ਬਲਾਕ ਗੁਰੂ ਹਰਸਹਾਏ ਦੇ ਸਕੱਤਰ ਰਮੇਸ਼ ਪੀਰ ਮੁਹੰਮਦ, ਕੁਲ ਹਿੰਦ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਧਰਮੂ ਵਾਲਾ ਅਤੇ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ ਨੇ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਪਹੁੰਚੇ ਸੀ ਪੀ ਆਈ ਦੇ ਸਾਬਕਾ ਸੂਬਾ ਸਕੱਤਰ ਜਗਰੂਪ ਸਿੰਘ ਨੇ ਕਿਹਾ ਕਿ ਮੌਜੂਦਾ ਦੌਰ ਵਿੱਚ ਸਥਾਨਕ ਪੱਧਰ ਤੋਂ ਲੈ ਕੇ ਕੌਮਾਂਤਰੀ ਪੱਧਰ ਤੱਕ ਆਰਥਿਕ, ਸਮਾਜਿਕ ਅਤੇ ਰਾਜਨੀਤਕ ਤਬਦੀਲੀਆਂ ਹੋ ਰਹੀਆਂ ਹਨ। ਇਹ ਤਬਦੀਲੀਆਂ ਜਿੱਥੇ ਸਰਮਾਏ ਦੀ ਧਿਰ, ਜੋ ਕਿ ਆਰਥਿਕ ਲੁੱਟ ਨਾਲ ਵੱਡੀ ਹੋ ਰਹੀ ਹੈ, ਉਸ ਦਾ ਦਬਦਬਾ ਲਗਾਤਾਰ ਵਧ ਰਿਹਾ ਹੈ, ਦੂਜੇ ਪਾਸੇ ਗਰੀਬ ਅਤੇ ਮੱਧ ਵਰਗ ਲਗਾਤਾਰ ਆਰਥਕ ਤੌਰ 'ਤੇ ਨਪੀੜਿਆ ਜਾ ਰਿਹਾ ਹੈ। ਸਰਮਾਏ ਦੀ ਧਿਰ ਡਰ ਰਹਿਤ ਕਮਾਂਤਰੀ ਪੱਧਰ ਤੇ ਅੰਤਰਰਾਸ਼ਟਰੀ ਕਾਨੂੰਨਾਂ ਨੂੰ ਛਿੱਕੇ ਟੰਗ ਕੇ ਵੱਖ-ਵੱਖ ਦੇਸ਼ਾਂ ਤੇ ਨਜਾਇਜ਼ ਤੌਰ 'ਤੇ ਹਮਲੇ ਕਰ ਰਹੀ ਹੈ। ਆਰਥਕ ਸਾਧਨਾਂ 'ਤੇ ਕਬਜ਼ਾ ਕਰਨ ਲਈ ਦੁਨੀਆ • ਬਾਕੀ ਸਫਾ 10 'ਤੇ

### ਲੋਕ ਘੋਲਾਂ ਦੇ ਆਗੂ ਕਾਮਰੇਡ ਆਲਾ ਸਿੰਘ ਦੀ ਸਾਲਾਨਾ ਬਰਸੀ ਮਨਾਈ



## ਸਕੂਲ ਤੇ ਕੋਰਟ ਉਡਾਉਣ ਦੀ ਧਮਕੀ

**ਚੰਡੀਗੜ੍ਹ** : ਇੱਥੇ ਸੈਕਟਰ 45 ਸਥਿਤ ਸੇਂਟ ਸਟੀਫਨ ਸਕੂਲ ਵਿੱਚ ਬੰਬ ਹੋਣ ਦੀ ਧਮਕੀ ਮਿਲਣ ਤੋਂ ਬਾਅਦ ਪੂਰੇ ਇਲਾਕੇ ਵਿੱਚ ਹੜਕੰਪ ਮਚ ਗਿਆ। ਪੁਲਸ ਸੂਤਰਾਂ ਅਨੁਸਾਰ, ਸਕੂਲ ਨੂੰ ਈ-ਮੇਲ ਰਾਹੀਂ ਧਮਕੀ ਭੇਜੀ ਗਈ ਸੀ। ਹਾਲਾਂਕਿ, ਪੂਰੀ ਜਾਂਚ ਤੋਂ ਬਾਅਦ ਇਲਾਕੇ ਨੂੰ ਸੁਰੱਖਿਅਤ ਐਲਾਨ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਜਨਵਰੀ ਵਿੱਚ ਲਗਭਗ 30 ਸਕੂਲਾਂ ਅਤੇ ਹਾਲ ਹੀ ਵਿੱਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਵੀ ਅਜਿਹੀਆਂ ਧਮਕੀਆਂ ਭਰੀਆਂ ਮੇਲਾਂ ਮਿਲ ਚੁੱਕੀਆਂ ਹਨ। ਜਲੰਧਰ ਸ਼ਹਿਰ ਵਿੱਚ ਵੀ ਹੜਕੰਪ ਮਚ ਗਿਆ, ਜਦੋਂ ਤਿੰਨ ਨਾਮੀ ਸਕੂਲਾਂ—ਮੇਅਰ ਵਰਲਡ, ਐੱਮ ਜੀ ਐੱਨ ਅਤੇ ਡਿਪਸ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਮਾਪੇ ਸਕੂਲਾਂ ਵੱਲ ਭੱਜੇ। ਅੰਮ੍ਰਿਤਸਰ ਦੇ ਸਰਕਾਰੀ ਦਫਤਰਾਂ ਤੇ ਸਕੂਲਾਂ ਨੂੰ ਵੀ ਵਿਸਫੋਟ ਕਰਨ ਵਾਲੀ ਧਮਕੀ ਮਿਲੀ। ਫਿਰੋਜ਼ਪੁਰ ਜ਼ਿਲ੍ਹਾ ਕਚਹਿਰੀ ਨੂੰ ਇਕ ਵਾਰ ਫਿਰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਬਰਨਾਲਾ ਦੇ ਜ਼ਿਲ੍ਹਾ ਅਦਾਲਤੀ ਕੰਪਲੈਕਸ ਵਿੱਚ ਬੰਬ ਰੱਖੇ ਹੋਣ ਦੀ ਧਮਕੀ ਮਿਲਣ ਤੋਂ ਬਾਅਦ ਸਾਰੇ ਜੱਜ ਅਦਾਲਤਾਂ ਛੱਡ ਕੇ ਚਲੇ ਗਏ ਅਤੇ ਬਾਕੀ ਸਾਰਾ ਸਟਾਫ ਅਦਾਲਤੀ ਕੰਪਲੈਕਸ ਤੋਂ ਬਾਹਰ ਨਿਕਲ ਆਇਆ।

## ਟੈਕਸ ਚੋਰੀ 'ਤੇ 1383 ਕਰੋੜ ਦੇ ਜੁਰਮਾਨੇ, 1137 ਕਰੋੜ ਦੀ ਵਸੂਲੀ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**
ਟੈਕਸ ਚੋਰੀ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਨੂੰ ਦੁਹਰਾਉਂਦੇ ਹੋਏ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਵਿੱਤੀ ਸਾਲ 2025-26 ਵਿੱਚ ਇਨਫੋਰਸਮੈਂਟ ਦੇ ਖੇਤਰ ਵਿੱਚ ਰਿਕਾਰਡ ਨਤੀਜੇ ਪ੍ਰਾਪਤ ਕੀਤੇ ਹਨ, ਜੋ ਖੁਫੀਆ ਜਾਣਕਾਰੀ ਅਧਾਰਤ ਕਾਰਵਾਈ ਅਤੇ ਮਾਲੀਏ ਦੀ ਮਜ਼ਬੂਤ ਸੁਰੱਖਿਆ ਵੱਲ ਇੱਕ ਨਿਰਣਾਇਕ ਬਦਲਾਅ ਨੂੰ ਦਰਸਾਉਂਦਾ ਹੈ।

ਚੀਮਾ ਨੇ ਕਿਹਾ—ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ ਦੀਆਂ ਫੋਕਸਡ ਅਤੇ ਖੁਫੀਆ ਜਾਣਕਾਰੀ ਅਧਾਰਤ ਕਾਰਵਾਈਆਂ ਸਦਕਾ, ਸੂਬੇ ਦੇ ਕਰ ਵਿਭਾਗ ਨੇ ਵਿੱਤੀ ਸਾਲ 2025-26 ਦੌਰਾਨ 1,383.11 ਕਰੋੜ ਰੁਪਏ ਦੇ ਭਾਰੀ ਜੁਰਮਾਨੇ ਲਗਾਏ। ਇਸ ਲਗਾਏ ਗਏ ਜੁਰਮਾਨੇ ਵਿੱਚੋਂ 1,137.85 ਕਰੋੜ ਰੁਪਏ ਪਹਿਲਾਂ ਹੀ ਵਸੂਲ ਕੀਤੇ ਜਾ ਚੁੱਕੇ ਹਨ, ਜੋ ਇਨਫੋਰਸਮੈਂਟ ਦੀ ਕੁਸ਼ਲਤਾ ਅਤੇ ਮਾਲੀਆ ਵਸੂਲੀ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਨੂੰ ਦਰਸਾਉਂਦਾ ਹੈ।

ਉਨ੍ਹਾ ਕਿਹਾ ਕਿ ਨਿਰੀਖਣ-ਅਧਾਰਤ ਇਨਫੋਰਸਮੈਂਟ ਨੇ ਮੁੱਖ ਭੂਮਿਕਾ ਨਿਭਾਈ, ਜਿਸ ਵਿੱਚ 1,215.95 ਕਰੋੜ ਰੁਪਏ ਦਾ ਜੁਰਮਾਨਾ ਅਤੇ 972.15 ਕਰੋੜ ਰੁਪਏ ਦੀ ਅਸਲ ਵਸੂਲੀ ਸ਼ਾਮਲ ਹੈ। ਇਸ ਦੇ ਨਾਲ ਹੀ ਸੜਕੀ ਚੈਕਿੰਗ ਮੁਹਿੰਮਾਂ ਨੇ • ਬਾਕੀ ਸਫਾ 10 'ਤੇ

## ਅੱਜ-ਨਾਮਾ

ਜਲਸੇ ਰੈਲੀਆਂ ਦੀ ਜਾਂਦੀ ਆ ਲੜੀ ਬੱਝੀ,
ਆਗੂ ਭਰਦੇ ਨੇ ਭਾਸ਼ਣ ਵਿੱਚ ਜੋਸ਼ ਬੇਲੀ।
ਵਿਰੋਧੀ ਉੱਤੇ ਆ ਕੱਲ੍ਹ ਕੀ ਊਜ ਲਾਉਣੀ,
ਪੜ੍ਹ-ਪੜ੍ਹ ਆਏ ਲੱਗਦੇ ਸ਼ਬਦਕੋਸ਼ ਬੇਲੀ।
ਗਿਰੀ ਇਖਲਾਕ ਤੋਂ ਬਾਤ ਆ ਕਹਿ ਜਾਂਦੇ,
ਮੋੜਵੀਂ ਭਾਜੀ ਤੋਂ ਉੱਡ ਜਾਣ ਹੋਸ਼ ਬੇਲੀ।
ਮਹੀਨੇ ਦਸਾਂ ਨੂੰ ਭਾਵੇਂ ਆ ਚੋਣ ਆਉਣੀ,
ਰਿਹਾ ਨਾ ਅੱਜ ਕੁਝ ਸਬਰ ਸੰਤੋਸ਼ ਬੇਲੀ।
ਆੜ੍ਹਤ ਵੋਟਾਂ ਦੀ ਜਿਹੜੇ ਨੇ ਕਰਨ ਵਾਲੇ,
ਸੁਣਦੇ ਫਾਰਮ ਅਗੇਤੇ ਕਈ ਭਰਨ ਬੇਲੀ।
ਕੀਹਦੇ ਕਹੇ ਉੱਤੇ ਕੀਹਦੇ ਜੜ੍ਹੀਂ ਬਹਿਣਾ,
ਅਗਾਊਂ ਲੱਗੇ ਸਮਝੌਤੇ ਆ ਕਰਨ ਬੇਲੀ।

-ਤੀਸ ਮਾਰ ਖਾਂ

## ਪੀ ਆਰ ਟੀ ਸੀ ਕਾਮੇ 9 ਨੂੰ ਪਟਿਆਲਾ 'ਚ ਵਿਸ਼ਾਲ ਧਰਨਾ ਦੇਣਗੇ : ਧਾਲੀਵਾਲ

**ਪਟਿਆਲਾ** : ਪੀ.ਆਰ.ਟੀ.ਸੀ. ਵਰਕਰਜ਼ ਐਕਸ਼ਨ ਕਮੇਟੀ ਵੱਲੋਂ ਵਰਕਰਾਂ ਨੂੰ ਮਾਰਚ ਮਹੀਨੇ ਦੀ ਵੀ ਅਜੇ ਤੱਕ ਤਨਖਾਹ ਅਤੇ ਪੈਨਸ਼ਨ ਦੀ ਅਦਾਇਗੀ ਦੀ ਕੋਈ ਉੱਘ-ਸੁੱਘ ਨਾ ਹੋਣ ਕਾਰਨ ਅਤੇ ਇਸ ਤੋਂ ਇਲਾਵਾ ਵਰਕਰਾਂ ਦੀਆਂ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਨੂੰ ਲਟਕਾਏ ਜਾਣ ਦੇ ਵਿਰੋਧ ਵਿੱਚ 9 ਅਪ੍ਰੈਲ ਨੂੰ ਪੀ.ਆਰ.ਟੀ.ਸੀ. ਦੇ ਮੁੱਖ ਦਫਤਰ ਪਟਿਆਲਾ ਦੇ ਸਾਹਮਣੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਪ੍ਰੈੱਸ ਨੂੰ ਜਾਰੀ ਕੀਤੇ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਤੋਂ ਮੁਫ਼ਤ ਸਫਰ ਬਦਲੇ 600 ਕਰੋੜ ਤੋਂ ਵੱਧ ਦੀ ਰਕਮ ਲੈਣੀ ਹੈ, ਜਿਸ ਵਿੱਚ ਹਰ ਮਹੀਨੇ 40 ਕਰੋੜ ਦਾ ਵਾਧਾ ਹੋ ਜਾਂਦਾ ਹੈ, ਪਰ ਸਰਕਾਰ ਇਸ ਪੈਸੇ ਵਿੱਚੋਂ ਸਿਰਫ ਤਨਖਾਹ ਪੈਨਸ਼ਨ ਜਾਰੀ ਕਰਨ ਜਿੰਨੇ ਕੁ ਪੈਸੇ ਵੀ ਸਮੇਂ ਸਿਰ ਨਹੀਂ ਦਿੰਦੀ।ਜਿਸ ਨਾਲ ਬਹੁਤੇ ਮੁਲਾਜ਼ਮਾਂ ਨੂੰ ਮਕਾਨਾਂ ਲਈ ਚੁੱਕਿਆ ਕਰਜ਼ਾ, ਬੱਚਿਆਂ ਦੀਆਂ ਫੀਸਾਂ, ਬੀਮਾਰੀਆਂ, ਸਮਾਜਿਕ ਜ਼ਿੰਮੇਵਾਰੀਆਂ ਅਤੇ ਅੱਤ ਦੀ ਮਹਿੰਗਾਈ ਵਿੱਚ ਰਸੋਈ ਦਾ ਖਰਚ ਆਦਿ ਦੇ ਸੰਬੰਧ ਵਿੱਚ ਬੇਹੱਦ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਤਾਕਤ ਦੇ ਨਸ਼ੇ ਵਿੱਚ ਸਰਕਾਰ ਨੂੰ ਇਸ ਦੀ ਕੋਈ ਪ੍ਰਵਾਹ ਨਹੀਂ। ਦੂਸਰੇ ਪਾਸੇ ਸਰਕਾਰ ਵੱਲੋਂ ਹਰ ਤੀਜੇ ਦਿਨ ਸੈਂਕੜੇ ਬੱਸਾਂ ਸਰਕਾਰੀ ਰੈਲੀਆਂ ਲਈ, ਧਾਰਮਿਕ ਯਾਤਰਾਵਾਂ ਲਈ ਭੇਜਣ ਵਾਸਤੇ ਹੁਕਮ ਚਾੜ੍ਹ ਦਿੱਤੇ ਜਾਂਦੇ ਹਨ, ਜਿਸ ਨਾਲ ਪਬਲਿਕ ਵੀ ਪ੍ਰੇਸ਼ਾਨ ਅਤੇ ਪੀ.ਆਰ.ਟੀ.ਸੀ. ਦਾ ਵੀ ਨੁਕਸਾਨ ਹੋ ਰਿਹਾ ਹੈ ਅਤੇ ਇਹ ਵਰਤਾਰਾ ਵੋਟਾਂ ਤੱਕ ਹੋਰ ਵੀ ਬਹੁਤ ਵਧਣ ਦੀ ਸੰਭਾਵਨਾ ਹੈ। ਇਸ ਸਭ ਕੁ ਝ • ਬਾਕੀ ਸਫਾ 10 'ਤੇ

ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਾਡੇ

## ਸਰਦਾਰ ਲਾਲ ਸਿੰਘ ਜੀ

(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)

ਮਿਤੀ 28 ਮਾਰਚ, 2026 ਨੂੰ ਆਪਣੀ ਸੰਸਾਰਕ ਯਾਤਰਾ ਨੂੰ ਪੂਰੀ ਕਰ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ,
ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸਧਾਰਨ ਪਾਠ ਦੇ ਭੋਗ ਉਪਰੰਤ ਅੰਤਿਮ ਅਰਦਾਸ

**10 ਅਪ੍ਰੈਲ 2026 ਦਿਨ ਸ਼ੁੱਕਰਵਾਰ ਨੂੰ ਦੁਪਹਿਰ 12:00 ਤੋਂ ਦੁਪਹਿਰ 1:00 ਵਜੇ**
**ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਟਿਆਲਾ ਵਿਖੇ ਹੋਵੇਗੀ।**

ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

ਭਾਣੇ ਵਿਚ

ਰਾਜਿੰਦਰ ਸਿੰਘ (ਸਾਬਕਾ ਐਮ.ਐਲ.ਏ., ਸਮਾਣਾ): ਮੋ.: 97793-50003
ਰਵਿੰਦਰ ਕੌਰ (ਸਾਬਕਾ ਮੈਂਬਰ, PPSC): ਮੋ.: 94651-07548
ਰੁਪਿੰਦਰ ਕੌਰ ਅਤੇ ਡਾ. ਅਸਦੀਪ ਸਿੰਘ

ਤਮਨ ਰਾਜ ਸਿੰਘ ਅਤੇ ਜੈਸਮੀਨ
ਗੋਪਾਲ ਸਿੰਘ, ਦਮੋਦਰ ਸਿੰਘ
ਅਤੇ ਸੋਮਪਾਲ ਸਿੰਘ

ਰੁਕਮਣ ਬਾਜਵਾ ਅਤੇ ਡਾ. ਸੂਰਜ ਬਾਜਵਾ
ਨਵਕਰਨ ਸਿੰਘ ਅਤੇ ਅੰਕੁਸ਼
ਰੇਆਨਵੀਰ ਸਿੰਘ ਅਤੇ ਰਾਹਿਬਵੀਰ ਸਿੰਘ

ਦੁਖਿਤ ਹਿਰਦੇ

ਰਾਜਿੰਦਰ ਸਿੰਘ ਥਿੰਦ, ਫੀਲਡ ਅਫਸਰ, ਪਨਸਪ (ਰਿਟ.), ਮੋ. 98726-52756
ਕਰਮਜੀਤ ਸਿੰਘ ਸਨੌਰ, ਇੰਸਪੈਕਟਰ, ਪਨਸਪ (ਰਿਟ.), ਮੋ. 98724-03823
ਨਛੱਤਰ ਸਿੰਘ ਸਭੇੜਾ, ਇੰਸਪੈਕਟਰ, ਪਨਸਪ (ਰਿਟ.), ਮੋ. 78148-05962

ਨਵਾਂ ਜ਼ਮਾਨਾ
ਮੰਗਲਵਾਰ, 7 ਅਪ੍ਰੈਲ 2026

# ਆਸਾਮ ਦੇ ਨੌਜਵਾਨਾਂ ਦੀ ਬਦਲੀ ਸੋਚ

ਨੇਪਾਲ ਦੇ ਨੌਜਵਾਨਾਂ ਵੱਲੋਂ ਸੜਕਾਂ 'ਤੇ ਉਤਰ ਕੇ ਲਿਆਂਦੇ ਸਿਆਸੀ ਇਨਕਲਾਬ ਦਾ ਅਸਰ ਅਜੇ ਸਮੁੱਚੇ ਭਾਰਤ ਦੇ ਨੌਜਵਾਨਾਂ ਵਿੱਚ ਬਹੁਤਾ ਨਜ਼ਰ ਨਹੀਂ ਆ ਰਿਹਾ, ਪਰ ਆਸਾਮ ਦੇ ਨੌਜਵਾਨਾਂ 'ਚ ਇਸ ਦਾ ਰੰਗ ਚੜ੍ਹਿਆ ਨਜ਼ਰ ਆ ਰਿਹਾ ਹੈ। ਹਾਲਾਂਕਿ ਉਹ ਸਿਸਟਮ ਨੂੰ ਬਦਲਣ ਲਈ ਸੜਕਾਂ 'ਤੇ ਨਹੀਂ ਉੱਤਰੇ ਹਨ, ਪਰ 19 ਅਪ੍ਰੈਲ ਨੂੰ ਹੋ ਰਹੀਆਂ ਅਸੈਂਬਲੀ ਚੋਣਾਂ 'ਚ ਉਨ੍ਹਾਂ ਆਪਣੀ ਤਰਜੀਹ ਤੈਅ ਕਰ ਲਈ ਹੈ ਕਿ ਕਿਸ ਨੂੰ ਜਿਤਾਉਣਾ ਹੈ। ਡਿਬਰੂਗੜ੍ਹ ਯੂਨੀਵਰਸਿਟੀ ਤੇ ਗੁਹਾਟੀ ਯੂਨੀਵਰਸਿਟੀ ਇੱਕ-ਦੂਜੀ ਤੋਂ ਲੱਗਭੱਗ 440 ਕਿੱਲੋਮੀਟਰ ਦੇ ਫਾਸਲੇ 'ਤੇ ਹਨ, ਪਰ ਉੱਥੇ ਪੜ੍ਹਨ ਵਾਲਿਆਂ ਨੇ ਮਨ ਬਣਾ ਲਿਆ ਹੈ ਕਿ ਉਹ ਪਾਰਟੀ ਦੀ ਥਾਂ ਉਸ ਉਮੀਦਵਾਰ ਨੂੰ ਵੋਟ ਪਾਉਣਗੇ, ਜਿਹੜਾ ਬੀਤੇ ਵਿੱਚ ਲੋਕਾਂ ਨਾਲ ਖੜ੍ਹਿਆ ਤੇ ਅੱਗੇ ਵੀ ਉਨ੍ਹਾਂ ਦੇ ਭਲੇ ਵਿੱਚ ਕੰਮ ਕਰੇਗਾ। ਪੂਰਬੀ ਭਾਰਤ ਵਿੱਚ ਕਾਫੀ ਲੋਕਪ੍ਰਿਆ ਅਖਬਾਰ 'ਦੀ ਟੈਲੀਗ੍ਰਾਫ' ਵੱਲੋਂ ਪਿਛਲੇ ਹਫਤੇ ਕਾਲਜ ਤੇ ਯੂਨੀਵਰਸਿਟੀ ਵਿਦਿਆਰਥੀਆਂ ਨਾਲ ਕੀਤੀ ਗਈ ਗੱਲਬਾਤ ਵਿੱਚ ਇਹ ਤੱਥ ਸਾਹਮਣੇ ਆਇਆ ਹੈ ਕਿ 18 ਤੋਂ 29 ਸਾਲ ਦੇ ਨੌਜਵਾਨਾਂ ਨੇ ਵਾਕਈ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਤਾਂ ਪਾਰਟੀਆਂ ਦੀ ਗਿਣਤੀ-ਮਿਣਤੀ ਵਿਗੜ ਸਕਦੀ ਹੈ। ਸਿਆਸੀ ਕਾਰਕੁੰਨ ਤੇ ਚੋਣ ਅਬਜ਼ਰਵਰ ਵੀ ਮੰਨ ਰਹੇ ਹਨ ਕਿ ਆਸਾਮ ਦੀ ਨਵੀਂ ਪੀੜ੍ਹੀ (ਜੈੱਨ ਜ਼ੀ) ਦੇ ਵੋਟਰ ਵੱਖਰੇ ਢੰਗ ਨਾਲ ਸੋਚ ਰਹੇ ਹਨ ਤੇ ਉਹ ਜਿੱਤ-ਹਾਰ ਵਿੱਚ ਵੱਡਾ ਰੋਲ ਨਿਭਾਉਣਗੇ।

ਆਸਾਮ ਦੇ 2,50,54,463 ਵੋਟਰਾਂ ਵਿੱਚੋਂ 73,107,64 (29 ਫੀਸਦੀ) 18 ਤੋਂ 29 ਸਾਲ ਦੀ ਉਮਰ ਦੇ ਹਨ। ਉਨ੍ਹਾਂ ਤੋਂ ਇਲਾਵਾ 61,85,831(24.7 ਫੀਸਦੀ) ਵੋਟਰ 30 ਤੋਂ 39 ਸਾਲ ਦੇ ਹਨ। ਇਨ੍ਹਾਂ ਦਾ ਜਿਸ ਪਾਸੇ ਝੁਕਾਅ ਹੋ ਗਿਆ, ਉਸ ਦੀ ਸਫਲਤਾ ਯਕੀਨੀ ਹੈ। ਇਨ੍ਹਾਂ ਤੋਂ ਵੱਡੀ ਉਮਰ ਵਾਲਿਆਂ ਬਾਰੇ ਤਾਂ ਤੈਅ ਹੀ ਹੁੰਦਾ ਹੈ ਕਿ ਉਹ ਆਮ ਤੌਰ 'ਤੇ ਆਪਣੀ ਪਸੰਦੀਦਾ ਪਾਰਟੀਆਂ ਨੂੰ ਹੀ ਵੋਟ ਪਾਉਂਦੇ ਹਨ। ਇਸ ਵਾਰ ਨੌਜਵਾਨਾਂ ਨੇ ਉਮੀਦਵਾਰ ਦੀ ਲਿਆਕਤ, ਦਿਆਨਤਦਾਰੀ, ਜਨਤਕ ਜ਼ਿੰਦਗੀ ਵਿੱਚ ਸਰਗਰਮੀਆਂ ਤੇ ਲੋਕਾਂ ਦੇ ਹੱਕਾਂ ਵਿੱਚ ਲੜਨ ਦੇ ਰਿਕਾਰਡ ਨੂੰ ਦੇਖ ਕੇ ਵੋਟ ਪਾਉਣ ਦਾ ਮਨ ਬਣਾ ਲਿਆ ਹੈ। ਉਹ ਪਾਰਟੀਆਂ ਤੋਂ ਇਸ ਕਰਕੇ ਦੁਖੀ ਹਨ ਕਿ ਉਹ ਕੁਰੱਪਸ਼ਨ 'ਤੇ ਕਾਬੂ ਪਾਉਣ ਵਿੱਚ ਨਾਕਾਮ ਰਹੀਆਂ ਹਨ। ਨੌਜਵਾਨ ਇਹ ਵੀ ਦੇਖਣਗੇ ਕਿ ਉਮੀਦਵਾਰ ਨੇ ਵਿਧਾਇਕ ਰਹਿੰਦਿਆਂ ਕੀ ਕੰਮ ਕੀਤੇ। ਇਹ ਨਹੀਂ ਦੇਖਣਗੇ ਕਿ ਸੱਤਾਧਾਰੀ ਪਾਰਟੀ ਨੇ ਕੀ ਕੀਤਾ। ਨੌਜਵਾਨ ਇਹ ਵੀ ਸੋਚ ਰਹੇ ਹਨ ਕਿ ਮੁਫਤ ਦੀਆਂ ਸਕੀਮਾਂ ਫਾਇਦੇ ਦੀ ਥਾਂ ਨੁਕਸਾਨ ਹੀ ਪਹੁੰਚਾ ਰਹੀਆਂ ਹਨ, ਕਿਉਂਕਿ ਇਸ ਕਰਕੇ ਵਿਕਾਸ ਕੰਮਾਂ ਲਈ ਪੈਸੇ ਨਹੀਂ ਬਚਦੇ, ਸੂਬੇ 'ਤੇ ਕਰਜ਼ੇ ਦਾ ਬੋਝ ਵਧਦਾ ਹੈ ਤੇ ਨੌਕਰੀਆਂ ਨਹੀਂ ਮਿਲਦੀਆਂ। ਨੌਜਵਾਨ ਭਲਾਈ ਸਕੀਮਾਂ ਦੇ ਇੱਕਦਮ ਵਿਰੁੱਧ ਵੀ ਨਹੀਂ ਹਨ, ਪਰ ਉਨ੍ਹਾਂ ਦੀ ਸੋਚ ਹੈ ਕਿ ਇਸ ਨਾਲ ਲੋਕ ਵਿਹਲੜ ਬਣਦੇ ਹਨ ਤੇ ਭਲਾਈ ਸਕੀਮਾਂ 'ਤੇ ਹੀ ਨਿਰਭਰ ਰਹਿੰਦੇ ਹਨ। ਨੌਜਵਾਨਾਂ ਦਾ ਵਿਸ਼ਵਾਸ ਹੈ ਕਿ ਉਹ ਉਮੀਦਵਾਰ ਚੁਣੇ ਜਾਣ, ਜਿਹੜੇ ਲੋਕਾਂ ਦੀਆਂ ਅਸਲ ਮੁਸ਼ਕਲਾਂ ਨੂੰ ਸਮਝਣ ਤੇ ਵਿਕਾਸ ਯਕੀਨੀ ਬਣਾਉਣ।

ਆਸਾਮ ਦੇ ਨੌਜਵਾਨਾਂ ਵਿੱਚ ਇਹ ਵਿਚਾਰ ਵੀ ਕਾਫੀ ਚੱਲ ਰਿਹਾ ਹੈ ਕਿ ਕਾਂਗਰਸ ਨੂੰ ਕੁਰੱਪਸ਼ਨ ਕਰਕੇ ਹੀ ਹਟਾਇਆ ਸੀ, ਪਰ ਭਾਜਪਾ ਨੇ ਕੁਰੱਪਸ਼ਨ ਖਤਮ ਨਹੀਂ ਕੀਤੀ। 2016 ਤੋਂ ਸੱਤਾ ਵਿੱਚ ਚੱਲੀ ਆ ਰਹੀ ਭਾਜਪਾ ਨੂੰ ਮੁੜ ਜਿਤਾਇਆ ਤਾਂ ਭਾਜਪਾ ਦੀ ਅਗਵਾਈ ਵਿੱਚ ਪੁਰਾਣੀ ਕਾਂਗਰਸ ਸਰਕਾਰ ਦੀ ਹੀ ਬਹਾਲੀ ਹੋਵੇਗੀ। ਭਾਜਪਾ ਦੇ ਫਿਰਕੂ ਧਰੁਵੀਕਰਨ 'ਤੇ ਕੰਨ ਧਰਨ ਦੀ ਥਾਂ ਨੌਜਵਾਨ ਅਜਿਹੀ ਲੀਡਰਸ਼ਿਪ ਚਾਹੁੰਦੇ ਹਨ, ਜਿਸ ਕੋਲ ਸਪੱਸ਼ਟ ਨਜ਼ਰੀਆ ਹੋਵੇ ਤੇ ਸਮੱਸਿਆਵਾਂ ਦੇ ਅਮਲੀ ਹੱਲ ਹੋਣ। ਉਨ੍ਹਾਂ ਲਈ ਪਾਰਟੀ ਲਾਈਨ ਤੋਂ ਵਧ ਕੇ ਵਿਧਾਇਕਾਂ ਦੀ ਕਾਰਗੁਜ਼ਾਰੀ, ਜਵਾਬਦੇਹੀ ਤੇ ਉਦੇਸ਼ ਵਧੇਰੇ ਮਹੱਤਵਪੂਰਨ ਹਨ।

## ਪੰਜਾਬ 'ਚ ਚਿੱਟੇ ਨਾਲ ਹੋ ਰਹੀਆਂ ਮੌਤਾਂ ਦਾ ਜ਼ਿੰਮੇਵਾਰ ਕੌਣ ?

### ਸੰਦੀਪ ਕੰਬੋਜ

ਅਕਸਰ ਅਸੀਂ ਹਰ ਰੋਜ਼ ਹੀ ਦੇਖਦੇ ਹਾਂ ਕਿ ਨਸ਼ਿਆਂ ਕਾਰਨ ਬਹੁਤ ਸਾਰੇ ਨੌਜਵਾਨ ਜਾਨਾਂ ਗਵਾ ਰਹੇ ਹਨ ਪਰ ਇਹਨਾਂ ਮੌਤਾਂ ਦੇ ਪਿੱਛੇ ਜ਼ਿੰਮੇਵਾਰ ਕੌਣ ਹੈ ? ਸਭ ਤੋਂ ਪਹਿਲਾਂ ਤਾਂ ਵੱਡੀ ਜ਼ਿੰਮੇਵਾਰੀ ਉਸ ਇਨਸਾਨ ਦੀ ਬਣਦੀ ਹੈ ਜੋ ਨਸ਼ਾ ਕਰ ਰਿਹਾ ਹੈ। ਉਸ ਨੂੰ ਇਹ ਸੋਚਣਾ ਚਾਹੀਦਾ ਹੈ ਕਿ ਇਹ ਪਲ ਭਰ ਦਾ ਮਜ਼ਾ ਹੈ ਅਤੇ ਜੀਵਨ ਭਰ ਦੀ ਸਜ਼ਾ ਹੈ। ਚਿੱਟੇ ਦਾ ਨਸ਼ਾ ਕਰਨ ਵਾਲੇ ਨੌਜਵਾਨ ਬਹੁਤ ਲੰਮੀ ਜ਼ਿੰਦਗੀ ਨਹੀਂ ਜੀ ਪਾਉਂਦੇ, ਪਰ ਜਿਹੜਾ ਵਿਅਕਤੀ ਚਿੱਟੇ ਦਾ ਨਸ਼ਾ ਕਰ ਰਿਹਾ ਹੁੰਦਾ ਹੈ, ਉਸ ਵਿਅਕਤੀ ਨੂੰ ਪਲ ਭਰ ਲਈ ਆਪਣੀ ਰੰਗੀਨ ਜ਼ਿੰਦਗੀ ਚਿੱਟੇ ਦੇ ਨਸ਼ੇ ਵਿੱਚ ਹੀ ਦਿਸਦੀ ਹੈ । ਪਰਵਾਰ, ਰਿਸ਼ਤੇਦਾਰ, ਦੋਸਤਾਂ-ਮਿੱਤਰਾਂ ਅਤੇ ਸਕੇ ਸੰਬੰਧੀਆਂ ਦੇ ਬਹੁਤ ਜ਼ਿਆਦਾ ਸਮਝਾਉਣ ਦੇ ਬਾਵਜੂਦ, ਆਪਣੀ ਜ਼ਿੰਦਗੀ ਦੀ ਪ੍ਰਵਾਹ ਨਾ ਕਰਦੇ ਹੋਏ ਚਿੱਟੇ ਦੇ ਨਸ਼ੇੜੀ ਇਸ ਦਲਦਲ ਵਿੱਚ ਇੰਨਾ ਜ਼ਿਆਦਾ ਧੱਸ ਜਾਂਦੇ ਹਨ ਕਿ ਉਹ ਚਾਹ ਕੇ ਵੀ ਇਸ ਨਸ਼ੇ ਨੂੰ ਨਹੀਂ ਛੱਡ ਪਾਉਂਦੇ ਅਤੇ ਇਸ ਦਾ ਅੰਤ ਜਵਾਨੀ ਵਿੱਚ ਮੌਤ ਹੀ ਹੁੰਦੀ ਹੈ ਅਤੇ ਪਿੱਛੇ ਸਾਰੇ ਪਰਵਾਰ ਦਾ ਰੋ-ਰੋ ਬੁਰਾ ਹਾਲ ਹੋ ਜਾਂਦਾ ਹੈ ਅਤੇ ਪਰਿਵਾਰ ਜੀਂਦੇ ਜੀਅ ਹੀ ਮਰਿਆਂ ਵਰਗਾ ਹੋ ਜਾਂਦਾ ਹੈ। ਸਰਕਾਰਾਂ ਅਤੇ ਪ੍ਰਸ਼ਾਸਨ ਨੂੰ ਇਸ ਗੱਲ ਦੀ ਬਿਲਕੁੱਲ ਵੀ ਫ਼ਿਕਰ ਨਹੀਂ ਕਿ ਸਾਡੇ ਪੰਜਾਬ ਦੇ ਨੌਜਵਾਨ ਚਿੱਟੇ ਨਾਲ ਜਵਾਨੀ ਵਿੱਚ ਹੀ ਮਰਦੇ ਜਾ ਰਹੇ ਹਨ ਕਿਉਂਕਿ ਜੇਕਰ ਸਰਕਾਰਾਂ ਨੂੰ ਫ਼ਿਕਰ ਹੋਵੇ ਤਾਂ ਸਰਕਾਰਾਂ ਨਸ਼ੇ ਖਿਲਾਫ ਬਹੁਤ ਜ਼ਿਆਦਾ ਸਖ਼ਤੀ ਕਰਨ। ਜਿਹੜੇ ਜ਼ਿਲ੍ਹੇ ਵਿੱਚ ਚਿੱਟਾ ਜਾਂ ਕੋਈ ਹੋਰ ਨਸ਼ਾ ਵਿਕਦਾ ਹੈ ਤਾਂ ਉਸ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਸੀਨੀਅਰ ਪੁਲਸ ਕਪਤਾਨ ਦੀ ਜ਼ਿੰਮੇਵਾਰੀ ਫਿਕਸ ਹੋਣੀ ਚਾਹੀਦੀ ਹੈ। ਜੇਕਰ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਸਖ਼ਤੀ ਕਰ ਦੇਵੇ ਤਾਂ ਬਹੁਤ ਜਲਦੀ ਨਸ਼ੇ ਦੀ ਵਿਕਰੀ 'ਤੇ ਕਾਬੂ ਪਾਇਆ ਜਾ ਸਕਦਾ ਹੈ। ਜਿਹੜੇ ਥਾਣੇ ਦੇ ਅਧੀਨ ਕਿਸੇ ਪਿੰਡ ਜਾਂ ਸ਼ਹਿਰ ਵਿੱਚ ਨਸ਼ਾ ਫੜਿਆ ਜਾਂਦਾ ਹੈ ਤਾਂ ਉਸ ਥਾਣੇ ਦੇ ਐਸ.ਐਚ.ਓ 'ਤੇ ਤੁਰੰਤ ਕਾਰਵਾਈ ਹੋਣੀ ਚਾਹੀਦੀ ਹੈ। ਜਦੋਂ ਹਰੇਕ ਥਾਣਾ ਮੁਖੀ ਨੂੰ ਆਪਣੇ ਇਲਾਕੇ ਦੀ ਫ਼ਿਕਰ ਹੋਵੇਗੀ ਅਤੇ ਇਹ ਡਰ ਹੋਵੇਗਾ ਕਿ ਜੇਕਰ ਮੇਰੇ ਇਲਾਕੇ ਵਿੱਚ ਨਸ਼ਾ ਵਿਕਦਾ ਫੜਿਆ ਗਿਆ ਤਾਂ ਮੇਰੇ 'ਤੇ ਕਾਰਵਾਈ ਹੋ ਜਾਵੇਗੀ ਤਾਂ ਫਿਰ ਉਹ ਐਸ.ਐਚ.ਓ ਆਪਣੇ ਆਪ ਪੂਰੇ ਇਲਾਕੇ ਵਿੱਚ ਨਸ਼ੇ ਖਿਲਾਫ ਸਖ਼ਤੀ ਕਰੇਗਾ। ਵੈਸੇ ਵੀ ਹਰੇਕ ਐਸ.ਐਚ.ਓ ਕੋਲ ਸਾਰੇ ਇਲਾਕੇ ਦੀ ਡਿਟੇਲ ਹੁੰਦੀ ਹੀ ਹੈ ਕਿ ਕਿੱਥੇ ਨਸ਼ਾ ਵਿਕ ਰਿਹਾ ਹੈ ਅਤੇ ਕੌਣ ਵੇਚ ਰਿਹਾ ਹੈ। ਹਰੇਕ ਹਲਕੇ ਦੇ ਮੰਤਰੀ ਅਤੇ ਐੱਮ.ਐੱਲ.ਏ ਦੀ ਜ਼ਿੰਮੇਵਾਰੀ ਫਿਕਸ ਹੋਣੀ ਚਾਹੀਦੀ ਹੈ ਕਿ ਜੇਕਰ ਤੁਹਾਡੇ ਇਲਾਕੇ ਵਿੱਚ ਕੋਈ ਨਸ਼ੇ (ਚਿੱਟੇ) ਨਾਲ ਮਰ ਗਿਆ ਜਾਂ ਕੋਈ ਨਸ਼ਾ ਵੇਚਦਾ ਫੜਿਆ ਗਿਆ ਤਾਂ ਤੁਹਾਡੇ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤਾਂ ਫਿਰ ਤੁਸੀਂ ਸੋਚੋ ਕਿ ਨਸ਼ਾ ਕਿਵੇਂ ਨਹੀਂ ਰੁਕ ਸਕਦਾ।ਸਭ ਤੋਂ ਪਹਿਲਾਂ ਐਮ.ਐਲ.ਏ, ਮੰਤਰੀਆਂ ਅਤੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਸ ਕਪਤਾਨਾਂ ਨੂੰ ਨਸ਼ੇ ਨੂੰ ਰੋਕਣ ਲਈ ਦਿਲ ਤੋਂ ਸਾਥ ਦੇਣਾ ਪਵੇਗਾ।ਜਿਸ ਜ਼ਿਲੇ, ਹਲਕੇ ਵਿੱਚ ਨਸ਼ੇ ਨਾਲ ਕੋਈ ਮੌਤ ਹੁੰਦੀ ਹੈ, ਕੋਈ ਨਸ਼ਾ ਵੇਚਦਾ ਫੜਿਆ ਜਾਂਦਾ ਹੈ ਤਾਂ ਸੰਬੰਧਤ ਐਮ.ਐਲ.ਏ, ਮੰਤਰੀ, ਡਿਪਟੀ ਕਮਿਸ਼ਨਰ, ਸੀਨੀਅਰ ਪੁਲਸ ਕਪਤਾਨ ਅਤੇ ਥਾਣਾ ਮੁਖੀ ਦੇ ਖਿਲਾਫ ਕਾਰਵਾਈ ਹੋਣੀ ਸ਼ੁਰੂ ਹੋ ਜਾਵੇ ਤਾਂ ਨਸ਼ਾ ਬਹੁਤ ਜਲਦੀ ਬੰਦ ਕੀਤਾ ਜਾ ਸਕਦਾ ਹੈ।

# ਸੰਪਰਕ: 98594-00002

# ਖ਼ਤਰਨਾਕ ਮੋੜ 'ਤੇ ਪਹੁੰਚੀ ਈਰਾਨ-ਅਮਰੀਕਾ, ਇਸਰਾਈਲ ਜੰਗ


ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਅਮਰੀਕੀ ਰਾਸ਼ਟਰਪਤੀ ਟਰੰਪ ਨੇ ਈਰਾਨ ਉੱਤੇ ਹਮਲੇ ਦੇ ਇਕ ਮਹੀਨੇ ਉਪਰੰਤ ਆਪਣੇ ਕੌਮ ਦੇ ਨਾਂਅ ਸੰਦੇਸ਼ ਵਿਚ ਐਲਾਨ ਕੀਤਾ ਕਿ ਈਰਾਨ ਨਾਲ ਜੰਗ ਜਿੱਤੀ ਪਈ ਹੈ ਤੇ ਬਸ ਦੋ-ਤਿੰਨ ਹਫਤਿਆਂ ਤੱਕ ਹੋਰ ਚੱਲੇਗੀ । ਉਸ ਨੇ ਈਰਾਨੀ ਨੇਵੀ, ਰਾਡਾਰ, ਹਵਾਈ ਤਾਕਤ, ਪ੍ਰਮਾਣੂ ਕੇਂਦਰ ਅਤੇ ਮਿਜ਼ਾਈਲ ਲਾਂਚ ਸਿਸਟਮ ਤਬਾਹ ਕਰ ਦੇਣ ਦਾ ਦਾਅਵਾ ਕੀਤਾ । ਫੜ ਵੀ ਮਾਰੀ ਕਿ ਈਰਾਨ 6 ਅਪ੍ਰੈਲ ਤੱਕ ਸਮਝੌਤੇ ਲਈ ਝੁਕੇ, ਨਹੀਂ ਤਾਂ ਬੰਬਾਰੀ ਨਾਲ ਪੱਥਰ ਯੁੱਗ ਵਿਚ ਪੁਚਾ ਦਿਆਂਗਾ, ਪਰ ਟਰੰਪ ਨੇ ਆਪਣੇ ਸੰਬੋਧਨ ਵਿਚ ਈਰਾਨ ਅੰਦਰ ਕਿਸੇ ਤਰਾਂ ਦੇ ਗਰਾਊਂਡ ਉਪਰੇਸ਼ਨ ਕਰਨ ਦਾ ਨਾਂਅ ਨਹੀਂ ਸੀ ਲਿਆ ਅਤੇ ਹਾਰਮੂਜ਼ ਸਮੁੰਦਰੀ ਲਾਂਘਾ ਖੁਲ੍ਹਵਾਉਣ ਬਾਰੇ ਵੀ ਆਖਿਆ ਕਿ ਅਮਰੀਕਾ ਦਾ ਇਸ ਨਾਲ ਕੋਈ ਲੈਣਾ-ਦੇਣਾ ਨਹੀਂ, ਜਿਨ੍ਹਾਂ ਨੇ ਓਧਰੋਂ ਲੰਘਣਾ ਜਾਂ ਤੇਲ ਲੰਘਾਉਣਾ ਉਹ ਕਰਨ ਜੋ ਕਰਨਾ। ਇਸ ਨਾਲ ਖਾੜੀ ਦੇ ਅਰਬ ਦੇਸ਼ਾਂ ਨੂੰ ਸਭ ਤੋਂ ਵੱਡਾ ਝਟਕਾ ਲੱਗਾ ਹੋਵੇਗਾ, ਕਿਉਂਕਿ ਉਹਨਾਂ ਤਾਂ ਸਭ ਖੁਰਾਕੀ ਤੇ ਲੋੜ ਦਾ ਸਾਰਾ ਕੁਝ ਵੀ ਮੰਗਾਉਣਾ ਹੁੰਦਾ, ਉਹਨਾਂ ਨੂੰ ਤਾਂ ਆਪਣੀ ਧਰਤੀ ਉੱਤੇ ਅਮਰੀਕੀ ਫੌਜੀ ਅੱਡੇ ਬਣਵਾਉਣ ਕਾਰਨ ਹੀ ਜੰਗ ਦਾ ਸੇਕ ਲੱਗ ਰਿਹਾ, ਵਰਨਾ ਈਰਾਨ ਨਾਲ ਕੋਈ ਝਗੜਾ ਹੀ ਨਹੀਂ ਸੀ। ਟਰੰਪ ਨੇ ਇਹ ਵੀ ਕਿਹਾ ਕਿ ਈਰਾਨ ਸਰਕਾਰ ਬਦਲਣੀ ਸਾਡਾ ਮਕਸਦ ਹੀ ਨਹੀਂ ਸੀ । ਸੁਣ ਕੇ ਲੱਗਾ ਜਿਵੇਂ ਪਹਿਲਾਂ ਵੀ ਤੇ ਹੁਣ ਵੀ ਈਰਾਨ ਨੂੰ ਸਿਰਫ ਤਬਾਹ ਕਰਨਾ ਹੀ ਜੰਗ ਦਾ ਅਸਲੀ ਮਕਸਦ ਹੋਵੇ।

ਟਰੰਪ ਦੇ ਸੰਬੋਧਨ ਉਪਰੰਤ ਦੋਵਾਂ ਪਾਸਿਓਂ ਹਮਲੇ ਹੋਰ ਪ੍ਰਚੰਡ ਹੋ ਗਏ ਹਨ । ਜਾਨੀ-ਮਾਲੀ ਨੁਕਸਾਨ ਵਧਿਆ ਹੈ। 18 ਅਮਰੀਕੀ ਕੰਪਨੀਆਂ ਉੱਤੇ ਖਾੜੀ ਦੇਸ਼ਾਂ ਵਿਚ ਹਮਲੇ ਕਾਰਨ ਇਮਾਰਤਾਂ ਖਾਲੀ ਹੋ ਗਈਆਂ ਹਨ । ਇਸਰਾਈਲ-ਅਮਰੀਕਾ 200 ਜਹਾਜ਼ਾਂ ਨਾਲ ਲਗਾਤਾਰ ਵਿਨਾਸ਼ਕਾਰੀ ਹਮਲੇ ਕਰ ਰਹੇ ਹਨ, ਜਦਕਿ ਈਰਾਨ, ਲਿਬਨਾਨੀ ਹਿਜ਼ਬੁੱਲਾ ਅਤੇ ਯਮਨ ਦੇ ਹੂਤੀ ਮੋੜਵਾਂ ਮਾਰੂ ਜਵਾਬ ਦੇ ਕੇ ਹੈਰਾਨ ਕਰ ਰਹੇ ਹਨ। ਸ਼ੁੱਕਰਵਾਰ ਇਕ ਦਿਨ ਵਿਚ ਹੀ ਅਮਰੀਕਾ ਦੇ ਚਾਰ ਲੜਾਕੂ ਜਹਾਜ਼ ਅਤੇ ਤਿੰਨ ਹੈਲੀਕਾਪਟਰ ਈਰਾਨ ਨੇ ਮਾਰ ਗਿਰਾਏ ਹਨ । ਈਰਾਨ ਦੁਆਲੇ ਅਮਰੀਕੀ ਫੌਜੀ ਜਮਾਵੜਾ, ਹਮਲੇ ਅਤੇ ਤਬਾਹੀ ਵੀ ਜਾਰੀ ਹੈ।

ਇਸਲਾਮਾਬਾਦ ਸਮਝੌਤਾ ਵਾਰਤਾ ਦੀ ਚਰਚਾ ਫਿਲਹਾਲ ਠੱਪ ਹੈ। ਇਸਰਾਈਲ ਤਾਂ ਪਹਿਲਾਂ ਤੋਂ ਹੀ ਈਰਾਨ ਨਾਲ ਕਿਸੇ ਵੀ ਸਮਝੌਤੇ ਦਾ ਸਖ਼ਤ ਵਿਰੋਧੀ ਹੈ ਤੇ ਅਮਰੀਕੀ ਸ਼ਮੂਲੀਅਤ ਵਾਲੀ ਇਸ ਜੰਗ ਨੂੰ ਈਰਾਨ ਦੀ ਤਬਾਹੀ ਦੇ ਇਕ ਸੁਨਹਿਰੀ ਮੌਕੇ ਵਜੋਂ ਵੇਖ ਰਿਹਾ । ਈਰਾਨ ਅਗਾਂਹ ਲਈ ਸੁਰੱਖਿਆ ਗਰੰਟੀ ਅਤੇ ਆਪਣੇ ਬਾਬਤ ਹਰ ਪੱਖੋਂ ਨਿਆਈਂ ਵਤੀਰੇ ਤੋਂ ਬਿਨਾ ਸਮਝੌਤਾ ਨਹੀਂ ਕਰਨਾ ਚਾਹੁੰਦਾ।

ਇੰਜ ਦੋਵੇਂ ਧਿਰਾਂ ਆਪਸੀ ਸਹਿਮਤੀ ਬਣਨ ਪੱਖੋਂ ਉਸ ਤੋਂ ਵੀ ਦੂਰ ਚਲੇ ਗਈਆਂ ਹਨ, ਜਿੱਥੇ ਜੰਗ ਲੱਗਣ ਤੋਂ ਪਹਿਲਾਂ ਸਨ। ਬੇਵਿਸ਼ਵਾਸੀ ਸਿਖਰ ਉੱਤੇ ਹੈ । ਜੰਗ ਹਰ ਤਰ੍ਹਾਂ ਦੀਆਂ ਹੱਦਾਂ ਲੰਘ ਜਾਣ ਵਾਲੇ ਪਾਸੇ ਤੁਰਦੀ ਦਿੱਸਦੀ ਹੈ ।

ਅਮਰੀਕਾ ਦੀ 'ਬਿਊਰੋ ਆਫ ਕਾਊਂਟਰ ਟੈਰੇਰਿਜ਼ਮ' ਦੇ ਮੁਖੀ ਕੈਂਟ ਵੀ ਇਹ ਆਖ ਕੇ ਅਸਤੀਫਾ ਦੇ ਚੁੱਕਾ ਕਿ ਈਰਾਨ ਕੋਲੋਂ ਅਮਰੀਕਾ ਨੂੰ ਕੋਈ ਖ਼ਤਰਾ ਨਹੀਂ ਸੀ। ਉਸ ਉੱਤੇ ਹਮਲਾ ਟਰੰਪ ਤੇ ਨੇਤਨਯਾਹੂ ਦੀ ਜ਼ਿਆਦਤੀ ਹੈ, ਇਹ ਅਮਰੀਕਾ ਦੇ ਹਿੱਤ ਵਿਚ ਨਹੀਂ । ਦੁਨੀਆ ਦੇ 100 ਪ੍ਰਮੁੱਖ ਕਨੂੰਨੀ ਮਾਹਰਾਂ ਨੇ ਸਾਂਝਾ ਬਿਆਨ ਦਿੱਤਾ ਹੈ ਕਿ ਅਮਰੀਕਾ-ਇਸਰਾਈਲ ਵੱਲੋਂ ਇਹ ਹਮਲਾ ਯੂ ਐੱਨ ਚਾਰਟਰ ਦੀ ਘੋਰ ਉਲੰਘਣਾ ਹੈ।

ਸੋਵੀਅਤ ਯੂਨੀਅਨ ਦੇ 15 ਦੇਸ਼ਾਂ ਵਿਚ ਵੰਡੇ ਜਾਣ ਉਪਰੰਤ 1992 ਵਿਚ ਅਮਰੀਕਾ ਦੇ ਰਾਸ਼ਟਰਪਤੀ ਜਾਰਜ ਬੁਸ਼ ਨੇ ਆਪਣੀ ਪਾਰਲੀਮੈਂਟ ਵਿਚ ਐਲਾਨ ਕੀਤਾ ਸੀ-ਜਦੋਂ ਮੈਂ ਅਮਰੀਕਾ ਦਾ ਪ੍ਰਧਾਨ ਬਣਿਆਂ ਸੀ ਤਾਂ ਦੁਨੀਆ ਵਿਚ ਦੋ ਮਹਾਂਸ਼ਕਤੀਆਂ ਸਨ। ਮੈਂ ਫ਼ਖ਼ਰ ਨਾਲ ਐਲਾਨ ਕਰ ਰਿਹਾ ਹਾਂ ਕਿ ਦੂਜੀ ਮਹਾਂਸ਼ਕਤੀ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਹੁਣ ਅਮਰੀਕਾ ਹੀ ਇਕੋ-ਇਕ ਮਹਾਂਸ਼ਕਤੀ ਹੈ ।

'ਇਕੋ-ਇਕ ਮਹਾਂਸ਼ਕਤੀ' ਹੋਣ ਵਾਲਾ ਨਸ਼ਾ ਟਰੰਪ ਦੇ ਆਉਣ ਤੋਂ ਬਾਅਦ ਤਾਂ ਏਨਾ ਸਿਰ ਨੂੰ ਚੜ੍ਹ ਗਿਆ ਕਿ ਆਪਣੇ ਫੌਜੀ ਗਠਜੋੜ 'ਨਾਟੋ' ਦੇ ਮੈਂਬਰ ਦੇਸ਼ਾਂ (ਗਰੀਨਲੈਂਡ, ਕੈਨੇਡਾ) ਉੱਤੇ ਕਬਜ਼ਾ ਕਰ ਲੈਣ ਦੇ ਬਿਆਨ, ਦੁਨੀਆਂ ਉੱਤੇ ਇਕਪਾਸੜ ਟੈਰਿਫ ਵਧਾਉਣ ਦੇ ਚਲਨ ਨੇ 'ਨਾਟੋ' ਗਠਜੋੜ ਨੂੰ ਅੰਦਰੋਂ ਕਮਜ਼ੋਰ ਕਰ ਦਿੱਤਾ ਹੈ। ਏਸੇ ਲਈ ਟਰੰਪ ਦੀਆਂ ਬਾਰ-ਬਾਰ ਅਪੀਲਾਂ ਦੇ ਬਾਵਜੂਦ ਕੋਈ ਵੀ 'ਨਾਟੋ' ਦੇਸ਼ ਅਮਰੀਕਾ ਨਾਲ ਈਰਾਨ ਵਿਰੁੱਧ ਲੜਨ ਲਈ ਨਹੀਂ ਆਇਆ, ਸਗੋਂ ਫਰਾਂਸ, ਸਪੇਨ, ਇਟਲੀ, ਜਰਮਨ, ਇੰਗਲੈਂਡ ਸਵਿਟਜ਼ਰਲੈਂਡ, ਜਪਾਨ ਆਸਟਰੇਲੀਆ,ਆਸਟਰੀਆ ਨੇ ਆਖਿਆ ਕਿ ਇਹ ਸਾਡੀ ਜੰਗ ਨਹੀਂ । ਇਟਲੀ ਨੇ ਤਾਂ ਅਮਰੀਕੀ ਜਹਾਜ਼ ਆਪਣੀ ਧਰਤੀ 'ਤੇ ਨਹੀਂ ਉਤਰਨ ਦਿੱਤੇ। ਅਮਰੀਕਾ ਨੇ ਵੀ ਅੱਗੋਂ ਆਖ ਦਿੱਤਾ ਕਿ ਯੂਕਰੇਨ ਵੀ ਫਿਰ ਸਾਡੀ ਜੰਗ ਨਹੀਂ । ਸ਼ਾਇਦ ਹੁਣ 'ਨਾਟੋ' ਦਾ ਵਜੂਦ ਪਹਿਲਾਂ ਵਾਲਾ ਨਹੀਂ ਰਹਿ ਸਕੇਗਾ । ਸਿਆਸੀ ਪੱਖੋਂ ਇਹ ਜੰਗ ਅਮਰੀਕਾ ਨੂੰ ਸਭ ਤੋਂ ਵੱਧ ਮਹਿੰਗੀ ਪਵੇਗੀ।

ਆਮ ਲੋਕ ਸੋਚਦੇ ਕਿ ਜੇ ਪ੍ਰਮਾਣੂ ਬੰਬਾਂ ਨਾਲ ਲੈਸ ਮੁਲਕਾਂ ਨੇ ਇਹ ਧੌਂਸ ਵਿਖਾ ਕੇ ਦੂਜੇ ਮੁਲਕਾਂ ਦਾ ਈਰਾਨ ਵਾਲਾ ਹਾਲ ਕਰਨਾ ਹੈ, ਤਾਂ ਫਿਰ 'ਮਰਦਾ ਕੀ ਨਹੀਂ ਕਰਦਾ' ਦੇ ਅਖਾਣ ਮੁਤਾਬਕ ਉਹਨਾਂ ਕੋਲ ਵੀ ਅੱਗੋਂ ਉੱਤਰੀ ਕੋਰੀਆ ਵਾਂਗ ਐਟਮ ਬੰਬ ਬਣਾ ਕੇ ਆਪਣਾ ਬਚਾਅ ਕਰ ਲੈਣ ਤੋਂ ਸਿਵਾ ਹੋਰ ਚਾਰਾ ਵੀ ਕੀ ਹੈ ? ਟਰੰਪ ਤਾਂ ਕਹਿ ਚੁੱਕਾ ਕਿ ਜ਼ਰਾ ਕੁ ਇੰਤਜ਼ਾਰ ਕਰੋ, ਈਰਾਨੀ ਤੇਲ ਵੀ ਸਾਡਾ ਹੋਵੇਗਾ।

ਇਸਰਾਈਲ ਇਸ ਜੰਗ ਦੀ ਆੜ ਵਿਚ 'ਗਰੇਟਰ ਇਸਰਾਈਲ' ਏਜੰਡੇ ਤਹਿਤ ਲਿਬਨਾਨ ਦੇ ਦੱਖਣੀ ਇਲਾਕੇ ਉੱਤੇ 'ਲਿਤਾਨੀ' ਦਰਿਆ, ਜੋ ਇਸਰਾਈਲੀ ਹੱਦ ਤੋਂ 30 ਕਿਲੋਮੀਟਰ ਦੂਰ ਹੈ, ਤੱਕ ਕਬਜ਼ਾ ਕਰਨ ਲਈ ਵੀ ਹਮਲੇ ਕਰ ਰਿਹਾ ਹੈ। ਇਸਰਾਈਲ ਦੀ ਸਰਕਾਰ ਨੇ ਨਵਾਂ ਕਨੂੰਨ ਪਾਸ ਕੀਤਾ ਹੈ ਕਿ ਹਿਰਾਸਤ ਵਿਚਲੇ ਸਜ਼ਾਯਾਫ਼ਤਾ ਲੋਕਾਂ (ਯਹੂਦੀਆਂ ਨੂੰ ਨਹੀਂ) ਨੂੰ 90 ਦਿਨਾਂ ਦੇ ਅੰਦਰ ਅੰਦਰ ਫਾਂਸੀ ਦੇ ਦਿੱਤੀ ਜਾ ਸਕੇਗੀ । ਇਸ ਨਸਲੀ ਜਬਰ ਉੱਤੇ ਯੂਰਪੀ ਦੇਸ਼ ਵੀ ਭੜਕ ਗਏ ਹਨ । ਸਭ ਮੁਸਲਿਮ ਦੇਸ਼ ਡਹਿੰਬਰੇ ਤੇ ਚੁੱਪ ਹਨ। ਇਸਰਾਈਲ ਆਸ-ਪਾਸ 'ਪੁਆੜੇ ਦੀ ਜੜ੍ਹ' ਮੁਲਕ ਵਾਂਗ ਹਰਕਤਾਂ ਕਰ ਰਿਹਾ।

ਈਰਾਨ ਵਾਸਤੇ ਇਹ ਥੋਪੀ ਗਈ ਜੰਗ ਲੜਨਾ ਆਪਣੀ ਹੋਂਦ ਅਤੇ ਅਣਖ ਨੂੰ ਬਚਾਉਣ ਦਾ ਕੌਮੀ ਯੁੱਧ ਬਣ ਗਿਆ ਹੈ । ਈਰਾਨ ਦੇ ਹੌਂਸਲੇ ਬੁਲੰਦ ਹਨ। ਇਸਰਾਈਲੀ ਜਨਤਾ ਇਕ ਤਰਾਂ ਬੰਕਰਾਂ ਵਿਚ ਹੈ। ਇਕ ਕਰੋੜ ਅਮਰੀਕੀ ਜਨਤਾ ਜੰਗ ਵਿਰੋਧੀ ਮੁਜ਼ਾਹਰਿਆਂ ਵਿਚ ਸ਼ਾਮਲ ਹੋਈ ਹੈ । ਤਾਜ਼ੀ ਖ਼ਬਰ ਕਿ ਟਰੰਪ ਨੇ ਅਮਰੀਕੀ ਸੈਨਾਵਾਂ ਦੇ ਮੁਖੀ ਰੈਂਡੀ ਜਾਰਜ ਅਤੇ ਸੋਲਿਸਟਰ ਜਨਰਲ ਪਾਮ ਬੈਂਡੀ ਨੂੰ ਅਹੁਦਿਆਂ ਤੋਂ ਹਟਾ ਦਿੱਤਾ ਹੈ। ਅਹੁਦਿਓਂ ਹਟਾਏ ਫੌਜ ਮੁਖੀ ਨੇ ਟਰੰਪ ਉੱਤੇ ਨਿਸ਼ਾਨਾ ਸਾਧਦਿਆਂ ਪੱਤਰ ਲਿਖਿਆ ਹੈ ਕਿ ਅਮਰੀਕੀ ਸੈਨਾਵਾਂ ਦਾ ਸੁਪਰੀਮ ਕਮਾਂਡਰ ਚਰਿੱਤਰਵਾਨ ਹੋਣਾ ਚਾਹੀਦਾ ਹੈ। ਓਥੋਂ ਦੇ ਸਰਵੇਖਣਾਂ ਵਿਚ ਯੁੱਧ ਕਾਰਨ ਟਰੰਪ ਦਾ ਸਮਰਥਨ 35 ਫੀਸਦੀ ਰਹਿ ਗਿਆ ਹੈ । ਯੂ ਐਨ ਸਕੱਤਰ ਜਨਰਲ ਗੁਟੇਰੇਸ ਨੇ ਅਮਰੀਕਾ-ਇਸਰਾਈਲ ਨੂੰ ਹਮਲੇ ਫੌਰੀ ਰੋਕਣ ਲਈ ਆਖਿਆ ਹੈ। ਅਮਰੀਕੀ ਮੈਗਜ਼ੀਨ 'ਟਾਈਮਜ਼' ਨੇ ਆਪਣੇ 'ਕਵਰ ਪੰਨੇ' 'ਤੇ ਟਰੰਪ ਦੀ ਫੋਟੋ ਲਾ ਕੇ ਉੱਪਰ ਲਿਖਿਆ ਹੈ ਕਿ ਟਰੰਪ ਬਾਹਰ ਨਿਕਲਣ ਦਾ ਰਸਤਾ ਲੱਭ ਰਿਹਾ ।

ਇਕ ਮਹੀਨੇ ਦੀ ਲੜਾਈ ਦਾ ਨਿਚੋੜ ਇਹ ਹੈ ਕਿ ਅਮਰੀਕਾ-ਇਸਰਾਈਲ ਆਪਣੇ ਸਰਕਾਰ ਬਦਲਣ ਦੇ ਐਲਾਨਾਂ ਤੋਂ ਮੁੱਕਰ ਗਏ ਹਨ, ਸਗੋਂ ਉਲਟਾ ਈਰਾਨੀ ਆਗੂਆਂ ਦੇ ਕਤਲਾਂ ਦੇ ਬਾਵਜੂਦ ਅਮਰੀਕੀ ਏਜੰਸੀ 'ਰਾਈਟਰਜ਼' ਦੀ ਰਿਪੋਰਟ ਹੈ ਕਿ ਈਰਾਨ ਸਰਕਾਰ ਨੂੰ ਲੋਕਾਂ ਦੀ ਹਮਾਇਤ ਬਹੁਤ ਵਧ ਗਈ ਹੈ । ਪ੍ਰਮਾਣੂ ਮੁੱਦੇ ਬਾਰੇ ਤਾਂ ਸੰਭਾਵਨਾ ਹੈ ਕਿ ਈਰਾਨ ਪ੍ਰਮਾਣੂ ਬੰਬ ਬਣਾਉਣ ਨੂੰ ਹੁਣ ਆਪਣੀ ਜ਼ਰੂਰਤ ਵਜੋਂ ਪੇਸ਼ ਕਰਨ ਵੱਲ ਵਧੇਗਾ । ਈਰਾਨ ਦੀ ਮਿਜ਼ਾਈਲ, ਡਰੋਨ ਸ਼ਕਤੀ ਅਜਿੱਤ ਜਾਪਣ ਲੱਗੀ ਹੈ। ਟਰੰਪ ਜਦੋਂ ਸੰਬੋਧਨ ਵਿਚ ਕਹਿ ਰਿਹਾ ਸੀ ਕਿ ਈਰਾਨ ਦੀ ਲੜਨ ਸ਼ਕਤੀ ਖ਼ਤਮ ਕਰ ਦਿੱਤੀ ਗਈ ਹੈ, ਉਸ ਤੋਂ 34 ਮਿੰਟ ਬਾਅਦ ਈਰਾਨ ਨੇ ਜੋ ਇਸਰਾਈਲ ਉੱਤੇ ਹਮਲਾ ਕੀਤਾ, ਉਸ ਬਾਰੇ ਇਸਰਾਈਲ ਨੇ ਕਿਹਾ ਕਿ ਇਹ ਅੱਜ ਤੱਕ ਦਾ ਸਭ ਤੋਂ ਵੱਡਾ ਹਮਲਾ ਸੀ। ਦੂਜੇ ਬੰਨੇ ਅਮਰੀਕਾ-ਇਸਰਾਈਲ ਵੀ ਇਰਾਨ ਦੀ ਮੁਕੰਮਲ ਬਰਬਾਦੀ ਕਰਨ ਵੱਲ ਵਧ ਰਹੇ ਹਨ।

ਹਾਰਮੂਜ਼ ਸਮੁੰਦਰੀ ਲਾਂਘਾ ਅਮਰੀਕਾ-ਇਸਰਾਈਲ ਤੇ ਉਹਨਾਂ ਦੇ ਸਹਿਯੋਗੀਆਂ ਲਈ ਈਰਾਨ ਨੇ ਫਿਲਹਾਲ ਬੰਦ ਕਰ ਦਿੱਤਾ ਹੈ। ਮੱਧ ਪੂਰਬੀ ਅਰਬ ਦੇਸ਼ਾਂ ਦਾ ਕਾਰੋਬਾਰ ਚੌਪਟ ਹੋਣ ਵੱਲ ਹੈ। ਅਰਬ ਦੇਸ਼ਾਂ ਵਿਚਲੇ ਅਮਰੀਕੀ ਫੌਜੀ ਅੱਡਿਆਂ ਦਾ ਬਹੁਤ ਨੁਕਸਾਨ ਹੋਇਆ ਹੈ, ਇਕੋ-ਇਕ ਮਹਾਂਸ਼ਕਤੀ ਵਾਲਾ ਭਰਮ ਟੁੱਟਾ ਹੈ।

ਈਰਾਨ ਦਾ ਪੈਂਤੜਾ ਹੈ ਕਿ ਉਹ ਹੁਣ ਕਿਸੇ ਧੋਖੇ ਵਿਚ ਨਹੀਂ ਆਵੇਗਾ, ਜਦਕਿ ਟਰੰਪ ਇਕ ਪਾਸੇ ਡੀਲ ਕਰਨ ਲਈ ਧਮਕਾ ਰਿਹਾ ਤੇ ਦੂਜੇ ਪਾਸੇ ਕਿਸੇ ਅਪ੍ਰੇਸ਼ਨ ਲਈ ਘੇਰਾਬੰਦੀ ਵੀ ਜ਼ੋਰ-ਸ਼ੋਰ ਨਾਲ ਜਾਰੀ ਹੈ । ਟਰੰਪ ਦੀ ਗੱਲ 'ਤੇ ਹੁਣ ਕੋਈ ਯਕੀਨ ਨਹੀਂ ਕਰਦਾ।

ਸੰਸਾਰ ਭਰ ਵਿਚ ਤੇਲ ਗੈਸ ਦਾ ਵੱਡਾ ਸੰਕਟ ਆ ਚੁੱਕਾ ਦਿਸ ਰਿਹਾ। 85 ਦੇਸ਼ਾਂ ਵਿਚ ਤੇਲ ਦੇ ਭਾਅ 50 ਫੀਸਦੀ ਤੱਕ ਵਧ ਚੁੱਕੇ ਹਨ। ਸ਼ੇਅਰ ਬਜ਼ਾਰ ਮੂਧੇ ਮੂੰਹ ਡਿੱਗੇ ਪਏ ਹਨ । ਮਹਿੰਗਾਈ ਤੇਜ਼ੀ ਨਾਲ ਵਧੀ। ਹਾਹਾਕਾਰ ਮਚੀ ਪਈ ਹੈ। ਰੂਸ ਨੇ ਇਕ ਅਪ੍ਰੈਲ ਤੋਂ ਅਗਲੇ 4 ਮਹੀਨਿਆਂ ਲਈ ਆਪਣੀ ਤੇਲ, ਗੈਸ ਦੇ ਨਿਰਯਾਤ ਉੱਤੇ ਰੋਕ ਲਾ ਦਿੱਤੀ ਹੈ। ਇਹ ਖ਼ਤਰਨਾਕ ਹਾਲਾਤ ਹਤਾਸ਼ਾ ਵਿਚ ਕੋਈ ਵੀ ਮੋੜ ਲੈ ਸਕਦੇ ਹਨ।

# ਸੰਪਰਕ : 94173-24543

# ਸੋਸ਼ਲ ਮੀਡੀਆ ਨੌਜਵਾਨਾਂ ਲਈ ਵਰਦਾਨ ਜਾਂ ਸਰਾਪ

ਜਗਰੂਪ ਕੌਰ

ਅੱਜ ਦਾ ਯੁੱਗ ਡਿਜੀਟਲ ਤਕਨਾਲੋਜੀ ਦਾ ਯੁੱਗ ਹੈ, ਜਿਸ ਵਿੱਚ ਸੋਸ਼ਲ ਮੀਡੀਆ ਨੌਜਵਾਨ ਪੀੜ੍ਹੀ ਦੀ ਜ਼ਿੰਦਗੀ ਦਾ ਕੇਂਦਰੀ ਹਿੱਸਾ ਬਣ ਚੁੱਕਾ ਹੈ। ਸਵੇਰੇ ਉੱਠਣ ਤੋਂ ਲੈ ਕੇ ਰਾਤ ਨੂੰ ਸੌਣ ਤੱਕ ਉਹ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਨਾਲ ਜੁੜੇ ਰਹਿੰਦੇ ਹਨ। ਇਹ ਮਾਧਿਅਮ ਹੁਣ ਸਿਰਫ ਸੰਚਾਰ ਦਾ ਸਾਧਨ ਨਹੀਂ ਰਹਿ ਗਿਆ, ਸਗੋਂ ਇਹ ਉਹਨਾਂ ਦੀ ਸੋਚ, ਮਨੋਵਿਗਿਆਨ, ਵਿਹਾਰ ਅਤੇ ਜੀਵਨਸ਼ੈਲੀ 'ਤੇ ਡੂੰਘਾ ਪ੍ਰਭਾਵ ਪਾ ਰਿਹਾ ਹੈ। ਇਸ ਲਈ ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਸੋਸ਼ਲ ਮੀਡੀਆ ਨੌਜਵਾਨਾਂ ਲਈ ਵਰਦਾਨ ਹੈ ਜਾਂ ਸਰਾਪ ।

ਭਾਰਤ ਵਿੱਚ ਡਿਜੀਟਲ ਵਰਤੋਂ ਦੇ ਅੰਕੜੇ ਇਸ ਦੀ ਵਿਆਪਕਤਾ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ। ਵੱਖ-ਵੱਖ ਅਧਿਐਨਾਂ ਅਨੁਸਾਰ ਲਗਭਗ 90 ਤੋਂ 95 ਫ਼ੀਸਦੀ ਟੀਨੇਜਰ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਹਨ ਅਤੇ ਕਰੀਬ 45 ਫ਼ੀਸਦੀ ਲਗਾਤਾਰ ਆਨਲਾਈਨ ਰਹਿੰਦੇ ਹਨ। ਲਗਭਗ 95 ਫ਼ੀਸਦੀ ਨੌਜਵਾਨਾਂ ਕੋਲ ਸਮਾਰਟਫੋਨ ਹਨ ਅਤੇ 70 ਤੋਂ 75 ਫ਼ੀਸਦੀ ਹਰ ਰੋਜ਼ ਯੂਟਿਊਬ ਵਰਤਦੇ ਹਨ । ਇੰਸਟਾਗ੍ਰਾਮ, ਸਨੈਪਚੈਟ ਅਤੇ ਫੇਸਬੁਕ ਵਰਗੇ ਪਲੇਟਫਾਰਮ ਸਭ ਤੋਂ ਵੱਧ ਲੋਕਪ੍ਰਿਆ ਹਨ । ਇੱਕ ਔਸਤ ਨੌਜਵਾਨ ਦਿਨ ਵਿੱਚ 3 ਤੋਂ 5 ਘੰਟੇ ਤੱਕ ਸਕਰੀਨ 'ਤੇ ਬਿਤਾਉਂਦਾ ਹੈ, ਜਦਕਿ ਕੁਝ ਟੀਨੇਜਰ 6 ਘੰਟਿਆਂ ਤੋਂ ਵੱਧ ਸਮਾਂ ਵੀ ਆਨਲਾਈਨ ਰਹਿੰਦੇ ਹਨ। ਇਹ ਅੰਕੜੇ ਦਰਸਾਉਂਦੇ ਹਨ ਕਿ ਡਿਜੀਟਲ ਮਾਧਿਅਮ ਹੁਣ ਉਹਨਾਂ ਦੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣ ਗਿਆ ਹੈ।

ਸਕਾਰਾਤਮਕ ਪੱਖ ਤੋਂ ਵੇਖਿਆ ਜਾਵੇ ਤਾਂ ਸੋਸ਼ਲ ਮੀਡੀਆ ਨੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਕੀਤੇ ਹਨ। ਬਾਇਜੂਜ਼, ਖਾਨ ਅਕੈਡਮੀ, ਕੋਰਸੇਰਾ ਅਤੇ ਗੂਗਲ ਕਲਾਸਰੂਮ ਵਰਗੇ ਪਲੇਟਫਾਰਮਾਂ ਰਾਹੀਂ ਵਿਦਿਆਰਥੀ ਘਰ ਬੈਠੇ ਹੀ ਉੱਚ-ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਅੰਦਾਜ਼ਾ ਹੈ ਕਿ ਆਨਲਾਈਨ ਸਿੱਖਿਆ ਦੀ ਵਰਤੋਂ ਕਰਨ ਵਾਲਿਆਂ ਦੀ ਗਿਣਤੀ ਹਰ ਸਾਲ 15 ਤੋਂ 20 ਫ਼ੀਸਦੀ ਦੀ ਦਰ ਨਾਲ ਵਧ ਰਹੀ ਹੈ । ਵੀਡੀਓ ਪਾਠ ਅਤੇ ਇੰਟਰਐਕਟਿਵ ਤਰੀਕਿਆਂ ਨਾਲ ਸਿੱਖਣਾ ਹੋਰ ਵੀ ਆਸਾਨ ਹੋ ਗਿਆ ਹੈ। ਇਸ ਨਾਲ ਸਮਾਂ ਅਤੇ ਖਰਚ ਦੋਵਾਂ ਦੀ ਬਚਤ ਹੁੰਦੀ ਹੈ ਅਤੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਜਾਣਕਾਰੀ ਤੱਕ ਪਹੁੰਚ ਮਿਲਦੀ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਵਿਖਾਉਣ ਲਈ ਇੱਕ ਵਿਸ਼ਾਲ ਮੰਚ ਪ੍ਰਦਾਨ ਕਰਦਾ ਹੈ। ਗਾਇਕੀ, ਲਿਖਤ, ਫੋਟੋਗ੍ਰਾਫੀ ਅਤੇ ਹੋਰ ਕਲਾਵਾਂ ਰਾਹੀਂ ਕਈ ਨੌਜਵਾਨ ਪ੍ਰਸਿੱਧ ਹੋ ਰਹੇ ਹਨ। ਕਈ ਲੋਕ ਡਿਜੀਟਲ ਕ੍ਰੀਏਟਰ ਜਾਂ ਇੰਫਲੂਐਂਸਰ ਬਣ ਕੇ ਆਪਣਾ ਰੁਜ਼ਗਾਰ ਵੀ ਕਮਾ ਰਹੇ ਹਨ। ਭਾਰਤ ਵਿੱਚ ਡਿਜੀਟਲ ਮਾਰਕੀਟਿੰਗ ਉਦਯੋਗ ਦੀ ਵਾਧੂ ਦਰ ਲਗਾਤਾਰ ਵਧ ਰਹੀ ਹੈ, ਜਿਸ ਨਾਲ ਨੌਜਵਾਨਾਂ ਲਈ ਨਵੀਆਂ ਰੁਜ਼ਗਾਰ ਸੰਭਾਵਨਾਵਾਂ ਬਣ ਰਹੀਆਂ ਹਨ।

ਦੂਜੇ ਪਾਸੇ ਇਸ ਦੇ ਨਕਾਰਾਤਮਕ ਪ੍ਰਭਾਵ ਵੀ ਗੰਭੀਰ ਚਿੰਤਾ ਦਾ ਵਿਸ਼ਾ ਹਨ। ਅਧਿਐਨ ਦਰਸਾਉਂਦੇ ਹਨ ਕਿ ਜਿਹੜੇ ਨੌਜਵਾਨ ਦਿਨ ਵਿੱਚ ਤਿੰਨ ਘੰਟਿਆਂ ਤੋਂ ਵੱਧ ਸਮਾਂ ਸੋਸ਼ਲ ਮੀਡੀਆ 'ਤੇ ਬਿਤਾਉਂਦੇ ਹਨ, ਉਹਨਾਂ ਵਿੱਚ ਡਿਪਰੈਸ਼ਨ ਅਤੇ ਚਿੰਤਾ ਦੇ ਲੱਛਣ ਵੱਧ ਪਾਏ ਜਾਂਦੇ ਹਨ । ਲਗਭਗ 60 ਫ਼ੀਸਦੀ ਨੌਜਵਾਨ ਨੀਂਦ ਦੀ ਕਮੀ ਦਾ ਸ਼ਿਕਾਰ ਹਨ, ਕਿਉਂਕਿ ਉਹ ਰਾਤ ਦੇ ਸਮੇਂ ਵੀ ਮੋਬਾਇਲ ਵਰਤਦੇ ਰਹਿੰਦੇ ਹਨ । ਇਸ ਨਾਲ ਪੜ੍ਹਾਈ, ਧਿਆਨ ਅਤੇ ਯਾਦਸ਼ਕਤੀ ਤੇ ਨਕਾਰਾਤਮਕ ਪ੍ਰਭਾਵ ਪੈਂਦਾ ਹੈ।

ਸਾਈਬਰ ਬੁਲਿੰਗ, ਟਰੋਲਿੰਗ ਅਤੇ ਆਨਲਾਈਨ ਹਿਰਾਸਤ ਦੇ ਮਾਮਲੇ ਵੀ ਵਧ ਰਹੇ ਹਨ । ਲਗਭਗ 30 ਤੋਂ 35 ਫ਼ੀਸਦੀ ਟੀਨੇਜਰ ਕਿਸੇ ਨਾ ਕਿਸੇ ਰੂਪ ਵਿੱਚ ਸਾਈਬਰ ਬੁਲਿੰਗ ਦਾ ਸਾਹਮਣਾ ਕਰ ਚੁੱਕੇ ਹਨ। ਇਸ ਨਾਲ ਨੌਜਵਾਨਾਂ ਵਿੱਚ ਆਤਮ-ਵਿਸ਼ਵਾਸ ਘਟਦਾ ਹੈ ਅਤੇ ਮਨੋਵਿਗਿਆਨਕ ਤਣਾਅ ਵਧਦਾ ਹੈ। ਫਿਲਟਰ ਕੀਤੀਆਂ ਤਸਵੀਰਾਂ ਅਤੇ ਸੋਧ ਕੀਤੀ ਸਮੱਗਰੀ ਕਾਰਨ ਸੁੰਦਰਤਾ ਦੇ ਗਲਤ ਮਾਪਦੰਡ ਬਣਦੇ ਹਨ, ਜਿਸ ਨਾਲ ਨੌਜਵਾਨ ਆਪਣੇ ਆਪ ਨੂੰ ਹੋਰਨਾਂ ਨਾਲ ਤੁਲਨਾ ਕਰਦੇ ਹਨ ਅਤੇ ਆਪਣੇ ਆਪ ਨੂੰ ਘੱਟ ਸਮਝਣ ਲੱਗਦੇ ਹਨ।

ਡਿਜੀਟਲ ਸੁਰੱਖਿਆ ਵੀ ਇੱਕ ਗੰਭੀਰ ਮਸਲਾ ਬਣ ਗਿਆ ਹੈ। ਅੰਕੜਿਆਂ ਅਨੁਸਾਰ ਲਗਭਗ 60 ਫ਼ੀਸਦੀ ਨੌਜਵਾਨ ਆਪਣੀ ਨਿੱਜੀ ਜਾਣਕਾਰੀ ਆਨਲਾਈਨ ਸਾਂਝੀ ਕਰਦੇ ਹਨ, ਜਦਕਿ 25 ਤੋਂ 30 ਫ਼ੀਸਦੀ ਹੈਕਿੰਗ ਜਾਂ ਫ਼ਰਜ਼ੀ ਅਕਾਊਂਟਾਂ ਦਾ ਸਾਹਮਣਾ ਕਰ ਚੁੱਕੇ ਹਨ। ਹਰ ਸਾਲ ਸਾਇਬਰ ਕਰਾਈਮ ਦੇ ਕੇਸਾਂ ਵਿੱਚ ਵਾਧਾ ਹੋ ਰਿਹਾ ਹੈ, ਜੋ ਇਸ ਗੱਲ ਦਾ ਸੰਕੇਤ ਹੈ ਕਿ ਜਾਗਰੂਕਤਾ ਦੀ ਘਾਟ ਹੈ। ਇਸ ਲਈ ਨੌਜਵਾਨਾਂ ਨੂੰ ਮਜ਼ਬੂਤ ਪਾਸਵਰਡ ਵਰਤਣ, ਅਣਜਾਣ ਲਿੰਕਾਂ ਤੋਂ ਬਚਣ ਅਤੇ ਆਪਣੀ ਪ੍ਰਾਈਵੇਸੀ ਸੈਟਿੰਗਜ਼ ਦਾ ਧਿਆਨ ਰੱਖਣ ਦੀ ਲੋੜ ਹੈ।

ਸਰੀਰਕ ਪੱਖੋਂ ਵੀ ਇਸ ਦੇ ਨੁਕਸਾਨ ਘੱਟ ਨਹੀਂ ਹਨ । ਲੰਮੇ ਸਮੇਂ ਤੱਕ ਸਕਰੀਨ ਦੇ ਇਸਤੇਮਾਲ ਨਾਲ ਅੱਖਾਂ ਦੀਆਂ ਸਮੱਸਿਆਵਾਂ, ਗਰਦਨ ਅਤੇ ਪਿੱਠ ਦਰਦ ਵਧ ਰਹੇ ਹਨ। ਬੈਠੇ ਰਹਿਣ ਦੀ ਆਦਤ ਕਾਰਨ ਸਰੀਰਕ ਗਤੀਵਿਧੀਆਂ ਘਟ ਰਹੀਆਂ ਹਨ, ਜਿਸ ਨਾਲ ਸਿਹਤ 'ਤੇ ਬੁਰਾ ਅਸਰ ਪੈਂਦਾ ਹੈ। ਇਸ ਨਾਲ ਰੂਬਰੂ ਸੰਚਾਰ ਵੀ ਘਟਦਾ ਹੈ ਅਤੇ ਸਮਾਜਿਕ ਕੁਸ਼ਲਤਾਵਾਂ ਕਮਜ਼ੋਰ ਹੋ ਜਾਂਦੀਆਂ ਹਨ।

ਇਸ ਸਥਿਤੀ ਨੂੰ ਸੰਤੁਲਿਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ। ਸਿੱਖਿਆ ਸੰਸਥਾਵਾਂ ਨੂੰ ਡਿਜੀਟਲ ਸਾਖਰਤਾ 'ਤੇ ਜ਼ੋਰ ਦੇਣਾ ਚਾਹੀਦਾ ਹੈ। ਮਾਪਿਆਂ ਨੂੰ ਬੱਚਿਆਂ ਨਾਲ ਖੁੱਲ੍ਹ ਕੇ ਗੱਲਬਾਤ ਕਰਨੀ ਅਤੇ ਉਹਨਾਂ ਦੀ ਆਨਲਾਈਨ ਗਤੀਵਿਧੀ 'ਤੇ ਨਿਗਰਾਨੀ ਰੱਖਣੀ ਚਾਹੀਦੀ ਹੈ । ਸਰਕਾਰ ਨੂੰ ਸਖ਼ਤ ਕਾਨੂੰਨ ਬਣਾਉਣੇ ਚਾਹੀਦੇ ਹਨ ਅਤੇ ਸੋਸ਼ਲ ਮੀਡੀਆ ਕੰਪਨੀਆਂ ਨੂੰ ਹਾਨੀਕਾਰਕ ਸਮਗਰੀ ਨੂੰ ਜਲਦੀ ਹਟਾਉਣ ਲਈ ਜ਼ਿੰਮੇਵਾਰ ਬਣਾਇਆ ਜਾਣਾ ਚਾਹੀਦਾ ਹੈ।

ਨੌਜਵਾਨਾਂ ਲਈ ਸਭ ਤੋਂ ਜ਼ਰੂਰੀ ਗੱਲ ਇਹ ਹੈ ਕਿ ਉਹ ਆਪਣੇ ਸਮੇਂ ਦਾ ਸੰਤੁਲਨ ਬਣਾਉਣ। ਉਹਨਾਂ ਨੂੰ ਚਾਹੀਦਾ ਹੈ ਕਿ ਸੋਸ਼ਲ ਮੀਡੀਆ ਦੀ ਵਰਤੋਂ ਸੀਮਿਤ ਰੱਖਣ ਅਤੇ ਖੇਡਾਂ, ਪੜ੍ਹਾਈ, ਕਿਤਾਬਾਂ ਅਤੇ ਪਰਵਾਰ ਨਾਲ ਸਮਾਂ ਬਿਤਾਉਣ 'ਤੇ ਧਿਆਨ ਦੇਣ। ਇਹ ਸੰਤੁਲਨ ਹੀ ਉਹਨਾਂ ਨੂੰ ਇਸ ਦੇ ਨੁਕਸਾਨਾਂ ਤੋਂ ਬਚਾ ਸਕਦਾ ਹੈ।

ਇਹ ਕਹਿਣਾ ਉਚਿਤ ਹੋਵੇਗਾ ਕਿ ਸੋਸ਼ਲ ਮੀਡੀਆ ਨੌਜਵਾਨ ਪੀੜ੍ਹੀ ਲਈ ਇੱਕ ਦੋਧਾਰੀ ਤਲਵਾਰ ਵਾਂਗ ਹੈ। ਇਹ ਜਿੱਥੇ ਸਿੱਖਣ, ਜੁੜਨ ਅਤੇ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਦਾ ਹੈ, ਉੱਥੇ ਇਹ ਮਾਨਸਿਕ ਅਤੇ ਸਰੀਰਕ ਸਿਹਤ ਲਈ ਖਤਰੇ ਵੀ ਪੈਦਾ ਕਰ ਸਕਦਾ ਹੈ । ਇਸ ਲਈ ਇਹ ਸਾਡੇ ਉੱਤੇ ਨਿਰਭਰ ਕਰਦਾ ਹੈ ਕਿ ਅਸੀਂ ਇਸ ਦਾ ਇਸਤੇਮਾਲ ਕਿਵੇਂ ਕਰਦੇ ਹਾਂ। ਜੇਕਰ ਸਮਝਦਾਰੀ ਅਤੇ ਸੰਤੁਲਨ ਨਾਲ ਇਸ ਦੀ ਵਰਤੋਂ ਕੀਤੀ ਜਾਵੇ, ਤਾਂ ਇਹ ਨਿਸਚਿਤ ਤੌਰ 'ਤੇ ਨੌਜਵਾਨ ਪੀੜ੍ਹੀ ਲਈ ਭਵਿੱਖ ਨੂੰ ਰੋਸ਼ਨ ਕਰਨ ਵਾਲਾ ਸਾਧਨ ਸਾਬਤ ਹੋ ਸਕਦਾ ਹੈ।

# ਸੰਪਰਕ : 70095-29882

# ਚੰਗੀ ਸਿਹਤ ਦਾ ਰਾਜ਼


ਨਰਿੰਦਰ ਸਿੰਘ

ਮਨੁੱਖ ਨੂੰ ਜ਼ਿੰਦਗੀ ਅੱਜ ਵਿੱਚ ਜਿਉਣੀ ਚਾਹੀਦੀ ਹੈ, ਕੱਲ੍ਹ ਨੂੰ ਪਤਾ ਨਹੀਂ ਕੀ ਹੋਵੇ । ਤੁਸੀਂ ਰਹੋ ਜਾਂ ਨਾ ਰਹੋ । ਅੱਜ ਤਾਂ ਤੁਹਾਡੇ ਹੱਥ ਵੱਸ ਹੈ । ਇਸ ਨੂੰ ਜੀਵਨ ਦੀ ਅਣਮੁੱਲੀ ਅਮਾਨਤ ਬਣਾਓ । ਜ਼ਿੰਦਗੀ ਦਾ ਹਰ ਪਲ, ਸਕਿੰਟ, ਮਿੰਟ, ਘੰਟੇ, ਦਿਨ ਨਵਾਂ ਹੁੰਦਾ ਹੈ । ਜ਼ਿੰਦਗੀ ਬਹੁਤ ਥੋੜ੍ਹੀ ਹੈ, ਪਰ ਜਿੰਨੀ ਵੀ ਹੈ, ਇਸ ਦਾ ਇਕ-ਇਕ ਦਿਨ ਮਨੁੱਖ ਨੂੰ ਹੱਸ ਕੇ ਜਿਉਂਣਾ ਚਾਹੀਦਾ ਹੈ । ਜ਼ਿੰਦਗੀ ਦਾ ਸਫਰ ਤਾਂ ਹਰ ਕੋਈ ਕੱਟ ਲੈਂਦਾ ਹੈ , ਪਰ ਇਸ ਨੂੰ ਸੋਹਣੇ ਢੰਗ ਨਾਲ ਜਿਉਂਣਾ ਕਿਸੇ ਕਿਸੇ ਨੂੰ ਹੀ ਆਉਂਦਾ ਹੈ । ਜ਼ਿੰਦਗੀ ਜ਼ਿੰਦਾਦਿਲੀ ਨਾਲ ਜਿਉਂਣ ਲਈ ਹੈ ਨਾ ਕੇ ਕੱਟਣ ਲਈ ।

ਧਰਮ ਭਾਵੇਂ ਕੋਈ ਵੀ ਹੋਵੇ, ਹਰ ਧਰਮ ਦੇ ਆਪਣੇ ਗ੍ਰੰਥ ਹੁੰਦੇ ਹਨ । ਆਪਣੇ ਧਰਮ ਅਨੁਸਾਰ ਮਹਾਂਪੁਰਖਾਂ ਦੇ ਬਚਨ ਪੜ੍ਹਨੇ, ਸੁਣਨੇ ਅਤੇ ਜੀਵਨ ਵਿਚ ਅਪਣਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ । ਇਸ ਤਰ੍ਹਾਂ ਮਨ ਨੂੰ ਲੋੜੀਂਦੀ ਸ਼ਾਂਤੀ ਜ਼ਰੂਰ ਪ੍ਰਾਪਤ ਹੋਵੇਗੀ । ਆਪਣੇ ਮਨ ਦੇ ਆਨੰਦ ਨੂੰ ਹੋਰ ਵਧਾਉਣ ਲਈ ਆਪਣੀ ਕਮਾਈ ਵਿਚੋਂ ਦਸਵੰਧ ਜ਼ਰੂਰ ਕੱਢੀਏ ਅਤੇ ਜ਼ਰੂਰਤਮਦਾਂ ਦੀ ਮਦਦ ਜ਼ਰੂਰ ਕਰੀਏ। ਮਨ ਦੇ ਭਾਰ ਨੂੰ ਘਟਾਉਣ ਲਈ ਨਿੰਦਾ-ਚੁਗਲੀ ਤੋਂ ਬਚੀਏ । ਬੇਜ਼ੁਬਾਨ ਪਸ਼ੂਆਂ ਤੇ ਪੰਛੀਆਂ ਨੂੰ ਖਾਣ-ਪੀਣ ਪ੍ਰਦਾਨ ਕਰੀਏ । ਕਿਸੇ ਦਾ ਮਾੜਾ ਨਾ ਸੋਚੀਏ । ਸਰਬੱਤ ਦਾ ਭਲਾ ਮੰਗੀਏ । ਸਰਬੱਤ ਦਾ ਭਲਾ ਮੰਗਣ ਨਾਲ ਆਪਣਾ ਭਲਾ ਸਹਿਜ ਸੁਭਾਅ ਹੋ ਜਾਂਦਾ ਹੈ ।

ਜ਼ਿੰਦਗੀ ਸੁੱਖ-ਦੁੱਖ ਦਾ ਇਕ ਮਹਾਂਸੰਗਮ ਹੈ । ਹਰ ਇਨਸਾਨ ਦੀ ਜ਼ਿੰਦਗੀ ਵਿਚ ਸੁੱਖ-ਦੁੱਖ ਆਉਂਦੇ ਜਾਂਦੇ ਰਹਿੰਦੇ ਹਨ । ਹਰ ਇਨਸਾਨ ਨੂੰ ਇਨ੍ਹਾਂ ਦੇ ਨਾਲ ਹੀ ਜ਼ਿੰਦਗੀ ਗੁਜ਼ਾਰਨੀ ਪੈਂਦੀ ਹੈ । ਦੁਨੀਆਂ ਵਿਚ ਕੋਈ ਵੀ ਇਨਸਾਨ ਅਜਿਹਾ ਨਹੀਂ, ਜਿਸ ਦੀ ਜ਼ਿੰਦਗੀ ਵਿੱਚ ਕਦੇ ਦੁੱਖ ਨਾ ਆਇਆ ਹੋਵੇ । ਜੋ ਇਨਸਾਨ ਮੁਸੀਬਤਾਂ ਦਾ ਦਲੇਰੀ ਨਾਲ ਸਾਹਮਣਾ ਕਰਦਿਆਂ ਜ਼ਿੰਦਗੀ ਗੁਜ਼ਾਰਦੇ ਹਨ, ਉਹ ਜ਼ਿੰਦਗੀ ਵਿੱਚ ਸਫਲ ਹੋ ਜਾਂਦੇ ਹਨ । ਉਹ ਮੁਸੀਬਤ ਨੂੰ ਚੁਣੌਤੀ ਮੰਨ ਕੇ ਪਹਿਲਾਂ ਨਾਲੋਂ ਜ਼ਿਆਦਾ ਮਿਹਨਤ ਕਰਨ ਲੱਗ ਪੈਂਦੇ ਹਨ । ਉਹ ਪਰਮਾਤਮਾ ਦੇ ਭਾਣੇ ਨੂੰ ਮੰਨਦਿਆਂ ਉਸ ਦੀ ਰਜ਼ਾ ਵਿਚ ਰਹਿ ਕੇ ਜ਼ਿੰਦਗੀ ਬਸਰ ਕਰਨ ਨੂੰ ਤਰਜੀਹ ਦਿੰਦੇ ਹਨ ।

ਸਮੱਸਿਆਵਾਂ ਤੇ ਮੁਸ਼ਕਲਾਂ ਮਨੁੱਖੀ ਜੀਵਨ ਦਾ ਅਹਿਮ ਹਿੱਸਾ ਹਨ । ਸਮੱਸਿਆਵਾਂ ਹਰ ਇਨਸਾਨ ਦੀਆਂ ਵੱਖ-ਵੱਖ ਹੋ ਸਕਦੀਆਂ ਹਨ । ਹਰ ਇਨਸਾਨ ਨੂੰ ਇਨ੍ਹਾਂ ਵਿਚੋਂ ਦੀ ਲੰਘਣਾ ਪੈਂਦਾ ਹੈ । ਸਮੱਸਿਆਵਾਂ ਤੋਂ ਘਬਰਾਉਣਾ ਨਹੀਂ ਚਾਹੀਦਾ, ਸਗੋਂ ਇਨ੍ਹਾਂ ਦਾ ਟਾਕਰਾ ਕਰਨਾ ਚਾਹੀਦਾ ਹੈ । ਸਮੱਸਿਆਵਾਂ ਦਾ ਟਾਕਰਾ ਕਰਕੇ ਇਨਸਾਨ ਨੂੰ ਤਜਰਬਾ ਵੀ ਆ ਜਾਂਦਾ ਹੈ । ਜੇ ਇਨਸਾਨ ਸਮੱਸਿਆਵਾਂ ਤੋਂ ਘਬਰਾ ਜਾਵੇ ਤਾਂ ਤਣਾਅ ਦਾ ਸ਼ਿਕਾਰ ਵੀ ਹੋ ਜਾਂਦਾ ਹੈ। ਸਮੱਸਿਆਵਾਂ ਦਾ ਸਾਹਮਣਾ ਕਰਨ ਕਰਕੇ ਹੀ ਇਨਸਾਨ ਵਿਚ ਹੋਰ ਨਿਖ਼ਾਰ ਆ ਜਾਂਦਾ ਹੈ । ਸਮੱਸਿਆਵਾਂ ਦਾ ਹੱਲ ਕਰਨ ਵਾਲੇ ਇਨਸਾਨ ਦੇ ਅੰਦਰ ਸਹਿਣਸ਼ੀਲਤਾ, ਨਿਮਰਤਾ ਆਦਿ ਵਰਗੇ ਗੁਣ ਆ ਜਾਂਦੇ ਹਨ । ਕਾਮਯਾਬੀ ਵੀ ਉਨ੍ਹਾਂ ਲੋਕਾਂ ਦੇ ਕਦਮ ਚੁੰਮਦੀ ਹੈ, ਜਿਹੜੇ ਸਮੱਸਿਆਵਾਂ ਨੂੰ ਖ਼ੁਸ਼ੀ-ਖ਼ੁਸ਼ੀ ਖਿੜੇ ਮੱਥੇ ਪ੍ਰਵਾਨ ਕਰ ਲੈਂਦੇ ਹਨ ਤੇ ਉਨ੍ਹਾਂ ਦੇ ਹੱਲ ਵੀ ਆਸਾਨੀ ਨਾਲ ਲੱਭ ਲੈਂਦੇ ਹਨ ।

ਆਧੁਨਿਕ ਯੁੱਗ ਵਿਚ ਮਨੁੱਖੀ ਜੀਵਨ ਮਸ਼ੀਨ ਵਾਂਗ ਹੋ ਗਿਆ ਹੈ । ਛੋਟੀਆਂ-ਛੋਟੀਆਂ ਲੋੜਾਂ ਨੂੰ ਪੂਰੀਆਂ ਕਰਨ ਲਈ ਵੀ ਉਸ ਨੂੰ ਮਸ਼ੀਨਾਂ ਆਦਿ ਦਾ ਸਹਾਰਾ ਲੈਣਾ ਪੈ ਰਿਹਾ ਹੈ । ਪੈਸੇ ਦੀ ਹੋੜ ਵਿਚ ਮਨੁੱਖ ਆਪਣੀ ਸੰਭਾਲ ਕਰਨਾ ਵੀ ਭੁੱਲ ਗਿਆ ਹੈ, ਜਦੋਂਕਿ ਪਹਿਲਾਂ ਸਿਹਤ ਜ਼ਰੂਰੀ ਹੈ । ਸਵੇਰੇ ਜਲਦੀ ਉੱਠ ਕੇ ਮਨ ਨੂੰ ਕੁਦਰਤ ਤੇ ਪਰਮਾਤਮਾ ਨਾਲ ਜੋੜਨ ਵਾਲਾ ਵਿਅਕਤੀ ਮਾਨਸਿਕ ਤੌਰ 'ਤੇ ਸੰਤੁਸਟ ਤੇ ਤੰਦਰੁਸਤ ਰਹਿੰਦਾ ਹੈ, ਜਦੋਂਕਿ ਇਸ ਦੇ ਉਲਟ ਜਿਹੜਾ ਵਿਅਕਤੀ ਸਵੇਰ ਨੂੰ ਲੇਟ ਉੱਠ ਕੇ ਹਫੜਾ-ਦਫੜੀ ਵਿਚ ਕੰਮ-ਕਾਜ ਨੂੰ ਨਿਕਲਦਾ ਹੈ, ਉਸ ਵਿਅਕਤੀ ਦਾ ਮਨ ਸਾਰਾ ਦਿਨ ਅਸ਼ਾਂਤ ਅਤੇ ਖਿਝਿਆ ਹੋਇਆ ਰਹਿੰਦਾ ਹੈ। ਮਾਨਸਿਕ ਸਿਹਤ ਦਾ ਪ੍ਰਭਾਵ ਸਿੱਧੇ ਜਾਂ ਅਸਿੱਧੇ ਤੌਰ 'ਤੇ ਮਨੁੱਖ ਦੇ ਸਰੀਰ ਉਤੇ ਪੈਂਦਾ ਹੈ । ਜਿਸ ਵਿਅਕਤੀ ਦਾ ਮਨ ਖ਼ੁਸ਼ ਰਹਿੰਦਾ ਹੈ, ਉਸ ਦਾ ਚਿਹਰਾ ਵੀ ਖਿੜਿਆ ਹੀ ਰਹਿੰਦਾ ਹੈ ਤੇ ਇਕ ਚੰਗਾ ਸਮਾਜਿਕ ਪ੍ਰਾਣੀ ਹੋਣ ਦੀ ਉਦਾਹਰਣ ਪੇਸ਼ ਕਰਦਾ ਹੈ । ਚੰਗਾ ਸਮਾਜਿਕ ਪ੍ਰਾਣੀ ਸਭ ਵੱਲੋਂ ਸਤਿਕਾਰਿਆ ਜਾਂਦਾ ਹੈ, ਜੋ ਉਸ ਦਾ ਸਵੈਮਾਣ ਵੀ ਵਧਾਉਂਦਾ ਹੈ ।




ਸਿਹਤ ਹੈ ਤੇ ਜਹਾਨ ਹੈ । ਸਿਹਤ ਠੀਕ ਹੋਣ ਨਾਲ ਹੀ ਸਭ ਕੁਝ ਚੰਗਾ ਲੱਗਦਾ ਹੈ। ਸਵੇਰੇ ਸਮੇਂ ਸਿਰ ਉਠਣਾ, ਕਸਰਤ ਕਰਨੀ, ਨਹਾਉਣਾ, ਖਾਣਾ, ਰਾਤ ਨੂੰ ਸਮੇਂ ਸਿਰ ਸੌਣਾ, ਨਿਯਮਤ ਰੂਪ ਵਿੱਚ ਚੱਲਣ ਲੱਗਣ ਤਾਂ ਇਨਸਾਨ ਕਦੇ ਬਿਮਾਰ ਹੀ ਨਾ ਹੋਵੇ । ਜਦੋਂ ਬਿਮਾਰੀ ਨਹੀਂ ਘੇਰੇਗੀ ਤਾਂ ਸਿਹਤ ਨਹੀਂ ਡਿੱਗੇਗੀ । ਸਿਹਤ ਠੀਕ ਹੋਵੇਗੀ ਤਾਂ ਲੰਮੀ ਉਮਰ ਯਕੀਨਨ ਹਾਸਿਲ ਹੋਵੇਗੀ । ਲੰਮੀ ਉਮਰ ਹਾਸਿਲ ਕਰਨ ਲਈ ਜੀਵਨ ਨਿਯਮਾਂ ਅਨੁਸਾਰ ਜਿਉਣਾ ਜ਼ਰੂਰੀ ਹੁੰਦਾ ਹੈ । ਆਪਣਾ ਹਰ ਕੰਮ ਇਨਸਾਨ ਨੂੰ ਨਿਯਮਿਤ ਰੂਪ ਵਿਚ ਕਰਨਾ ਚਾਹੀਦਾ ਹੈ । ਲੰਮੇ ਤੇ ਸੁਭਾਵਿਕ ਸਾਹ ਲਈ ਸਾਫ਼ ਹਵਾ, ਸਾਫ਼ ਭੋਜਨ, ਸਾਫ਼-ਸਾਫ਼ ਕੱਪੜੇ, ਸਾਫ਼-ਸੁਥਰਾ ਸਰੀਰ ਆਦਿ ਰੱਖਣ ਵੱਲ ਵਿਸ਼ੇਸ਼ ਤਵੱਜੋਂ ਦੇਣੀ ਚਾਹੀਦੀ ਹੈ । ਸਰੀਰ ਦੇ ਅੰਗਾਂ ਦੀ ਲਗਾਤਾਰ ਸਫਾਈ ਕਰਨੀ ਚਾਹੀਦੀ ਹੈ ।

ਤਣਾਅ ਮੁਕਤ ਜੀਵਨ ਬਤੀਤ ਕਰਨ ਲਈ ਰੋਜ਼ਾਨਾ 20-25 ਮਿੰਟ ਕਸਰਤ ਕਰਨੀ ਚਾਹੀਦੀ ਹੈ । ਰੋਜ਼ਾਨਾ ਪੈਦਲ ਚੱਲਣਾ ਚਾਹੀਦਾ ਹੈ । ਪੈਦਲ ਚੱਲਣ ਨਾਲ ਸਰੀਰ ਵਿਚ ਆਕਸੀਜਨ ਦੀ ਜ਼ਿਆਦਾ ਮਾਤਰਾ ਮਿਲਦੀ ਹੈ। ਸਰੀਰ ਵਿਚ ਖ਼ੂਨ ਸੰਚਾਰ ਵਧਦਾ ਹੈ । ਜਦੋਂ ਅਸੀਂ ਪੈਦਲ ਚੱਲਦੇ ਹਾਂ ਤਾਂ ਸਾਡੀਆਂ ਲੱਤਾਂ ਦੀਆਂ ਮਾਸਪੇਸ਼ੀਆਂ ਕੰਮ ਕਰਦੀਆਂ ਹਨ ਅਤੇ ਖ਼ੂਨ ਦਾ ਸੰਚਾਰ ਵਧਦਾ ਹੈ । ਚੰਗੀ ਸਿਹਤ ਦਾ ਰਾਜ਼ ਸਰਗਰਮ ਜੀਵਨ ਸ਼ੈਲੀ ਹੈ, ਪਰ ਇਸ ਦੇ ਨਾਲ ਖਾਣ-ਪੀਣ ਦਾ ਖ਼ਾਸ ਧਿਆਨ ਰੱਖਣਾ ਚਾਹੀਦਾ ਹੈ । ਭੁੱਖ ਤੋਂ ਜ਼ਿਆਦਾ ਭੋਜਨ ਨਹੀਂ ਖਾਣਾ ਚਾਹੀਦਾ । ਸਵਾਦ ਤੋਂ ਬਚਣਾ ਚਾਹੀਦਾ ਹੈ । ਚਟਪਟੀਆਂ ਚੀਜ਼ਾਂ ਨਹੀਂ ਖਾਣੀਆਂ ਚਾਹੀਦੀਆਂ । ਤਾਕਤ ਅਨੁਸਾਰ ਕੰਮ ਕਰਨਾ ਚਾਹੀਦਾ ਹੈ ।

ਅਜੋਕੇ ਸਮੇਂ ਮਨੁੱਖ ਨੇ ਫਾਸਟ ਫੂਡ ਨੂੰ ਖਾਣਾ ਸ਼ੁਰੂ ਕਰ ਦਿੱਤਾ ਹੈ ਜੋ ਕਿ ਬਿਮਾਰੀਆਂ ਦਾ ਘਰ ਹੈ । ਸਿਹਤਮੰਦ ਜੀਵਨ ਗੁਜ਼ਾਰਨ ਲਈ ਹਰ ਇਨਸਾਨ ਨੂੰ ਖਾਣਾ ਦਵਾਈ ਵਾਂਗ ਖਾਣਾ ਚਾਹੀਦਾ ਹੈ , ਨਹੀਂ ਤਾਂ ਦਵਾਈ ਖਾਣੇ ਵਾਂਗ ਖਾਣੀ ਪਵੇਗੀ । ਅੱਜ ਲੱਖਾਂ ਲੋਕ ਸ਼ੂਗਰ, ਬਲੱਡ ਪ੍ਰੈਸ਼ਰ, ਕੈਂਸਰ, ਦਿਮਾਗ਼ ਤੇ ਹੋਰ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ । ਉਨ੍ਹਾਂ ਕੋਲ ਸੈਰ, ਯੋਗਾ, ਕਸਰਤ ਕਰਨ ਲਈ ਸਮਾਂ ਨਹੀਂ, ਜਦੋਂਕਿ ਦੂਸਰੇ ਪਾਸੇ ਕੰਪਿਊਟਰ, ਟੈਲੀਵਿਜ਼ਨ ਉੱਤੇ ਕਈ ਕਈ ਘੰਟੇ ਗੁਜ਼ਾਰ ਦਿੰਦੇ ਹਨ । ਲੋਕ ਸੈਰ, ਯੋਗਾ, ਕਸਰਤ ਉਦੋਂ ਸ਼ੁਰੂ ਕਰਦੇ ਹਨ, ਜਦੋਂ ਸਰੀਰ ਇਹ ਕਰਨ ਦੇ ਯੋਗ ਨਹੀਂ ਹੁੰਦਾ ।

ਹਰ ਵਿਅਕਤੀ ਨੂੰ ਆਪਣੇ ਖਾਣ-ਪੀਣ ਦੀਆਂ ਆਦਤਾਂ ਵੱਲ ਜ਼ਰੂਰ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਹਰ ਵਿਅਕਤੀ ਦੀ ਸਿਹਤ ਉਪਰ ਉਸ ਦੇ ਖਾਣ-ਪੀਣ ਦੀਆਂ ਆਦਤਾਂ ਦਾ ਬਹੁਤ ਅਸਰ ਪੈਂਦਾ ਹੈ । ਜੇ ਮਨੁੱਖ ਭੁੱਖ ਨੂੰ ਅੱਧਾ ਕਰ ਦੇਵੇ, ਦੁੱਗਣਾ ਚੱਲੇ ਤੇ ਮਨ ਤੋਂ ਤਿੱਗਣਾ ਹੱਸੇ ਤਾਂ ਉਸ ਨੂੰ ਡਾਕਟਰ ਕੋਲ ਜਾਣ ਦੀ ਘੱਟ ਲੋੜ ਪਵੇਗੀ ਤੇ ਉਹ ਸਿਹਤਮੰਦ ਜ਼ਿੰਦਗੀ ਜੀਅ ਸਕੇਗਾ । ਇਸ ਤੋਂ ਇਲਾਵਾ ਹਰ ਵਿਅਕਤੀ ਨੂੰ ਆਪਣੇ ਰੋਜ਼ਾਨਾ ਦੇ ਕੰਮ-ਕਾਜ ਦੇ ਨਾਲ-ਨਾਲ ਹੋਰ ਗਤੀਵਿਧੀਆਂ ਵਿਚ ਵੀ ਰੁਝਾਈ ਰੱਖਣਾ ਚਾਹੀਦਾ ਹੈ । ਜਿਹੜਾ ਮਨੁੱਖ ਆਪਣੇ ਸਵੇਰ ਤੋਂ ਰਾਤ ਤੱਕ ਦੇ ਸਮੇਂ ਨੂੰ ਵੱਖ-ਵੱਖ ਗਤੀਵਿਧੀਆਂ ਵਿਚ ਰੁਝਾਈ ਰੱਖਦਾ ਹੈ, ਉਸ ਦੇ ਮਨ ਅੰਦਰ ਭਟਕਣਾ ਪੈਦਾ ਨਹੀਂ ਹੁੰਦੀ ਅਤੇ ਉਹ ਡਿਪਰੈਸ਼ਨ ਵਰਗੀਆਂ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ ।

# ਸੰਪਰਕ : 98146-62260

# ਐੱਸ ਕੇ ਐੱਮ ਵੱਲੋਂ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ ਡੀ ਸੀ ਦਫਤਰ ਅੱਗੇ ਧਰਨਾ

## ਮੋਦੀ ਸਰਕਾਰ ਅਮਰੀਕੀ ਦਬਾਅ ਹੇਠ ਕੀਤੇ ਵਪਾਰ ਸਮਝੌਤੇ ਰੱਦ ਕਰੇ : ਢੁੱਡੀਕੇ, ਘੱਲਕਲਾਂ



ਮੋਗਾ (ਇਕਬਾਲ ਸਿੰਘ ਖਹਿਰਾ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਮੂਹਰੇ ਵਿਸ਼ਾਲ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ, ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਆਗੂ ਮੋਹਨ ਸਿੰਘ ਜੀਂਦੜਾਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਸ਼ਮੀਰ ਸਿੰਘ ਭੇਖਾ, ਸੂਰਤ ਸਿੰਘ ਧਰਮਕੋਟ ਕੁੱਲ ਹਿੰਦ ਕਿਸਾਨ ਯੂਨੀਅਨ, ਸੁਖਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਬੀ.ਕੇ.ਯੂ ਰਾਜੇਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ, ਖੇਤੀ ਹੀ ਪੰਜਾਬ ਦੇ ਅਰਥਚਾਰੇ ਦਾ ਧੁਰਾ ਹੈ। ਪੰਜਾਬ ਦਰਿਆਵਾਂ ਦੀ ਧਰਤੀ ਹੈ, ਪਰ ਸਭ ਕੁਝ ਦੇ ਬਾਵਜੂਦ ਸੂਬੇ ਦੀ ਖੇਤੀ ਸੰਕਟ ਗ੍ਰਸਤ ਹੈ। ਸੂਬੇ ਨੂੰ ਸੰਕਟ ਵਿੱਚੋਂ ਕੱਢਣ ਲਈ ਕੇਂਦਰ ਤੇ ਪੰਜਾਬ ਸਰਕਾਰ ਨੂੰ ਬਹੁ-ਪੱਖੀ ਕਦਮ ਚੁੱਕਣ ਦੀ ਲੋੜ ਹੈ, ਪਰ ਦੋਵੇਂ ਹੀ ਸਰਕਾਰਾਂ ਪੰਜਾਬ ਦੇ ਕਿਸਾਨਾਂ ਦੀ ਥਾਂ ਕਾਰਪੋਰੇਟ ਘਰਾਣਿਆਂ ਦੀ ਦੀਆਂ ਦੀ ਸੇਵਾ ਕਰ ਰਹੀਆਂ ਹਨ। ਕਿਸਾਨਾਂ ਦੀ ਮੰਗ ਹੈ ਕੇ ਪੰਜਾਬ ਦੇ ਕਿਸਾਨਾਂ ਤੇ ਪੇਂਡੂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ਿਆਂ ਤੇ ਲਕੀਰ ਮਾਰੀ ਜਾਵੇ ਅਤੇ ਸਹਿਕਾਰੀ ਤੇ ਲੈਂਡ ਮਾਰਗੇਜ ਬੈਂਕ ਵਿੱਚ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇ, ਕਰਜ਼ੇ ਤੇ ਆਰਥਿਕ ਤੰਗੀਆਂ ਕਰਕੇ ਖੁਦਕੁਸ਼ੀਆਂ ਦਾ ਸ਼ਿਕਾਰ ਹੋਏ ਪੀੜਤ ਕਿਸਾਨਾਂ ਤੇ ਮਜ਼ਦੂਰਾਂ ਦੇ ਵਾਰਸਾ ਨੂੰ 10-10 ਲੱਖ ਰੁਪਏ ਦੀ ਮਾਲੀ ਸਹਾਇਤਾ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਤੇ ਉਸ ਦੇ ਸਮੁੱਚੇ ਕਰ ਤੇ ਲਕੀਰ ਮਾਰੀ ਜਾਵੇ, ਹਰ ਖੇਤ ਲਈ ਨਹਿਰੀ ਪਾਣੀ ਹਰ ਘਰ ਲਈ ਸਾਫ ਪਾਣੀ ਪੁੱਜਦਾ ਕੀਤਾ ਜਾਵੇ, ਦਰਿਆਵਾਂ ਝੀਲਾਂ ਤੇ ਡੈਮ ਸੰਵਿਧਾਨ ਅਨੁਸਾਰ ਰਾਜ ਦਾ ਵਿਸ਼ਾ ਹੈ, ਇਸ ਲਈ ਦਰਿਆਈ ਪਾਣੀਆਂ ਦੇ ਮਸਲੇ ਨੂੰ ਰਿਪੇਰੀਅਨ ਬੇਸਣ ਸਿਧਾਂਤ ਅਨੁਸਾਰ ਮੰਨ ਕੇ ਹੱਲ ਕੀਤਾ ਜਾਵੇ, ਪੁਨਰ ਗਠਨ ਐਕਟ ਦੀਆਂ ਧਰਾਵਾਂ 78, 79, 80 ਨੂੰ ਰੱਦ ਕੀਤਾ ਜਾਵੇ, ਜਲ ਸੋਧ ਐਕਟ 2024 ਨੂੰ ਰੱਦ ਕੀਤਾ ਜਾਵੇ, ਸਾਰੀਆਂ ਫਸਲਾਂ ਸਬਜ਼ੀਆਂ ਤੇ ਬਾਸਪਤੀ ਦੀ ਸੀ ਟੂ ਪਲਸ 50% ਦੇ ਫਾਰਮੂਲੇ ਨਾਲ ਐੱਮ ਐੱਸ ਪੀ ਤੇ ਖਰੀਦ ਦੀ ਕਾਨੂੰਨੀ ਗਰੰਟੀ ਕੀਤੀ ਜਾਵੇ, ਅਮਰੀਕੀ ਦਬਾਅ ਹੇਠ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤੇ ਨੂੰ ਰੱਦ ਕੀਤਾ ਜਾਵੇ, ਬਿਜਲੀ ਬਿਲ ਤੇ ਬੀਜ ਬਿਲ 2025 ਰੱਦ ਕੀਤਾ ਜਾਵੇ ਸਮਰਾਟ ਮੀਟਰ ਲਾਉਣੇ ਬੰਦ ਕੀਤੇ ਜਾਣ, ਗੜੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਗਿਰਦਾਵਰੀ ਕਰਾ ਕੇ 60 ਹਜ਼ਾਰ ਰੁਪਏ ਪ੍ਰਤੀ ਕਿੱਲਾ ਮੁਆਵਜ਼ਾ ਦਿੱਤਾ ਜਾਵੇ। ਦਿੱਲੀ ਅੰਦੋਲਨ ਤੋਂ ਪਹਿਲਾਂ ਅੰਦੋਲਨ ਦੌਰਾਨ ਤੇ ਬਾਅਦ ਵਿੱਚ ਕਿਸਾਨਾਂ ਉੱਪਰ ਦਰਜ ਕੀਤੇ। ਪੁਲਸ ਕੇਸ ਵਾਪਸ ਲਏ ਜਾਣ, ਕੌਮੀ ਖੇਤੀ ਮੰਡੀਕਰਨ ਨੀਤੀ ਦੇ ਨਵੇਂ ਖਰੜੇ ਨੂੰ ਕੇਂਦਰ ਸਰਕਾਰ ਰੱਦ ਕਰੇ, ਯੂਰੀਆ ਖਾਦ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਰੱਦ ਕੀਤਾ ਜਾਵੇ, ਪਿਛਲੇ ਸਮੇਂ ਹੜ੍ਹਾਂ ਕਾਰਨ ਫਸਲਾਂ ਘਰਾਂ ਮਨੁੱਖੀ ਜਾਨਾਂ ਤੇ ਪਸ਼ੂਆਂ ਦੇ ਹੋਏ ਭਾਰੀ ਨੁਕਸਾਨ ਦੀ ਪੂਰਤੀ ਕੀਤੀ ਜਾਵੇ, ਕਿਸਾਨ ਪੱਖੀ ਫਸਲ ਬੀਮਣਾ ਯੋਜਨਾ ਲਾਗੂ ਕੀਤੀ ਜਾਵੇ।

ਧਰਨੇ ਨੂੰ ਉਪਰੋਕਤ ਤੋਂ ਬਿਨਾਂ ਗੁਰਮੀਤ ਸਿੰਘ ਕਿਸ਼ਨਪੁਰਾ, ਬਲੌਰ ਸਿੰਘ ਘਲਕਲਾਂ, ਇਕਬਾਲ ਸਿੰਘ ਸਿੰਘਾ ਵਾਲਾ, ਬਲਕਰਨ ਸਿੰਘ ਢਿੱਲੋਂ ਲੱਖੋਵਾਲ, ਹਰਦਿਆਲ ਸਿੰਘ ਘਾਲੀ, ਅਮਰਜੀਤ ਕੰਡਿਆਲ, ਗੁਰਦੇਵ ਸਿੰਘ ਬਲਾਕ ਪ੍ਰਧਾਨ ਲੱਖੋਵਾਲ, ਸੁਖਮੰਦਰ ਸਿੰਘ ਉਗਰਾਹਾਂ, ਹਰਨੇਕ ਸਿੰਘ ਫਤਿਹਗੜ੍ਹ, ਗੁਰਜੰਟ ਸਿੰਘ ਗਗੜਾ,ਨਿਰਭੈ ਸਿੰਘ ਢੁੱਡੀਕੇ, ਜਗਜੀਤ ਸਿੰਘ, ਗੁਰਮੀਤ ਸਿੰਘ, ਮਨਜੀਤ ਕੌਰ, ਹਰਬੰਸ ਕੌਰ, ਕੁਲਦੀਪ ਕੌਰ ਕੁਸਾ, ਜਗਵਿੰਦਰ ਕੌਰ ਰਾਜਿਆਣਾ, ਜੈਲ ਸਿੰਘ, ਹਰਮੇਲ ਸਿੰਘ, ਜਰਨੈਲ ਸਿੰਘ, ਆਤਮਾ ਸਿੰਘ, ਜੋਗਿੰਦਰ ਸਿੰਘ, ਬੰਤ ਸਿੰਘ, ਮੋਦਨ ਸਿੰਘ ਨਿਧਾਵਾਲਾ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਹਰਜੀਤ ਸਿੰਘ ਸੋਢੀ, ਰਵਿੰਦਰ ਸਿੰਘ ਭੋਲਾ, ਭੁਪਿੰਦਰ ਸਿੰਘ ਦੌਲਤਪੁਰਾ, ਜੋਰਾ ਸਿੰਘ ਮੱਲੀ, ਗੁਰਮੀਤ ਸਿੰਘ ਕਿਸ਼ਨਪੁਰਾ, ਬਲਦੇਵ ਸਿੰਘ ਮੋਗਾ, ਜਗਜੀਤ ਸਿੰਘ ਕੁੱਲ ਹਿੰਦ, ਅਵਤਾਰ ਸਿੰਘ ਖਖਰਾਣਾ, ਰਾਜਵਿੰਦਰ ਸਿੰਘ ਰਾਜੇਵਾਲ, ਬਲਦੇਵ ਸਿੰਘ ਜੀਂਦੜਾ, ਗੁਰਵੀਰ ਸਿੰਘ ਰਾਜੇਵਾਲ, ਜਗੀਰ ਸਿੰਘ ਰਾਜੇਵਾਲ, ਜਸਵਿੰਦਰ ਸਿੰਘ ਰਾਜੇਵਾਲ, ਪਿੰਦਰ ਸਿੰਘ ਰਾਜੇਵਾਲ, ਕੇਵਲ ਸਿੰਘ ਰਾਜੇਵਾਲ, ਗੁਰਚਰਨ ਸਿੰਘ ਰਾਜੇਵਾਲ, ਅਖਤਿਆਰ ਸਿੰਘ ਬ੍ਰਹਮਕੇ ਰਾਜੇਵਾਲ, ਸੰਯੁਕਤ ਕਿਸਾਨ ਮੋਰਚਾ ਦੀਆਂ ਵੱਖ-ਵੱਖ ਯੂਨੀਅਨਾਂ ਦੇ ਵੱਡੀ ਗਿਣਤੀ ਸਾਥੀਆਂ ਨੇ ਹਾਜ਼ਰੀ ਲਵਾਈ।

# ਲੁਧਿਆਣਾ ਦੇ ਨਿੱਜੀ ਹਸਪਤਾਲ 'ਚ ਜਣੇਪੇ ਦੌਰਾਨ ਮਹਿਲਾ ਦੀ ਮੌਤ

## ਪਰਵਾਰ ਵੱਲੋਂ ਹਸਪਤਾਲ 'ਤੇ ਲਾਪ੍ਰਵਾਹੀ ਦੇ ਦੋਸ਼, ਪੁਲਸ ਵੱਲੋਂ ਪਰਚਾ ਦਰਜ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਮੈਡੀਕਲ ਪ੍ਰੈਕਟੀਸ਼ਨਜ਼ ਐਸੋਸੀਏਸ਼ਨ ਦੇ ਸੂਬਾਈ ਆਗੂ ਡਾ: ਮਿੱਠੂ ਮੁਹੰਮਦ ਮਹਿਲ ਕਲਾਂ ਦੀ ਨੂੰਹ ਨਾਜ਼ੀਆ ਪ੍ਰਵੀਨ ਦੀ ਜਣੇਪੇ ਸਮੇਂ ਬੱਚੇ ਦੇ ਜਨਮ ਤੋਂ ਬਾਅਦ ਲੁਧਿਆਣਾ ਦੇ ਇਕ ਨਿੱਜੀ ਹਸਪਤਾਲ 'ਚ ਮੌਤ ਹੋਣ ਦਾ ਪਤਾ ਲੱਗਿਆ ਹੈ।ਇਸ ਘਟਨਾ ਤੋਂ ਬਾਅਦ ਪੀੜਤ ਪਰਵਾਰ ਵੱਲੋਂ ਡਾਕਟਰਾਂ 'ਤੇ ਲਾਪ੍ਰਵਾਹੀ ਦੇ ਗੰਭੀਰ ਦੋਸ਼ ਲਗਾਉਂਦਿਆਂ ਹਸਪਤਾਲ ਦੇ ਬਾਹਰ ਜ਼ੋਰਦਾਰ ਧਰਨਾ ਦਿੱਤਾ ਗਿਆ।ਲੋਕ ਰੋਹ ਅੱਗੇ ਝੁਕਦਿਆਂ ਪੁਲਸ ਨੇ ਪਰਚਾ ਦਰਜ ਕਰ ਲਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਫਰੀਦ ਦੰਦਾਂ ਦਾ ਹਸਪਤਾਲ ਵਾਲੇ ਡਾ. ਮਿੱਠੂ ਮੁਹੰਮਦ ਦੀ ਨੂੰਹ ਨਾਜ਼ੀਆ ਪ੍ਰਵੀਨ ਜਣੇਪੇ ਲਈ ਆਪਣੇ ਪੇਕੇ ਘਰ ਮਾਲੇਰਕੋਟਲਾ ਗਈ ਹੋਈ ਸੀ, ਜਿੱਥੇ ਸਿਹਤ ਵਿਗੜਨ 'ਤੇ ਉਸ ਨੂੰ ਲੁਧਿਆਣਾ ਦੇ ਇਸ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਪਰ ਪਰਵਾਰ ਦਾ ਦੋਸ਼ ਹੈ ਕਿ ਡਾਕਟਰਾਂ ਨੇ ਆਪ੍ਰੇਸ਼ਨ ਦੇ ਲਾਲਚ 'ਚ ਸਮੇਂ ਤੋਂ ਪਹਿਲਾਂ ਹੀ ਜਣੇਪਾ ਕਰਵਾ ਦਿੱਤਾ ਤੇ ਹਾਲਤ ਵਿਗੜਨ ਦੇ ਬਾਵਜੂਦ ਮੌਕੇ ਸਿਰ ਸੰਭਾਲ ਨਹੀਂ ਕੀਤੀ, ਜਿਸ ਕਾਰਨ ਉਸ ਦੀ ਮੌਤ ਹੋ ਗਈ।ਇਸ ਦੁਖਦਾਈ ਘਟਨਾ ਦਾ ਪਤਾ ਲੱਗਦਿਆਂ ਹੀ ਮਹਿਲ ਕਲਾਂ ਤੇ ਮਾਲੇਰਕੋਟਲਾ ਦੀਆਂ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਆਗੂ, ਵਰਕਰ ਵੱਡੀ ਗਿਣਤੀ 'ਚ ਸੀਰਤ ਹਸਪਤਾਲ ਪਹੁੰਚ ਗਏ ਤੇ ਦੋਸ਼ੀ ਡਾਕਟਰ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਤੇ ਪਰਚਾ ਦਰਜ ਕਰਨ ਦੀ ਮੰਗ ਨੂੰ ਲੈ ਕੇ ਧਰਨਾ ਸ਼ੁਰੂ ਕਰ ਦਿੱਤਾ।ਪੀੜਤ ਪਰਵਾਰ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਦੋਸ਼ੀਆਂ ਖ਼ਿਲਾਫ਼ ਸਖ਼ਤ ਧਾਰਾਵਾਂ ਤਹਿਤ ਮਾਮਲਾ ਦਰਜ ਨਹੀਂ ਹੁੰਦਾ, ਉਹ ਸਸਕਾਰ ਨਹੀਂ ਕਰਨਗੇ।ਸੰਘਰਸ਼ ਦੇ ਦਬਾਅ ਸਦਕਾ ਲੁਧਿਆਣਾ ਸ਼ਿਮਲਾਪੁਰੀ ਪੁਲਸ ਨੇ ਪੜਤਾਲ ਕਰਨ ਉਪਰੰਤ ਹਸਪਤਾਲ ਦੇ ਡਾਕਟਰ ਗਗਨਦੀਪ ਮਾਹਲ, ਡਾ: ਮਨਜੀਤ ਬਾਜਵਾ ਤੇ ਸਬੰਧਤ ਸਟਾਫ ਵਿਰੁੱਧ ਪਰਚਾ ਦਰਜ ਕਰਕੇ ਅਗਲੀ ਵਿਭਾਗੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

# ਕਣਕ ਦੀ ਵਾਢੀ ਤੋਂ ਪਹਿਲਾਂ ਕਿਸਾਨਾਂ ਨੇ ਘੇਰਿਆ ਡੀ ਸੀ ਦਫਤਰ



ਦੋਰਾਹਾ (ਹਰਮਿੰਦਰ ਸੇਠ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਕਣਕ ਦੀ ਵਾਢੀ ਪੈਣ ਤੋਂ ਐਨ ਪਹਿਲਾਂ ਲੁਧਿਆਣਾ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਕਿਸਾਨਾਂ ਨੇ ਵਿਸ਼ਾਲ ਧਰਨਾ ਮਾਰ ਕੇ ਰੋਸ ਪ੍ਰਦਰਸ਼ਨ ਕੀਤਾ।ਕਾ. ਅਮਰ ਸਿੰਘ ਜਲਾਲਦੀਵਾਲ, ਕਾ. ਸਤਨਾਮ ਸਿੰਘ ਵੜੈਚ, ਬਲਰਾਜ ਸਿੰਘ ਕੋਟਉਮਰਾ, ਨਾਜ਼ਰ ਸਿੰਘ ਸਿਆੜ, ਗੁਰਸੇਵਕ ਸਿੰਘ ਮੰਜਾਲੀਆ, ਮਨਪ੍ਰੀਤ ਸਿੰਘ, ਹਰਜਿੰਦਰ ਕੌਰ ਦੀ ਪ੍ਰਧਾਨਗੀ ਹੇਠ ਲਗਾਏ ਧਰਨੇ ਨੂੰ ਸੰਬੋਧਨ ਕਰਦਿਆਂ ਧਰਨਾਕਾਰੀ ਨੇ ਆਖਿਆ ਕਿ ਕਿਸਾਨਾਂ ਮਜ਼ਦੂਰਾਂ ਦੇ ਸਮੁਚੇ ਕਰਜ਼ੇ ਮੁਆਫ਼ ਕੀਤੇ ਜਾਣ, ਕਰਜ਼ੇ ਤੇ ਆਰਥਿਕ ਤੰਗੀ ਕਾਰਨ ਖੁਦਕੁਸ਼ੀ ਕਰਨ ਵਾਲਿਆਂ ਦੇ ਪਰਿਵਾਰ ਨੂੰ 10 ਲੱਖ ਰੁਪਏ ਦੀ ਸਹਾਇਤਾ ਕੀਤੀ ਜਾਵੇ, ਪਾਣੀ ਦੀ ਸੰਭਾਲ ਤੇ ਸ਼ੁਧਤਾ ਲਈ ਠੋਸ ਉਪਰਾਲੇ ਕੀਤੇ ਜਾਣ, ਹਰ ਖੇਤ ਲਈ ਨਹਿਰੀ ਪਾਣੀ ਪਹੁੰਚਦਾ ਕੀਤਾ ਜਾਵੇ, ਪੀਣ ਵਾਲੇ ਪਾਣੀ ਨੂੰ ਹਰ ਘਰ ਤੱਕ ਪੁੱਜਦਾ ਕਰਨ ਲਈ ਗਾਰੰਟੀ ਕੀਤੀ ਜਾਵੇ, ਦਰਿਆਈ ਪਾਣੀਆਂ ਦੇ ਮਸਲੇ ਨੂੰ ਰਿਪੇਰੀਅਨ-ਬੇਸਨ ਸਿਧਾਂਤ ਤੇ ਸੰਵਿਧਾਨ ਵਿਵਸਥਾ ਦੇ ਅਨੁਸਾਰ ਹੱਲ ਕੀਤਾ ਜਾਵੇ, ਦਰਿਆਵਾਂ, ਨਹਿਰਾਂ ਤੇ ਡ੍ਰੇਨਾਂ ਵਿੱਚ ਦੂਸ਼ਿਤ ਪਾਣੀ ਪਾਉਣ ਤੋਂ ਰੋਕਿਆ ਜਾਵੇ, ਸੂਬੇ ਦੇ ਅਧਿਕਾਰਾਂ ਵਿੱਚ ਕੇਂਦਰ ਦਾ ਦਖ਼ਲ ਬੰਦ ਕੀਤਾ ਜਾਵੇ, ਜੰਗਲ ਦਾ ਰਕਬਾ ਵਧਾਉਣ ਲਈ ਰੁੱਖ ਲਗਾਉਣ ਨੂੰ ਉਤਸ਼ਾਹਤ ਕੀਤਾ ਜਾਵੇ, ਫ਼ਸਲੀ ਭਿੰਨਤਾ ਲਈ ਐੱਮ ਐੱਸ ਪੀ ਉੱਪਰ ਖਰੀਦ ਦੀ ਗਾਰੰਟੀ ਕੀਤੀ ਜਾਵੇ, ਅਮਰੀਕਾ ਦੇ ਦਬਾਅ ਅਧੀਨ ਕੀਤਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ ਰੱਦ ਕੀਤਾ ਜਾਵੇ, ਬਿਜਲੀ ਦੇ ਸਮਾਰਟ ਮੀਟਰ ਨਾ ਲਗਾਏ ਜਾਣ, ਭਾਰਤ ਮਾਲਾ ਪ੍ਰੋਜੈਕਟ ਅਧੀਨ ਜ਼ਮੀਨ ਦਾ ਰੇਟ ਮਾਰਕੀਟ ਕੀਮਤ ਤੇ ਦੂਜੇ ਕਾਰਕ ਜੋੜ ਕੇ ਕੀਤਾ ਜਾਵੇ, ਯੂਰੀਆ ਦੀ ਕੀਮਤ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ।ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਪ੍ਰਧਾਨ ਬਲਵੀਰ ਸਿੰਘ ਰਾਜੇਵਾਲ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਰਘਵੀਰ ਸਿੰਘ ਬੈਨੀਪਾਲ, ਹਰਨੇਕ ਸਿੰਘ ਗੁੱਜਰਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਜਗਤਾਰ ਸਿੰਘ ਦੇਹੜਕਾ, ਆਲ ਇੰਡੀਆ ਕਿਸਾਨ ਸਭਾ (ਹੱਨਨ ਮੁੱਲਾ) ਦੇ ਬਲਜੀਤ ਸਿੰਘ ਗਰੇਵਾਲ, ਆਲ ਇੰਡੀਆ ਕਿਸਾਨ ਸਭਾ (1936) ਡਾ. ਰਜਿੰਦਰ ਪਾਲ ਸਿੰਘ ਔਲਖ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੁਦਾਗਰ ਸਿੰਘ ਘੁਡਾਣੀ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਮਨਜੀਤ ਸਿੰਘ ਢੀਡਸਾ, ਕਿਰਤੀ ਕਿਸਾਨ ਯੂਨੀਅਨ ਦੇ ਸਾਧੂ ਸਿੰਘ ਅੱਚਰਵਾਲ ਨੇ ਸੰਬੋਧਨ ਕੀਤਾ।ਧਰਨੇ ਦੀ ਸਮਾਪਤੀ ਮੌਕੇ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਧਰਨੇ ਵਿੱਚ ਮੰਗ ਪੱਤਰ ਨਾ ਲੈਣ ਆਉਣ 'ਤੇ ਗੁੱਸੇ ਵਿੱਚ ਆਏ ਧਰਨਾਕਾਰੀਆਂ ਨੇ ਡਿਪਟੀ ਕਮਿਸ਼ਨਰ ਦੇ ਮੇਨ ਗੇਟ 'ਤੇ ਪੁੱਜ ਕੇ ਜ਼ਬਰਦਸਤ ਨਾਹਰੇਬਾਜ਼ੀ ਕੀਤੀ, ਜਿਸ ਕਰਕੇ ਪੁਲਿਸ ਨਾਲ ਹਲਕੀ ਧੱਕਾ ਮੁੱਕੀ ਵੀ ਹੋਈ।ਮੰਗ ਪੱਤਰ ਲੈਣ ਆਏ ਤਹਿਸੀਲਦਾਰ ਨੂੰ ਕਿਸਾਨਾਂ ਨੇ ਮੰਗ ਪੱਤਰ ਨਾ ਦਿੱਤਾ। ਉਨ੍ਹਾਂ ਕਿਹਾ ਕਿ ਉਹ ਡੀ ਸੀ ਜਾਂ ਏ ਡੀ ਸੀ ਤੋਂ ਘੱਟ ਕਿਸੇ ਨੂੰ ਮੰਗ ਪੱਤਰ ਨਹੀਂ ਦੇਣਗੇ।ਕਿਸਾਨਾਂ ਦੇ ਦਬਾਅ ਥੱਲੇ ਝੁਕਦਿਆਂ ਫਿਰ ਏ ਡੀ ਸੀ ਨੇ ਮੰਗ ਪੱਤਰ ਪ੍ਰਾਪਤ ਕੀਤਾ।

# ਮਿਮਿਟ ਦੇ ਐੱਮ ਬੀ ਏ ਵਿਭਾਗ ਵੱਲੋਂ ਇੱਕ ਰੋਜ਼ਾ ਵਰਕਸ਼ਾਪ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੌਜੀ (ਮਿਮਿਟ) ਮਲੋਟ ਵਿਖੇ ਐੱਮ.ਬੀ.ਏ. ਵਿਭਾਗ ਵੱਲੋਂ ਪਹਿਲੇ ਤੇ ਦੂਜੇ ਸਾਲ ਦੇ ਵਿਦਿਆਰਥੀਆਂ ਲਈ ਰੁਜ਼ਗਾਰ ਯੋਗਤਾ ਹੁਨਰ, ਇੰਟਰਵਿਊ ਤਕਨੀਕਾਂ, ਆਰਟੀਫਿਸ਼ੀਅਲ ਇੰਟੈਲੀਜੈਂਸੀ (ਏ.ਆਈ.) ਨਾਲ ਰੈਜ਼ਿਊਮ ਲਿਖਣ ਤੇ ਸਮੂਹ ਚਰਚਾਵਾਂ 'ਤੇ ਇੱਕ ਗਤੀਸ਼ੀਲ ਇੱਕ-ਰੋਜ਼ਾ ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਅਕਾਦਮਿਕ ਤੇ ਕਾਰਪੋਰੇਟ ਜਗਤ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਇਸ ਵਰਕਸ਼ਾਪ ਵਿੱਚ ਭਾਗ ਲਿਆ।ਇਸ ਪ੍ਰੋਗਰਾਮ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਐੱਮ.ਬੀ.ਏ. ਵਿਭਾਗ ਦੀ ਮੁਖੀ ਡਾ. ਜੀਵਨ ਜੋਤੀ ਮੈਨੀ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਤੇ ਕੰਪਨੀਆਂ ਵਿੱਚ ਰੁਜ਼ਗਾਰ ਦੇ ਮੌਕਿਆਂ ਸਮੇਂ ਆਪਣੇ ਹੁਨਰ ਬਾਰੇ ਪੂਰਨ ਰੂਪ ਵਿੱਚ ਜਾਣਕਾਰੀ ਦੇਣ ਲਈ ਵੱਖ ਵੱਖ ਟੂਲਜ਼ ਦੀ ਵਰਤੋਂ ਕਰਨੀ ਚਾਹੀਦੀ ਹੈ।ਅਜਿਹੇ ਵੱਖ ਵੱਖ ਟੂਲਜ਼ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਲਈ ਵਿਭਾਗ ਦੇ ਫੈਕਲਟੀ ਮੈਂਬਰ ਡਾ. ਰਾਜਿੰਦਰ ਕੌਰ ਤੇ ਸ਼੍ਰੀ ਅਮਿਤ ਗਰਗ ਦੇ ਸਹਿਯੋਗ ਨਾਲ ਕਪਿਲ ਇੰਸਟੀਚਿਊਟ, ਬਠਿੰਡਾ ਦੇ ਪ੍ਰਸਿੱਧ ਰਿਸੋਰਸਪਰਸਨ ਕਪਿਲ ਸ਼ਰਮਾ ਇਸ ਵਰਕਸ਼ਾਪ ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੇ ਆਪਣੇ ਵਿਆਪਕ ਉਦਯੋਗਿਕ ਤਜਰਬੇ ਤੋਂ ਪ੍ਰਾਪਤ ਵਿਹਾਰਕ ਸੂਝ ਤੇ ਵਿਹਾਰਕ ਰਣਨੀਤੀਆਂ ਸਾਂਝੀਆਂ ਕੀਤੀਆਂ। ਵਿਦਿਆਰਥੀਆਂ ਨੇ ਵੱਖ ਵੱਖ ਇੰਟਰਐਕਟਿਵ ਸੈਸ਼ਨਾਂ ਵਿੱਚ ਹਿੱਸਾ ਲੈ ਕੇ ਸ਼ਾਨਦਾਰ ਰੈਜ਼ਿਊਮ ਤਿਆਰ ਕਰਨ ਲਈ ਏ ਆਈ ਟੂਲਜ਼ ਦੀ ਵਰਤੋਂ ਕੀਤੀ ਤੇ ਕਾਰਪੋਰੇਟ ਪਲੇਸਮੈਂਟ ਲਈ ਜ਼ਰੂਰੀ ਸਮੂਹ ਚਰਚਾ (ਗਰੁੱਪ ਡਿਸਕਸ਼ਨ) ਵਿੱਚ ਮੁਹਾਰਤ ਹਾਸਲ ਕੀਤੀ।

ਵਿਭਾਗ ਦੀ ਮੁੱਖੀ ਡਾ. ਜੀਵਨ ਜੋਤੀ ਮੈਨੀ ਨੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਸਾਡੇ ਵਿਦਿਆਰਥੀਆਂ ਦੇ ਪੇਸ਼ੇਵਰ ਪੱਖ ਲਈ ਮਹੱਤਵਪੂਰਨ ਹਨ।ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਤੋਂ ਫੀਡਬੈਕ ਬਹੁਤ ਜ਼ਿਆਦਾ ਸਕਾਰਾਤਮਕ ਸੀ ਤੇ ਵਿਦਿਆਰਥੀਆਂ ਨੇ ਇਸ ਨੂੰ ਆਪਣੇ ਕਰੀਅਰ ਦੀ ਤਿਆਰੀ ਲਈ ਗੇਮ-ਚੇਂਜਰ ਕਿਹਾ।ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਇਸ ਪ੍ਰੋਗਰਾਮ ਨੂੰ ਸਫਲਤਾਪੂਰਵਕ ਕਰਨ ਲਈ ਐਮ.ਬੀ.ਏ. ਵਿਭਾਗ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਭਵਿੱਖ ਵਿੱਚ ਵੀ ਵਿਦਿਆਰਥੀਆਂ ਵਿੱਚ ਰੁਜ਼ਗਾਰ ਯੋਗਤਾ ਤੇ ਉੱਦਮੀਅਤ ਨੂੰ ਉਤਸ਼ਾਹਤ ਕਰਨ ਲਈ ਅਜਿਹੇ ਹੋਰ ਪ੍ਰੋਗਰਾਮ ਕਰਵਾਏ ਜਾਣਗੇ।

# ਬਰਨਾਲਾ ਜਰਨਲਿਸਟ ਐਸੋਸੀਏਸ਼ਨ ਵੱਲੋਂ 'ਇੱਕ ਸ਼ਾਮ ਸੱਭਿਆਚਾਰ ਦੇ ਨਾਮ'

## ਆਗੂਆਂ ਵੱਲੋਂ ਐਸੋਸੀਏਸ਼ਨ ਦੀ ਡਾਇਰੀ ਤੇ ਕੈਲੰਡਰ ਲੋਕ ਅਰਪਣ



ਬਰਨਾਲਾ (ਰਾਜਿੰਦਰ ਬਰਾੜ)-ਬਰਨਾਲਾ ਜਰਨਲਿਸਟ ਐਸੋਸੀਏਸ਼ਨ ਰਜਿ. ਬਰਨਾਲਾ ਵੱਲੋਂ ਸਥਾਨਕ ਰਾਇਲ ਗਰੀਨ ਪੈਲਸ ਵਿਖੇ ਦਰਸ਼ਕਾਂ ਦੇ ਵਿਸ਼ਾਲ ਇਕੱਠ ਦੌਰਾਨ ਇੱਕ ਸ਼ਾਮ ਸੱਭਿਆਚਾਰ ਦੇ ਨਾਮ ਤੇ ਡਾਇਰੀ ਕੈਲੰਡਰ ਰਿਲੀਜ਼ ਸਮਾਰੋਹ ਪ੍ਰਧਾਨ ਰਜਿੰਦਰ ਸਿੰਘ ਬਰਾੜ, ਜਨਰਲ ਸਕੱਤਰ ਹਰਿੰਦਰ ਨਿੱਕਾ ਤੇ ਚੇਅਰਮੈਨ ਗੁਰਪ੍ਰੀਤ ਸਿੰਘ ਲਾਡੀ ਦੀ ਅਗਵਾਈ ਹੇਠ ਕਰਵਾਇਆ ਗਿਆ।ਸਮਾਗਮ ਦਾ ਮੁੱਖ ਪ੍ਰਸਿੱਧ ਪੰਜਾਬੀ ਸੱਭਿਆਚਾਰਕ ਗਾਇਕ ਮੰਡੇਰ ਬ੍ਰਦਰਜ਼ ਵੱਲੋਂ ਆਪਣੇ ਪ੍ਰਸਿੱਧ ਗੀਤਾਂ ਤੇ ਲੋਕ ਗੀਤਾਂ ਰਾਹੀਂ ਬੰਨਿਆ ਗਿਆ।ਸਮਾਗਮ ਦੌਰਾਨ ਐਸੋਸੀਏਸ਼ਨ ਦੀ ਡਾਇਰੀ ਤੇ ਕੈਲੰਡਰ ਵੀ ਲੋਕ ਅਰਪਣ ਕੀਤੀ ਗਈ, ਜਿਸ ਦੀ ਰਸਮ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਵਿਧਾਇਕ ਹਲਕਾ ਬਰਨਾਲਾ ਕੁਲਦੀਪ ਸਿੰਘ ਕਾਲਾ ਢਿੱਲੋਂ, ਐਡਵੋਕੇਟ ਰਾਜਦੇਵ ਸਿੰਘ ਖਾਲਸਾ, ਐਸ ਡੀ ਐੱਮ ਤਪਾ ਆਯੂਸ਼ ਗੋਇਲ, ਐੱਸ ਡੀ ਐੱਮ ਮਹਿਲ ਕਲਾਂ ਸ੍ਰੀਮਤੀ ਕ੍ਰਿਤਿਕਾ ਗੋਇਲ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਮ ਤੀਰਥ ਮੰਨਾ, ਆਪ ਦੇ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੁਲਵੰਤ ਸਿੰਘ ਕੰਤਾ, ਅਕਾਲੀ ਦਲ ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਵਿੰਦਰ ਸਿੰਘ ਗਿੰਦੀ, ਟਰਾਈਡੈਂਟ ਗਰੁੱਪ ਦੇ ਐਡਮਿਨ ਹੈੱਡ ਰੁਪਿੰਦਰ ਗੁਪਤਾ, ਆਈ ਓ ਐੱਲ ਦੇ ਐਡਮਿਨ ਹੈੱਡ ਬਸੰਤ ਸਿੰਘ, ਐੱਸਡੀ ਸਭਾ ਦੇ ਜਨਰਲ ਸਕੱਤਰ ਤੇ ਟੰਡਨ ਸਕੂਲ ਦੇ ਐੱਮ ਡੀ ਸ਼ਿਵ ਸਿੰਗਲਾ, ਸੰਤ ਲੌਂਗਪੁਰੀ ਸਕੂਲ ਪੱਖੋ ਕਲਾਂ ਦੇ ਚੇਅਰਮੈਨ ਸੰਤ ਚਰਨਪੁਰੀ, ਸੀਨੀਅਰ ਭਾਜਪਾ ਆਗੂ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਤੇ ਹੋਰ ਸ਼ਖ਼ਸੀਅਤਾਂ ਵੱਲੋਂ ਅਦਾ ਕੀਤੀ ਗਈ।

ਸਮਾਗਮ ਦੌਰਾਨ ਮੰਡੇਰ ਭਰਾਵਾਂ ਨੇ ਆਪਣੇ ਗੀਤਾਂ ਰਾਹੀਂ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।ਸਾਰੇ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਬਰਾੜ, ਜਨਰਲ ਸਕੱਤਰ ਹਰਿੰਦਰ ਨਿੱਕਾ, ਚੇਅਰਮੈਨ ਗੁਰਪ੍ਰੀਤ ਸਿੰਘ ਲਾਡੀ, ਸੀਨੀਅਰ ਵਾਈਸ ਪ੍ਰਧਾਨ ਰਜਿੰਦਰ ਪ੍ਰਸਾਦ ਸਿੰਗਲਾ, ਕੈਸ਼ੀਅਰ ਨਰਿੰਦਰ ਅਰੋੜਾ ਤੇ ਸਮੂਹ ਅਹੁਦੇਦਾਰਾਂ ਵੱਲੋਂ ਸਾਰੇ ਮਹਿਮਾਨਾਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਐਡਵੋਕੇਟ ਰੁਪਿੰਦਰ ਸਿੰਘ ਸੰਧੂ, ਸਾਬਕਾ ਚੇਅਰਮੈਨ ਮੱਖਣ ਸ਼ਰਮਾ, ਨਗਰ ਕੌਂਸਲ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਣਨਿਵਾਸੀਆ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਜੀਵ ਸ਼ੋਰੀ, ਜਤਿੰਦਰ ਜਿੰਮੀ, ਗੁਰਦੁਆਰਾ ਬਾਬਾ ਗਾਂਧਾ ਸਿੰਘ ਦੇ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲ, ਨਰਿੰਦਰ ਗਰਗ ਨੀਟਾ, ਕਾਂਗਰਸ ਆਗੂ ਮਹੇਸ਼ ਲੋਟਾ, ਬਾਜ ਸਿੰਘ ਰਟੌਲ, ਵਰੁਣ ਬੱਤਾ, ਕੈਪਟਨ ਭੁਪਿੰਦਰ ਸਿੰਘ ਜਲੂਰ, ਦੀਪਿਕਾ ਸ਼ਰਮਾ ਐਮਸੀ, ਆਪ ਆਗੂ ਰੋਹਿਤ ਕੁਮਾਰ ਓਸ਼ੋ, ਡੀਐੱਸਪੀ ਸਤਵੀਰ ਸਿੰਘ ਬੈਂਸ ਬਰਨਾਲਾ, ਵੈੱਲਫੇਅਰ ਕਲੱਬ ਦੇ ਪ੍ਰਧਾਨ ਵਿਵੇਕ ਸਿੰਧਵਾਨੀ, ਵਾਈਐੱਸ ਗਰੁੱਪ ਦੇ ਐੱਚ ਆਰ ਹੈੱਡ ਮੈਡਮ ਮਹਿਕ, ਪ੍ਰਿੰਸੀਪਲ ਰਕੇਸ਼ ਜਿੰਦਲ, ਐਡਵੋਕੇਟ ਧੀਰਜ ਕੁਮਾਰ, ਐਡਵੋਕੇਟ ਕੁਲਵੰਤ ਗੋਇਲ, ਰੁਪਿੰਦਰ ਭਾਰਦਵਾਜ ਰਿਟਾਇਰਡ ਐੱਸ ਪੀ ਗੁਰਜੰਟ ਸਿੰਘ ਸੋਨਾ, ਪੱਤਰਕਾਰ ਭਾਈਚਾਰਾ ਤੇ ਜਰਨਲਿਸਟ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਸਨ।

# ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ ਤੇ ਡਾ. ਸਰਬਜੀਤ ਕੌਰ ਸੋਹਲ ਪ੍ਰਬੰਧਕੀ ਬੋਰਡ 'ਚ ਨਾਮਜ਼ਦ



ਲੁਧਿਆਣਾ (ਰੈਕਟਰ ਕਥੂਰੀਆ) ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਨਵੇਂ ਚੁਣੇ ਗਏ ਪ੍ਰਬੰਧਕੀ ਬੋਰਡ ਦੀ ਪਲੇਠੀ ਇਕੱਤ੍ਰਤਾ ਬੀਤੇ ਦਿਨ ਪੰਜਾਬੀ ਭਵਨ ਲੁਧਿਆਣਾ ਵਿਖੇ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨਾਲ ਜੁੜੀਆਂ ਤਿੰਨ ਪ੍ਰਮੁੱਖ ਸ਼ਖ਼ਸੀਅਤਾਂ ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ ਤੇ ਡਾ. ਸਰਬਜੀਤ ਕੌਰ ਸੋਹਲ ਨੂੰ ਪ੍ਰਬੰਧਕੀ ਬੋਰਡ ਵਿੱਚ ਨਾਮਜ਼ਦਗੀ ਉਪਰੰਤ ਸ਼ਾਮਲ ਕੀਤਾ ਗਿਆ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਡਾ. ਹਰੀ ਸਿੰਘ ਜਾਚਕ ਨੂੰ ਸਕੱਤਰ, ਸੱਭਿਆਚਾਰਕ ਸਰਗਰਮੀਆਂ, ਪ੍ਰਭਜੋਤ ਸਿੰਘ ਸੋਹੀ ਨੂੰ ਸਕੱਤਰ, ਭਵਨ ਪ੍ਰਬੰਧਕ ਤੇ ਸ੍ਰੀ ਕੇ ਸਾਧੂ ਸਿੰਘ ਨੂੰ ਦਫ਼ਤਰ ਸਕੱਤਰ ਤੇ ਮੀਡੀਆ ਸੰਪਰਕ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਪ੍ਰਬੰਧਕੀ ਬੋਰਡ ਦੀ ਇਕੱਤ੍ਰਤਾ ਵਿੱਚ ਸਾਬਕਾ ਪ੍ਰਧਾਨ ਡਾ. ਸ. ਸ. ਜੌਹਲ, ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਡਾ. ਲਖਵਿੰਦਰ ਸਿੰਘ ਜੌਹਲ ਤੋਂ ਇਲਾਵਾ ਡਾ. ਵਰਿਆਮ ਸਿੰਘ ਸੰਧੂ, ਡਾ. ਪਾਲ ਕੌਰ, ਡਾ. ਗੁਰਇਕਬਾਲ ਸਿੰਘ, ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸ੍ਰੀਮਤੀ ਸੁਰਿੰਦਰ ਨੀਰ, ਸੁਰਿੰਦਰ ਕੈਲੇ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਡਾ. ਸਿਮਰਜੀਤ ਕੌਰ ਗਿੱਲ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸਿੰਘ ਸੋਹੀ, ਨਵਤੇਜ ਗੜ੍ਹਦੀਵਾਲਾ, ਡਾ. ਹਰਵਿੰਦਰ ਸਿੰਘ ਸਿਰਸਾ, ਡਾ. ਅੰਮੀਆਂ ਕੁੰਵਰ, ਰਜਿੰਦਰ ਸਿੰਘ ਰਾਜਨ, ਮੱਖਣ ਮਾਨ, ਡਾ. ਰੋਜ਼ੀ ਸਿੰਘ, ਦੀਪ ਜਗਦੀਪ ਸਿੰਘ ਸ਼ਾਮਲ ਸਨ।ਪ੍ਰਧਾਨਗੀ ਡਾ. ਸਰਬਜੀਤ ਸਿੰਘ ਨੇ ਕੀਤੀ।

# ਖ਼ੁਦਕੁਸ਼ੀ ਮਾਮਲੇ 'ਚ ਤਿੰਨ ਵਿਰੁੱਧ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਨਹਿਰ 'ਚ ਤੈਰਦੀ ਮਿਲੀ ਇੱਕ ਪੈਟਰੋਲ ਪੰਪ ਦੇ ਮੈਨੇਜਰ ਦੀ ਲਾਸ਼ ਦੇ ਮਾਮਲੇ ਵਿੱਚ ਕਾਰਵਾਈ ਕਰਦੇ ਹੋਏ ਫ਼ਤਹਿਗੜ੍ਹ ਸਾਹਿਬ ਪੁਲਸ ਵੱਲੋਂ ਪੈਟਰੋਲ ਪੰਪ ਦੇ ਮਾਲਕ ਤੇ ਇੱਕ ਮਹਿਲਾ ਸਣੇ ਤਿੰਨ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਦੇ ਵੱਡੇ ਭਰਾ ਦਵਿੰਦਰ ਸਿੰਘ ਵਾਸੀ ਪਿੰਡ ਜੱਲੋਵਾਲ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸ ਦਾ ਛੋਟਾ ਭਰਾ ਗੁਰਿੰਦਰ ਸਿੰਘ ਬੀਤੇ ਕਰੀਬ ਦੋ ਸਾਲਾਂ ਤੋਂ ਖੰਨਾ ਨੇੜਲੇ ਪਿੰਡ ਬੁਲੇਪੁਰ ਦੇ ਪੈਟਰੋਲ ਪੰਪ 'ਤੇ ਮੈਨੇਜਰ ਵਜੋਂ ਨੌਕਰੀ ਕਰਦਾ ਸੀ। ਉਕਤ ਪੰਪ ਦਾ ਮਾਲਕ ਸੁਖਵੀਰ ਸਿੰਘ ਤੇ ਉਸ ਦਾ ਵਰਕਰ ਨਰਿੰਦਰ ਉਰਫ਼ ਵਿਸ਼ਾਲ ਉਸ ਦੇ ਭਰਾ ਗੁਰਿੰਦਰ ਸਿੰਘ ਉੱਤੇ ਪੰਪ ਦੇ ਹਿਸਾਬ ਵਿੱਚ 10 ਲੱਖ ਰੁਪਏ ਦੀ ਗੜਬੜੀ ਦੇ ਦੋਸ਼ ਲਗਾਉਂਦੇ ਹੋਏ ਉਸ ਨੂੰ ਧਮਕਾ ਰਹੇ ਸਨ ਕਿ ਜੇਕਰ 30/3/26 ਤੱਕ ਉਸ ਨੇ 10 ਲੱਖ ਰੁਪਏ ਦਾ ਇੰਤਜ਼ਾਮ ਨਾ ਕੀਤਾ ਤਾਂ ਉਸ ਖ਼ਿਲਾਫ਼ ਥਾਣੇ ਵਿੱਚ ਪਰਚਾ ਦਰਜ ਕਰਵਾ ਦਿੱਤਾ ਜਾਵੇਗਾ।ਜਦੋਂਕਿ ਗੁਰਿੰਦਰ ਸਿੰਘ ਦਾ ਕਹਿਣਾ ਸੀ ਕਿ ਜਦੋਂ ਰੋਜ਼ ਦੀ ਰੋਜ਼ ਪੰਪ ਦਾ ਹਿਸਾਬ ਕਿਤਾਬ ਹੁੰਦਾ ਸੀ ਤਾਂ 10 ਲੱਖ ਰੁਪਏ ਦੀ ਗੜਬੜ ਕਿਵੇਂ ਹੋ ਸਕਦੀ ਹੈ।ਇਨ੍ਹਾਂ ਦੋਸ਼ਾਂ ਤੇ ਧਮਕੀਆਂ ਨੂੰ ਲੈ ਕੇ ਗੁਰਿੰਦਰ ਸਿੰਘ ਕਾਫ਼ੀ ਪ੍ਰੇਸ਼ਾਨ ਰਹਿੰਦਾ ਸੀ, ਜੋ ਕਿ 30/3/26 ਨੂੰ ਵਾਪਸ ਘਰ ਨਹੀਂ ਆਇਆ। ਉਸੇ ਦਿਨ ਉਨ੍ਹਾਂ ਦੇ ਘਰ ਆਈ ਆਦਿਤੀ ਗੁਪਤਾ ਉਰਫ਼ ਸੋਨੀਆ ਨੇ ਉਸ ਦੀ ਮਾਤਾ ਨੂੰ ਕਿਹਾ ਕਿ ਤੁਹਾਡੇ ਲੜਕੇ ਗੁਰਿੰਦਰ ਸਿੰਘ ਦਾ ਫੋਨ ਬੰਦ ਆ ਰਿਹਾ ਹੈ, ਮੈਂ ਉਸ ਤੋਂ 5 ਲੱਖ ਰੁਪਏ ਲੈਣੇ ਹਨ।ਪਰਵਾਰ ਵੱਲੋਂ ਗੁਰਿੰਦਰ ਸਿੰਘ ਦੀ ਭਾਲ ਸ਼ੁਰੂ ਕੀਤੀ ਗਈ, ਜਿਸ ਦੌਰਾਨ ਗੁਰਿੰਦਰ ਸਿੰਘ ਦੀ ਕਾਰ ਪਿੰਡ ਫ਼ਿਰੋਜ਼ਪੁਰ ਨੇੜਿਓਂ ਲੰਘਦੀ ਭਾਖੜਾ ਨਹਿਰ ਦੀ ਪਟੜੀ 'ਤੇ ਖੜ੍ਹੀ ਮਿਲੀ।4 ਅਪ੍ਰੈਲ ਨੂੰ ਗੁਰਿੰਦਰ ਸਿੰਘ ਦੀ ਲਾਸ਼ ਬਸੰਤਪੁਰਾ ਲਾਗੇ ਭਾਖੜਾ ਨਹਿਰ ਦੀ ਨਰਵਾਣਾ ਬ੍ਰਾਂਚ 'ਚ ਤੈਰਦੀ ਮਿਲੀ।ਮ੍ਰਿਤਕ ਦੇ ਵਾਰਿਸਾਂ ਨੇ ਦੋਸ਼ ਲਗਾਏ ਕਿ ਉਕਤ ਵਿਅਕਤੀਆਂ ਤੋਂ ਤੰਗ ਪ੍ਰੇਸ਼ਾਨ ਹੋ ਕੇ ਗੁਰਿੰਦਰ ਸਿੰਘ ਨੇ ਆਪਣੀ ਜੀਵਨ ਲੀਲ੍ਹਾ ਸਮਾਪਤ ਕੀਤੀ ਹੈ।ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਸੁਖਵੀਰ ਸਿੰਘ, ਨਰਿੰਦਰ ਉਰਫ਼ ਵਿਸ਼ਾਲ ਤੇ ਆਦਿਤੀ ਗੁਪਤਾ ਉਰਫ਼ ਸੋਨੀਆ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਸੁਖਬੀਰ ਬਾਦਲ ਨੇ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਕੀਤਾ ਦੁੱਖ ਸਾਂਝਾ

## ਲਾਲ ਸਿੰਘ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ : ਬਾਦਲ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਟਕਸਾਲੀ ਕਾਂਗਰਸੀ ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ ਤੇ ਸਾਬਕਾ ਵਿਧਾਇਕ ਕਾਕਾ ਰਜਿੰਦਰ ਸਿੰਘ, ਪਬਲਿਕ ਸਰਵਿਸ ਕਮਿਸ਼ਨ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਰਵੀ ਤਮਨਰਾਜ ਸਿੰਘ, ਦਮੋਦਰ ਸਿੰਘ, ਗੋਪਾਲ ਸਿੰਘ, ਸੋਮਪਾਲ ਸਿੰਘ, ਹਰਮੇਲ ਮਕੌਰੜ, ਜਤਿੰਦਰ ਕੰਬੋਜ ਤੇ ਦੂਸਰੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਪਰਵਾਰ ਨਾਲ ਆਪਣਾ ਗਹਿਰਾ ਦੁੱਖ ਪ੍ਰਗਟ ਕੀਤਾ।

ਇਸ ਮੌਕੇ ਸਾਬਕਾ ਵਿਧਾਇਕ ਕਾਕਾ ਰਜਿੰਦਰ ਸਿੰਘ ਨਾਲ ਦੁੱਖ ਪ੍ਰਗਟ ਕਰਨ ਵਾਲਿਆਂ ਵਿਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਪਟਿਆਲਾ ਦਿਹਾਤੀ ਦੇ ਆਗੂ ਸਾਹਿਬਾਨਾਂ 'ਚ ਜਗਮੀਤ ਸਿੰਘ ਹਰਿਆਊ, ਜਸਪਾਲ ਸਿੰਘ ਬਿੱਟੂ ਚੱਠਾ, ਰਜਿੰਦਰ ਸਿੰਘ ਵਿਰਕ, ਹਲਕਾ ਇੰਚਾਰਜ ਅਮਰਿੰਦਰ ਸਿੰਘ ਬਜਾਜ, ਹਲਕਾ ਇੰਚਾਰਜ ਬਾਬੂ ਕਬੀਰ ਦਾਸ, ਹਲਕਾ ਇੰਚਾਰਜ ਐੱਨ ਕੇ ਸ਼ਰਮਾ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਤੇਜਿੰਦਰਪਾਲ ਸੰਧੂ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਝਿੰਜਰ ਆਦਿ ਉਚੇਚੇ ਤੌਰ 'ਤੇ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਏ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਟਕਸਾਲੀ ਕਾਂਗਰਸੀ ਲਾਲ ਸਿੰਘ ਦਿੱਗਜ਼ ਆਗੂ ਸਨ, ਜਿਨ੍ਹਾਂ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ ਹੈ।ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਸਮਰਪਤ ਦੀ ਭਾਵਨਾ ਸਾਰਿਆਂ ਨੂੰ ਇਸ ਗੱਲ ਵੱਲ ਪ੍ਰੇਰਨਾ ਹੈ ਕਿ ਪਾਰਟੀ ਪ੍ਰਤੀ ਹਮੇਸ਼ਾ ਵਫ਼ਾਦਾਰ ਰਹਿਣ ਦੀ ਲੋੜ ਹੈ ਤੇ ਸਾਰੀ ਉਮਰ ਲਾਲ ਸਿੰਘ ਨੇ ਆਪਣਾ ਜੀਵਨ ਤੇ ਸਿਆਸਤ ਪਾਰਟੀ ਨੂੰ ਸਮਰਪਤ ਕੀਤੀ।ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਲਾਲ ਸਿੰਘ ਜੀ ਦਾ ਅਚਨਚੇਤ ਇਸ ਸੰਸਾਰ ਨੂੰ ਛੱਡ ਜਾਣਾ ਵੱਡਾ ਘਾਟਾ ਹੈ, ਉਥੇ ਪਰਵਾਰ ਲਈ ਵੀ ਅਜਿਹਾ ਸਦੀਵੀ ਵਿਛੋੜਾ ਅਸਹਿ ਹੈ।ਉਨ੍ਹਾਂ ਕਿਹਾ ਕਿ ਸ੍. ਲਾਲ ਸਿੰਘ ਬਹੁਪੱਖੀ ਸ਼ਖ਼ਸੀਅਤ ਦੇ ਇਨਸਾਨ ਸਨ, ਅਜਿਹੇ ਇਨਸਾਨ ਨੂੰ ਪ੍ਰਮਾਤਮਾ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ ਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਵੱਖ ਵੱਖ ਹੋਟਲਾਂ 'ਚ ਚੱਲ ਰਹੇ ਘਰੇਲੂ ਸਿਲੰਡਰਾਂ ਪ੍ਰਤੀ ਛਾਪਾਮਾਰੀ

ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)-ਪੂਰੇ ਭਾਰਤ ਵਿੱਚ ਐੱਲ ਪੀ ਜੀ ਗੈਸ ਸਿਲੰਡਰਾਂ ਨੂੰ ਲੈ ਕੇ ਆ ਰਹੀ ਵੱਡੀ ਮੁਸ਼ਕਲ ਨਾਲ ਨਜਿੱਠਣ ਲਈ, ਜੋ ਘਰੇਲੂ ਸਿਲੰਡਰ ਹੋਟਲਾਂ ਤੇ ਰੈਸਟੋਰੈਂਟਾਂ ਤੇ ਮਠਿਆਈ ਦੀਆਂ ਦੁਕਾਨਾਂ ਉੱਪਰ ਵਿੱਚ ਚੱਲ ਰਹੇ ਹਨ ਸੁਨਾਮ ਵਿਭਾਗ ਵੱਲੋਂ ਵੱਖ-ਵੱਖ ਦੁਕਾਨਾਂ ਉੱਪਰ ਜਾ ਕੇ ਛਾਪਾਮਾਰੀ ਕੀਤੀ ਜਾ ਰਹੀ ਹੈ।ਅੱਜ ਇੱਕ ਦੁਕਾਨ ਉੱਪਰ ਘਰੇਲੂ ਸਿਲਿੰਡਰ ਵੀ ਵਿਭਾਗ ਵੱਲੋਂ ਪਾਏ ਗਏ।ਏ ਐੱਸ, ਐੱਫ ਓ ਗੁਰਸੇਵਕ ਸਿੰਘ ਵੱਲੋਂ ਮੌਕੇ ਉੱਪਰ ਪੱਤਰਕਾਰਾਂ ਨੂੰ ਦਿੱਤੀ ਜਾਣਕਾਰੀ ਵਿੱਚ ਕਿਹਾ ਕਿ ਅਜਿਹਾ ਕਰਨ ਵਾਲੇ ਕਿਸੇ ਸ਼ਖ਼ਸ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਉਸ ਦੇ ਉੱਪਰ ਬਣਦੀ ਕਾਰਵਾਈ ਕੀਤੀ ਜਾਵੇਗੀ ਤੇ ਉਨ੍ਹਾਂ ਦੇ ਸਿਲੰਡਰ ਵੀ ਜਬਤ ਕੀਤੇ ਜਾਣਗੇ।ਇਸ ਮੌਕੇ ਉੱਪਰ ਵਿਭਾਗ ਦੀ ਪੂਰੀ ਟੀਮ ਮਨਦੀਪ ਸਿੰਘ ਇੰਸਪੈਕਟਰ, ਲਵਿਸ ਗਰਗ ਇੰਸਪੈਕਟਰ, ਅਮਨਪ੍ਰੀਤ ਗੋਇਲ ਇੰਸਪੈਕਟਰ ਨੇ ਬਾਖ਼ੂਬੀ ਆਪਣੀ ਡਿਊਟੀ ਨਿਭਾਈ।

# ਡੀਪੂ ਹੋਲਡਰਾਂ ਵੱਲੋਂ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ



ਸੰਗਰੂਰ/ਲੌਂਗੋਵਾਲ (ਪ੍ਰਵੀਨ ਸਿੰਘ/ਪ੍ਰਦੀਪ ਸੱਪਲ) ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਆਫ ਪੰਜਾਬ (ਰਜਿ: 118) ਵਲੋਂ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਅੱਗੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਤੋਂ ਇਲਾਵਾ ਪੰਜਾਬ ਰਾਜ ਦੇ ਸਮੂਹ ਅਹੁਦੇਦਾਰ, ਜ਼ਿਲ੍ਹਾ ਪ੍ਰਧਾਨ, ਬਲਾਕ ਪ੍ਰਧਾਨ, ਡਿੱਪੂ ਹੋਲਡਰ ਤੇ ਸੈਂਕੜੇ ਦੀ ਗਿਣਤੀ ਵਿੱਚ ਰਾਸ਼ਨ ਕਾਰਡ ਧਾਰਕਾਂ ਨੇ ਹਿੱਸਾ ਲਿਆ ਤੇ ਡਿਪੂ ਹੋਲਡਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਅਪੀਲ ਕੀਤੀ।ਸੰਗਰੂਰ ਪਟਿਆਲਾ ਰੋਡ 'ਤੇ ਪੰਜਾਬ ਭਰ ਤੋਂ ਇੱਕਤਰ ਡਿੱਪੂ ਹੋਲਡਰਾਂ ਦੇ ਭਰਵੇਂ ਇੱਕਠ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਵੱਲ ਕੂਚ ਕੀਤਾ ਤਾਂ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਦੇ ਚਲਦਿਆਂ ਪੁਲਸ ਨੇ ਸਮੂਹ ਡਿੱਪੂ ਹੋਲਡਰਾਂ ਨੂੰ ਕਲੋਨੀ ਤੋਂ ਪਹਿਲਾਂ ਹੀ ਰੋਕ ਲਿਆ ਤੇ ਕੜਕਦੀ ਧੁੱਪ ਵਿੱਚ ਡਿੱਪੂ ਹੋਲਡਰ ਸੜਕ 'ਤੇ ਹੀ ਬੈਠ ਗਏ। ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਬਦਲਾਓ ਦਾ ਨਾਅਰਾ ਦੇ ਕੇ ਆਈ ਆਪ ਸਰਕਾਰ ਦੇ ਜਬਰ ਦੀ ਚੱਕੀ ਹੇਠ ਸੂਬੇ ਦੇ ਡਿੱਪੂ ਹੋਲਡਰ ਮੁੱਢ ਤੋਂ ਹੀ ਪਿਸਣ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਪ ਪਾਰਟੀ ਨੇ ਡਿੱਪੂ ਹੋਲਡਰਾਂ ਨੂੰ ਇੱਜ਼ਤ ਦੀ ਰੋਟੀ ਦੇਣ ਦਾ ਵਾਅਦਾ ਕੀਤਾ ਸੀ, ਪ੍ਰੰਤੂ 4 ਸਾਲ ਬੀਤ ਜਾਣ 'ਤੇ ਵੀ ਡਿੱਪੂ ਹੋਲਡਰਾਂ ਦੀ ਕਿਸੇ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਡਿੱਪੂ ਹੋਲਡਰਾਂ ਨੂੰ ਮਾਰਕਫੈੱਡ ਡਿੱਪੂਆਂ ਦੀ ਤਰਜ਼ 'ਤੇ ਦੁਕਾਨ ਦਾ ਕਿਰਾਇਆ, ਬਿਜਲੀ ਦਾ ਬਿੱਲ ਤੇ 68000/- ਤਨਖਾਹ ਪ੍ਰਤੀ ਮਹੀਨਾ ਮਾਣਭੱਤਾ ਮਾਰਕਫੈੱਡ ਦੀ ਤਰਜ਼ ਦਿੱਤੇ ਜਾਣ, ਕਣਕ ਦੀ ਵੰਡ ਹਰ ਮਹੀਨੇ ਕੀਤੇ ਜਾਣ, ਕਣਕ ਦਾ ਕਮਿਸ਼ਨ ਤੇ ਲੋਡਿੰਗ-ਅਨਲੋਡਿੰਗ ਡਿੱਪੂ ਹੋਲਡਰਾਂ ਨੂੰ ਦਿੱਤੇ ਜਾਣ, ਬੰਦ ਪਈਆਂ ਸਪਲਾਈਆਂ ਬਹਾਲ ਕੀਤੇ ਜਾਣ, ਨਵੇਂ ਰਾਸ਼ਨ ਕਾਰਡਾਂ ਵਿੱਚ ਨਾਮ ਚੜ੍ਹਾਉਣ ਤੇ ਕਟਾਉਣ ਦੀ ਜ਼ੁੰਮੇਵਾਰੀ ਡਿੱਪੂ ਹੋਲਡਰਾਂ ਨੂੰ ਦਿੱਤੇ ਜਾਣ, ਲੋਡਿੰਗ-ਅਨਲੋਡਿੰਗ ਟਰਾਂਸਪੋਰਟ ਤੇ ਲੇਬਰ ਦੀ ਰਕਮ, ਜੋ ਠੇਕੇਦਾਰਾਂ ਨੂੰ ਅਦਾ ਕੀਤੀ ਜਾਂਦੀ ਹੈ, ਉਹ ਡਿੱਪੂ ਹੋਲਡਰਾਂ ਨੂੰ ਦਿੱਤੇ ਜਾਣ, ਡਿੱਪੂ ਹੋਲਡਰਾਂ ਨੂੰ ਕਣਕ ਦੀ ਸ਼ਾਰਟੇਜ ਦਿੱਤੇ ਜਾਣ ਸਮੇਤ ਇਸ ਧੰਦੇ ਨੂੰ ਬਚਾਉਣ ਲਈ ਹੋਰਨਾਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੁਨਾਮ, ਵਿਨੋਦ ਸ਼ਰਮਾ ਸੂਬਾ ਪ੍ਰੈੱਸ ਸਕੱਤਰ, ਸੁਰਜੀਤ ਸਿੰਘ ਮੰਗੀ ਜ਼ਿਲ੍ਹਾ ਪ੍ਰਧਾਨ ਸੰਗਰੂਰ, ਬਿੰਦਰ ਸਿੰਘ ਉੱਗੋ ਕੇ ਜ਼ਿਲ੍ਹਾ ਪ੍ਰਧਾਨ ਬਰਨਾਲਾ, ਬਲਜਿੰਦਰ ਸਿੰਘ ਅੰਮ੍ਰਿਤਸਰ, ਅਨਿਲ ਕੁਮਾਰ ਪਟਿਆਲਾ, ਜਸਪ੍ਰੀਤ ਸਿੰਘ ਮੋਹਾਲੀ, ਧਰਮਪਾਲ ਬਰਨਾਲਾ, ਸੰਤੋਖ ਸਿੰਘ ਬਠਿੰਡਾ, ਮੋਹਨ ਲਾਲ ਗੁਰਦਾਸਪੁਰ, ਰਜਿੰਦਰ ਸਿੰਘ ਫਿਰੋਜ਼ਪੁਰ, ਦਿਲਬਾਰ ਸਿੰਘ ਮੋਗਾ, ਤਰਸੇਮ ਸਿੰਘ ਤਰਨ ਤਾਰਨ, ਪ੍ਰੀਤਮ ਸਿੰਘ ਦੇਵੀਗੜ੍ਹ, ਗੁਰਬਚਨ ਸਿੰਘ ਲਾਲੀ ਕਪੂਰਥਲਾ, ਹਰਵਿੰਦਰ ਸਿੰਘ ਨਵਾਂ ਸ਼ਹਿਰ, ਬਖਸ਼ੀਸ਼ ਸਿੰਘ ਕੋਟ ਈਸੇ ਖਾਂ, ਬਹਾਦਰ ਚੰਦ ਅਰੋੜਾ ਚੇਅਰਮੈਨ ਨਵਾਂ ਸ਼ਹਿਰ, ਜਸਵੀਰ ਸਿੰਘ ਸ਼ੇਰੋਂ, ਕਰਨੈਲ ਸਿੰਘ ਲੌਂਗੋਵਾਲ ਸਮੇਤ ਵੱਖ ਵੱਖ ਜ਼ਿਲਿਆਂ 'ਚੋਂ ਆਏ ਅਹੁਦੇਦਾਰਾਂ ਨੇ ਸੰਬੋਧਨ ਕੀਤਾ।

# ਮਾਲਵਾ ਲਿਖਾਰੀ ਸਭਾ ਵੱਲੋਂ 'ਇੱਕ ਹੋਰ ਰੇਪ ਕੇਸ' 'ਤੇ ਗੋਸ਼ਟੀ



ਸੰਗਰੂਰ (ਪ੍ਰਵੀਨ ਸਿੰਘ) ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਹੋਇਆ, ਜਿਸ ਵਿੱਚ ਨਾਮਵਰ ਲੇਖਿਕਾ ਹਰਦੀਪ ਕੌਰ ਬਾਵਾ ਦੇ ਚਰਚਿਤ ਨਾਵਲ 'ਇੱਕ ਹੋਰ ਰੇਪ ਕੇਸ' ਉੱਪਰ ਗੋਸ਼ਟੀ ਕਰਵਾਈ ਗਈ।ਇਸ ਪ੍ਰਭਾਵਸ਼ਾਲੀ ਸਮਾਗਮ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਨੇ ਕੀਤੀ ਤੇ ਡਾ. ਜੋਗਿੰਦਰ ਸਿੰਘ ਨਿਰਾਲਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਪੁਸਤਕ ਸਬੰਧੀ ਪੜ੍ਹੇ ਗਏ ਆਪਣੇ ਪਰਚੇ ਵਿੱਚ ਡਾ. ਕਰਮਵੀਰ ਕੌਰ ਨੇ ਕਿਹਾ ਕਿ ਹਰਦੀਪ ਕੌਰ ਬਾਵਾ ਨੇ ਆਪਣੇ ਨਾਵਲ ਰਾਹੀਂ ਪੀੜਤ ਔਰਤਾਂ ਦੀ ਆਵਾਜ਼ ਬਣਨ ਦੀ ਸਫ਼ਲ ਤੇ ਸੁਚੱਜੀ ਕੋਸ਼ਿਸ਼ ਕੀਤੀ ਹੈ।ਡਾ. ਦੇਵਿੰਦਰ ਕੌਰ ਐਡਵੋਕੇਟ ਨੇ ਆਪਣੇ ਪਰਚੇ ਵਿੱਚ ਕਿਹਾ ਕਿ ਹਰਦੀਪ ਕੌਰ ਬਾਵਾ ਨੇ ਅਜੋਕੇ ਦੌਰ ਦੀ ਨਾਰੀ ਦੀ ਦਸ਼ਾ ਤੇ ਦਿਸ਼ਾ ਦਾ ਸਹੀ ਚਿੱਤਰਣ ਕੀਤਾ ਹੈ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਸ੍ਰੀ ਪਵਨ ਹਰਚੰਦਪੁਰੀ ਨੇ ਕਿਹਾ ਕਿ ਸਾਹਿਤ ਸਭਾਵਾਂ ਨੂੰ ਲੋਕ-ਮੁੱਦਿਆਂ ਦੀ ਗੱਲ ਕਰਨ ਵਾਲੇ ਲੇਖਕਾਂ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ।ਪ੍ਰਸਿੱਧ ਕਹਾਣੀਕਾਰ ਡਾ. ਜੋਗਿੰਦਰ ਸਿੰਘ ਨਿਰਾਲਾ ਨੇ ਕਿਹਾ ਕਿ ਹਰਦੀਪ ਕੌਰ ਬਾਵਾ ਪੰਜਾਬੀ ਨਾਵਲਕਾਰੀ ਸਬੰਧੀ ਸੂਖਮ ਸੂਝ-ਬੂਝ ਰੱਖਦੇ ਹਨ।ਮਾਲਵਾ ਸਾਹਿਤ ਸਭਾ ਬਰਨਾਲਾ ਦੇ ਪ੍ਰਧਾਨ ਡਾ. ਸੰਪੂਰਨ ਸਿੰਘ ਟੱਲੇਵਾਲੀਆ ਨੇ ਕਿਹਾ ਕਿ ਹਰਦੀਪ ਕੌਰ ਬਾਵਾ ਲੁੱਟੇ ਜਾਣ ਵਾਲੇ ਲੋਕਾਂ ਨਾਲ ਡੱਟ ਕੇ ਖੜ੍ਹੇ ਦਿਖਾਈ ਦਿੰਦੇ ਹਨ।ਸਾਹਿਤ ਸਭਾ ਧੂਰੀ ਦੇ ਪ੍ਰਧਾਨ ਸ੍ਰੀ ਸੁਰਿੰਦਰ ਸ਼ਰਮਾ ਨਾਗਰਾ ਨੇ ਕਿਹਾ ਵਰਜਿਤ ਸਮਝੇ ਜਾਂਦੇ ਮੁੱਦਿਆਂ ਨੂੰ ਉੱਭਾਰ ਕੇ ਹਰਦੀਪ ਕੌਰ ਬਾਵਾ ਨੇ ਦਲੇਰੀ ਵਾਲਾ ਕਾਰਜ ਕੀਤਾ ਹੈ।ਸਮਾਗਮ ਦੇ ਆਰੰਭ ਵਿੱਚ ਵਿਸਾਖੀ ਦੇ ਮਹਾਨ ਪੁਰਬ ਦੀ ਚਰਚਾ ਕਰਦਿਆਂ ਕਰਮ ਸਿੰਘ ਜ਼ਖ਼ਮੀ ਨੇ ਸਮਾਗਮ ਵਿੱਚ ਹਾਜ਼ਰ ਸਮੂਹ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਲਈ ਸਵਾਗਤੀ ਸ਼ਬਦ ਕਹੇ।ਇਸ ਮੌਕੇ ਡਾ. ਜੋਗਿੰਦਰ ਸਿੰਘ ਨਿਰਾਲਾ ਵੱਲੋਂ ਸੰਪਾਦਤ ਕੀਤੇ ਜਾ ਰਹੇ ਸਾਹਿਤਕ ਪਰਚੇ 'ਮੁਹਾਂਦਰਾ' ਦਾ ਅੰਕ ਨੰਬਰ ਇਕਾਨਵੇਂ ਪ੍ਰਧਾਨਗੀ ਮੰਡਲ ਤੇ ਸਮੂਹ ਸਭਾਵਾਂ ਦੇ ਅਹੁਦੇਦਾਰਾਂ ਵੱਲੋਂ ਲੋਕ ਅਰਪਣ ਕੀਤਾ ਗਿਆ।ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਪ੍ਰਫੁੱਲਤਾ ਵਿੱਚ ਪਾਏ ਵਡਮੁੱਲੇ ਯੋਗਦਾਨ ਲਈ ਸਭਾ ਵੱਲੋਂ ਹਰਦੀਪ ਕੌਰ ਬਾਵਾ ਨੂੰ ਸਨਮਾਨਤ ਕੀਤਾ ਗਿਆ।

ਉਪਰੰਤ ਪ੍ਰਸਿੱਧ ਕਵੀ ਲਾਭ ਸਿੰਘ ਝੱਮਟ ਦੀ ਕਵੀਸ਼ਰੀ ਨਾਲ ਸ਼ੁਰੂ ਹੋਏ ਵਿਸਾਖੀ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵਿੱਚ ਬਹਾਦਰ ਸਿੰਘ ਧੌਲਾ, ਪਵਨ ਕੁਮਾਰ ਹੋਸ਼ੀ, ਸੁਖਵਿੰਦਰ ਸਿੰਘ ਲੋਟੇ, ਗੁਲਜ਼ਾਰ ਸਿੰਘ ਸ਼ੌਂਕੀ, ਸੁਰਿੰਦਰਪਾਲ ਸਿੰਘ ਸਿਦਕੀ, ਤੇਜਿੰਦਰ ਸਿੰਘ ਚੰਡਿਹੋਕ, ਜੰਗੀਰ ਸਿੰਘ ਰਤਨ, ਹਰਮਨਪ੍ਰੀਤ ਸਿੰਘ, ਸਰਬਜੀਤ ਸੰਗਰੂਰਵੀ, ਸੁਰਿੰਦਰ ਸ਼ਰਮਾ ਨਾਗਰਾ, ਅਮਰਜੀਤ ਸਿੰਘ ਅਮਨ, ਨਿਹਾਲ ਸਿੰਘ ਮਾਨ, ਹਨੀ ਸੰਗਰਾਮੀ, ਭੋਲਾ ਸਿੰਘ ਸੰਗਰਾਮੀ, ਮਨੀਸ਼ਾ ਰਾਣੀ, ਖੁਸ਼ਪ੍ਰੀਤ ਕੌਰ, ਬੱਲੀ ਬਲਜਿੰਦਰ ਈਲਵਾਲ, ਜਸਵੀਰ ਸਿੰਘ ਮੰਡੇਰ, ਪਰਮਿੰਦਰ ਸਿੰਘ ਸੰਗਰੂਰ, ਹਰਵੀਰ ਸਿੰਘ ਬਾਗ਼ੀ, ਗੁਰਮੁਖ ਸਿੰਘ ਮੁਸਾਫ਼ਰ, ਪਰਮਜੀਤ ਸਿੰਘ ਪੰਮੀ, ਜਸਮੇਲ ਕੌਰ ਆਦਿ ਕਵੀਆਂ ਨੇ ਹਾਜ਼ਰੀ ਲਵਾਈ।ਅੰਤ ਵਿੱਚ ਸੁਖਵਿੰਦਰ ਸਿੰਘ ਲੋਟੇ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਮੰਚ ਸੰਚਾਲਨ ਦੀ ਭੂਮਿਕਾ ਅਮਨ ਜੱਖਲਾਂ ਨੇ ਬਾਖ਼ੂਬੀ ਨਿਭਾਈ।

# ਪੰਜਾਬੀ ਸਾਹਿਤ ਸਭਾ ਧੂਰੀ ਦੀ ਮਹੀਨਾਵਾਰ ਮੀਟਿੰਗ



ਧੂਰੀ (ਮਨੋਹਰ ਸੱਗੂ, ਮੋਹਿਤ ਗਰਗ) ਪੰਜਾਬੀ ਸਾਹਿਤ ਸਭਾ ਧੂਰੀ ਦੀ ਮਹੀਨਾਵਾਰ ਮੀਟਿੰਗ ਡਾ: ਰਾਮ ਸਿੰਘ ਸਿੱਧੂ ਯਾਦਗਾਰੀ ਹਾਲ ਵਿਖੇ ਸ੍: ਗੁਰਦਿਆਲ ਨਿਰਮਾਣ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਛੋਟੇ ਬੱਚੇ ਰਸਮੀਤ ਸਿੰਘ ਦੁਆਰਾ ਗਾਏ ਸ਼ਬਦ, ਜੋ ਮਾਂਗੇ ਠਾਕੁਰ ਆਪਣੇ ਤੇ, ਸੋਈ ਸੋਈ ਦੇਵੈ ਨਾਲ ਹੋਈ। ਉੱਘੇ ਭਾਸ਼ਾ ਵਿਗਿਆਨੀ ਸ੍: ਜੰਗ ਸਿੰਘ ਫੱਟੜ ਨੇ ਕਵਿਤਾ ਸਕੂਲ ਦਾ ਚੌਥਾ ਪਾਠ ਪੜ੍ਹਾਇਆ ਤੇ ਸਾਹਿਤਕਾਰਾਂ ਦੀਆਂ ਸ਼ੰਕਾਵਾਂ ਦਾ ਨਿਵਾਰਨ ਕੀਤਾ। ਸੰਗਰੂਰ ਤੋਂ ਉਚੇਚੇ ਤੌਰ 'ਤੇ ਪਹੁੰਚੇ ਰਿਟਾਇਰਡ ਪ੍ਰਿੰਸੀਪਲ ਡਾ: ਇਕਬਾਲ ਸਿੰਘ ਸਕਰੌਦੀ ਨੇ ਘਰੇਲੂ ਬਗੀਚੀ ਸਬੰਧੀ ਜਾਣਕਾਰੀ ਸਾਂਝੀ ਕੀਤੀ ਤੇ ਹਰ ਇੱਕ ਨੂੰ ਇੱਕ ਰੁੱਖ ਲਾਉਣ ਦੀ ਬੇਨਤੀ ਕੀਤੀ। ਵੀਤ ਬਾਦਸ਼ਾਹਪੁਰੀ ਦੁਆਰਾ ਸੰਪਾਦਤ ਪੁਸਤਕ ਤਾਰਿਆਂ ਦੀ ਛਾਵੇਂ, ਜਿਸ ਵਿੱਚ ਇਲਾਕੇ ਦੇ ਉੱਭਰਦੇ 29 ਲੇਖਕਾਂ ਦੀਆਂ ਰਚਨਾਵਾਂ ਸਾਮਲ ਹਨ, ਉਨ੍ਹਾਂ ਦੇ ਛੋਟੇ ਵੀਰ ਸ੍: ਰਣਜੀਤ ਸਿੰਘ ਖੰਘੂੜਾ ਤੇ ਉਨ੍ਹਾਂ ਦੀ ਛੋਟੀ ਭਤੀਜੀ ਦੁਆਰਾ ਲੋਕ ਅਰਪਣ ਕੀਤੀ ਗਈ। ਅਪ੍ਰੈਲ ਮਹੀਨੇ ਜਨਮੇ ਸਾਹਿਤਕਾਰਾਂ ਦਾ ਮੂੰਹ ਮਿੱਠਾ ਕਰਵਾ ਕੇ ਜਨਮ ਦਿਨ ਮਨਾਇਆ ਗਿਆ। ਉਪਰੰਤ ਸ੍: ਭਗਤ ਸਿੰਘ ਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਤ ਕਵੀ ਦਰਬਾਰ ਵਿੱਚ ਇਲਾਕੇ ਦੇ ਕਵੀਆਂ/ਕਵਿੱਤਰੀਆਂ ਨੇ ਭਰਵੀਂ ਸ਼ਮੂਲੀਅਤ ਕਰਦਿਆਂ ਆਪਣੀਆਂ ਸੱਜਰੀਆਂ ਰਚਨਾਵਾਂ ਸੁਣਾਈਆਂ। ਸਟੇਜ ਸਕੱਤਰ ਦੀ ਭੂਮਿਕਾ ਸ੍: ਚਰਨਜੀਤ ਸਿੰਘ ਮੀਮਸਾ ਨੇ ਤੇ ਪ੍ਰੋਗਰਾਮ ਨੂੰ ਕਵਰ ਕਰਨ ਦੀ ਜ਼ੁੰਮੇਵਾਰੀ ਸ੍: ਗੁਰਮੀਤ ਸਿੰਘ ਸੋਹੀ ਤੇ ਮੰਨਤ ਕੌਰ ਢੀਂਡਸਾ ਨੇ ਬਾਖ਼ੂਬੀ ਨਿਭਾਈ। ਅੰਤ ਵਿੱਚ ਸਭਾ ਦੇ ਸਰਪ੍ਰਸਤ ਸ੍ਰੀ ਜਗਦੇਵ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।

# ਨਵ-ਜੰਮੇ ਬੱਚਿਆਂ ਦੀ ਦਿਮਾਗੀ ਬਿਮਾਰੀ ਸੰਬੰਧੀ ਦੋ ਰੋਜ਼ਾ ਵਰਕਸ਼ਾਪ ਸੰਪੰਨ



ਸਮਰਾਲਾ (ਸੁਰਜੀਤ ਸਿੰਘ) ਪੀਜੀਆਈ ਚੰਡੀਗੜ੍ਹ ਵਿੱਚ ਨਵ-ਜੰਮੇ ਬੱਚਿਆਂ ਦੀਆਂ ਦਿਮਾਗੀ ਬਿਮਾਰੀਆਂ ਸਬੰਧੀ ਦੋ ਰੋਜ਼ਾ ਵਰਕਸ਼ਾਪ ਸੰਪੰਨ ਹੋ ਗਈ, ਜਿਸ ਵਿੱਚ ਬੱਚਿਆਂ ਦੀਆਂ ਬਿਮਾਰੀਆਂ ਸਬੰਧੀ ਮਾਹਿਰ ਡਾਕਟਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਡਾ. ਜੋਗਿੰਦਰ ਕੁਮਾਰ ਸਹਿ-ਪ੍ਰਬੰਧਕ ਸਕੱਤਰ ਨੇ ਨਵਜਾਤ ਬੱਚਿਆਂ ਵਿੱਚ ਦੌਰਿਆਂ ਦੀ ਪਛਾਣ ਤੇ ਇਲਾਜ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਤਾਜ਼ਾ ਖੋਜਾਂ ਨੇ ਦਰਸਾਇਆ ਹੈ ਕਿ ਜ਼ਿਆਦਾਤਰ ਅਸਧਾਰਨ ਹਰਕਤਾਂ, ਜਿਨ੍ਹਾਂ ਨੂੰ ਆਮ ਲੋਕਾਂ ਤੇ ਕਈ ਵਾਰ ਮਾਹਰ ਵੀ ਫਿਟਸ ਸਮਝ ਲੈਂਦੇ ਹਨ, ਅਸਲ ਵਿੱਚ ਫਿਟਸ ਨਹੀਂ ਹੁੰਦੀਆਂ।ਦੂਜੇ ਪਾਸੇ, ਬਹੁਤ ਸਾਰੇ ਫਿਟਸ ਬਾਹਰੋਂ ਦਿਖਾਈ ਨਹੀਂ ਦਿੰਦੇ, ਪਰ ਫਿਰ ਵੀ ਉਹ ਦਿਮਾਗ ਨੂੰ ਨੁਕਸਾਨ ਪਹੁੰਚਾਉਂਦੇ ਹਨ।ਉਨ੍ਹਾਂ ਕਿਹਾ ਕਿ ਹਰ ਉਹ ਪੀਡੀਆਟ੍ਰਿਕ ਸਹੂਲਤ, ਜੋ ਗੰਭੀਰ ਬੀਮਾਰ ਨਵਜਾਤ ਬੱਚਿਆਂ ਦੀ ਦੇਖਭਾਲ ਕਰਦੀ ਹੈ, ਉੱਥੇ ਲਗਾਤਾਰ ਈਈਜੀ ਮਾਨੀਟਰਿੰਗ ਦੀ ਸਹੂਲਤ ਹੋਣੀ ਚਾਹੀਦੀ ਹੈ, ਨਹੀਂ ਤਾਂ ਫਿਟਸ ਦੀ ਗਲਤ ਪਛਾਣ ਹੋ ਸਕਦੀ ਹੈ।ਪ੍ਰੋ. ਨਵੀਨ ਸੰਖਿਆਨ ਨੇ ਨਵਜਾਤ ਅਵਸਥਾ ਦੇ ਸ਼ੁਰੂਆਤੀ ਦੌਰ ਵਿੱਚ ਘੱਟ ਖ਼ੂਨ ਸ਼ੂਗਰ ਦੇ ਖ਼ਤਰਨਾਕ ਪ੍ਰਭਾਵਾਂ ਬਾਰੇ ਚਰਚਾ ਕੀਤੀ।ਡਾ. ਨਵੀਨ ਜੈਨ ਨੇ ਜੋ ਲੰਬੇ ਸਮੇਂ ਦੇ ਨਿਊਰੋਡਿਵੈਲਪਮੈਂਟ ਦੇ ਮਾਹਿਰ ਹਨ, ਨੇ ਉੱਚ-ਖਤਰੇ ਵਾਲੇ ਨਵਜਾਤ ਬੱਚਿਆਂ ਲਈ ਇੱਕ ਢਾਂਚਾਬੱਧ ਫਾਲੋਅੱਪ ਪ੍ਰੋਗਰਾਮ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਹਰ ਫਾਲੋਅੱਪ ਮੁਲਾਕਾਤ ਦਾ ਇੱਕ ਖਾਸ ਉਦੇਸ਼ ਤੇ ਕਾਰਵਾਈ ਦੀ ਯੋਜਨਾ ਹੋਣੀ ਚਾਹੀਦੀ ਹੈ, ਜੋ ਮਾਪਿਆਂ ਨਾਲ ਸਪੱਸ਼ਟ ਤੌਰ 'ਤੇ ਸਾਂਝੀ ਕੀਤੀ ਜਾਵੇ।ਪੀਜੀਆਈ ਦੇ ਗਾਇਨਕੋਲੋਜੀ ਵਿਭਾਗ ਦੀ ਡਾ. ਭਾਰਤੀ ਸ਼ਰਮਾ ਨੇ ਗਰਭ ਅਵਸਥਾ ਦੌਰਾਨ ਨਵਜਾਤ ਬੱਚੇ ਦੇ ਦਿਮਾਗ ਦੀ ਸੁਰੱਖਿਆ ਲਈ ਵੱਖ-ਵੱਖ ਤਰੀਕਿਆਂ ਬਾਰੇ ਦੱਸਿਆ।ਡਾ. ਸਾਜਨ ਸੈਣੀ ਤੇ ਡਾ. ਵਿਜੈ ਲਕਸ਼ਮੀ ਬੇਹਰਾ ਨੇ ਨਵਜਾਤ ਬੱਚਿਆਂ ਵਿੱਚ ਦਿਮਾਗੀ ਸਟ੍ਰੋਕ ਦੀ ਸਮੱਸਿਆ, ਇਸ ਦੇ ਕਾਰਨ, ਪਛਾਣ ਦੇ ਤਰੀਕੇ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ।ਡੈਲੀਗੇਟਸ ਨੂੰ ਮਾਹਰਾਂ ਨਾਲ ਸਿੱਧੀ ਗੱਲਬਾਤ ਕਰਨ ਦਾ ਵੀ ਮੌਕਾ ਮਿਲਿਆ।ਕੇਸਾਂ ਵਿੱਚ ਕਲੀਨਿਕਲ ਡਾਟਾ, ਲੈਬੋਰਟਰੀ ਨਤੀਜੇ ਤੇ ਜਿੱਥੇ ਲਾਗੂ ਸੀ, ਉੱਥੇ ਅਲਟਰਾ ਸਾਊਂਡ ਤੇ ਐੱਮ ਆਰ ਆਈ ਦੀਆਂ ਤਸਵੀਰਾਂ ਵੀ ਸ਼ਾਮਲ ਸਨ।ਫੀਡਬੈਕ ਸੈਸ਼ਨ ਵਿੱਚ ਡੈਲੀਗੇਟਸ ਨੇ ਇਕਸੁਰ ਹੋ ਕੇ ਇਕਲ-ਥੀਮ ਵਰਕਸ਼ਾਪ ਦੇ ਫਾਰਮੈਟ ਨਾਲ ਸੰਤੁਸ਼ਟੀ ਜ਼ਾਹਰ ਕੀਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਵਿੱਚ ਇੱਕ ਵਿਸ਼ੇ ਨੂੰ ਦੋ ਦਿਨਾਂ ਵਿੱਚ ਗਹਿਰਾਈ ਨਾਲ ਸਮਝਣ ਦਾ ਮੌਕਾ ਮਿਲਦਾ ਹੈ, ਨਾਲ ਹੀ ਕੇਂਦ੍ਰਿਤ ਸਮੂਹ ਚਰਚਾ, ਮਾਹਰਾਂ ਨਾਲ ਸੰਵਾਦ ਤੇ ਪ੍ਰੈਕਟੀਕਲ ਕੌਸ਼ਲਾਂ ਨੂੰ ਸੁਧਾਰਨ ਲਈ ਹੈਂਡਜ਼-ਆਨ ਵਰਕਸਟੇਸ਼ਨਾਂ ਦੀ ਵੀ ਵਧੀਆ ਸਹੂਲਤ ਮਿਲਦੀ ਹੈ।

# ਕੰਟਰੋਲ ਰੂਮ ਬਰਨਾਲਾ ਦੇ ਇੰਚਾਰਜ ਨਿਰਮਲਜੀਤ ਸਿੰਘ ਨੂੰ ਮਿਲੀ ਤਰੱਕੀ

## ਐੱਸ ਐੱਸ ਪੀ ਤੇ ਐੱਸ ਪੀ ਡੀ ਨੇ ਸਟਾਰ ਲਗਾ ਕੇ ਦਿੱਤੀਆਂ ਵਧਾਈਆਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੁਲਸ ਵਿਭਾਗ ਵਿੱਚ ਇਮਾਨਦਾਰੀ ਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਵਾਲੇ ਅਫਸਰਾਂ ਨੂੰ ਹਮੇਸ਼ਾ ਮਾਣ-ਸਨਮਾਨ ਮਿਲਦਾ ਹੈ।ਇਸੇ ਤਰ੍ਹਾਂ ਕੰਟਰੋਲ ਰੂਮ ਬਰਨਾਲਾ ਦੇ ਇੰਚਾਰਜ ਸਬ ਇੰਸਪੈਕਟਰ ਨਿਰਮਲਜੀਤ ਸਿੰਘ ਨੂੰ ਉਨ੍ਹਾਂ ਦੀਆਂ ਵਧੀਆ ਸੇਵਾਵਾਂ ਦੇ ਮੱਦੇਨਜ਼ਰ ਇੰਸਪੈਕਟਰ ਦੇ ਅਹੁਦੇ 'ਤੇ ਤਰੱਕੀ ਦਿੱਤੀ ਗਈ।ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਐੱਸ ਐੱਸ ਪੀ ਮੁਹੰਮਦ ਸਰਫਰਾਜ਼ ਆਲਮ ਤੇ ਐੱਸ ਪੀ (ਡੀ) ਅਸ਼ੋਕ ਕੁਮਾਰ ਵੱਲੋਂ ਨਿਰਮਲਜੀਤ ਸਿੰਘ ਨੂੰ ਇੰਸਪੈਕਟਰ ਦੇ ਸਟਾਰ ਲਗਾ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਤਰੱਕੀ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ।ਉੱਚ ਅਧਿਕਾਰੀਆਂ ਨੇ ਕਿਹਾ ਕਿ ਨਿਰਮਲਜੀਤ ਸਿੰਘ ਨੇ ਆਪਣੀ ਡਿਊਟੀ ਦੌਰਾਨ ਹਮੇਸ਼ਾ ਇਮਾਨਦਾਰੀ, ਲਗਨ ਤੇ ਨਿੱਡਰਤਾ ਨਾਲ ਕੰਮ ਕੀਤਾ ਹੈ, ਜਿਸ ਕਾਰਨ ਉਹ ਇਸ ਤਰੱਕੀ ਦੇ ਹੱਕਦਾਰ ਬਣੇ ਹਨ।ਸਾਥੀ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਵੀ ਨਿਰਮਲਜੀਤ ਸਿੰਘ ਦੀ ਤਰੱਕੀ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਉਨ੍ਹਾਂ ਕਿਹਾ ਕਿ ਨਿਰਮਲਜੀਤ ਸਿੰਘ ਇੱਕ ਮਿਹਨਤੀ, ਇਮਾਨਦਾਰ ਤੇ ਨਿੱਡਰ ਅਫਸਰ ਹਨ, ਜੋ ਹਮੇਸ਼ਾ ਟੀਮ ਨੂੰ ਨਾਲ ਲੈ ਕੇ ਚਲਦੇ ਹਨ।ਇਸ ਮੌਕੇ ਨਿਰਮਲਜੀਤ ਸਿੰਘ ਨੇ ਆਪਣੇ ਉੱਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਇਮਾਨਦਾਰੀ ਤੇ ਨਿਸ਼ਠਾ ਨਾਲ ਆਪਣੀ ਡਿਊਟੀ ਨਿਭਾਉਂਦੇ ਰਹਿਣਗੇ ਤੇ ਲੋਕਾਂ ਦੀ ਸੁਰੱਖਿਆ ਲਈ ਹਮੇਸ਼ਾ ਤਤਪਰ ਰਹਿਣਗੇ।ਉਨ੍ਹਾਂ ਕਿਹਾ ਕਿ ਇਹ ਤਰੱਕੀ ਉਨ੍ਹਾਂ ਲਈ ਇੱਕ ਹੋਰ ਵੱਡੀ ਜ਼ਿੰਮੇਵਾਰੀ ਹੈ, ਜਿਸ ਨੂੰ ਉਹ ਪੂਰੀ ਲਗਨ ਨਾਲ ਨਿਭਾਉਣਗੇ।

# ਐੱਸ ਕੇ ਐੱਮ ਦੇ ਸੂਬਾ ਪੱਧਰੀ ਸੱਦੇ 'ਤੇ ਕਿਸਾਨਾਂ ਵੱਲੋਂ ਡੀ ਸੀ ਦਫਤਰ ਅੱਗੇ ਧਰਨਾ



**ਫਾਜ਼ਿਲਕਾ (ਪਰਮਜੀਤ ਢਾਬਾਂ)**-ਸੰਯੁਕਤ ਕਿਸਾਨ ਮੋਰਚੇ ਦੇ ਸੂਬਾ ਪੱਧਰੀ ਸੱਦੇ ਤਹਿਤ ਫਾਜ਼ਿਲਕਾ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਧਰਨੇ ਦੌਰਾਨ ਪੰਜਾਬ ਦੇ ਕਿਸਾਨਾਂ ਦੀਆਂ ਅਹਿਮ ਮੰਗਾਂ ਸਬੰਧੀ ਗਵਰਨਰ ਪੰਜਾਬ ਦੇ ਨਾਂ ਮੰਗ ਪੱਤਰ ਡਿਪਟੀ ਕਮਿਸ਼ਨਰ ਦਫਤਰ ਫਾਜ਼ਿਲਕਾ ਨੂੰ ਦਿੱਤਾ ਗਿਆ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਔਰਤ ਵਿੰਗ ਦੇ ਜ਼ਿਲ੍ਹਾ ਕਨਵੀਨਰ ਰਾਜ ਕੌਰ ਚੱਕ ਸੈਦੋਕੇ, ਬੀ ਕੇ ਯੂ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਜਗਸੀਰ ਸਿੰਘ, ਬਲਾਕ ਪ੍ਰਧਾਨ ਜਗਤਾਰ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਸੁਰਿੰਦਰ ਢੰਡੀਆਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਗੁਰਮੀਤ ਮਹਿਮਾ, ਜ਼ਿਲ੍ਹਾ ਪ੍ਰਧਾਨ ਅਤਰ ਪ੍ਰੀਤ ਸਿੰਘ, ਬੁੱਟਰ ਗਰੁੱਪ ਦੇ ਜ਼ਿਲ੍ਹਾ ਸਕੱਤਰ ਇਕਬਾਲ ਗਾਮੂੰਵਾਲਾ, ਬੀ ਕੇ ਯੂ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਹਰਮੀਤ ਢਾਬਾਂ, ਬੀ ਕੇ ਯੂ ਰਾਜੇਵਾਲ ਦੇ ਬਲਾਕ ਆਗੂ ਸੁਖਜਿੰਦਰ ਸਿੰਘ ਅਬੋਹਰ, ਜਮਹੂਰੀ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਰਮੇਸ਼ ਵਡੇਰਾ, ਪੰਜਾਬ ਪੱਲੇਦਾਰ ਯੂਨੀਅਨ ਦੇ ਆਗੂ ਬਖਤਾਵਰ ਸਿੰਘ ਨੇ ਕਿਹਾ ਕਿ ਅਮਲ ਵਿੱਚ ਹਕੂਮਤਾਂ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੀ ਕਠਪੁਤਲੀ ਸਾਬਿਤ ਹੋ ਚੁੱਕੀਆਂ ਹਨ, ਜਿਸ ਕਰਕੇ ਪੰਜਾਬ ਦੇ ਵਿੱਚ, ਨਸ਼ੇ, ਬੇਰੁਜ਼ਗਾਰੀ, ਪਾਣੀਆਂ, ਬਿਮਾਰੀਆਂ, ਕਰਜ਼ਾ, ਖੁਦਕਸ਼ੀਆਂ ਦਾ ਸੰਕਟ ਪੈਦਾ ਹੋ ਚੁੱਕਾ ਹੈ, ਸਿਹਤ, ਸਿੱਖਿਆ ਦੇ ਖੇਤਰ ਵਿੱਚ ਮਾਫੀਆਂ ਪਨਪ ਚੁੱਕਿਆ ਹੈ, ਜਿਸ ਕਰਕੇ ਦੇਸ਼ ਦੇ ਮਿਹਨਤਕਸ਼ ਲੋਕਾਂ ਦਾ ਆਰਥਿਕ ਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ।ਲੋਕਾਂ ਦੇ ਉਜਾੜੇ ਨੂੰ ਤੇਜ਼ ਕਰਦੇ ਹੋਏ ਕੇਂਦਰ ਦੀ ਬੀਜੇਪੀ ਸਰਕਾਰ ਵੱਲੋਂ ਅਮਰੀਕਾ ਮੁਕਤ ਵਪਾਰ ਸਮਝੌਤਾ, ਬਿਜਲੀ, ਬੀਜ ਬਿੱਲਾਂ, ਨਰੇਗਾ ਕਾਨੂੰਨ ਨੂੰ ਖਤਮ ਕਰਕੇ, 1 ਅਪ੍ਰੈਲ ਤੋਂ ਲੇਬਰ ਕੋਡ ਲਾਗੂ ਕਰ ਚੁੱਕੀ ਹੈ ਤੇ ਜ਼ਿਆਦਾਤਰ ਵਿਰੋਧੀ ਸਿਆਸੀ ਪਾਰਟੀਆਂ ਸਮੇਤ ਰਾਜ ਸਰਕਾਰਾਂ ਨੇ ਖਾਮੋਸ਼ੀ ਧਾਰੀ ਹੋਈ ਹੈ।ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਦੇ ਲੋਕਾਂ ਦੀ ਬੁਨਿਆਦ ਨਾਲ ਸਬੰਧਤ ਮੰਗਾਂ ਦੇ ਹੰਢਣਸਾਰ ਹੱਲ ਸਬੰਧੀ ਲੋਕਾਂ ਨੂੰ ਜਾਗਰਕ ਕਰਦੇ ਹੋਏ ਕਿਹਾ ਹੈ ਕਿ ਜਨਤਕ ਦਬਾ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਹਕੂਮਤਾਂ ਤੇ ਜਨਤਕ ਦਬਾਅ ਤਹਿਤ ਮਸਲਿਆਂ ਦੇ ਹੱਲ ਸਬੰਧੀ ਦਿੱਲੀ ਮੋਰਚੇ ਦੀ ਤਰਜ਼ 'ਤੇ ਮਜ਼ਬੂਤ ਇਨਕਲਾਬੀ ਲੋਕ ਲਹਿਰ ਉਸਾਰ ਕੇ ਇਹ ਲੋਕ ਵਿਰੋਧੀ ਸਮਝੌਤੇ ਰੱਦ ਕਰਵਾਏ ਜਾ ਸਕਣ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਹਰਮੀਤ ਸਿੰਘ ਝੁੱਗੀਆਂ ਨੰਦ ਸਿੰਘ ਵਾਲਾ, ਹਰਭਜਨ ਸਿੰਘ ਛੱਪੜੀਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਲਹੌਰਾ ਸਿੰਘ, ਬੀ ਕੇ ਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਆਦਿ ਹਾਜ਼ਰ ਸਨ।

# ਲੈਕਚਰਾਰ ਮਧੂ ਬਾਲਾ ਦੀ ਸੇਵਾ-ਮੁਕਤੀ 'ਤੇ ਸਨਮਾਨ ਸਮਾਰੋਹ



**ਮੋਗਾ (ਇਕਬਾਲ ਸਿੰਘ ਖਹਿਰਾ)**

ਮਧੂ ਬਾਲਾ ਲੈਕਚਰਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਘੀਪੁਰਾ ਜ਼ਿਲ੍ਹਾ ਕਮੇਟੀ ਮੈਂਬਰ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਮੋਗਾ ਜੋ ਕਿ 31 ਮਾਰਚ 2026 ਨੂੰ ਸਿੱਖਿਆ ਵਿਭਾਗ ਤੋਂ ਆਪਣੀ 36 ਸਾਲ ਦੀ ਸੇਵਾ ਨਿਭਾਉਣ ਤੋਂ ਬਾਅਦ ਸੇਵਾ ਮੁਕਤ ਹੋ ਗਏ ਹਨ।ਉਨ੍ਹਾਂ ਦੀਆਂ ਜਥੇਬੰਦੀ ਵਿੱਚ ਨਿਭਾਇਆ ਸੇਵਾਵਾਂ ਬਦਲੇ ਡੀ ਟੀ ਐੱਫ ਮੋਗਾ ਦੀ ਜ਼ਿਲ੍ਹਾ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਅਮਰਦੀਪ ਸਿੰਘ ਬੁੱਟਰ ਬਲਾਕ ਪ੍ਰਧਾਨ ਵੱਲੋਂ ਉਨ੍ਹਾਂ ਦਾ ਸਨਮਾਨ ਪੱਤਰ ਪੜ੍ਹ ਕੇ ਉਨ੍ਹਾਂ ਦੀਆਂ ਸਿੱਖਿਆ ਵਿਭਾਗ ਵਿੱਚ ਨਿਭਾਈਆਂ ਸੇਵਾਵਾਂ 'ਤੇ ਚਾਨਣਾ ਪਾਇਆ ਗਿਆ।ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ, ਜਗਵੀਰਨ ਕੌਰ, ਸੁਖਵਿੰਦਰ ਸਿੰਘ ਘੋਲੀਆ, ਅਮਨਦੀਪ ਮਾਛੀਕੇ, ਸੁਰਿੰਦਰ ਰਾਮ ਕੁੱਸਾ, ਸੁਰਿੰਦਰ ਸਿੰਘ, ਗੁਰਮੀਤ ਸਿੰਘ ਝੋਰੜਾ, ਸਵਰਨਜੀਤ ਭਗਤਾ, ਸਵਰਨਦਾਸ ਆਦਿ ਆਗੂਆਂ ਨੇ ਉਨ੍ਹਾਂ ਜਥੇਬੰਦੀ ਵਿੱਚ ਪਾਏ ਯੋਗਦਾਨ ਤੇ ਸੰਘਰਸ਼ਾਂ ਵਿੱਚ ਉਨ੍ਹਾਂ ਦੀ ਭਾਗੀਦਾਰੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਆਗੂਆਂ ਨੇ ਕਿਹਾ ਕਿ ਮੈਡਮ ਮਧੂ ਬਾਲਾ ਅਧਿਆਪਕ ਸੰਘਰਸ਼ਾਂ ਵਿੱਚ ਹੀ ਨਹੀਂ, ਬਲਕਿ ਕਿਸਾਨਾਂ ਤੇ ਮਜ਼ਦੂਰਾਂ ਦੇ ਸੰਘਰਸ਼ ਵਿੱਚ ਵੀ ਅੱਗੇ ਹੋ ਕੇ ਆਪਣੀ ਸ਼ਮੂਲੀਅਤ ਕੀਤੀ।ਆਗੂਆਂ ਨੇ ਆਸ ਪ੍ਰਗਟ ਕੀਤੀ ਕਿ ਮਧੂ ਬਾਲਾ ਸੇਵਾ ਮੁਕਤੀ ਤੋਂ ਬਾਅਦ ਵੀ ਜਥੇਬੰਦੀ ਦੇ ਵਿਕਾਸ ਲਈ ਆਪਣਾ ਯੋਗਦਾਨ ਦਿੰਦੇ ਰਹਿਣਗੇ।ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ ਨੇ ਆਪਣੇ ਭਾਸ਼ਣ ਵਿੱਚ ਅਧਿਆਪਕ ਲਹਿਰ ਨੂੰ ਦਰਪੇਸ਼ ਚੁਣੌਤੀਆਂ ਤੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਨਵੀਂ ਸਿੱਖਿਆ ਨੀਤੀ ਨਾਲ ਸਿੱਖਿਆ ਨੂੰ ਹੋਣ ਵਾਲੇ ਨੁਕਸਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਆਗੂਆਂ ਨੇ ਮਧੂ ਬਾਲਾ ਤੇ ਉਨ੍ਹਾਂ ਦੇ ਜੀਵਨ ਸਾਥੀ ਪ੍ਰਿੰਸੀਪਲ ਅਸ਼ਵਨੀ ਚਾਵਲਾ ਨੂੰ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ।ਮੈਡਮ ਮਧੂ ਬਾਲਾ ਨੇ ਆਪਣੇ ਭਾਸ਼ਣ ਵਿੱਚ ਜਥੇਬੰਦੀ ਦੀ ਮਹੱਤਤਾ ਬਾਰੇ ਦੱਸਿਆ ਤੇ ਅੱਗੇ ਤੋਂ ਵੀ ਜਥੇਬੰਦੀ ਦੇ ਅੰਗ-ਸੰਗ ਰਹਿਣ ਦਾ ਵਚਨ ਦਿੱਤਾ।ਇਸ ਸਮੇਂ ਨਰਿੰਦਰ ਸਿੰਘ, ਨਵਦੀਪ ਸਿੰਘ ਧੂੜਕੋਟ, ਜਗਦੇਵ ਮਹਿਣਾ, ਅਮਨਦੀਪ ਸਿੰਘ ਮਟਵਾਣੀ, ਰਾਜਵੰਤ ਸਿੰਘ ਘੋਲੀਆ, ਹਾਕਮ ਸਿੰਘ ਧਾਲੀਵਾਲ, ਪਰਮਜੀਤ ਸਿੰਘ ਬੁੱਟਰ, ਰਾਜਵੀਰ ਸਿੰਘ ਬੁੱਟਰ, ਭਗਵੰਤ ਸਿੰਘ, ਰਾਕੇਸ਼ ਕੁਮਾਰ, ਰਾਜਜੰਗ ਸਿੰਘ, ਹਰਜੀਤ ਕੌਰ, ਨਤਾਸ਼ਾ ਕੌਸ਼ਲ, ਮਲਕੀਤ ਸਿੰਘ, ਪ੍ਰੇਮ ਕੁਮਾਰ, ਪ੍ਰੋਫੈਸਰ ਤਨਵੀਰ ਕੌਰ, ਅਮਰਜੀਤ ਕੌਰ ਪੱਤੋ, ਸਾਹਿਲ ਮਿੱਤਲ, ਜਸਵੀਰ ਕੌਰ, ਰਮਨਦੀਪ ਕੌਰ, ਅਮਨਦੀਪ ਕੌਰ ਬੁੱਘੀਪੁਰਾ ਆਦਿ ਅਧਿਆਪਕ ਹਾਜ਼ਰ ਸਨ।

# ਪੰਜਾਬ ਸਟੈਂਪ ਵੈਂਡਰ ਯੂਨੀਅਨ ਦਾ ਵਫ਼ਦ ਚੇਅਰਮੈਨ ਨੂੰ ਮਿਲਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਸਟੈਂਪ ਵੈਂਡਰ ਯੂਨੀਅਨ (ਰਜਿ.) ਦਾ ਇੱਕ ਵਫ਼ਦ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਮਿਲਿਆ ਤੇ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦੇ ਠੋਸ ਹੱਲ ਲਈ ਗੁਹਾਰ ਲਗਾਈ। ਵਫ਼ਦ ਵਿਚ ਯੂਨੀਅਨ ਦੇ ਪ੍ਰਧਾਨ ਬਲਜਿੰਦਰ ਸਿੰਘ, ਜਨਰਲ ਸਕੱਤਰ ਹਰਬੰਸ ਸਿੰਘ, ਕਾਰਜਕਾਰੀ ਮੈਂਬਰ ਹਰਬੰਸ ਸਿੰਘ ਨਥਾਣਾ ਸਮੇਤ ਯੂਨੀਅਨ ਦੇ ਕਈ ਹੋਰ ਮੈਂਬਰ ਵੀ ਹਾਜ਼ਰ ਸਨ। ਵਫ਼ਦ ਨਾਲ ਮੁਲਾਕਾਤ ਉਪਰੰਤ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਭਰੋਸਾ ਦਿਵਾਇਆ ਕਿ ਉਹ ਜਲਦ ਹੀ ਯੂਨੀਅਨ ਤੇ ਸਰਕਾਰ ਦਰਮਿਆਨ ਇੱਕ ਮੀਟਿੰਗ ਦਾ ਪ੍ਰਬੰਧ ਕਰਨਗੇ ਤਾਂ ਕਿ ਅਸ਼ਟਾਮ ਫ਼ਰੋਸ਼ਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਕੋਈ ਠੋਸ ਹੱਲ ਕੀਤਾ ਜਾ ਸਕੇ। ਚੇਅਰਮੈਨ ਗੜ੍ਹੀ ਨੇ ਬੜੀ ਸੰਜੀਦਗੀ ਨਾਲ ਅਸ਼ਟਾਮ ਫ਼ਰੋਸ਼ਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਜਲਦ ਹੀ ਸਰਕਾਰ ਤੇ ਯੂਨੀਅਨ ਦਰਮਿਆਨ ਇਨ੍ਹਾਂ ਦੇ ਨਿਪਟਾਰੇ ਲਈ ਇੱਕ ਕੜੀ ਬਣਾਉਣ ਦੀ ਵਚਨਬੱਧਤਾ ਦੁਹਰਾਈ।

# ਵੇਰਕਾ ਡੇਅਰੀ ਮਿਲਕ ਪਲਾਂਟ 'ਚ 372 ਕਰੋੜ ਦੇ ਨਵੇਂ ਪ੍ਰਜੈਕਟ ਵਾਸਤੇ ਪ੍ਰਸਤਾਵ ਪੇਸ਼ : ਗੁਰਭੇਜ ਟਿੱਬੀ

## ਪ੍ਰਜੈਕਟ ਲੱਗਣ ਨਾਲ ਹਜ਼ਾਰਾਂ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਮਿਲਕ ਯੂਨੀਅਨ ਫ਼ਿਰੋਜ਼ਪੁਰ ਦੇ ਚੇਅਰਮੈਨ ਸ੍ਰ. ਗੁਰਭੇਜ ਸਿੰਘ ਟਿੱਬੀ ਨੇ ਮਨੀਸ਼ ਸ਼ਾਹ ਚੇਅਰਮੈਨ ਨੈਸ਼ਨਲ ਡੇਅਰੀ ਡਿਵੈਲਪਮੈਂਟ ਬੋਰਡ ਨਾਲ ਅੰਮ੍ਰਿਤਸਰ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਕੀਤੀ।ਮੀਟਿੰਗ ਦੌਰਾਨ ਟਿੱਬੀ ਵੱਲੋਂ ਫਿਰੋਜ਼ਪੁਰ ਖੇਤਰ ਦੇ ਦੁੱਧ ਉਤਪਾਦਕਾਂ ਦੀ ਆਮਦਨ ਵਿੱਚ ਵਾਧਾ ਕਰਨ ਤੇ ਡੇਅਰੀ ਸੈਕਟਰ ਨੂੰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਯੋਜਨਾਵਾਂ ਤੇ ਚਰਚਾ ਕੀਤੀ ਗਈ।ਖ਼ਾਸ ਤੌਰ 'ਤੇ ਵੇਰਕਾ ਫਿਰੋਜ਼ਪੁਰ ਡੇਅਰੀ ਵਿੱਚ 372 ਕਰੋੜ ਦੇ ਪ੍ਰੋਜੈਕਟ ਜਿਸ ਵਿੱਚ ਲਗਭਗ 270 ਕਰੋੜ ਰੁਪਏ ਦੀ ਲਾਗਤ ਨਾਲ 60 ਮੈਟ੍ਰਿਕ ਟਨ ਸਮਰੱਥਾ ਵਾਲਾ ਨਵਾਂ ਮਿਲਕ ਪਾਊਡਰ ਪਲਾਂਟ ਤੇ 102 ਕਰੋੜ ਰੁਪਏ ਦੀ ਲਾਗਤ ਨਾਲ 50 ਮੈਟ੍ਰਿਕ ਟਨ ਫਰਮੈਂਟੇਡ ਡੇਅਰੀ ਉਤਪਾਦਾਂ (ਦਹੀਂ, ਲੱਸੀ ਆਦਿ) ਲਈ ਆਧੁਨਿਕ ਪਲਾਂਟ ਸਥਾਪਤ ਕਰਨ ਦਾ ਵਿਸਥਾਰਪੂਰਵਕ ਪ੍ਰਸਤਾਵ ਪੇਸ਼ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਲਾਗੂ ਹੋਣ ਨਾਲ ਫਿਰੋਜ਼ਪੁਰ ਖੇਤਰ ਵਿੱਚ ਦੁੱਧ ਦੀ ਮੰਗ ਵਧੇਗੀ, ਜਿਸ ਨਾਲ ਕਿਸਾਨਾਂ ਨੂੰ ਆਪਣੇ ਦੁੱਧ ਦਾ ਵਧੀਆ ਮੁੱਲ ਮਿਲੇਗਾ ਤੇ ਉਨ੍ਹਾਂ ਦੀ ਆਮਦਨ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ।ਇਸ ਤੋਂ ਇਲਾਵਾ ਲਗਭਗ 2000 ਤੋਂ 3000 ਨੌਜਵਾਨਾਂ ਲਈ ਸਿੱਧੇ ਤੇ ਅਸਿੱਧੇ ਤੌਰ 'ਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਦੀ ਸੰਭਾਵਨਾ ਹੈ।ਇਸ ਪ੍ਰੋਜੈਕਟ ਨਾਲ ਖੇਤਰ ਵਿੱਚ ਦੁੱਧ ਦੀ ਪ੍ਰੋਸੈਸਿੰਗ ਸਮਰੱਥਾ ਵਿੱਚ ਵਾਧਾ, ਵੈਲਯੂ ਐਡਿਡ ਪ੍ਰੋਡਕਟਸ ਦੀ ਉਤਪਾਦਨ ਵਿੱਚ ਵਾਧਾ, ਉਦਯੋਗਿਕ ਵਿਕਾਸ ਨੂੰ ਪ੍ਰੋਤਸਾਹਨ ਤੇ ਸਥਾਨਕ ਇੰਫਰਾਸਟ੍ਰਕਚਰ ਵਿੱਚ ਸੁਧਾਰ ਆਉਣ ਦੀ ਉਮੀਦ ਹੈ। ਨਾਲ ਹੀ ਨੌਜਵਾਨਾਂ ਨੂੰ ਘਰ ਦੇ ਨੇੜੇ ਹੀ ਰੋਜ਼ਗਾਰ ਮਿਲਣ ਨਾਲ ਮਾਈਗ੍ਰੇਸ਼ਨ ਵਿੱਚ ਕਮੀ ਆਵੇਗੀ ਤੇ ਮਹਿਲਾਵਾਂ ਲਈ ਵੀ ਸਹਾਇਕ ਰੋਜ਼ਗਾਰ ਦੇ ਮੌਕੇ ਉਪਲਬਧ ਹੋਣਗੇ।ਸ. ਟਿੱਬੀ ਨੇ ਦੱਸਿਆ ਕਿ ਮਨੀਸ਼ ਸ਼ਾਹ ਵੱਲੋਂ ਉਪਰੋਕਤ ਪ੍ਰਸਤਾਵਾਂ ਪ੍ਰਤੀ ਸਕਾਰਾਤਮਕ ਰਵੱਈਆ ਦਰਸਾਇਆ ਗਿਆ ਤੇ ਉਨ੍ਹਾਂ ਨੇ ਪ੍ਰੋਜੈਕਟ ਨੂੰ ਅੱਗੇ ਵਧਾਉਣ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਅਖੀਰ ਵਿੱਚ ਸ੍ਰ. ਟਿੱਬੀ ਨੇ ਕਿਹਾ ਕਿ ਇਹ ਪ੍ਰੋਜੈਕਟ ਫਿਰੋਜ਼ਪੁਰ ਦੇ ਡੇਅਰੀ ਸੈਕਟਰ ਲਈ ਮੀਲ ਪੱਥਰ ਸਾਬਿਤ ਹੋਵੇਗਾ ਤੇ ਕਿਸਾਨਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

# ਬਿਜਲੀ ਕਾਮਿਆਂ ਵੱਲੋਂ 10 ਨੂੰ ਹੈੱਡ ਆਫਿਸ ਪਟਿਆਲਾ ਦੇ ਗੇਟ ਘੇਰਨ ਲਈ ਚੇਤਨਾ ਕਨਵੈਨਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਫਰੰਟ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ ਰਜਿਸਟਰਡ 24, ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ ਪੰਜਾਬ, ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਪਹਿਲਵਾਨ, ਨਾਲ ਸਬੰਧਤ ਆਗੂਆਂ ਨੇ ਸਾਂਝਾ ਪ੍ਰੈੱਸ ਜਾਰੀ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੋਸ਼ਲ ਮੀਡੀਆ 'ਚ ਬਿਜਲੀ ਮੁਲਾਜ਼ਮਾਂ ਬਾਰੇ ਕੀਤੀਆਂ ਅਪਮਾਨਜਨਕ ਟਿੱਪਣੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਜਥੇਬੰਦੀਆਂ ਦੇ ਸਟੇਟ ਆਗੂ ਸਰਬਜੀਤ ਸਿੰਘ ਭਾਣਾ, ਸਟੇਟ ਆਗੂ ਦਰਸ਼ਨ ਲਾਲ ਮੋਗਾ, ਸਟੇਟ ਆਗੂ ਗੁਰਮੇਲ ਸਿੰਘ ਨਾਹਰ ਪੈਨਸ਼ਨ ਯੂਨੀਅਨ ਏਟਕ, ਅਮਰੀਕ ਸਿੰਘ ਨੂਰਪੁਰ ਏਟਕ ਆਗੂ, ਗੁਰਸੇਵਕ ਸਿੰਘ ਸਟੇਟ ਆਗੂ ਨਿਰਮਲ ਸਿੰਘ ਮਾਹਲਾ, ਜਸਬੀਰ ਸਿੰਘ ਆਲਮਵਾਲਾ ਨੇ ਕਿਹਾ ਕਿ ਪੰਜਾਬ ਦਾ ਬਿਜਲੀ ਢਾਂਚਾ ਖੜ੍ਹਾ ਕਰਦਿਆਂ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਂਦਿਆਂ ਸੈਂਕੜੇ ਬਿਜਲੀ ਮੁਲਾਜ਼ਮਾਂ ਨੇ ਆਪਣੀਆਂ ਕੀਮਤੀ ਜਾਨਾਂ ਗਵਾਈਆਂ ਹਨ, ਅੱਜ ਵੀ ਪੰਜਾਹ ਹਜ਼ਾਰ ਅਸਾਮੀਆਂ ਖਾਲੀ ਹੋਣ ਕਰਕੇ ਬਹੁਤ ਘੱਟ ਸਟਾਫ ਹੋਣ ਦੇ ਬਾਵਜੂਦ ਦਿਨੋਂ ਦਿਨ ਵਧਦੇ ਜਾ ਰਹੇ ਕੰਮ ਦੇ ਦਬਾਅ ਹੇਠ ਬਿਜਲੀ ਮੁਲਾਜ਼ਮ ਲਗਾਤਾਰ ਹਾਦਸਿਆਂ ਦੇ ਸ਼ਿਕਾਰ ਹੋ ਰਹੇ ਹਨ ਅਤੇ ਕੀਮਤੀ ਜਾਨਾਂ ਤੋਂ ਹੱਥ ਧੋ ਰਹੇ ਹਨ। ਆਗੂਆਂ ਨੇ ਪਾਵਰਕੌਮ ਤੇ ਟਰਾਂਸਕੋ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਤੇ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਜਾਣ-ਬੁੱਝ ਕੇ ਲਮਕਾ ਅਵਸਥਾ ਵਿੱਚ ਰੱਖਣ ਦੇ ਦੋਸ਼ ਲਾਉਂਦਿਆਂ ਰੋਸ ਵਜੋਂ 10 ਅਪ੍ਰੈਲ ਨੂੰ ਮੁੱਖ ਦਫਤਰ ਪਟਿਆਲਾ ਅੱਗੇ ਰੋਸ ਧਰਨਾ ਲਗਾ ਕੇ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਪਿੱਟ ਸਿਆਪਾ ਕਰਨ ਲਈ ਬਿਜਲੀ ਕਾਮਿਆਂ ਨੂੰ ਵਹੀਰਾਂ ਘੱਤ ਕੇ ਪਟਿਆਲਾ ਪਹੁੰਚਣ ਦਾ ਸੱਦਾ ਦਿੱਤਾ ਗਿਆ।

ਇਸ ਕਨਵੈਨਸ਼ਨ ਵਿੱਚ ਸਰਕਲ ਫਰੀਦਕੋਟ ਦੇ ਫੈਡਰੇਸ਼ਨ ਦੇ ਪ੍ਰਧਾਨ ਪਲਵਿੰਦਰ ਸਿੰਘ ਸਿੱਧੂ, ਕੁਲਵੰਤ ਸਿੰਘ ਧੱਲੇਕੇ ਪ੍ਰਧਾਨ ਟੀ ਐੱਸ ਯੂ, ਇਕਬਾਲ ਸਿੰਘ, ਮਨਜੋਤ ਸਿੰਘ ਬਰਾੜ, ਗੋਪਾਲ ਸਿੰਘ, ਗੁਰਮੀਤ ਸਿੰਘ ਬਿੱਟੂ, ਗੁਰਪ੍ਰੀਤ ਸ਼ਰਮਾ, ਹਰਪ੍ਰੀਤ ਸਿੰਘ, ਚਮਕੌਰ ਸਿੰਘ, ਪਾਲ ਸਿੰਘ ਆਦਿ ਬੁਲਾਰਿਆਂ ਨੇ ਕਨਵੈਨਸ਼ਨ ਨੂੰ ਸੰਬੋਧਨ ਕੀਤਾ।ਸਟੇਜ ਦੀ ਕਾਰਵਾਈ ਨਿਰਮਲ ਸਿੰਘ ਮਾਹਲਾ ਵੱਲੋਂ ਨਿਭਾਈ ਗਈ।

# ਰੈਗੂਲਰ ਖ਼ੂਨਦਾਨ ਕਰਕੇ ਤੰਦਰੁਸਤੀ ਕਾਇਮ ਰਹਿੰਦੀ ਹੈ : ਢਿੱਲੋਂ

## ਨੌਜਵਾਨਾਂ ਵੱਲੋਂ ਖੂਨ ਦਾਨ ਕਰਨਾ ਸ਼ਲਾਘਾਯੋਗ : ਸ਼ਰਮਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿੱਚ 343ਵਾਂ ਰੈਗੂਲਰ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਰਜਿੰਦਰ ਸਿੰਘ ਪੰਮੀ ਸਨੌਰ, ਪਰਗਟ ਸਿੰਘ ਬੋਲੜ ਕਲਾਂ, ਧਰਮਿੰਦਰ ਜੈਨ, ਗੁਰਸੇਵਕ ਸਿੰਘ ਕਰਹਾਲੀ ਸਾਹਿਬ, ਗੁਰਵਿੰਦਰ ਸਿੰਘ ਨਲੀਨੀ, ਅਮਰੀਕ ਸਿੰਘ ਬੱਲਮਗੜ੍ਹ, ਅਮਰਜੀਤ ਸਿੰਘ ਸੰਧੂ ਤੇ ਬਲਵੰਤ ਸਿੰਘ ਢਿੱਲੋਂ ਨੇ ਵੀ ਖੂਨ ਦਾਨ ਕੀਤਾ।ਵਲੰਟੀਅਰਾਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਬਤੌਰ ਮੁੱਖ ਮਹਿਮਾਨ ਪਹੁੰਚੇ ਬਲਵੰਤ ਸਿੰਘ ਢਿੱਲੋਂ ਨੇ ਦੱਸਿਆ ਕਿ 60 ਸਾਲ ਦੀ ਉਮਰ ਵਿੱਚ 60ਵੀਂ ਵਾਰ ਖੂਨ ਦਾਨ ਕਰਨ ਦੀ ਖੁਸ਼ੀ ਹਾਸਲ ਹੋਈ ਹੈ।ਉਨ੍ਹਾਂ ਕਿਹਾ ਕਿ ਰੈਗੂਲਰ ਖੂਨ ਦਾਨ ਕਰਕੇ ਤੰਦਰੁਸਤੀ ਕਾਇਮ ਰਹਿੰਦੀ ਹੈ ਤੇ ਸਰੀਰ ਵੀ ਬਿਮਾਰੀ ਰਹਿਤ ਰਹਿੰਦਾ ਹੈ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਰਾਮ ਚੰਦ ਸ਼ਰਮਾ ਤੁੱਲੇਵਾਲ ਨੇ ਕਿਹਾ ਕਿ ਨੌਜਵਾਨਾਂ ਵੱਲੋਂ ਖੂਨ ਦਾਨ ਕਰਨਾ ਸ਼ਲਾਘਾਯੋਗ ਹੈ, ਜਿਨ੍ਹਾਂ ਦੇ ਸਹਿਯੋਗ ਕਰਕੇ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲਦੀ ਹੈ।ਇਸ ਮੌਕੇ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਖੂਨ ਇੱਕ ਅਜਿਹਾ ਤਰਲ ਹੈ, ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿੱਚ ਨਹੀਂ ਬਣਦਾ।ਇਹ ਸਿਰਫ ਤੇ ਸਿਰਫ ਇਨਸਾਨੀ ਸਰੀਰ ਅੰਦਰ ਹੀ ਬਣਦਾ ਹੈ।ਇਸ ਲਈ ਸਾਨੂੰ ਦਰਿਆਦਿਲੀ ਦਿਖਾਉਂਦੇ ਹੋਏ ਲੋੜਵੰਦ ਮਰੀਜ਼ਾਂ ਲਈ ਖੂਨ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਬੇਸ਼ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਨ।ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅਵਤਾਰ ਸਿੰਘ ਬਲਬੇੜਾ, ਮੇਜਰ ਸਿੰਘ ਘਿਓਰਾ, ਹਰਮਿੰਦਰ ਸਿੰਘ ਢੀਂਡਸਾ ਤੇ ਸੇਵਾ ਸਿੰਘ ਨਿਜ਼ਾਮਨੀਵਾਲਾ ਹਾਜ਼ਰ ਸਨ।

# ਵਿੱਤੀ ਮੰਗਾਂ ਬਹਾਲੀ ਮੋਰਚਾ 21 ਨੂੰ ਲੁਧਿਆਣਾ 'ਚ ਮੰਤਰੀ ਨੂੰ ਦੇਵੇਗਾ 'ਚੇਤਾਵਨੀ ਪੱਤਰ'

**ਸਮਰਾਲਾ (ਸੁਰਜੀਤ ਸਿੰਘ)**-ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਹੱਲ ਕਰਨ ਤੋਂ ਇਨਕਾਰੀ ਪੰਜਾਬ ਸਰਕਾਰ ਖਿਲਾਫ਼ ਅਗਲੇ ਪੜਾਅ ਦਾ ਸੰਘਰਸ਼ ਉਲੀਕਣ ਲਈ ਪੁਰਾਣੇ ਸਕੇਲ, ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ ਦੀ ਮੀਟਿੰਗ ਸੁਰਿੰਦਰਪਾਲ ਸਿੰਘ ਦੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ।ਇਸ ਮੌਕੇ ਸੰਘਰਸ਼ਾਂ ਦਾ ਰੀਵਿਊ ਕਰਦਿਆਂ ਫੈਸਲਾ ਕੀਤਾ ਗਿਆ ਕਿ ਪੰਜਾਬ ਦੀ 'ਆਪ' ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਪ੍ਰਤੀ ਅਪਣਾਈ ਬੇਰੁਖੀ ਦਾ ਬਣਦਾ ਜਵਾਬ ਵੱਡੇ ਸੰਘਰਸ਼ਾਂ ਰਾਹੀਂ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਮੁਲਾਜ਼ਮਾਂ ਤੇ ਅਧਿਆਪਕਾਂ 'ਤੇ ਪੁਲਸ ਵੱਲੋਂ ਕੀਤੇ ਤਸ਼ੱਦਦ ਦੀ ਸਖ਼ਤ ਨਿਖੇਧੀ ਕੀਤੀ ਗਈ।ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਵਿਧਾਨ ਸਭਾ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨ 'ਚ ਕਾਹਲੀ ਨਾ ਦਿਖਾਉਣ ਦੇ ਦਿੱਤੇ ਬਿਆਨ ਰਾਹੀਂ ਆਪਣੀ ਹੀ ਸਰਕਾਰ ਦੇ ਕਾਗਜ਼ੀ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਤੋਂ ਸਾਫ ਇਨਕਾਰੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਪੰਜਾਬ ਸਰਕਾਰ ਨੂੰ ਮੁਲਾਜ਼ਮ ਸੰਘਰਸ਼ਾਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਦੀ ਚੇਤਾਵਨੀ ਵੀ ਦਿੱਤੀ।ਮੋਰਚੇ ਦੇ ਆਗੂਆਂ ਰਮਨਜੀਤ ਸਿੰਘ ਸੰਧੂ, ਅਰਮਿੰਦਰ ਸਿੰਘ, ਵੀਰਪਾਲ ਕੌਰ, ਜਸਵਿੰਦਰ ਸਿੰਘ ਐਤੀਆਣਾ, ਕੁਲਦੀਪ ਸਿੰਘ ਨੇ ਦੱਸਿਆ ਕਿ ਨਵੇਂ ਕੇਂਦਰੀ ਸਕੇਲਾਂ ਅਧਾਰਿਤ ਨੋਟੀਫਿਕੇਸ਼ਨ ਰੱਦ ਕਰਵਾਕੇ ਛੇਵੇਂ ਪੰਜਾਬ ਤਨਖਾਹ ਕਮਿਸ਼ਨ+15% ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣ, ਡਾ. ਸੌਰਵ ਸ਼ਰਮਾ ਤੇ ਬਾਕੀ ਸਾਮਾਨ ਅਦਾਲਤੀ ਕੇਸਾਂ ਵਿੱਚ ਸੇਵਾ ਨਿਯਮਾਂ ਅਨੁਸਾਰ ਪੰਜਾਬ ਤਨਖਾਹ ਸਕੇਲ ਲਾਗੂ ਕਰਵਾਉਣ, ਸਮੱਗਰ ਸਿੱਖਿਆ ਅਭਿਆਨ ਤੋਂ ਸਿੱਖਿਆ ਵਿਭਾਗ ਵਿੱਚ ਤਨਖਾਹ ਕਟੌਤੀ ਕਰਦੇ ਹੋਏ ਨਵੇਂ ਸਕੇਲਾਂ ਵਿੱਚ ਰੈਗੂਲਰ ਕੀਤੇ ਨਾਨ-ਟੀਚਿੰਗ ਕਰਮਚਾਰੀਆਂ ਨੂੰ ਬਣਦੀ ਰੈਗੂਲਰਾਈਜ਼ੇਸ਼ਨ ਅਨੁਸਾਰ ਪੰਜਾਬ ਤਨਖਾਹ ਸਕੇਲਾਂ ਦੇ ਸਾਰੇ ਲਾਭ ਬਹਾਲ ਕਰਨ, ਨਵੇਂ ਭਰਤੀ ਹੋਏ ਮੁਲਾਜ਼ਮਾ ਉੱਪਰ ਲਾਗੂ ਪੁਰਾਣੀ ਪੈਨਸ਼ਨ ਪ੍ਰਣਾਲੀ ਬਹਾਲ ਕਰਵਾਉਣ ਤੇ ਮੁਲਾਜ਼ਮਾਂ ਦੇ ਕੱਟੇ ਹੋਏ 37 ਕਿਸਮ ਦੇ ਭੱਤੇ ਲਾਗੂ ਕਰਵਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ਾਂ ਨੂੰ ਜਰਬਾਂ ਦੇਣ ਲਈ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ 21 ਅਪ੍ਰੈਲ ਨੂੰ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ, ਬਾਅਦ ਵਿੱਚ ਸੈਂਕੜੇ ਮੁਲਾਜ਼ਮ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਰਿਹਾਇਸ਼ ਵੱਲ ਮਾਰਚ ਕਰਕੇ ਵਿੱਤੀ ਮੰਗਾਂ ਨਾ ਪੂਰੀਆਂ ਕਰਨ ਵਿਰੁੱਧ 'ਚੇਤਾਵਨੀ ਪੱਤਰ' ਦੇਣਗੇ।ਮਜ਼ਦੂਰ ਦਿਵਸ ਮੌਕੇ 1 ਮਈ ਨੂੰ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵਿਖੇ ਮਾਸ ਡੈਪੂਟੇਸ਼ਨ ਦੇ ਰੂਪ ਵਿੱਚ ਪਹੁੰਚ ਕੇ 17 ਮਈ ਦੀ ਸੂਬਾਈ ਰੈਲੀ ਤੇ ਰੋਸ ਮਾਰਚ ਦਾ ਨੋਟਿਸ ਤੇ ਮੰਗ ਪੱਤਰ ਦੇਣ ਤੇ 17 ਮਈ ਦੀ ਚੰਡੀਗੜ੍ਹ ਰੈਲੀ ਵਿੱਚ ਲੁਧਿਆਣਾ ਜ਼ਿਲ੍ਹੇ ਵੱਲੋਂ ਸੈਂਕੜੇ ਦੀ ਗਿਣਤੀ ਵਿੱਚ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਇਸ ਮੌਕੇ ਰੁਪਿੰਦਰ ਪਾਲ ਸਿੰਘ ਗਿੱਲ, ਹਰਪ੍ਰੀਤ ਸਿੰਘ, ਰਜਵੰਤ ਕੌਰ, ਸੁਖਵਿੰਦਰ ਸਿੰਘ ਲੀਲ, ਅਵਤਾਰ ਸਿੰਘ ਖ਼ਾਲਸਾ, ਕੁਲਦੀਪ ਸਿੰਘ, ਲਖਵੀਰ ਸਿੰਘ, ਰੋਹਿਤ ਕੰਬੋਜ, ਸੁਖਚੈਨ ਸਿੰਘ ਵਾਲੀਆ ਆਦਿ ਸ਼ਾਮਲ ਰਹੇ।

# ਪੱਤਰਕਾਰ ਵਿਨੋਦ ਗੁਪਤਾ ਨੂੰ ਸਦਮਾ, ਮਾਤਾ ਦਾ ਦਿਹਾਂਤ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਸਥਾਨਕ ਪੱਤਰਕਾਰ, ਪ੍ਰੈੱਸ ਟਰੱਸਟ ਪੰਜਾਬ ਦੇ ਵਾਈਸ ਚੇਅਰਮੈਨ ਤੇ ਮਹਾਂਵੀਰ ਮੰਦਰ ਟਰੱਸਟ ਧੂਰੀ ਦੇ ਖਜ਼ਾਨਚੀ ਵਿਨੋਦ ਗੁਪਤਾ ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਕੁਸ਼ੱਲਿਆ ਦੇਵੀ (85) ਲੰਘੀ ਰਾਤ ਸਦੀਵੀਂ ਵਿਛੋੜਾ ਦੇ ਗਏ।ਮਾਤਾ ਜੀ ਬੁਢਾਪੇ ਕਾਰਨ ਕੁੱਝ ਸਮੇਂ ਤੋਂ ਬਿਮਾਰ ਚਲੇ ਆ ਰਹੇ ਸਨ।ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਸਥਾਨਕ ਰਾਮ ਬਾਗ ਵਿਖੇ ਕੀਤਾ ਗਿਆ।ਵਿਛੜੀ ਰੂਹ ਦੀ ਅੰਤਿਮ ਯਾਤਰਾ 'ਚ ਸ਼ਹਿਰ ਦੀਆਂ ਵੱਖ ਵੱਖ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਅਤੇ ਰਾਜਨੀਤਕ ਆਗੂਆਂ, ਪਤਵੰਤਿਆਂ, ਰਿਸ਼ਤੇਦਾਰਾਂ, ਸਕੇ ਸਬੰਧੀਆਂ ਤੇ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰੀਆਂ ਨੇ ਸ਼ਿਰਕਤ ਕੀਤੀ।




AXIS BANK

Retail Assets Center: AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001. Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025. Registered Office: 'Trishul', 3rd Floor, Opposite Samartheswar Temple, Law Garden, Ellisbridge, Ahmedabad-380006

[ਰੂਲ-8 (1)] (ਅਚੱਲ ਜਾਇਦਾਦ ਵਾਸਤੇ)

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਊਰੇਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੀਆਂ ਤਾਕਤਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰਾਂ ਦਾ ਧਿਆਨ ਸੁਰੱਖਿਅਤ ਐੱਸਟਸ ਦੇ ਪੁਨਰਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ/ਪਤਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|
| 1. | (1) ਰਫੀਕ ਪੁੱਤਰ ਅਨਵਰ (ਕਰਜ਼ਦਾਰ/ ਰਹਿਣਕਾਰ) ਅਤੇ (2) ਸ੍ਰੀਮਤੀ ਕੈਮਰੁਲ ਨਿਸ਼ਾ ਪਤਨੀ ਰਫੀਕ (ਸਹਿ-ਕਰਜ਼ਦਾਰ) | 10-Feb-2023 | 04-Apr-2026 | ਰੁਪਏ 9,97,137 (ਨੌਂ ਲੱਖ ਸਤਾਨਵੇਂ ਹਜ਼ਾਰ ਇੱਕ ਸੌ ਸੈਂਤੀ ਰੁਪਏ ਕੇਵਲ) |

ਜਾਇਦਾਦ ਦਾ ਵੇਰਵਾ

ਬੈਨਾਮਾ ਨੰ. 914 ਮਿਤੀ 5 ਫਰਵਰੀ 2021 ਅਨੁਸਾਰ ਰਫੀਕ ਦੇ ਨਾਂਅ ਰਜਿਸਟਰਡ ਜਾਇਦਾਦ ਨੰ. 10 ਰਕਬਾ 00 ਬਿਘਾ 01-18/50 ਬਿਸਵਾ (68 ਵਰਗ ਗਜ਼), ਖੇਵਟ ਖਤੌਨੀ ਨੰ. 1406/2066, ਖਸਰਾ ਨੰ. 2691 (4-0), 2694 (4-0) 9651/ (1-18-10) ਕਿੱਤੇ 03, ਕੁੱਲ ਜ਼ਮੀਨ ਰਕਬਾ 09 ਬਿਘਾ 18 ਬਿਸਵਾ 10 ਬਿਸਵਾਸੀ, ਹੱਦ ਹਿੱਸਾ 68/9925, ਜੋ ਕਿ 00 ਬਿਘਾ 01-18/50 ਬਿਸਵਾ, ਵਾਰਡ ਨੰ. 10 ਵਿਖੇ ਸਥਿਤ, ਬੰਦਾ ਬਹਾਦਰ ਕਾਲੋਨੀ, ਪਿੰਡ ਬਨੂੜ, ਹੱਦਬਸਤ ਨੰ. 280, ਜਮ੍ਹਾਂਬੰਦੀ ਸਾਲ 2016-2017 ਨਾਲ ਸੰਬੰਧਤ ਸਭ ਕੁਝ।

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖ਼ਤਮ ਹੋ ਜਾਣ 'ਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ 04.04.2026
ਸਥਾਨ : ਬਨੂੜ

ਸਹੀ/-
(ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ


# ਕੁਰੜ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਭਰਵੀਂ ਇਕੱਤਰਤਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਕੁਰੜ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਅਹਿਮ ਇਕੱਤਰਤਾ 'ਚ ਪਿੰਡ ਵਾਸੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਹਲਕਾ ਇੰਚਾਰਜ ਜਥੇ: ਨਾਥ ਸਿੰਘ ਹਮੀਦੀ ਦਾ ਪਿੰਡ ਵਾਸੀਆਂ ਨੇ ਹਾਰਾਂ ਨਾਲ ਲੱਦ ਕੇ ਸ਼ਾਨਦਾਰ ਸੁਆਗਤ ਕੀਤਾ।ਜਥੇ: ਹਮੀਦੀ ਨੇ ਵੱਡੀ ਗਿਣਤੀ 'ਚ ਪਹੁੰਚਣ 'ਤੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਅੰਦਰ ਕੀਤੀਆਂ ਜਾ ਰਹੀਆਂ ਵਿਸ਼ਾਲ ਰੈਲੀਆਂ 'ਚ ਹਰ ਰੋਜ਼ ਵੱਧਦਾ ਜਾ ਰਿਹਾ ਇਕੱਠ ਕੰਧ 'ਤੇ ਲਿਖੇ ਵਾਂਗ ਇਹ ਸਪੱਸ਼ਟ ਕਰਦਾ ਹੈ ਕਿ ਆਗਾਮੀ ਵਿਧਾਨ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਫਤਹਿ ਹਾਸਲ ਕਰੇਗਾ।ਉਨ੍ਹਾਂ ਐਲਾਨ ਕੀਤਾ ਕਿ ਸੂਬੇ ਅੰਦਰ ਅਕਾਲੀ ਸਰਕਾਰ ਬਣਦਿਆਂ ਹੀ ਬੰਦ ਕੀਤੀਆਂ ਲੋਕ ਭਲਾਈ ਸਕੀਮਾਂ ਮੁੜ ਚਾਲੂ ਕੀਤੀਆਂ ਜਾਣਗੀਆਂ, ਪੈਨਸ਼ਨ 3100 ਰੁਪਏ, ਸ਼ਗਨ ਸਕੀਮ ਇਕ ਲੱਖ ਰੁਪਏ ਤੇ ਖੇਤੀ ਮੋਟਰਾਂ ਦੇ ਕੁਨੈਕਸ਼ਨ ਵੀ ਖੋਲ੍ਹੇ ਜਾਣਗੇ। ਇਸ ਮੌਕੇ ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਗੁਰਦੀਪ ਸਿੰਘ ਕਾਲਾ, ਕੁਲਵੰਤ ਸਿੰਘ ਜਗਦੇ, ਹਰਜਿੰਦਰ ਸਿੰਘ ਮਾਂਗੇਵਾਲ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਡਿਊਟੀ ਨੂੰ ਵਧੇਰੇ ਲਗਨ ਮਿਹਨਤ ਤੇ ਇਮਾਨਦਾਰੀ ਨਾਲ ਪੂਰਾ ਕਰਨ ਲਈ ਉਹ ਸਮਰਪਤ ਭਾਵਨਾ ਨਾਲ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਮੌਕੇ ਜਸਵਿੰਦਰ ਕੌਰ ਧਾਰਨੀ, ਅਵਤਾਰ ਸਿੰਘ ਜਾਗਲ, ਗੁਰਜੀਤ ਸਿੰਘ ਬਰਨਾਲਾ, ਭਗਵਾਨ ਸਿੰਘ ਮਨਾਲ, ਕੁਲਵਿੰਦਰ ਸਿੰਘ ਮਾਂਗੇਵਾਲ, ਗੁਰਪ੍ਰੀਤ ਸਿੰਘ ਗੁਰੀ, ਜੁਝਾਰ ਸਿੰਘ, ਨਰਿੰਦਰ ਸਿੰਘ ਨੋਕੀ, ਜੀਵਨ ਸਿੰਘ, ਡਿੰਪਲ, ਸਤਨਾਮ ਸਿੰਘ ਆਦਿ ਹਾਜ਼ਰ ਸਨ।

# ਸੂਬੇ ਦਾ ਚਹੁੰਪੱਖੀ ਵਿਕਾਸ ਹੀ ਸਰਕਾਰ ਦਾ ਮੁੱਖ ਉਦੇਸ਼ : ਹਰਚੰਦ ਸਿੰਘ ਬਰਸਟ




**ਸਮਾਣਾ (ਗੁਰਪਿਆਰ ਸਿੰਘ ਬੱਲ)**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ. ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਵੱਲੋਂ ਹਲਕਾ ਸਮਾਣਾ ਵਿਖੇ ਆਯੋਜਿਤ ਜਨ-ਸਭਾ ਵਿੱਚ ਕੀਤਾ ਗਿਆ।

ਸਮਾਣਾ ਦੇ ਵਾਰਡ ਨੰ. 21 ਦੀ ਢਿੱਲੋਂ ਕਲੋਨੀ ਵਿਖੇ ਜਨ-ਸਭਾ ਵਿੱਚ ਸ. ਹਰਚੰਦ ਸਿੰਘ ਬਰਸਟ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਸਭਾ ਵਿੱਚ ਵੱਡੀ ਗਿਣਤੀ ਵਿੱਚ ਮੁਹੱਲਾ ਵਾਸੀ ਪਹੁੰਚੇ, ਜਿਨ੍ਹਾਂ ਵੱਲੋਂ ਸ. ਬਰਸਟ ਦਾ ਸਵਾਗਤ ਕੀਤਾ ਗਿਆ।ਇਸ ਦੌਰਾਨ ਇਲਾਕਾ ਨਿਵਾਸੀਆਂ ਵੱਲੋਂ ਸ. ਬਰਸਟ ਨੂੰ ਕਲੋਨੀ ਦੇ ਵਿਕਾਸ ਅਤੇ ਹੋਰਨਾਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਚੇਅਰਮੈਨ ਨੇ ਕਲੋਨੀ ਵਾਸੀਆਂ ਨੂੰ ਭਰੋਸਾ ਦਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ।

ਇਸ ਦੌਰਾਨ ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦਾ ਚਹੁੰਪੱਖੀ ਵਿਕਾਸ ਹੈ।ਢਿੱਲੋਂ ਕਲੋਨੀ ਨਿਵਾਸੀਆਂ ਦੀਆਂ ਸਾਰੀਆਂ ਮੰਗਾਂ ਤੇ ਮੁਸ਼ਕਲਾਂ ਮੇਰੇ ਧਿਆਨ ਵਿੱਚ ਹਨ, ਜਿਨ੍ਹਾਂ ਨੂੰ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਕ ਪਾਸੇ ਜਿੱਥੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉੱਥੇ ਹੀ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ 65 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਤੋਹਫ਼ਾ ਦਿੱਤਾ ਗਿਆ ਹੈ, ਜਿਸ ਦੇ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਾਪਤ ਹੋਣਗੇ।ਇਸ ਤੋਂ ਇਲਾਵਾ ਮਹਿਲਾਵਾਂ ਨੂੰ ਮੁਫ਼ਤ ਬਸ ਸਫ਼ਰ ਦੀ ਸਹੂਲਤ ਦਿੱਤੀ ਜਾ ਰਹੀ ਹੈ।ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾ ਪ੍ਰਦਾਨ ਕਰਨ ਲਈ, ਜਿੱਥੇ ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁੱਫ਼ਤ ਤੇ ਕੈਸ਼ਲੈਸ ਇਲਾਜ ਦੀ ਸਹੂਲਤ ਹੈ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੋਂ ਲੋਕ ਬਹੁਤ ਖੁਸ਼ ਹਨ।ਇਸ ਮੌਕੇ ਹਜਾਰੀ ਲਾਲ ਜੋਹਰੀ, ਸੁਖਵਿੰਦਰ ਸਿੰਘ, ਇਸ਼ਵਰ ਪਾਲ, ਬਲਵਿੰਦਰ ਸਿੰਘ ਗਾਜੀਪੁਰ, ਸ਼ੰਕਰ ਜਿੰਦਲ, ਸਾਹਿਲ ਮਹਿਮੀ, ਅਸ਼ਵਨੀ ਅਰੋੜਾ, ਵਿਨੈ ਵਾਧਵਾ, ਕੁਲਦੀਪ ਸਿੰਘ, ਅਜੀਤ ਸਿੰਘ ਚੀਮਾ, ਰੋਹਿਤ ਮਹਿਰਾ, ਰਾਜ ਕੁਮਾਰ, ਜੈਕੀ ਮਹਿਰਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

# ਥਾਣੇ 'ਚ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੁਲਸ ਥਾਣਾ ਮਹਿਲ ਕਲਾਂ ਵਿਖੇ ਥਾਣਾ ਮੁਖੀ ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਮੂਹ ਸਟਾਫ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਸਰਬੱਤ ਦੇ ਭਲੇ ਦੀ ਕਾਮਨਾ ਕਰਦਿਆਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਜਿਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਆਈਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਪੁਲਸ ਪ੍ਰਸ਼ਾਸਨ ਦੇ ਇਸ ਅਧਿਆਤਮਕ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਇਲਾਕੇ ਦੀ ਸੁਖ-ਸ਼ਾਂਤੀ ਤੇ ਚੜ੍ਹਦੀਕਲਾ ਲਈ ਅਰਦਾਸ ਕੀਤੀ।ਇਸ ਮੌਕੇ ਪ੍ਰਬੰਧਕਾਂ ਵੱਲੋਂ ਡੀ.ਐੱਸ.ਪੀ. ਜਸਪਾਲ ਸਿੰਘ, ਇੰਸਪੈਕਟਰ ਕੁਲਵਿੰਦਰ ਸਿੰਘ ਧਾਲੀਵਾਲ, ਬਾਬਾ ਸ਼ੇਰ ਸਿੰਘ ਖ਼ਾਲਸਾ ਤੇ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਜਥੇ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਏ.ਐੱਸ.ਆਈ. ਗੁਰਤੇਜ ਸਿੰਘ, ਏ.ਐੱਸ.ਆਈ. ਰਜੀਵ ਕੁਮਾਰ, ਰੀਡਰ ਗੁਰਦੀਪ ਸਿੰਘ ਛੀਨੀਵਾਲ, ਮੁਨਸ਼ੀ ਗੁਰਪ੍ਰੀਤ ਸਿੰਘ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਸਰਪੰਚ ਸਰਬਜੀਤ ਸਿੰਘ, ਹੌਲਦਾਰ ਬਲਕੌਰ ਸਿੰਘ, ਹੌਲਦਾਰ ਜਸਵਿੰਦਰ ਸਿੰਘ, ਹੌਲਦਾਰ ਜਗਦੀਪ ਸਿੰਘ, ਹੌਲਦਾਰ ਸੁਖਰਾਜ ਸਿੰਘ ਤੇ ਮਹਿਲਾ ਸਿਪਾਹੀ ਬੇਅੰਤ ਕੌਰ ਆਦਿ ਹਾਜ਼ਰ ਸਨ।

# ਸਲਾਈਟ ਵੱਲੋਂ ਇੰਜ. ਖੜਿਆਲ ਨੂੰ ਨੌਜਵਾਨ ਪ੍ਰਤੀਕ ਸਨਮਾਨ ਨਾਲ ਨਿਵਾਜਿਆ




**ਸੁਨਾਮ/ਲੌਂਗੋਵਾਲ (ਅਸ਼ੋਕ ਬਾਂਸਲ, ਹਾਕਮ ਭੱਟੀ/ਪ੍ਰਦੀਪ ਸੱਪਲ)**-ਸੁਨਾਮ ਵਿਧਾਨ ਸਭਾ ਹਲਕੇ ਲਈ ਮਾਣ ਦੀ ਗੱਲ ਉਸ ਵੇਲੇ ਬਣੀ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਇੰਜੀਨੀਅਰ ਵਿਨਰਜੀਤ ਸਿੰਘ ਖੜਿਆਲ ਨੂੰ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ) ਵੱਲੋਂ ਨੌਜਵਾਨ ਪ੍ਰਤੀਕ ਸਨਮਾਨ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਦੀ ਲੰਬੇ ਸਮੇਂ ਤੋਂ ਸੰਸਥਾ ਨਾਲ ਜੁੜੇ ਰਹਿਣ ਤੇ ਸਮਾਜ ਵਿੱਚ ਕੀਤੀਆਂ ਉਪਲਬਧੀਆਂ ਨੂੰ ਦੇਖਦੇ ਹੋਏ ਦਿੱਤਾ ਗਿਆ।ਜਾਣਕਾਰੀ ਮੁਤਾਬਕ ਸ੍ਰ. ਵਿਨਰਜੀਤ ਸਿੰਘ ਖੜਿਆਲ ਨੇ 1993 ਤੋਂ 2000 ਤੱਕ ਸਲੀਅਟ ਵਿੱਚ ਵਿਦਿਆਰਥੀ ਵਜੋਂ ਆਪਣੇ ਜੀਵਨ ਦੇ ਸੱਤ ਅਹਿਮ ਸਾਲ ਬਿਤਾਏ।ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵੀ ਉਹ ਇਸ ਧਰਤੀ ਨਾਲ ਜੁੜੇ ਰਹੇ ਤੇ ਹਰ ਸਮੇਂ ਸੰਸਥਾ ਦੇ ਨਾਲ ਖੜ੍ਹੇ ਰਹੇ।ਇਸ ਮੌਕੇ ਇੰਸਟੀਚਿਊਟ ਦੇ ਡਾਇਰੈਕਟਰ ਮਨੀਕਾਂਤ ਪਾਸਵਾਨ, ਡੀਨ ਸਾਹਿਬਾਨ, ਐੱਸ.ਐੱਸ.ਏ. ਤੇ ਸਮੂਹ ਵਿਦਿਆਰਥੀਆਂ ਵੱਲੋਂ ਉਨ੍ਹਾਂ ਨੂੰ ਇਹ ਮਾਣ-ਸਨਮਾਨ ਭੇਟ ਕੀਤਾ ਗਿਆ।ਸੰਸਥਾ ਵੱਲੋਂ ਕਿਹਾ ਗਿਆ ਕਿ ਖੜਿਆਲ ਦੀਆਂ ਪ੍ਰਾਪਤੀਆਂ, ਸਮਾਜਕ ਸੇਵਾ ਤੇ ਨੌਜਵਾਨਾਂ ਲਈ ਪ੍ਰੇਰਨਾਦਾਇਕ ਭੂਮਿਕਾ ਦੇ ਮੱਦੇਨਜ਼ਰ ਉਨ੍ਹਾਂ ਨੂੰ ਇਸ ਸਨਮਾਨ ਲਈ ਚੁਣਿਆ ਗਿਆ ਹੈ।ਇਸ ਮੌਕੇ ਸ੍ਰ. ਖੜਿਆਲ ਨੇ ਆਪਣੀ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਵੱਡਾ ਮਾਣ ਹੈ।ਉਨ੍ਹਾਂ ਇੰਸਟੀਚਿਊਟ ਦੇ ਪ੍ਰਬੰਧਕਾਂ, ਡਾਇਰੈਕਟਰ, ਡੀਨ ਸਾਹਿਬਾਨ ਤੇ ਸਮੂਹ ਵਿਦਿਆਰਥੀਆਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਨੂੰ ਇਸ ਯੋਗ ਸਮਝਿਆ।ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਹੋਰ ਵਧੀਆ ਤਰੀਕੇ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗਾ।ਨਾਲ ਹੀ ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਨੌਜਵਾਨਾਂ ਤੇ ਹਰ ਵਰਗ ਦੀ ਭਲਾਈ ਲਈ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।ਇਹ ਸਨਮਾਨ ਨਾ ਸਿਰਫ ਸ੍ਰ. ਵਿਨਰਜੀਤ ਸਿੰਘ ਖੜਿਆਲ ਲਈ, ਸਗੋਂ ਸੁਨਾਮ ਹਲਕੇ ਦੇ ਲੋਕਾਂ ਲਈ ਵੀ ਗੌਰਵ ਦੀ ਗੱਲ ਹੈ, ਜਿਸ ਨਾਲ ਇਲਾਕੇ ਦਾ ਨਾਮ ਰੋਸ਼ਨ ਹੋਇਆ ਹੈ।

# ਜ਼ਿਲ੍ਹਾ ਫਾਜ਼ਿਲਕਾ 'ਚ ਖ਼ਾਸ ਗਿਰਦਾਵਰੀ ਦੇ ਹੁਕਮ ਜਾਰੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਹਾਲ ਹੀ ਵਿੱਚ ਹੋਈ ਅਚਾਨਕ ਬਾਰਿਸ਼ ਕਾਰਨ ਕਣਕ ਦੀ ਫਸਲ ਨੂੰ ਹੋਏ ਨੁਕਸਾਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਫਾਜ਼ਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੂੰ ਸਰਕਾਰ ਵੱਲੋਂ ਖ਼ਾਸ ਗਿਰਦਾਵਰੀ ਕਰਨ ਦੇ ਹੁਕਮ ਪ੍ਰਾਪਤ ਹੋਏ ਹਨ।ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਖ਼ਾਸ ਗਿਰਦਾਵਰੀ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਦਾ ਮੁੱਖ ਉਦੇਸ਼ ਮੌਕੇ 'ਤੇ ਜਾ ਕੇ ਫਸਲ ਦੇ ਨੁਕਸਾਨ ਦੀ ਅਸਲ ਸਥਿਤੀ ਦਾ ਅੰਦਾਜ਼ਾ ਲਗਾਉਣਾ ਹੈ।ਉਨ੍ਹਾਂ ਕਿਹਾ ਕਿ ਮਾਲ ਵਿਭਾਗ ਦੀਆਂ ਟੀਮਾਂ ਖੇਤਾਂ ਵਿੱਚ ਪਹੁੰਚ ਕੇ ਵਿਸਥਾਰ ਨਾਲ ਨੁਕਸਾਨ ਦੀ ਰਿਪੋਰਟ ਤਿਆਰ ਕਰ ਰਹੀਆਂ ਹਨ, ਤਾਂ ਜੋ ਪ੍ਰਭਾਵਿਤ ਕਿਸਾਨਾਂ ਦੀ ਸਹੀ ਪਛਾਣ ਕੀਤੀ ਜਾ ਸਕੇ।ਗਿਰਦਾਵਰੀ ਦੀ ਪ੍ਰਕਿਰਿਆ ਪੂਰੀ ਹੋਣ ਉਪਰੰਤ ਸਰਕਾਰ ਨੂੰ ਰਿਪੋਰਟ ਭੇਜੀ ਜਾਵੇਗੀ ਤੇ ਨਿਯਮਾਂ ਅਨੁਸਾਰ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਮੁਹੱਈਆ ਕਰਵਾਇਆ ਜਾਵੇਗਾ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਖੜ੍ਹਾ ਹੈ ਤੇ ਕਿਸੇ ਵੀ ਪ੍ਰਭਾਵਿਤ ਕਿਸਾਨ ਨੂੰ ਨਿਆਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਿਰਦਾਵਰੀ ਦਾ ਕੰਮ ਪੂਰੀ ਪਾਰਦਰਸ਼ਤਾ ਤੇ ਤੁਰੰਤ ਅਧਾਰ 'ਤੇ ਮੁਕੰਮਲ ਕੀਤਾ ਜਾਵੇ।


PUBLIC NOTICE

ICICI Bank

Registered Office: ICICI Bank Tower, Near Chakli Circle, Old Padra Road, Vadodara- 390007
Corporate Office: ICICI Bank Towers, Bandra-Kurla Complex Mumbai – 400051.

ਸੋਨਾ ਨਿਲਾਮੀ ਅਤੇ ਸੱਦਾ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਨੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ ਤੋਂ ਸੋਨੇ ਦੇ ਗਹਿਣਿਆਂ ਬਦਲੇ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੂੰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

ਬਕਾਇਆ ਰਕਮ ਦਾ ਭੁਗਤਾਨ ਨਾ ਕਰਨ 'ਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ 07 ਮਈ 2026 ਨੂੰ ਹੋਵੇਗੀ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੇ ਨਿਯਮ ਅਤੇ ਸ਼ਰਤਾਂ ਉਨ੍ਹਾਂ ਦੇ ਸੰਬੰਧਤ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਕਰਜ਼ਦਾਰਾਂ ਦਾ ਨਾਂਅ | ਨਿਲਾਮੀ ਸ਼ਾਖਾ ਦਾ ਪਤਾ |
|---|---|---|
| ਬਰਾਂਚ ਦਾ ਨਾਂਅ : ਬਾਘਾਪੁਰਾਣਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਨਿਹਾਲ ਸਿੰਘ ਰੋਡ, ਨੇੜੇ ਬਜਾਜ ਏਜੰਸੀ, ਬਾਘਾਪੁਰਾਣਾ, ਜ਼ਿਲ੍ਹਾ ਮੋਗਾ, ਪੰਜਾਬ-142308 |
| 278862002457 | ਸੰਦੀਪ ਸਿੰਘ | |
| ਬਰਾਂਚ ਦਾ ਨਾਂਅ : ਬਰਗਾੜੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਦਸਮੇਸ਼ ਪਬਲਿਕ ਸਕੂਲ, ਪਿੰਡ ਤੇ ਡਾਕਖਾਨਾ ਬਰਗਾੜੀ, ਜ਼ਿਲ੍ਹਾ ਫਰੀਦਕੋਟ, ਪੰਜਾਬ-151208 |
| 295662000684 | ਗੁਰਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਬਸੀ ਪਠਾਣਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਾਹਮਣੇ ਰਾਧਾ ਸੁਆਮੀ ਸਤਿਸੰਗ ਭਵਨ, ਬੱਸੀ ਪਠਾਣਾ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-140412 |
| 383462002444 | ਜਸਵਿੰਦਰ ਕੌਰ | |
| ਬਰਾਂਚ ਦਾ ਨਾਂਅ : ਭੋਗਪੁਰ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਐੱਫ 8, ਦਾਣਾ ਮੰਡੀ, ਜੀ ਟੀ ਰੋਡ, ਭੋਗਪੁਰ ਜਲੰਧਰ, ਪੰਜਾਬ-144201 |
| 374557000001 | ਲਵਜੀਤ ਸਿੰਘ | |
| ਬਰਾਂਚ ਦਾ ਨਾਂਅ : ਬੋਹਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਗਰਗ, ਰਤੀਆ, ਬੋਹਾ ਜ਼ਿਲ੍ਹਾ ਮਾਨਸਾ ਪੰਜਾਬ-151503 |
| 394957000023 | ਯਾਦਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਦਸੂਹਾ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਵਾਰਡ ਨੰ. 7, ਜੀ ਟੀ ਰੋਡ, ਨੇੜੇ ਐੱਲ ਆਈ ਸੀ, ਦਸੂਹਾ, ਪੰਜਾਬ-144222 |
| 357562001898 | ਪਲਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਡੇਰਾ ਬਾਬਾ ਨਾਨਕ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬਟਾਲਾ ਰੋਡ, ਸਾਹਮਣੇ ਪੀ ਐੱਸ ਈ ਬੀ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143604 |
| 388362000170 | ਸੁਬੇਗ ਸਿੰਘ | |
| ਬਰਾਂਚ ਦਾ ਨਾਂਅ : ਫਿਰੋਜ਼ਪੁਰ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪੀ ਟੀ-701-624592, ਈ ਐੱਸ 30/26 ਧਰਾਤਲ ਮੰਜ਼ਲ ਖਸਰਾ ਨੰ. 765 (16-19), ਨੇੜੇ ਊਧਮ ਸਿੰਘ ਚੌਕ, ਮਾਲ ਰੋਡ, ਫਿਰੋਜ਼ਪੁਰ ਸਿਟੀ, ਪੰਜਾਬ-152002 |
| 044862005111 | ਕਮਲਜੀਤ ਕੌਰ | |
| ਬਰਾਂਚ ਦਾ ਨਾਂਅ : ਕਲਾਨੌਰ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਖਸਰਾ ਨੰ. 175/6/2/2, ਡੀ ਬੀ ਐੱਨ ਰੋਡ, ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143512 |
| 357462001710 | ਨਵਰਾਜ ਸਿੰਘ | |
| 357462004142 | ਹਰਵਿੰਦਰ ਹਰਵਿੰਦਰ | |
| ਬਰਾਂਚ ਦਾ ਨਾਂਅ : ਕਪੂਰਥਲਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 83/206, ਸਾਹਮਣੇ ਧਿਆਨ ਸਿੰਘ ਪੈਟਰੋਲ ਪੰਪ, ਨੇੜੇ ਬੱਸ ਸਟੈਂਡ, ਜਲੰਧਰ ਰੋਡ, ਕਪੂਰਥਲਾ-144601 |
| 044957000066 | ਮੱਖਣ ਸਿੰਘ | |
| ਬਰਾਂਚ ਦਾ ਨਾਂਅ : ਰਾਜਪੁਰਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਕੈਲੀਬਰ ਮਾਰਕਿਟ, ਨੇੜੇ ਓਵਰਬ੍ਰਿਜ, ਪਟਿਆਲਾ ਰਾਜਪੁਰਾ ਰੋਡ, ਰਾਜਪੁਰਾ, ਪੰਜਾਬ-140401 |
| 047762008372 | ਪਰਮਜੀਤ ਕੌਰ | |
| 047705008498 | ਅਮਨਦੀਪ ਕੌਰ | |
| ਬਰਾਂਚ ਦਾ ਨਾਂਅ : ਰਾਮਪੁਰਾਫੂਲ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਮ ਸੀ ਬੀ-32/1, ਬੈਂਕ ਬਾਜ਼ਾਰ, ਰਾਮਪੁਰਾ ਫੂਲ, ਤਹਿਸੀਲ ਫੂਲ, ਜ਼ਿਲ੍ਹਾ ਬਠਿੰਡਾ, ਪੰਜਾਬ-151103 |
| 355562001582 | ਹਰਪ੍ਰੀਤ ਸਿੰਘ | |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬਿਸ਼ਨ ਲਾਲ ਕੰਪਲੈਕਸ, ਫਰੀਦਕੋਟ ਰੋਡ, ਸਾਦਿਕ, ਜ਼ਿਲ੍ਹਾ ਫਰੀਦਕੋਟ, ਪੰਜਾਬ-151212 |
| 357162004377 | ਜਵਰਜੰਗ ਸਿੰਘ | |
| 357162007118 | ਨਛੱਤਰ ਸਿੰਘ | |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਵਰਨ ਪੈਲੇਸ, ਨੇੜੇ ਰੇਲਵੇ ਚੌਕ, ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-144203 |
| 087862003263 | ਰਜਿੰਦਰ ਕੌਰ | |

ਨਿਲਾਮੀ ਉਕਤ ਦਰਸਾਈ ਸਾਰਣੀ 'ਚ ਪਤੇ ਅਤੇ ਮਿਤੀ ਨੂੰ ਹੋਵੇਗੀ। ਸਮਾਂ 3.00 ਵਜੇ ਬਾਅਦ ਦੁਪਹਿਰ ਤੋਂ 6.00 ਵਜੇ ਸ਼ਾਮ ਤੱਕ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਆਈ ਸੀ ਆਈ ਸੀ ਆਈ ਬੈਂਕ ਨੂੰ ਮਿਲਾਮੀ ਮਿਤੀ/ਸਥਾਨ, ਨਿਲਾਮੀ ਦਾ ਢੰਗ ਬਿਨਾਂ ਅਗਾਊਂ ਨੋਟਿਸ ਦਿੱਤਿਆਂ ਬਦਲਣ ਦਾ ਅਧਿਕਾਰ ਹੈ।

ਚਾਹਵਾਨ ਪਾਰਟੀਆਂ ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ ਉਕਤ ਦਰਸਾਈਆਂ ਸ਼ਾਖਾਵਾਂ 'ਤੇ ਪਧਾਰਨ।

ਮਿਤੀ : 07.04.2026

ਸਥਾਨ : ਗੁਰਦਾਸਪੁਰ, ਮਾਨਸਾ, ਪਟਿਆਲਾ, ਬਠਿੰਡਾ, ਜਲੰਧਰ, ਕਪੂਰਥਲਾ, ਫਰੀਦਕੋਟ, ਮੋਗਾ, ਫਿਰੋਜ਼ਪੁਰ, ਫਤਿਹਗੜ੍ਹ ਸਾਹਿਬ, ਹੁਸ਼ਿਆਰਪੁਰ

ਸ਼ੁਭਚਿੰਤਕ, ਸਹੀ/-ਅਧਿਕਾਰਤ ਹਸਤਾਖਰੀ ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ

# ਆਂਗਣਵਾੜੀ ਵਰਕਰ ਮੁਲਾਜ਼ਮ ਯੂਨੀਅਨ ਨੇ ਦਿੱਤਾ ਮੰਗ ਪੱਤਰ

**ਦਸੂਹਾ (ਕਰਨੈਲ ਮਾਂਗਟ)**

ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਬਲਾਕ ਪ੍ਰਧਾਨ ਸਰਬਜੀਤ ਕੌਰ ਤੂਰ ਦੀ ਅਗਵਾਈ ਹੇਠ ਬਲਾਕ ਦਸੂਹਾ ਵੱਲੋਂ ਡਾਇਰੈਕਟਰ ਦੇ ਨਾਮ ਤੇ ਸੀ ਡੀ ਪੀ ਓ ਰਵਿੰਦਰ ਕੌਰ ਨੂੰ ਮੰਗ ਪੱਤਰ ਦਿੱਤਾ ਗਿਆ। ਜਥੇਬੰਦੀ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਨੇ ਜੋ ਮੋਬਾਇਲ ਫੋਨ ਪੋਸ਼ਨ ਅਭਿਆਨ ਫੰਡਾਂ ਵਿਚੋਂ ਆਂਗਣਵਾੜੀ ਵਰਕਰਾਂ ਲਈ ਖਰੀਦੇ ਹਨ, ਉਹ ਫੋਨ ਆਂਗਣਵਾੜੀ ਵਰਕਰਾਂ ਨੂੰ ਹੀ ਦਿੱਤੇ ਜਾਣ। ਜੇਕਰ ਇਹ ਫੋਨ ਆਂਗਣਵਾੜੀ ਵਰਕਰ ਨੂੰ ਨਹੀਂ ਦਿੱਤੇ ਜਾਂਦੇ ਤਾਂ ਆਂਗਣਵਾੜੀ ਵਰਕਰ ਆਪਣੇ ਪਰਸਨਲ ਫੋਨ ਤੋਂ ਸਰਕਾਰ ਦੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਵਿੱਚ ਲਾਭਪਾਤਰੀ ਰਜਿਸਟਰ ਨਹੀਂ ਕਰਨਗੀਆਂ, ਕਿਉਂਕਿ ਉਹ ਪਹਿਲਾਂ ਹੀ ਆਪਣੇ ਫੋਨਾਂ ਤੋਂ ਪੋਸ਼ਨ ਅਭਿਆਨ ਦਾ ਕੰਮ ਕਰ ਰਹੀਆਂ ਹਨ। ਉਨਾਂ ਕਿਹਾ ਕਿ ਪਿਛਲੇ ਅੱਠ ਸਾਲ ਤੋਂ ਵਰਕਰਾਂ, ਹੈਲਪਰਾਂ ਫੋਨਾਂ ਨੂੰ ਉਡੀਕ ਰਹੀਆਂ ਹਨ, ਜਦ ਕਿ ਦੂਜੇ ਸੂਬਿਆਂ ਨੇ ਦੋ ਦੋ ਵਾਰ ਆਂਗਣਵਾੜੀ ਵਰਕਰਾਂ ਨੂੰ ਮੋਬਾਈਲ ਫੋਨ ਦੇ ਦਿੱਤੇ ਹਨ, ਪਰ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਆਪਣੇ ਪਰਸਨਲ ਫੋਨਾਂ ਤੋਂ ਕੰਮ ਕਰਨ ਲਈ ਮਜਬੂਰ ਕਰਦੀ ਹੈ, ਜਿਸ ਦਾ ਜਥੇਬੰਦੀ ਵਿਰੋਧ ਕਰਦੀ ਹੈ। ਜਥੇਬੰਦੀ ਨੇ ਇਹ ਵੀ ਮੰਗ ਕੀਤੀ ਹੈ ਕਿ ਇਕ ਲਾਭਪਾਤਰੀ ਨੂੰ ਰਜਿਸਟਰ ਕਰਨ ਲਈ ਘੱਟ ਤੋਂ ਘੱਟ ਇਕ ਆਂਗਣਵਾੜੀ ਵਰਕਰ ਨੂੰ 100 ਅਤੇ ਹੈਲਪਰ ਨੂੰ 50 ਰੁਪਏ ਦਿੱਤੇ ਜਾਣ। ਪ੍ਰਧਾਨ ਮੰਤਰੀ ਮਾਤਰੂਵੰਦਨਾ ਯੋਜਨਾ ਵਿੱਚ ਇਕ ਲਾਭ ਪਾਤਰੀ ਦੇ ਆਂਗਣਵਾੜੀ ਵਰਕਰ ਨੂੰ 200 ਅਤੇ ਹੈਲਪਰ ਨੂੰ 100 ਰੁਪਏ ਦਿੱਤੇ ਜਾਂਦੇ ਹਨ, ਫਿਰ ਸਰਕਾਰ ਸਿਰਫ 25 ਰੁਪਏ ਦੇ ਕੇ ਕੰਮ ਲੈਣ ਦੀ ਕੋਸ਼ਿਸ਼ ਕਿਉਂ ਕਰ ਰਹੀ ਹੈ। ਇਸ ਸਮੇ ਬਲਵਿੰਦਰ ਕੌਰ ਲੁਗਾਣਾ, ਸੋਨਿਕਾ ਰਾਣੀ, ਮਨਦੀਪ ਕੌਰ, ਜਸਵੀਰ ਕੌਰ, ਨੀਲਮ, ਬਲਵਿੰਦਰ ਕੌਰ ਬੇਰਛਾ, ਸੰਦੀਪ ਤੇ ਅਮਰਿਤੀ ਸ਼ਰਮਾ ਆਗੂ ਹਾਜ਼ਰ ਸਨ।



# ਸਬ-ਤਹਿਸੀਲ 'ਚ 3 ਸਾਲਾਂ 'ਚ 5 ਵਾਰ ਚੋਰੀ

**ਧਾਰੀਵਾਲ (ਮਨਦੀਪ ਵਿੱਕੀ)**-ਧਾਰੀਵਾਲ ਸ਼ਹਿਰ ਵਿਚ ਚੋਰਾਂ ਦੇ ਹੌਸਲੇ ਇੰਨੇ ਬੁਲੰਦ ਹੋ ਚੁੱਕੇ ਹਨ ਉਹ ਸਰਕਾਰੀ ਦਫਤਰਾਂ ਵਿਚ ਵੀ ਚੋਰੀਆਂ ਕਰਨ ਤੋਂ ਨਹੀਂ ਡਰ ਰਹੇ।ਅਜਿਹੀ ਹੀ ਘਟਨਾ ਵਾਪਰੀ ਹੈ ਸ਼ਹਿਰ ਦੀ ਸਬ ਤਹਿਸੀਲ ਦੀ ਇਮਾਰਤ ਵਿਚ ਜਿੱਥੇ ਕਿ ਚੋਰਾਂ ਵੱਲੋਂ ਚੋਰੀ ਕਰਦਿਆਂ ਬਿਜਲੀ ਦੇ ਬੋਰਡ ਅਤੇ ਮੁੱਖ ਦਰਵਾਜ਼ੇ ਤੋੜ ਦਿੱਤੇ ਗਏ ਹਨ।ਜਾਣਕਾਰੀ ਦਿੰਦਿਆਂ ਸਬ ਤਹਿਸੀਲ ਦੇ ਸਟਾਫ ਗੁਰਭੇਜ ਸਿੰਘ ਕਲਸੀ, ਜੰਗਬਹਾਦਰ ਸਿੰਘ, ਹਰਜਿੰਦਰ ਸਿੰਘ, ਬਲਜੀਤ ਸਿੰਘ ਗੋਰਾਇਆ ਤੇ ਚੌਕੀਦਾਰ ਪਰਦੀਪ ਕੁਮਾਰ ਨੇ ਦੱਸਿਆ ਕਿ ਬੀਤੀ 04 ਅਪ੍ਰੈਲ ਦੀ ਰਾਤ ਨੂੰ 3-4 ਹਥਿਆਰਬੰਦ ਚੋਰਾਂ ਵੱਲੋਂ ਦਫਤਰ ਵਿਚ ਦਾਖਲ ਹੋ ਕੇ ਪਟਵਾਰ ਖਾਨੇ ਦੀ ਇਮਾਰਤ ਵਿਚ ਭੰਨ-ਤੋੜ ਕੀਤੀ ਗਈ ਹੈ ਜਿਸ ਕਾਰਨ ਦਫਤਰ ਦਾ ਕੀਮਤੀ ਸਾਮਾਨ ਚੋਰੀ ਕਰ ਲਿਆ ਗਿਆ ਹੈ। ਇੰਨਾ ਹੀ ਨਹੀਂ, ਅਗਲੀ ਰਾਤ ਮੁੜ ਚੋਰਾਂ ਵੱਲੋਂ ਉਸੇ ਇਮਾਰਤ ਵਿਚ ਫਿਰ ਚੋਰੀ ਕੀਤੀ ਗਈ ਹੈ।ਚੌਕੀਦਾਰ ਪਰਦੀਪ ਕੁਮਾਰ ਵੱਲੋਂ ਮੌਕੇ 'ਤੇ ਫੋਨ ਕਰਕੇ ਪੁਲਸ ਪਾਰਟੀ ਬੁਲਾਈ ਗਈ ਪਰ ਪੁਲਸ ਦੇ ਹੂਟਰ ਕਾਰਨ ਚੋਰ ਭੱਜ ਗਏ।ਸਟਾਫ ਨੇ ਕਿਹਾ ਕਿ ਚੋਰਾਂ ਖਿਲਾਫ ਸਖਤ ਕਾਰਵਾਈ ਕਰਕੇ ਇਸ ਏਰੀਆ ਵਿਚ ਪੁਲਿਸ ਪੈਟਰੋਲਿੰਗ ਵਧਾਈ ਜਾਵੇ ਤਾਂ ਜੋ ਕੋਈ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।

# ਖ਼ਾਲਸਾ ਕਾਲਜ ਦਾ ਐੱਮ ਏ ਹਿਸਟਰੀ ਦਾ ਨਤੀਜਾ ਸ਼ਾਨਦਾਰ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਐੱਮ ਏ ਹਿਸਟਰੀ ਸਮੈਸਟਰ ਪਹਿਲੇ ਤੇ ਤੀਜੇ ਦੇ ਨਤੀਜੇ ਸ਼ਾਨਦਾਰ ਰਹੇ ਹਨ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਵਲੋਂ ਐਲਾਨੇ ਗਏ ਐੱਮ ਏ ਹਿਸਟਰੀ ਸਮੈਸਟਰ ਤੀਜੇ ਦੇ ਨਤੀਜੇ ਵਿਚ ਵਿਦਿਆਰਥਣ ਰਜਨੀ ਨੇ 81.75 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਅਰਸ਼ਪ੍ਰੀਤ ਕੌਰ ਨੇ 81.5 ਫੀਸਦੀ ਅੰਕ ਲੈ ਕੇ ਦੂਜਾ ਸਥਾਨ, ਕੋਮਲ ਨੇ 77.7 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਇਸੇ ਤਰ੍ਹਾਂ ਐੱਮ ਏ ਹਿਸਟਰੀ ਪਹਿਲੇ ਸਮੈਸਟਰ ਦੇ ਨਤੀਜੇ ਵਿਚ ਵਿਦਿਆਰਥਣ ਸੁਮਿਤੀ ਨੇ 80.5 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਨਵਰੂਪ ਨੇ 79.25 ਫੀਸਦੀ ਅੰਕ ਲੈ ਕੇ ਦੂਜਾ ਸਥਾਨ ਅਤੇ ਰਿਤਿਸ਼ਾ ਨੇ 71.5 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਿਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ। ਉਨ੍ਹਾਂ ਅਵੱਲ ਰਹੀਆਂ ਵਿਦਿਆਰਥਣਾਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਮੀਂਹ ਤੇ ਗੜੇਮਾਰੀ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਵੇ ਸਰਕਾਰ : ਧਾਲੀਵਾਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਪੰਜਾਬ ਵਿੱਚ ਹਾਲ ਹੀ ਵਿੱਚ ਹੋਈ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਕਣਕ ਦੀ ਖੜ੍ਹੀ ਫਸਲ ਨੂੰ ਹੋਏ ਭਾਰੀ ਨੁਕਸਾਨ 'ਤੇ ਗਹਿਰੀ ਚਿੰਤਾ ਜਤਾਈ ਹੈ। ਉਨ੍ਹਾਂ ਨੇ ਰਾਜ ਸਰਕਾਰ ਤੋਂ ਪ੍ਰਭਾਵਿਤ ਕਿਸਾਨਾਂ ਲਈ ਤੁਰੰਤ ਗਿਰਦਾਵਰੀ ਕਰਵਾਉਣ ਤੇ ਯੋਗ ਮੁਆਵਜ਼ੇ ਦੀ ਵਿਵਸਥਾ ਕਰਨ ਦੀ ਮੰਗ ਕੀਤੀ ਹੈ।ਧਾਲੀਵਾਲ ਨੇ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਤੋਂ ਕਿਸਾਨ ਅਜੇ ਪੂਰੀ ਤਰ੍ਹਾਂ ਸੰਭਲ ਵੀ ਨਹੀਂ ਪਾਏ ਸਨ ਕਿ ਹੁਣ ਕਣਕ ਦੀ ਕਟਾਈ ਦੇ ਸਮੇਂ ਹੋਈ ਬਾਰਿਸ਼ ਅਤੇ ਗੜ੍ਹੇਮਾਰੀ ਨੇ ਉਨ੍ਹਾਂ ਨੂੰ ਇਕ ਹੋਰ ਵੱਡਾ ਝਟਕਾ ਦਿੱਤਾ ਹੈ। ਇਸ ਦੋਹਰੇ ਸੰਕਟ ਨੇ ਕਿਸਾਨਾਂ ਨੂੰ ਗੰਭੀਰ ਆਰਥਿਕ ਅਸਥਿਰਤਾ ਵਿੱਚ ਧੱਕ ਦਿੱਤਾ ਹੈ।ਕਿਸਾਨਾਂ ਦੀ ਖਰਾਬ ਹੁੰਦੀ ਹਾਲਤ 'ਤੇ ਚਿੰਤਾ ਜਤਾਉਂਦੇ ਹੋਏ ਉਨ੍ਹਾਂ ਕਿਹਾ ਕਿ ਕਣਕ ਦੀ ਖੜ੍ਹੀ ਫਸਲ ਦੇ ਵੱਡੇ ਹਿੱਸੇ ਨੂੰ ਨੁਕਸਾਨ ਹੋਇਆ ਹੈ, ਜਿਸ ਨਾਲ ਪਹਿਲਾਂ ਹੀ ਪਰੇਸ਼ਾਨ ਕਿਸਾਨ ਹੋਰ ਵੀ ਅਨਿਸ਼ਚਿਤਤਾ ਵਿੱਚ ਫਸ ਗਏ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮੇਂ ਸਿਰ ਨੁਕਸਾਨ ਦਾ ਅੰਕਲਨ ਅਤੇ ਰਾਹਤ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੋ ਇਹ ਸਥਿਤੀ ਵੱਡੇ ਖੇਤੀ ਸੰਕਟ ਵਿੱਚ ਤਬਦੀਲ ਨਾ ਹੋਵੇ।ਧਾਲੀਵਾਲ ਨੇ ਸਰਕਾਰ ਤੋਂ ਪ੍ਰਤੀ ਏਕੜ 50,000 ਮੁਆਵਜ਼ਾ ਦੇਣ ਦਾ ਐਲਾਨ ਕਰਨ ਤੇ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਰਾਹਤ ਰਕਮ ਬਿਨਾਂ ਕਿਸੇ ਦੇਰੀ ਦੇ ਕਿਸਾਨਾਂ ਤੱਕ ਪਹੁੰਚੇ।

# ਪਰਵਾਸੀਆਂ ਲਈ ਛੋਟੇ ਗੈਸ ਸਿਲੰਡਰਾਂ ਦਾ ਵਿਸ਼ੇਸ਼ ਪ੍ਰਬੰਧ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪਰਵਾਸੀ ਮਜ਼ਦੂਰਾਂ ਤੇ ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਤੇ ਗੈਸ ਕੰਪਨੀਆਂ ਵੱਲੋਂ ਛੋਟੇ ਵਪਾਰਿਕ ਸਿਲੰਡਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਇਸ ਤਹਿਤ ਪੰਜ ਕਿਲੋ ਅਤੇ ਦੋ ਕਿਲੋ ਸਮਰੱਥਾ ਵਾਲੇ ਗੈਸ ਸਿਲੰਡਰ ਉਪਲਬਧ ਕਰਵਾਏ ਜਾ ਰਹੇ ਹਨ ਤਾਂ ਜੋ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਆਨੰਦਪੁਰ ਸਾਹਿਬ ਗੈਸ ਸਰਵਿਸ ਦੇ ਮਾਲਿਕ ਜਸਵਿੰਦਰ ਸਿੰਘ ਢਿੱਲੋ ਨੇ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਹਟ ਵਿੱਚ ਆ ਕੇ ਗੈਸ ਸਿਲੰਡਰਾਂ ਦੀ ਬੁਕਿੰਗ ਨਾ ਕਰਵਾਉਣ। ਉਹਨਾਂ ਕਿਹਾ ਕਿ ਹਰ ਇਕ ਖਪਤਕਾਰ ਨੂੰ ਉਸ ਦੀ ਲੋੜ ਅਨੁਸਾਰ ਗੈਸ ਸਿਲੰਡਰ ਮੁਹੱਈਆ ਕਰਵਾਏ ਜਾਣਗੇ।ਉਹਨਾਂ ਦੱਸਿਆ ਕਿ ਵਿਸ਼ੇਸ਼ ਕੈਟਾਗਰੀ ਜਿਵੇਂ ਕਿ ਸਕੂਲਾਂ ਜਾਂ ਧਾਰਮਿਕ ਸਥਾਨਾਂ ਲਈ ਗੈਸ ਸਿਲੰਡਰ ਜਾਰੀ ਕਰਨ ਤੋਂ ਪਹਿਲਾਂ ਕੰਪਨੀ ਤੋਂ ਮਨਜ਼ੂਰੀ ਲੈਣੀ ਲਾਜ਼ਮੀ ਹੈ।

# ਨਾਇਬ ਸਿੰਘ ਸੈਣੀ ਵੱਲੋਂ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਜੀਂਦ ਵਿੱਚ ਆਯੋਜਿਤ ਧੰਨਵਾਦ ਅਤੇ ਵਿਕਾਸ ਰੈਲੀ ਵਿੱਚ 253 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਹੈ। ਮੁੱਖ ਮੰਤਰੀ ਨੇ 140 ਕਰੋੜ 87 ਲੱਖ 8 ਹਜ਼ਾਰ ਰੁਪਏ ਦੀ ਲਾਗਤ ਵਾਲੇ 12 ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ 112 ਕਰੋੜ 14 ਲੱਖ 10 ਹਜ਼ਾਰ ਰੁਪਏ ਦੀ ਲਾਗਤ ਵਾਲੇ 3 ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜਿਨ੍ਹਾਂ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਹੈ, ਉਨ੍ਹਾਂ ਵਿੱਚ ਸਿੰਚਾਈ ਅਤੇ ਜਲ ਸਰੋਤ ਵਿਭਾਗ ਵੱਲੋਂ 16 ਕਰੋੜ 28 ਲੱਖ 30 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਾਈ ਗਈ ਜੀਂਦ ਡਿਸਟ੍ਰੀਬਿਊਟਰੀ ਨੰਬਰ-4 ਦੇ ਪੁਨਰ ਨਿਰਮਾਣ ਦਾ ਕੰਮ ਸ਼ਾਮਲ ਹੈ। ਇਸ ਤੋਂ ਇਲਾਵਾ 39 ਕਰੋੜ 49 ਲੱਖ 80 ਹਜ਼ਾਰ ਰੁਪਏ ਦੀ ਲਾਗਤ ਨਾਲ ਪਿੰਡ ਪੱਧਰ ਤੇ ਆਧੁਨਿਕ ਸੂਖਮ ਸਿੰਚਾਈ ਪ੍ਰਣਾਲੀ, ਸੌਰ ਊਰਜਾ ਅਧਾਰਤ ਸਿੰਚਾਈ ਵਿਵਸਥਾ ਅਤੇ ਇੰਟਲ ਖੁਰਦ ਪਿੰਡ ਵਿੱਚ ਜਲ ਭੰਡਾਰਨ ਲਈ ਬੈਲੇਂਸਿੰਗ ਰਿਜ਼ਰਵਾਇਰ ਨਿਰਮਾਣ ਕਾਰਜ ਵੀ ਸ਼ਾਮਲ ਹੈ।ਉੱਥੇ ਹੀ, ਮੁੱਖ ਮੰਤਰੀ ਨੇ ਜੀਂਦ ਸਥਿਤ ਚੌਧਰੀ ਰਣਬੀਰ ਸਿੰਘ ਯੂਨੀਵਰਸਿਟੀ ਵਿੱਚ ਡਾ. ਭੀਮ ਰਾਓ ਅੰਬੇਡਕਰ ਲਾਇਬ੍ਰੇਰੀ ਬਿਲਡਿੰਗ ਦਾ ਵੀ ਉਦਘਾਟਨ ਕੀਤਾ, ਜਿਸ 'ਤੇ 56 ਕਰੋੜ 36 ਲੱਖ ਰੁਪਏ ਖਰਚ ਹੋਏ ਹਨ।

# ਕਰੰਟ ਲੱਗਣ ਨਾਲ ਮੁਲਾਜ਼ਮ ਦੀ ਮੌਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਨੇੜਲੇ ਪਿੰਡ ਧਾਰ ਵਿਖੇ ਡਿਊਟੀ ਦੌਰਾਨ ਬਿਜਲੀ ਦਾ ਕਰੰਟ ਲੱਗਣ ਨਾਲ ਨਵਨਿਯੁਕਤ ਸਹਾਇਕ ਲਾਈਨਮੈਨ (ਏ ਐੱਲ ਐਮ) ਦੀ ਮੌਤ ਹੋ ਗਈ ਹੈ। ਮ੍ਰਿਤਕ ਮੁਲਾਜ਼ਮ ਦੀ ਪਛਾਣ ਸਰਬਜੀਤ ਸਿੰਘ (22) ਵਾਸੀ ਪਿੰਡ ਭੰਬੋਤਾੜ ਵਜੋਂ ਹੋਈ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਸਬ-ਡਵੀਜ਼ਨ ਤਲਵਾੜਾ ਅਧੀਨ ਸਰਬਜੀਤ ਸਿੰਘ ਨੇ ਕਰੀਬ 3 ਮਹੀਨੇ ਪਹਿਲਾਂ ਹੀ ਬਤੌਰ ਏ ਐੱਲ ਐੱਮ ਨੌਕਰੀ ਜੁਆਇੰਨ ਕੀਤੀ ਸੀ। ਉਹ ਪਿੰਡ ਧਾਰ ਵਿਖੇ ਬੰਦ ਬਿਜਲੀ ਸਪਲਾਈ ਠੀਕ ਕਰਨ ਆਪਣੇ ਸਾਥੀ ਮੁਲਾਜ਼ਮ ਨਾਲ ਗਿਆ ਸੀ, ਤਾਂ ਹਾਈਵੋਲਟੇਜ਼ ਤਾਰਾਂ ਦੇ ਸੰਪਰਕ 'ਚ ਆ ਗਿਆ। ਜਿਸ ਨੂੰ ਬੀ ਬੀਐਮਬੀ ਹਸਪਤਾਲ ਲੈ ਜਾਇਆ ਗਿਆ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਸਰਬਜੀਤ ਸਿੰਘ ਆਪਣੇ ਬਜ਼ੁਰਗ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਉਸ ਦੀ ਛੋਟੀ ਭੈਣ ਮਾਸਟਰ ਡਿਗਰੀ ਕਰ ਰਹੀ ਹੈ। ਜਵਾਨ ਪੁੱਤਰ ਦੀ ਮੌਤ ਦੀ ਖ਼ਬਰ ਸੁਣ ਕੇ ਪਰਵਾਰਕ ਮੈਂਬਰ ਸਦਮੇ 'ਚ ਹਨ, ਪਿੰਡ ਵਿਚ ਸੋਗ ਦੀ ਲਹਿਰ ਹੈ। ਘਟਨਾਂ ਦੀ ਸੂਚਨਾ ਮਿਲਣ ਉਪਰੰਤ ਸਥਾਨਕ ਪੁਲਸ ਮੌਕੇ 'ਤੇ ਪੁੱਜੀ। ਉਨ੍ਹਾਂ ਲਾਸ਼ ਨੂੰ ਕਬਜ਼ੇ 'ਚ ਲੈ ਲਿਆ। ਪੋਸਟਮਾਰਟਮ ਕਰਵਾ ਕੇ ਮ੍ਰਿਤਕ ਦੇਹ ਵਾਰਸਾਂ ਦੇ ਸਪੁਰਦ ਕਰ ਦਿੱਤੀ। ਭੰਬੋਤਾੜ ਦੇ ਸਰਪੰਚ ਕਮਲ ਕਿਸ਼ੋਰ ਨੇ ਦਸਿਆ ਪਿੰਡ ਦੇ ਸ਼ਮਸ਼ਾਨ ਘਾਟ 'ਚ ਸਰਬਜੀਤ ਸਿੰਘ ਦਾ ਅੰਤਿਮ ਸਸਕਾਰ ਕਰ ਦਿੱਤਾ ਹੈ। ਅੰਤਿਮ ਸਸਕਾਰ 'ਚ ਵਿਭਾਗ ਦੇ ਐਕਸਿਅਨ ਗੁਰਪ੍ਰਤਾਪ ਸਿੰਘ, ਵਿਧਾਇਕ ਐਡ ਕਰਮਬੀਰ ਘੁੰਮਣ ਤੋਂ ਇਲਾਵਾ ਖ਼ੇਤਰ ਦੇ ਵੱਖ ਵੱਖ ਧਾਰਮਿਕ, ਸਮਾਜਿਕ ਸੰਗਠਨਾਂ ਤੇ ਸਿਆਸੀ ਧਿਰਾਂ ਦੇ ਨੁੰਮਾਇੰਦੇ ਸ਼ਾਮਲ ਹੋਏ। ਮ੍ਰਿਤਕ ਦੇ ਮਾਪਿਆਂ ਤੇ ਪਿੰਡ ਦੇ ਮੋਹਤਬਰਾਂ ਨੇ ਹਾਦਸੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।



# ਮਾਨ ਸੈਂਡਵਾਲ ਦੀ ਪੰਚਾਇਤ ਵੱਲੋਂ ਕੰਪਿਊਟਰ ਪੈਨਲਾਂ ਦਾ ਉਦਘਾਟਨ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਪਿੰਡ ਮਾਨ ਸੈਂਡਵਾਲ ਦੇ ਸਰਕਾਰੀ ਹਾਈ ਸਕੂਲ ਵਿਖੇ ਸਕੂਲ ਸਟਾਫ ਅਤੇ ਪਿੰਡ ਦੀ ਪੰਚਾਇਤ ਅਤੇ ਪਤਵੰਤੇ ਸੱਜਣਾਂ ਵਿਚਕਾਰ ਇਕ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿਚ ਮਾਣਯੋਗ ਸਰਕਾਰ ਵੱਲੋਂ ਸਕੂਲ ਵਿੱਚ ਲਗਾਏ ਗਏ ਕੰਪਿਊਟਰ ਪੈਨਲਾਂ ਤੋਂ ਜਾਣੂ ਕਰਵਾਇਆ ਗਿਆ ਅਤੇ ਸਕੂਲ ਵਿਚ ਚੱਲ ਰਹੇ ਵਿਕਾਸ ਕਾਰਜਾਂ ਬਾਰੇ ਚਰਚਾ ਕੀਤੀ ਗਈ।ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਮਨਜੀਤ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਨਵੀਂ ਤਕਨਾਲੋਜੀ ਨਾਲ ਜੋੜਨ ਲਈ ਭਰਪੂਰ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਕੰਪਿਊਟਰ ਪੈਨਲਾਂ ਦਾ ਲਗਾਇਆ ਜਾਣਾ ਆਧੁਨਿਕ ਤੇ ਅਹਿਮ ਉਪਰਾਲਾ ਹੈ।ਉਨ੍ਹਾਂ ਦੱਸਿਆ ਕਿ ਇਸ ਨਾਲ ਵਿਦਿਆਰਥੀਆਂ ਦੀ ਡਿਜੀਟਲ ਸਿੱਖਿਆ ਵਿੱਚ ਖੂਬ ਵਾਧਾ ਹੋਵੇਗਾ ਵਿਦਿਆਰਥੀ ਆਨਲਾਈਨ ਕਿਤਾਬਾਂ ਤੇ ਸਿੱਖਿਆ ਨਾਲ ਸੰਬੰਧਿਤ ਗਿਆਨ ਭਰਪੂਰ ਸਮੱਗਰੀ ਬੜੇ ਸੌਖੇ ਢੰਗ ਨਾਲ ਹਾਸਲ ਕਰ ਸਕਣਗੇ।ਇਸਦੇ ਨਾਲ ਅਧਿਆਪਕ ਆਪਣੇ ਵਿਦਿਆਰਥੀਆਂ ਨੂੰ ਸਿਲੇਬਸ ਦੀਆਂ ਪਾਠ ਪੁਸਤਕਾਂ ਬੜੇ ਆਸਾਨ ਤੇ ਰੌਚਕ ਢੰਗ ਨਾਲ ਪੜ੍ਹਾ ਸਕਣਗੇ।ਇਸਦੇ ਨਾਲ ਹੀ ਸਮੇਂ ਦੀ ਵੀ ਬੱਚਤ ਹੋਇਆ ਕਰੇਗੀ ਅਤੇ ਅਧਿਆਪਕ ਬੱਚਿਆਂ ਨੂੰ ਹੋਰ ਵੀ ਸੌਖੇ ਢੰਗ ਨਾਲ ਪਾਠ ਕ੍ਰਮ ਸਮਝਾ ਸਕਿਆ ਕਰਨਗੇ।ਇਸ ਨਾਲ ਵਿਦਿਆਰਥੀਆਂ ਦੀ ਡਿਜੀਟਲ ਸਿੱਖਿਆ ਵਿੱਚ ਵਾਧਾ ਹੋਵੇਗਾ।ਇਸ ਮੌਕੇ ਪਿੰਡ ਦੇ ਸਰਪੰਚ ਜਸਪਾਲ ਸਿੰਘ ਨੇ ਕਿਹਾ ਕਿ ਸਾਡੇ ਸਕੂਲ ਵਿੱਚ ਕੰਪਿਊਟਰ ਪੈਨਲ ਲਗਾਉਣ ਲਈ ਅਸੀਂ ਸਰਕਾਰ ਦਾ ਧੰਨਵਾਦ ਕਰਦੇ ਹਾਂ।ਇਸ ਮੌਕੇ ਜਸਪਾਲ ਸਿੰਘ ਸਰਪੰਚ, ਹਰਪਾਲ ਸਿੰਘ ਮੈਂਬਰ, ਪ੍ਰਧਾਨ ਸੁਖਜਿੰਦਰ ਸਿੰਘ, ਬਾਬਾ ਬਲਦੇਵ ਸਿੰਘ, ਰਿਟਾ ਮਾਸਟਰ ਤਰਲੋਚਨ ਸਿੰਘ, ਦੀਦਾਰ ਸਿੰਘ, ਲਖਵਿੰਦਰ ਸਿੰਘ, ਬੂਟਾ ਸਿੰਘ, ਮਨਜੀਤ ਸਿੰਘ ਹੈੱਡਮਾਸਟਰ, ਦਵਿੰਦਰਜੀਤ ਗੁਰਵਿੰਦਰਪਾਲ ਕੌਰ, ਸਰਬਜੀਤ ਸਿੰਘ, ਮਲਕੀਤ ਸਿੰਘ, ਪ੍ਰਮੋਦ ਕੁਮਾਰ, ਸੁਖਬੀਰ ਕੌਰ ਸ਼ੈਲੀ, ਪਵਿੱਤਰਪ੍ਰੀਤ ਭਗਤ, ਸਰਬਜੀਤ ਕੌਰ, ਮਨਦੀਪ ਕੌਰ, ਹਰਵਿੰਦਰ ਸਿੰਘ ਤੇ ਸੁਖਦੀਪ ਕੌਰ ਹਾਜ਼ਰ ਸਨ।

# ਘਰੇਲੂ ਤਾਰਾਂ ਤੇ ਪੋਲ ਨੂੰ ਬਦਲਣ ਦਾ ਕੰਮ ਸ਼ੁਰੂ



**ਅੱਡਾ ਸਰਾਂ (ਜਸਵੀਰ ਕਾਜਲ)**-ਸਬ ਡਵੀਜ਼ਨ ਕੰਧਾਲਾ ਜੱਟਾਂ ਵਿਖੇ ਆਰ ਡੀ ਡੀ ਐੱਸ ਸਕੀਮ ਤਹਿਤ ਨਵੇਂ ਪ੍ਰਾਜੈਕਟ ਅਧੀਨ ਕੰਧਾਲਾ ਜੱਟਾਂ ਫੀਡਰ ਦੀਆਂ ਘਰੇਲੂ ਤਾਰਾਂ ਤੇ ਪੋਲ ਨੂੰ ਬਦਲੀ ਕਰਨ ਦਾ ਕੰਮ ਇੰਜ ਤਜਿੰਦਰ ਸਿੰਘ ਦੀ ਨਿਗਰਾਨੀ ਹੇਠ ਅਰੰਭ ਕੀਤਾ ਗਿਆ। ਇਸ ਮੌਕੇ ਇੰਜ ਸਤਵਿੰਦਰ ਸਿੰਘ, ਇੰਜ ਹਰਪ੍ਰੀਤ ਸਿੰਘ, ਰਵਿੰਦਰ ਸਿੰਘ ਤੇ ਹੋਰ ਮੁਲਾਜ਼ਮਾਂ ਹਾਜ਼ਰ ਸਨ।

# ਗਰਭਵਤੀ ਔਰਤਾਂ ਦੀ ਅਲਟਰਾ ਸਾਊਂਡ ਸਕੈਨ ਹੋਵੇਗੀ ਮੁਫ਼ਤ

**ਬੰਗਾ (ਅਵਤਾਰ ਕਲੇਰ)**-ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਹੁਣ ਗਰਭਵਤੀ ਔਰਤਾਂ ਦੀ ਅਲਟਰਾਸਾਊਂਡ ਸਕੈਨ ਮੁਫਤ ਹੋਵੇਗੀ। ਇਹ ਜਾਣਕਾਰੀ ਹਸਪਤਾਲ ਦੇ ਔਰਤਾਂ ਦੀਆਂ ਬਿਮਾਰੀਆਂ ਅਤੇ ਬਾਂਝਪਣ ਦੇ ਮਾਹਿਰ ਡਾ. ਸ਼ਵੇਤਾ ਬਗੜਿਆ ਐਮ ਐਸ (ਗਾਇਨੀ) ਨੇ ਦਿੱਤੀ। ਉਹਨਾਂ ਦੱਸਿਆ ਕਿ ਹਸਤਪਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਜਨਮ ਤੋਂ ਪਹਿਲਾਂ ਅਤੇ ਜਨਮ ਤੋਂ ਬਾਅਦ ਦੀ ਦੇਖਭਾਲ ਲਈ ਤੰਦਰੁਸਤ ਮਾਵਾਂ ਅਤੇ ਤੰਦਰੁਸਤ ਬੱਚੇ ਮਿਸ਼ਨ ਤਹਿਤ ਗਰਭਵਤੀ ਔਰਤਾਂ ਤੇ ਉਹਨਾਂ ਦੇ ਨਵ ਜਨਮੇ ਬੱਚਿਆਂ ਨੂੰ ਜਨਮ ਤੋਂ ਪਹਿਲਾਂ ਤੇ ਜਨਮ ਤੋਂ ਬਾਅਦ ਵਿੱਚ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਅਹਿਮ ਕਾਰਜ ਕੀਤੇ ਜਾ ਰਹੇ ਹਨ। ਇਸ ਸੇਵਾ ਮਿਸ਼ਨ ਵਿਚ ਹਸਪਤਾਲ ਵਿਖੇ ਗਰਭਵਤੀ ਔਰਤਾਂ ਦੀ ਅਲਟਰਾ ਸਾਊਂਡ ਸਕੈਨ ਮੁਫਤ ਆਰੰਭ ਕੀਤੀ ਹੈ। ਇਹ ਸੇਵਾ ਹਰ ਸੋਮਵਾਰ ਤੋਂ ਸ਼ਨੀਵਾਰ ਤੱਕ ਰੋਜ਼ਾਨਾ ਸਵੇਰ 9 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਉਪਲੱਬਧ ਹੋਵੇਗੀ। ਡਾ. ਸ਼ਵੇਤਾ ਬਗੜਿਆ ਨੇ ਔਰਤਾਂ ਦੇ ਵਿਭਾਗ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਇੱਥੇ ਔਰਤਾਂ ਦੀਆਂ ਹਰ ਤਰ੍ਹਾਂ ਦੀਆਂ ਸਰੀਰਿਕ ਬਿਮਾਰੀਆਂ, ਹਰ ਤਰ੍ਹਾਂ ਦੇ ਜਣੇਪੇ, ਵੱਡੇ ਆਪਰੇਸ਼ਨ, ਦਰਦ ਰਹਿਤ ਡਲਿਵਰੀ, ਬਾਂਝਪਣ (ਇਨਫਰਟੀਲਿਟੀ) ਦਾ ਇਲਾਜ, ਬੱਚੇਦਾਨੀ ਅਤੇ ਛਾਤੀ ਦੇ ਕੈਂਸਰ ਦਾ ਇਲਾਜ ਹੁੰਦਾ ਹੈ। ਹਸਪਤਾਲ ਵਿਖੇ ਗਰਭਵਤੀ ਔਰਤਾਂ ਲਈ ਵੱਖ ਵੱਖ ਜ਼ਰੂਰੀ ਟੈਸਟ ਵੀ ਰਿਆਇਤੀ ਦਰਾਂ 'ਤੇ ਹੁੰਦੇ ਹਨ।



# ਈਸਟਰ ਡੇ ਮਨਾਇਆ

**ਨਕੋਦਰ (ਮਨਜੀਤ ਮਾਨ)**-ਗਰੇਸ ਚਰਚ ਵੈਲਫੇਅਰ ਸੁਸਾਇਟੀ (ਰਜਿ) ਵਲੋਂ ਪਾਸਟਰ ਕੁਲਵੰਤ ਮਸੀਹ ਦੀ ਅਗਵਾਈ ਹੇਠ ਪਿੰਡ ਕੋਟਲੀ ਗਾਜਰਾਂ ਸ਼ਾਹਕੋਟ ਵਿਖੇ ਈਸਟਰ ਡੇ ਪ੍ਰਭੂ ਯਿਸੂ ਮਸੀਹ ਦੇ ਮੁਰਦਿਆਂ ਵਿੱਚੋਂ ਤੀਸਰੇ ਦਿਨ ਜੀਅ ਉਠਣ ਦੇ ਦਿਨ ਦੀ ਬੰਦਗੀ ਦਾ ਆਯੋਜਨ ਕੀਤਾ ਗਿਆ। ਇਸ ਬੰਦਗੀ ਵਿੱਚ ਸਿਸਟਰ ਕ੍ਰਿਸਟੀਨਾ ਗੁਰਜੰਟ ਸਿੰਘ, ਸਿਸਟਰ ਮੁਸਕਾਨ ਨੇ ਗੀਤਾਂ ਭਜਨਾਂ ਦੁਆਰਾ ਪ੍ਰਭੂ ਪ੍ਰਮੇਸ਼ਵਰ ਦੀ ਆਰਾਧਨਾ ਤੇ ਵਡਿਆਈ ਕੀਤੀ। ਪਾਸਟਰ ਕੁਲਵੰਤ ਮਸੀਹ ਨੇ ਬਾਈਬਲ ਵਿੱਚੋਂ ਪ੍ਰਵਚਨ ਕਰਦੇ ਹੋਏ ਦੱਸਿਆ ਕਿ ਪ੍ਰਭੂ ਯਿਸੂ ਮਸੀਹ ਨੇ ਪੂਰੇ ਸੰਸਾਰ ਲਈ ਸਲੀਬ ਉਪਰ ਜਾਨ ਦਿੱਤੀ ਅਤੇ ਐਤਵਾਰ ਦੇ ਦਿਨ ਕਬਰ ਵਿੱਚੋਂ ਜੀ ਉਠੇ, ਜੋ ਖੁਸ਼ੀ ਤੇ ਪ੍ਰੇਮ ਦਾ ਪ੍ਰਤੀਕ ਬਣਿਆ ਹੈ। ਇਸ ਬੰਦਗੀ ਵਿੱਚ ਬ੍ਰਦਰ ਈਸਾ ਚਰਨ, ਜੋਨ ਮਸੀਹ ਪਿੰਡ ਢੱਕ ਪੰਡੋਰੀ, ਗੀਨਾ ਮਸੀਹ, ਰਾਜਵਿੰਦਰ ਕੌਰ, ਬੀਬੀ ਜਗੀਰੋ, ਬੀਬੀ ਗੁਰਮੀਤੋ, ਮੁਸਕਾਨ, ਆਰਾਧਨਾ, ਬ੍ਰਦਰ ਰਮਨ ਆਦਿ ਸ਼ਾਮਲ ਸਨ।



# ਮਜ਼ਦੂਰ ਸਭਾ ਵੱਲੋਂ 8 ਦੀ ਜਲੰਧਰ ਰੈਲੀ ਦੀਆਂ ਤਿਆਰੀਆਂ ਮੁਕੰਮਲ : ਨਾਹਰ ਤੇ ਨੂਰਪੁਰੀ

**ਜਲੰਧਰ (ਰਾਜੇਸ਼ ਥਾਪਾ)**

ਦਿਹਾਤੀ ਮਜ਼ਦੂਰ ਸਭਾ ਵਲੋਂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ 8 ਅਪ੍ਰੈਲ ਨੂੰ ਸ਼ਹੀਦ ਭਗਤ ਸਿੰਘ ਐਡੀਟੋਰੀਅਮ ਦੇਸ਼ ਭਗਤ ਯਾਦਗਾਰ ਵਿੱਚ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਦੀ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਇਹ ਜਾਣਕਾਰੀ ਸੂਬਾ ਪ੍ਰਧਾਨ ਦਰਸ਼ਨ ਨਾਹਰ ਤੇ ਸੂਬਾ ਪ੍ਰੈੱਸ ਸਕੱਤਰ ਬਲਦੇਵ ਨੂਰਪੁਰੀ ਨੇ ਦਿੱਤੀ। ਉਹਨਾਂ ਨੇ ਕਿਹਾ ਕਿ ਮਜ਼ਦੂਰਾਂ ਦੀ ਸੂਬਾ ਪੱਧਰੀ ਵਿਸ਼ਾਲ ਰੈਲੀ ਲਈ ਪੇਂਡੂ ਖੇਤ ਮਜ਼ਦੂਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਪਾ ਰਿਹਾ ਹੈ। ਸਾਥੀ ਨਾਹਰ ਤੇ ਨੂਰਪੁਰੀ ਨੇ ਕਿਹਾ ਕਿ ਇਸ ਰੈਲੀ ਵਿਚ ਮੁੱਖ ਮੰਗਾਂ ਵੀ ਬੀ ਜੀ ਰਾਮ ਜੀ ਕਾਨੂੰਨ ਰੱਦ ਕਰਕੇ, ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ ਅਤੇ 700 ਰੁਪਏ ਦਿਹਾੜੀ ਤੇ ਸਾਰਾ ਸਾਲ ਕੰਮ ਦਿੱਤਾ ਜਾਵੇ, ਜਨਤਕ ਵੰਡ ਪ੍ਰਣਾਲੀ ਰਾਹੀਂ ਪਿੰਡਾਂ /ਸ਼ਹਿਰਾਂ 'ਚ ਸਸਤੇ ਭਾਅ ਦੇ ਰਾਸ਼ਨ ਡੀਪੂ ਖੋਲ੍ਹ ਕੇ ਨਿੱਤ ਵਰਤੋਂ ਦੀਆਂ ਜ਼ਰੂਰੀ ਵਸਤਾਂ ਸਸਤੇ ਭਾਅ ਤੇ ਸਪਲਾਈ ਕੀਤੀਆਂ ਜਾਣ, ਗਰੀਬਾਂ ਸਿਰ ਚੜ੍ਹਿਆ ਸਰਕਾਰੀ, ਗੈਰ ਸਰਕਾਰੀ, ਸਹਿਕਾਰੀ ਅਤੇ ਮਾਈਕਰੋ ਫਾਇਨਾਂਸ ਕੰਪਨੀਆਂ ਦਾ ਕਰਜ਼ਾ ਮੁਆਫ ਕੀਤਾ ਜਾਵੇ, ਔਰਤਾਂ ਦੇ 1000/1500 ਰੁਪਏ ਪਿਛਲੇ ਚਾਰ ਸਾਲ ਦੇ ਬਕਾਏ ਉਹਨਾਂ ਦੇ ਖਾਤਿਆਂ 'ਚ ਪਾਏ ਜਾਣ, ਵਿਧਵਾ, ਬੁਢਾਪਾ, ਅੰਗਹੀਣ ਤੇ ਆਸ਼ਰਿਤਾਂ ਦੀ ਪੈਨਸ਼ਨ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ ਅਤੇ ਔਰਤਾਂ ਦੀ ਉਮਰ 55 ਤੇ ਮਰਦਾਂ ਦੀ 58 ਸਾਲ ਮਿਥੀ ਜਾਵੇ। ਮਾਨ ਸਰਕਾਰ ਵਲੋਂ ਚੋਣਾਂ 'ਚ ਕੀਤੀ 2500 ਰੁਪਏ ਵਾਲੀ ਗਰੰਟੀ ਤਹਿਤ ਬਕਾਏ ਪੈਨਸ਼ਨ ਧਾਰਕਾਂ ਦੇ ਖਾਤੇ 'ਚ ਪਾਏ ਜਾਣ, ਪ੍ਰਸਤਾਵਤ ਬਿਜਲੀ ਸੋਧ ਬਿੱਲ 2025 ਰੱਦ ਕੀਤਾ ਜਾਵੇ, ਬੇਘਰਾਂ ਅਤੇ ਲੋੜਵੰਦ ਗਰੀਬਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ, ਚਾਰ ਕੋਡ ਖ਼ਤਮ ਕਰਕੇ ਪਹਿਲੇ ਕਿਰਤ ਕਾਨੂੰਨ ਬਹਾਲ ਕੀਤੇ ਜਾਣ, ਭੂਮੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀ ਜ਼ਮੀਨ ਬੇਜ਼ਮੀਨੇ ਲੋਕਾਂ 'ਚ ਮੁਫ਼ਤ ਵੰਡੀ ਜਾਵੇ, ਦਲਿਤ ਮਜ਼ਦੂਰਾਂ 'ਤੇ ਜਾਤੀ ਪਾਤੀ ਅਧਾਰਤ ਹੁੰਦਾ ਸਮਾਜਿਕ ਜਬਰ ਬੰਦ ਕੀਤਾ ਜਾਵੇ, ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਮਜ਼ਦੂਰਾਂ ਕਿਸਾਨਾਂ ਉਤੇ ਪੰਜਾਬ ਸਰਕਾਰ ਵਲੋਂ ਬਣਾਏ ਝੂਠੇ ਕੇਸ ਵਾਪਸ ਲਏ ਜਾਣ ਆਦਿ ਭਖਦੀਆਂ ਮੰਗਾਂ ਨੂੰ ਮਨਵਾਉਣ ਲਈ ਜ਼ੋਰਦਾਰ ਅਵਾਜ਼ ਬਲੰਦ ਕੀਤੀ ਜਾਵੇਗੀ। ਉਪਰੋਕਤ ਆਗੂਆਂ ਨੇ ਦੱਸਿਆ ਕਿ ਮਜ਼ਦੂਰਾਂ ਪਰਵਾਰਾਂ ਸਮੇਤ ਵੱਡੀ ਗਿਣਤੀ ਵਿਚ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਹੁੰਮ ਹੁੰਮਾ ਕੇ ਪੁੱਜਣਗੇ।

# ਵਿਰੋਧੀ ਧਿਰ ਖਰੀਦ ਦੇ ਨਾਂਅ 'ਤੇ ਕਿਸਾਨਾਂ ਨੂੰ ਗੁੰਮਰਾਹ ਕਰ ਰਹੀ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਕੋਈ ਮੁੱਦਾ ਨਹੀਂ ਹੈ, ਹੁਣ ਕਿਸਾਨਾਂ ਨੂੰ ਖਰੀਦ ਦੇ ਨਾਂਅ 'ਤੇ ਗੁੰਮਰਾਹ ਕੀਤਾ ਜਾ ਰਿਹਾ ਹੈ। ਇਨ੍ਹਾਂ ਦੇ ਸਮੇਂ ਵਿੱਚ ਜੋ ਭ੍ਰਿਸ਼ਟਾਚਾਰ ਚੱਲਦਾ ਸੀ, ਉਹ ਦੁਕਾਨਾਂ ਹੁਣ ਬੰਦ ਹੋ ਗਈਆਂ ਹਨ, ਇਸ ਲਈ ਇਨ੍ਹਾਂ ਨੂੰ ਦਰਦ ਹੋ ਰਿਹਾ ਹੈ। ਪਰ ਮੈਂ ਪ੍ਰਦੇਸ਼ ਦੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮਹਿਮ ਵਿੱਚ ਆਯੋਜਿਤ ਧੰਨਵਾਦ ਤੇ ਵਿਕਾਸ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਮੁੱਖ ਮੰਤਰੀ ਨੇ 202 ਕਰੋੜ 77 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਹਨ। ਮੁੱਖ ਮੰਤਰੀ ਨੇ ਹਲਕੇ ਦੇ ਵਿਕਾਸ ਲਈ 10 ਕਰੋੜ ਰੁਪਏ ਦੇਣ ਦਾ ਵੀ ਐਲਾਨ ਕੀਤਾ, ਨਾਲ ਹੀ ਰੈਲੀ ਦੇ ਕਨਵੀਨਰ ਅਤੇ ਰਾਜ ਸਭਾ ਮੈਂਬਰ ਰਾਮਚੰਦਰ ਜਾਂਗੜਾ ਵੱਲੋਂ ਰੱਖੇ ਗਏ ਮੰਗ ਪੱਤਰ ਦੀਆਂ ਸਾਰੀਆਂ ਮੰਗਾਂ ਦਾ ਅਵਲੋਕਨ ਕਰਵਾਉਣ ਉਪਰੰਤ ਲਾਗੂ ਕਰਵਾਉਣ ਦਾ ਭਰੋਸਾ ਵੀ ਦਿੱਤਾ।ਮੁੱਖ ਮੰਤਰੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਮ ਦੀ ਧਰਤੀ ਹਰਿਆਣਾ ਦੇ ਇਤਿਹਾਸਕ ਅਤੇ ਸੱਭਿਆਚਾਰਕ ਨਕਸ਼ੇ 'ਤੇ ਇੱਕ ਵਿਸ਼ੇਸ਼ ਸਥਾਨ ਰੱਖਦੀ ਹੈ। ਮਹਿਮ ਦੀ ਧਰਤੀ ਲੋਕਤੰਤਰੀ ਕਦਰਾਂ-ਕੀਮਤਾਂ, ਰਾਜਨੀਤੀ, ਪਰੰਪਰਾ ਅਤੇ ਸਮਾਜਿਕ ਚੇਤਨਾ ਦਾ ਇੱਕ ਸ਼ਕਤੀਸ਼ਾਲੀ ਕੇਂਦਰ ਹੈ।

# ਸਾਈਂ ਸੋਢੀ ਸ਼ਾਹ ਦੀ ਯੋਗ ਅਗਵਾਈ ਹੇਠ ਚਾਲਾ ਦਿਓਟ ਸਿੱਧ ਬਾਬਾ ਬਾਲਕ ਨਾਥ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਸਿੱਧ ਜੋਗੀ ਬਾਬਾ ਬਾਲਕ ਨਾਥ ਜੀ ਸ਼ਾਹ ਤਲਾਈ ਵਿਖੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਜਸਵੰਤ ਸਿੰਘ ਥਿੰਦ ਦੇ ਸਹਿਯੋਗ ਸਦਕਾ ਡਾਕਟਰ ਪ੍ਰਭ ਹੀਰ ਅਤੇ ਉਨ੍ਹਾਂ ਦੀ ਟੀਮ ਵਿੱਚ ਸ਼ਾਮਲ ਹਰਜਿੰਦਰ ਕੁਮਾਰੀ, ਹਰਜੋਤ ਕੌਰ ਅਤੇ ਕਿਸ਼ਨ ਚੰਦ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਮਰੀਜ਼ਾਂ ਦਾ ਚੈੱਕਅਪ ਕਰਕੇ ਉਹਨਾਂ ਨੂੰ ਮੁਫਤ ਦਵਾਈ ਦਿੱਤੀ ਗਈ। ਇਸ ਮੌਕੇ ਸਾਈਂ ਸੋਢੀ ਸ਼ਾਹ ਜੀ, ਸੰਤ ਰਿੰਕੂ ਰਾਮ, ਸੰਤ ਜੈ ਭਗਵਾਨ, ਸੰਤ ਕਿਸ਼ੋਰ, ਸੰਤ ਪ੍ਰੇਮ ਦਾਸ, ਅਮਰਜੀਤ, ਜਿੰਦਰ ਭਾਜੀ ਸਾਈਂ ਸ਼ਾਮ ਲਾਲ, ਦਵਿੰਦਰ ਭਾਜੀ, ਸੋਨੂ ਭਾਜੀ ਬੰਗਾ ਆਦਿ ਹਾਜ਼ਰ ਸਨ।

# ਮਹਿਤਪੁਰ 'ਚ ਨਵੀਂ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ



**ਮਹਿਤਪੁਰ (ਰਾਜਾ)**

ਸੋਮਾ ਪਹਿਲਵਾਨ ਕੁਸ਼ਤੀ ਅਕੈਡਮੀ ਮਹਿਤਪੁਰ ਵਿੱਚ ਨਵੀਂ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸੋਮਾ ਪਹਿਲਵਾਨ ਕੁਸ਼ਤੀ ਅਕੈਡਮੀ ਮਹਿਤਪੁਰ ਵਿੱਚ ਬੱਚਿਆਂ ਨੂੰ ਮਿਹਨਤ ਕਰਵਾਈ ਜਾਂਦੀ ਹੈ। ਅਤੇ ਇਸ ਅਕੈਡਮੀ ਵਿੱਚ ਮਿਹਨਤ ਕਰਨ ਵਾਲੇ ਬੱਚੇ ਵੱਖ ਵੱਖ ਸਕੂਲਾਂ ਵਿੱਚੋਂ ਬਹੁਤ ਵਧੀਆ ਨੰਬਰ ਲੈਕੇ ਪਾਸ ਹੋਏ ਹਨ। ਉਨ੍ਹਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਬੱਚਿਆਂ ਨੂੰ ਸੋਮਾ ਪਹਿਲਵਾਨ ਕੁਸ਼ਤੀ ਅਕੈਡਮੀ ਵਿੱਚ ਇਨਾਮ ਵੰਡੇ ਗਏ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਾਹਕੋਟ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਅਤੇ ਇਲਾਕੇ ਦੇ ਮੋਹਤਬਰ ਵਿਅਕਤੀ ਰਾਮ ਲੁਭਾਇਆ ਵਰਮਾ, ਪਰਮਜੀਤ ਸਿੰਘ ਵਿਰਕ, ਸ਼ਿੰਦਾ ਰੌਲੀ, ਕੁਲਵਿੰਦਰ ਮੰਡਿਆਲਾ, ਜਸਵੀਰ ਸਿੰਘ ਸਾਬਕਾ ਸਰਪੰਚ ਆਦਰਾਮਾਨ, ਅਜੈ ਸੂਦ, ਕ੍ਰਾਂਤੀਜੀਤ ਸਿੰਘ ਐਮ ਸੀ, ਹਨੀ ਪਸਰੀਚਾ, ਨੀਰਜ ਵਰਮਾ, ਹਨੀ ਸਰਪੰਚ ਰਾਮੂੰਵਾਲ, ਸੰਜੀਵ ਵਰਮਾ, ਚੰਦਨ ਚੌਹਾਨ, ਨਰੇਸ਼ ਚੌਹਾਨ, ਰਾਣਾ ਮਹਿਤਪੁਰ, ਗਗਨਦੀਪ ਵਿੱਕੀ, ਗੌਰਵ ਭਲਵਾਨ ਆਦਿ ਹਾਜ਼ਰ ਸਨ।

# ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ : ਮੀਰਾਂਕੋਟ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**-ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸਵਿੰਦਰ ਸਿੰਘ ਮੀਰਾਂਕੋਟ ਨੇ ਦੱਸਿਆ ਕਿ ਪਿਛਲੇ ਦਿਨੀਂ ਮੀਂਹ-ਹਨੇਰੀ ਅਤੇ ਗੜੇਮਾਰੀ ਕਰਕੇ ਕਿਸਾਨਾਂ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ ਦੇ ਨੁਕਸਾਨ ਦਾ ਬਣਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ, ਕਿਉਂਕਿ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਦੱਬੇ ਹੋਏ ਹਨ ਮੀਟਿੰਗ ਵਿਚ ਸਾਥੀ ਅਵਤਾਰ ਸਿੰਘ, ਰਮੇਸ਼ ਸਿੰਘ, ਸਵਿੰਦਰ ਸਿੰਘ ਅਦਲੀਵਾਲ, ਦਰਬਾਰਾ ਸਿੰਘ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।



# ਕ੍ਰਿਕੇਟ ਟੂਰਨਾਮੈਂਟ ਸੰਪੰਨ



**ਅੱਡਾ ਸਰਾਂ (ਜਸਵੀਰ ਕਾਜਲ)**

ਪਿੰਡ ਘੋੜੇਵਾਹਾ ਦੇ ਨੌਜਵਾਨ ਕਲੱਬ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਮੁੱਖ ਮਹਿਮਾਨ ਵਜੋ ਹਰਮੀਤ ਸਿੰਘ ਔਲਖ ਚੇਅਰਮੈਨ ਆਮ ਆਦਮੀ ਪਾਰਟੀ, ਸ਼ੁਸ਼ੀਲ ਵੋਹਰਾ, ਸਰਪੰਚ ਤਰਲੋਚਨ ਸਿੰਘ ਘੋੜੇਵਾਹਾ, ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ, ਪ੍ਰਧਾਨ ਸੋਨੂ ਬਾਜਵਾ, ਧਰਮਪਾਲ ਕਾਹਲੋ ਉਪ ਪ੍ਰਧਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਇਨਾਮਾਂ ਦੀ ਵੰਡ ਕੀਤੀ।ਫਾਈਨਲ ਮੈਚ ਵਿੱਚ ਪਿੰਡ ਭੋਗਪੁਰ ਅਤੇ ਘੋੜੇਵਾਹੇ ਦੀ ਟੀਮ ਵਿਚਕਾਰ ਖੇਡਿਆ ਗਿਆ, ਭੋਗਪੁਰ ਦੀ ਟੀਮ ਨੇ ਪਹਿਲਾਂ ਖੇਡਦੇ ਹੋਏ 92 ਸਕੋਰ ਬਣਾਏ, ਸਕੋਰ ਦਾ ਪਿੱਛਾ ਕਰਦੀ ਹੋਈ ਘੋੜੇਵਾਹੇ ਦੀ ਟੀਮ 92 ਰਨ ਹੀ ਬਣਾ ਸਕੀ ਅਤੇ ਭੋਗਪੁਰ ਦੀ ਟੀਮ ਜੇਤੂ ਰਹੀ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਹਿਲਾ ਇਨਾਮ 11000 ਰੁਪਏ, ਦੂਜਾ ਇਨਾਮ 9100 ਤੇ ਤੀਸਰਾ ਇਨਾਮ 5100 ਰੁਪਏ ਦਿੱਤਾ। ਫਾਇਨਲ ਮੈਚ ਵਿੱਚ ਮੈਨ ਆਫ ਮੈਚ ਹੈਰੀ ਨੂੰ 1100 ਰੁ ਤੇ ਮੈਨ ਆਫ ਸੀ ਸੀਰਿਜ ਚਮਨ ਕੰਧਾਲਾ ਜੱਟਾਂ 1100ਰੁ. ਇਨਾਮ, ਬੈਸਟ ਬੌਲਰ ਰਾਜਾ ਘੋੜੇਵਾਹਾ ਨੂੰ ਸਨਮਾਨਤ ਕੀਤਾ।ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਪਿੰਡ ਘੋੜੇਵਾਹਾ, ਪ੍ਰਬੰਧਕ ਕਮੇਟੀ ਮੈਂਬਰ, ਕ੍ਰਿਕਟ ਟੀਮ ਘੋੜੇਵਾਹਾ, ਸਿਪੀ ਰਾਜਾ ਬੱਬੂ,ਚਮਨਪ੍ਰੀਤ ਸਿੰਘ ਕੰਧਾਲਾ ਜੱਟਾਂ, ਜਸਵੰਤ ਸਿੰਘ, ਸਮਲ, ਗੁਰਸ਼ਰਨ, ਵੰਸ਼, ਅਤੇ ਹੋਰ ਕ੍ਰਿਕਟ ਮੈਂਬਰ ਹਾਜ਼ਰ ਸਨ।

# ਖਾਨਖਾਨਾ 'ਚ ਕਬੱਡੀ ਤੇ ਕੁਸ਼ਤੀ ਦੰਗਲ ਕਰਵਾਇਆ



**ਬੰਗਾ (ਅਵਤਾਰ ਕਲੇਰ)**-ਪਿੰਡ ਖਾਨਖਾਨਾ ਵਿਖੇ ਲੋਕ ਭਲਾਈ ਸੰਸਥਾ ਵਲੋਂ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕਬੱਡੀ ਅਤੇ ਕੁਸ਼ਤੀ ਦੰਗਲ ਸਕੂਲ ਦੀ ਗਰਾਊਂਡ ਖਾਨਖਾਨਾ ਵਿਖੇ ਸਮੂਹ ਨਗਰ ਨਿਵਾਸੀਆਂ, ਇਲਾਕੇ ਦੀ ਸੰਗਤ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਕੁਸ਼ਤੀ ਦੰਗਲ 'ਚ 100 ਤੋਂ ਵੀ ਜ਼ਿਆਦਾ ਪਹਿਲਵਾਨਾਂ ਨੇ ਹਿੱਸਾ ਲਿਆ। ਪਟਕੇ ਦੀ ਕੁਸ਼ਤੀ ਛੋਟਾ ਜੱਸਾ ਬਾਹੜੋਵਾਲ ਅਤੇ ਸ਼ੇਰਾਂ ਕਾਲੇਵਾਲ ਲੱਲੀਆਂ ਵਿਚਕਾਰ ਹੋਈ। ਜਿਸ ਵਿੱਚ ਜੱਸਾ ਬਾਹੜੋਵਾਲ ਜੇਤੂ ਰਿਹਾ। ਦੋ ਨੰਬਰ ਦੀ ਕੁਸ਼ਤੀ ਜਤਿੰਦਰ ਡੂਮਛੇੜੀ ਅਤੇ ਹੈਪੀ ਫਗਵਾੜਾ ਵਿਚਕਾਰ ਹੋਈ ਜਿਸ ਵਿੱਚ ਜਤਿੰਦਰ ਡੂਮਛੇੜੀ ਜੇਤੂ ਰਿਹਾ। ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਨਗਦ ਰਾਸ਼ੀ ਅਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ। ਜਥੇਦਾਰ ਦਵਿੰਦਰ ਸਿੰਘ ਖਾਨਖਾਨਾ ਨੇ ਪਹਿਲਵਾਨਾਂ, ਦਰਸ਼ਕਾਂ ਦਾ ਧੰਨਵਾਦ ਕੀਤਾ। ਉਹਨਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਖੇਡਾਂ ਵੱਲ ਪ੍ਰੇਰਿਤ ਕਰਨ ਤਾਂ ਜੋ ਬੱਚਿਆਂ ਦਾ ਧਿਆਨ ਨਸ਼ਿਆਂ ਵੱਲ ਨਾ ਜਾ ਸਕੇ।

# ਮੁੱਖ ਮੰਤਰੀ ਦੀ ਕਾਲੀਆਂ ਝੰਡੀਆਂ ਨਾਲ ਸਵਾਗਤ ਕਰੇਗੀ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ : ਪਲਿਆਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਪ੍ਰਿੰਸ ਪਲਿਆਲ ਗੜ੍ਹਦੀਵਾਲ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅੱਜ ਮੁੱਖ ਮੰਤਰੀ ਦੀ ਹਰਿਆਣਾ ਦੇ ਨੇੜੇ ਭੀਖੋਵਾਲ ਆਮਦ ਤੇ ਕਾਲੀਆਂ ਝੰਡੀਆਂ ਨਾਲ ਸਵਾਗਤ ਕਰੇਗੀ, ਜਿਸ ਨੂੰ ਲੈ ਕੇ ਲਾਮਬੰਦੀ ਜ਼ੋਰਾਂ 'ਤੇ ਕੀਤੀ ਜਾ ਰਹੀ ਹੈ।ਉਹਨਾਂ ਕਿਹਾ ਕਿ ਸਰਕਾਰ ਨੇ ਸੰਘਰਸ਼ ਕਮੇਟੀ ਨੂੰ ਪਹਿਲਾਂ 26 ਮਾਰਚ ਅਤੇ ਫਿਰ 2 ਅਪ੍ਰੈਲ ਨੂੰ ਸਬ ਕਮੇਟੀ ਨਾਲ ਦੋ ਵਾਰ ਮੀਟਿੰਗ ਦਾ ਸਮਾਂ ਦਿੱਤਾ ਸੀ, ਜਿਸ ਤੋਂ ਪੰਜਾਬ ਸਰਕਾਰ ਭੱਜ ਗਈ ਸੀ। ਉਹਨਾਂ ਕਿਹਾ ਕਿ ਸੰਘਰਸ਼ ਕਮੇਟੀ ਕੋਲ ਮੁੱਖ ਮੰਤਰੀ ਨੂੰ ਕਾਲੀਆਂ ਝੰਡੀਆਂ ਦਿਖਾਉਣ ਤੋਂ ਸਿਵਾਏ ਕੋਈ ਹੋਰ ਰਸਤਾ ਨਹੀਂ ਬਚਦਾ। ਉਹਨਾਂ ਕਿਹਾ ਕਿ ਸਰਕਾਰ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਦਾ ਕੀਤਾ ਅਧੂਰਾ ਨੋਟੀਫਿਕੇਸ਼ਨ ਪੂਰਾ ਕਰੇ। ਉਹਨਾਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਆਰ ਪਾਰ ਦੀ ਲੜਾਈ ਲੜੇਗੀ।



# ਬਾਬਾ ਭੂਮੀਆ ਦੇ ਸਥਾਨ 'ਤੇ ਸਾਲਾਨਾ ਜੋੜ ਮੇਲਾ ਕਰਵਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਇੱਥੋਂ ਨਜ਼ਦੀਕ ਪ੍ਰਸਿੱਧ ਇਤਿਹਾਸਕ ਸਥਾਨ ਗੁਰਦੁਆਰਾ ਬਾਬਾ ਭੂਮੀਆ ਜੀ ਥਾਬਲਕੇ ਰੋਡ ਜੰਡਿਆਲਾ ਵਿੱਚ ਸਲਾਨਾ ਜੋੜ ਮੇਲਾ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਅਤੇ ਸਮੂਹ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਜੋੜ ਮੇਲੇ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਸਜਾਏ ਗਏ ਦੀਵਾਨਾਂ ਵਿੱਚ ਭਾਈ ਹਰਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਇਲਾਹੀ ਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਕਵੀਸ਼ਰ ਭਾਈ ਸੁਖਵਿੰਦਰ ਸਿੰਘ ਮੋਮੀ ਅਤੇ ਢਾਡੀ ਭਾਈ ਸਤਨਾਮ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਅਤੇ ਪਤਵੰਤਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਲਖਵੀਰ ਸਿੰਘ, ਸਕੱਤਰ ਪ੍ਰੋਫੈਸਰ ਬਲਜਿੰਦਰ ਸਿੰਘ, ਮਾਸਟਰ ਸੁਖਜੀਤ ਸਿੰਘ, ਮੱਖਣ ਪੱਲਣ ਚੇਅਰਮੈਨ ਸੈਣ ਸਮਾਜ ਵੈਲਫੇਅਰ ਬੋਰਡ ਪੰਜਾਬ, ਗੁਰਮੀਤ ਸਿੰਘ, ਜਗਮੋਹਣ ਸਿੰਘ, ਇਕਬਾਲ ਸਿੰਘ, ਕੁਲਜੀਤ ਸਿੰਘ, ਨਵਪ੍ਰੀਤ ਸਿੰਘ ਆਦਿ ਪ੍ਰਬੰਧਕ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

# ਕੋਟਲੀ ਢੋਲੇ ਸ਼ਾਹ ਦਾ ਸੱਤਵਾਂ ਹਾਕੀ ਟੂਰਨਾਮੈਂਟ ਚੜ੍ਹਦੀ ਕਲਾ ਨਾਲ ਸਮਾਪਤ



**ਜੈਂਤੀਪੁਰ (ਸੁਖਬੀਰ ਸਿੱਧੂ)**

ਹਾਕੀ ਟੂਰਨਾਮੈਂਟ ਪਿੰਡ ਕੋਟਲੀ ਢੋਲੇ ਸ਼ਾਹ ਕਰਵਾਇਆ ਗਿਆ।ਇਹ ਟੂਰਨਾਮੈਂਟ ਕੋਟਲੀ ਢੋਲੇ ਸ਼ਾਹ ਦੇ ਖੇਡ ਗਰਾਊਂਡ ਵਿੱਚ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਪਿੰਡਾਂ ਦੀਆਂ ਟੀਮਾਂ ਨੇ ਭਾਗ ਲਿਆ। 45 ਕਿਲੋ ਵਰਗ ਦੀਆਂ ਟੀਮਾਂ ਵਿੱਚੋਂ ਪਾਖਰਪੁਰ ਤੇ ਕੋਟਲੀ ਢੋਲੇ ਸ਼ਾਹ ਵਿੱਚ ਫਾਈਨਲ ਮੁਕਾਬਲਾ ਹੋਇਆ ਜਿਸ ਵਿੱਚ ਕੋਟਲੀ ਢੋਲੇ ਸ਼ਾਹ ਦੀ ਟੀਮ ਜੇਤੂ ਰਹੀ।ਵੱਡੀਆ ਟੀਮਾਂ ਗੱਗੜਭਾਣਾ ਤੇ ਕੋਟਲੀ ਢੋਲੇ ਸ਼ਾਹ ਦਾ ਫਾਈਨਲ ਮੈਚ ਹੋਇਆ ਜਿਨ੍ਹਾਂ ਵਿੱਚੋਂ ਕੋਟਲੀ ਢੋਲੇ ਸ਼ਾਹ ਦੀ ਟੀਮ ਜੇਤੂ ਰਹੀ।ਮੁੱਖ ਮਹਿਮਾਨ ਮਾਸਟਰ ਨਿਰਮਲ ਸਿੰਘ ਸ਼ੇਖੂਪੁਰ ਤੇ ਮਾਸਟਰ ਸਤਨਾਮ ਸਿੰਘ ਪਾਖਰਪੁਰ ਵੱਲੋ ਜੇਤੂ ਟੀਮਾਂ ਇਨਾਮ ਵੰਡੇ ਗਏ।ਇਸ ਮੌਕੇ ਜੋਬਨ ਕਾਹਲੋਂ (ਅਮਰੀਕ ਸਪੋਰਟਸ ਜੈਂਤੀਪੁਰ) ਵੱਲੋਂ ਗੋਲਕੀਪਰ ਕਿੱਟ 45,000 ਦੀ ਦੋਵਾਂ ਟੀਮਾਂ ਨੂੰ ਦਿੱਤੀ ਗਈ।ਮਾਸਟਰ ਸਤਨਾਮ ਸਿੰਘ ਵੱਲੋਂ 11000 ਰੁਪਏ ਦੀ ਨਗਦ ਰਾਸ਼ੀ ਕਮੇਟੀ ਨੂੰ ਦਿੱਤੀ ਗਈ।ਉਨ੍ਹਾਂ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਾਣਾ ਪਾਖਰਪੁਰ, ਪਾਰਸ ਢਡਿਆਲਾ, ਸਤਵੰਤ ਸਿੰਘ ਕਾਦਰਾਬਾਦ, ਅਮਰੀਕ ਸਪੋਰਟਸ ਪ੍ਰਧਾਨ ਜੋਬਨ ਕਾਹਲੋਂ, ਸ਼ਮਸ਼ੇਰ ਸਿੰਘ, ਰਸ਼ਪਾਲ ਸਿੰਘ ਉੱਪਲ, ਅਨਮੋਲ ਸਿੰਘ, ਯਾਰਵਿੰਦਰ ਸਿੰਘ ਕੋਟਲੀ, ਅਮਨਦੀਪ ਸਿੰਘ ਉੱਪਲ, ਅਮਰੀਕ ਸਿੰਘ ਉੱਪਲ, ਬੇਅੰਤ ਸਿੰਘ, ਅਮਰਜੀਤ ਸਿੰਘ ਲੰਬੜਦਾਰ, ਜਗਤਾਰ ਸਿੰਘ ਜੱਗਾ, ਨਵਪ੍ਰੀਤ ਸਿੰਘ ਨਾਭਾ, ਸੁੱਖਾ ਕੈਪਟਨ ਹਰਸ਼ਰਨ, ਨਵਰਾਜ, ਹਰਮੀਤ ਮਨੀ ਫੌਜੀ, ਜਸਕਰਨ ਜਸ਼ਨ, ਬੇਅੰਤ ਸਿੰਘ, ਜਗਦੀਪ ਫੌਜੀ, ਹਰਵਿੰਦਰ ਸਿੰਘ ਲੰਬੜਦਾਰ, ਰਸ਼ਪਾਲ ਸਿੰਘ ਉੱਪਲ, ਪਲਵਿੰਦਰ ਸਿੰਘ ਸੋਖੀ ਪਾਖਰਪੁਰ, ਬੀਰ ਸਿੰਘ ਪਹਿਲਵਾਨ, ਮਾਸਟਰ ਸਰਿੰਦਰ ਸਿੰਘ ਛਿੰਦਾ ਕਾਦਰਾਬਾਦ, ਰਿੰਕੂ ਹਲਵਾਈ ਆਦਿ ਹਾਜ਼ਰ ਸਨ।

# ਭਾਜਪਾ ਦਾ ਸਥਾਪਨਾ ਦਿਵਸ ਅੱਜ ਮਨਾਇਆ ਜਾਵੇਗਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਭਾਰਤੀ ਜਨਤਾ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਦੇ ਮੌਕੇ 'ਤੇ ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਸ਼ਾਲ ਜਨ ਸਭਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਤਿੰਦਰ ਸਿੰਘ ਅਠਵਾਲ, ਸਟੇਟ ਕਾਰਜਕਰਨੀ ਮੈਂਬਰ ਭਾਜਪਾ ਪੰਜਾਬ ਨੇ ਦੱਸਿਆ ਕਿ ਇਹ ਸਮਾਗਮ 7 ਅਪ੍ਰੈਲ ਨੂੰ ਪਰਲ ਗਰੀਨ ਹੋਟਲ, ਪਿੰਡ ਸੂਰੇਵਾਲ ਵਿਖੇ ਕਰਵਾਇਆ ਜਾਵੇਗਾ।ਸਮਾਗਮ ਵਿੱਚ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਖਾਸ ਤੌਰ 'ਤੇ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਸਮਰਥਕ ਵੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ।ਜਤਿੰਦਰ ਸਿੰਘ ਅਠਵਾਲ ਨੇ ਕਿਹਾ ਕਿ ਸਥਾਪਨਾ ਦਿਵਸ ਦੇ ਇਸ ਸਮਾਰੋਹ ਦੌਰਾਨ ਪਾਰਟੀ ਦੇ ਸੀਨੀਅਰ ਤੇ ਪੁਰਾਣੇ ਵਰਕਰਾਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਨਵੀਂ ਪੀੜ੍ਹੀ ਨੂੰ ਪਾਰਟੀ ਦੇ ਇਤਿਹਾਸ, ਸਿਧਾਂਤਾਂ ਅਤੇ ਸਥਾਪਨਾ ਦਿਵਸ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ, ਤਾਂ ਜੋ ਉਹ ਪਾਰਟੀ ਦੀ ਵਿਚਾਰਧਾਰਾ ਨਾਲ ਜੁੜ ਸਕਣ।



# ਨੈਸ਼ਨਲ ਗਰੀਨ ਟ੍ਰਿਬਿਊਨਲ ਨੇ ਗੈਰ-ਕਾਨੂੰਨੀ ਮਾਈਨਿੰਗ ਤੇ ਲਗਾਈ ਪਾਬੰਦੀ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**
ਇਲਾਕਾ ਸੰਘਰਸ਼ ਕਮੇਟੀ ਤੇ ਪਏ ਫਰੌਤੀ ਲੈਣ ਦੇ ਝੂਠੇ ਦਰਜ ਪਰਚਿਆਂ ਵਿੱਚ ਬਰੀ ਹੋਣ ਤੋਂ ਬਾਅਦ ਗੁਰਦੁਆਰਾ ਸ਼ਹੀਦੀ ਅਸਥਾਨ ਬੇਲਾ ਸ਼ਿਵ ਸਿੰਘ ਪੱਤੀ ਜੀਵਨ ਸਿੰਘ ਵਿਖੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਢਾਡੀ ਜਸਵੰਤ ਸਿੰਘ ਬੈਂਸ ਦੇ ਜਥੇ ਵੱਲੋਂ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਲਾਕਾ ਸੰਘਰਸ਼ ਕਮੇਟੀ ਤੇ ਆਗੂਆਂ ਦੀ ਆਵਾਜ਼ ਨੂੰ ਬੰਦ ਕਰਨ ਲਈ ਸਰਕਾਰ ਨੇ ਨਵੰਬਰ 2022 ਵਿੱਚ ਕ੍ਰੈਸ਼ਰ ਮਾਲਕਾਂ ਵੱਲੋਂ ਫਰੌਤੀਆਂ ਲੈਣ ਦਾ ਪਰਚਾ ਨੰਗਲ ਥਾਣੇ ਵਿੱਚ ਦਰਜ ਕਰਵਾ ਦਿੱਤਾ ਗਿਆ ਸੀ। ਭਲਾਣ ਦੀ ਸ਼ਾਮਲਾਤ ਜਮੀਨ ਵਿੱਚ ਵੱਡੇ ਪੱਧਰ ਤੇ ਗੈਰ ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਸੀ ਜਿਸ ਦਾ ਇਲਾਕਾ ਸੰਘਰਸ਼ ਕਮੇਟੀ ਵਿਰੋਧ ਕਰਦੀ ਸੀ। ਆਗੂਆਂ ਦੀ ਆਵਾਜ਼ ਨੂੰ ਦਬਾਉਣ ਲਈ ਪੁਲਿਸ ਪ੍ਰਸ਼ਾਸਨ ਨੇ ਪ੍ਰਧਾਨ ਹਰਦੇਵ ਸਿੰਘ ਐਲਗਰਾ, ਟਿੱਕਾ ਯਸ਼ਵੀਰ ਚੰਦ ਭਲਾਣ, ਐਡਵੋਕੇਟ ਵਿਸ਼ਾਲ ਸੈਣੀ, ਗਿਆਨੀ ਜਸਵਿੰਦਰ ਸਿੰਘ, ਸੁਰਿੰਦਰ ਸਿੰਘ ਛਿੰਦਾ ਤੇ ਫਰੌਤੀ ਲੈਣ ਦੇ ਮਾਮਲਾ ਦਰਜ ਕਰ ਦਿੱਤਾ ਗਿਆ ਸੀ। ਤਿੰਨ ਸਾਲ ਤੋਂ ਉੱਪਰ ਚੱਲੀ ਸੁਣਾਈ ਤੋਂ ਬਾਅਦ ਮਾਨਯੋਗ ਕੋਰਟ ਨੇ ਇਲਾਕਾ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਬਾਇੱਜਤ ਬਰੀ ਕਰ ਦਿੱਤਾ ਤੇ ਇਹਨਾਂ ਤੇ ਕੀਤਾ ਗਿਆ ਦਰਜ ਪਰਚਾ ਝੂਠਾ ਸਾਬਤ ਹੋਇਆ।ਸਮਾਗਮ ਵਿੱਚ ਟਿੱਕਾ ਜਸਵੀਰ ਚੰਦ ਭਲਾਣ ਨੇ ਬੋਲਦਿਆਂ ਕਿਹਾ ਕਿ ਉਹਨਾਂ ਦੀ ਲੜਾਈ ਕਿਸੇ ਪਰਸਨਲ ਇਨਸਾਨਾਂ ਨਾਲ ਨਹੀਂ, ਸਗੋਂ ਇਲਾਕੇ ਨੂੰ ਬਚਾਉਣ ਲਈ ਜਾਰੀ ਰਹੇਗੀ। ਇਲਾਕੇ ਵਿੱਚ ਗੈਰ ਕਾਨੂੰਨੀ ਮਾਈਨਿੰਗ ਹੋਣ ਨਾਲ ਕੁਦਰਤੀ ਵਾਤਾਵਰਨ ਦਾ ਦੀ ਨੁਕਸਾਨ ਹੋ ਰਿਹਾ ਹੈ।ਇਲਾਕਾ ਸੰਘਰਸ਼ ਕਮੇਟੀ ਨੇ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਸੁਪਰੀਮ ਕੋਰਟ ਤੱਕ ਕੇਸ ਲੜਿਆ ਜਿਸ ਦਾ ਫੈਸਲਾ ਦੋ ਅਪ੍ਰੈਲ ਨੂੰ ਆਇਆ। ਨੈਸ਼ਨਲ ਗਰੀਨ ਟ੍ਰਿਬਿਊਨਲ ਨੇ ਡੀਸਿਲਟਿੰਗ ਮਾਈਨਿੰਗ ਤੇ ਮੁਕੰਮਲ ਤੌਰ ਤੇ ਪਾਬੰਦੀ ਲਗਾ ਦਿੱਤੀ ਹੈ।ਉਹਨਾਂ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਐੱਨ ਜੀ ਟੀ ਦੇ ਫੈਸਲੇ ਨੂੰ ਲਾਗੂ ਕਰਵਾਉਣ ਵਿੱਚ ਆਪਣਾ ਰੋਲ ਅਦਾ ਕਰੇ। ਇਸ ਮੌਕੇ ਤੇ ਇਲਾਕਾ ਸੰਘਰਸ਼ ਕਮੇਟੀ ਦੇ ਆਗੂ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਵਾਂ ਅਤੇ ਸੱਤਲੁਜ ਦਰਿਆ ਵਿੱਚ ਪਤਾਲ ਤੱਕ ਗੈਰ ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ। ਉਹਨਾਂ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਇਲਾਕਾ ਸੰਘਰਸ਼ ਕਮੇਟੀ ਦਾ ਪਹਿਲਾਂ ਦੀ ਤਰ੍ਹਾਂ ਡੱਟ ਕੇ ਸਾਥ ਦੇਣ। ਗੈਰ ਕਾਨੂੰਨੀ ਮਾਈਨਿੰਗ ਖਿਲਾਫ ਲੜਨ ਵਾਲੇ ਬਚਿੱਤਰ ਸਿੰਘ ਜਟਾਣਾ, ਐਡਵੋਕੇਟ ਸਿਮਰਨਜੀਤ ਸਿੰਘ,ਜਸਵਿੰਦਰ ਸਿੰਘ, ਡਾਕਟਰ ਦਲਜੀਤ ਸਿੰਘ ਸੋਢੀ, ਦਲਜੀਤ ਸਿੰਘ ਫੂਲਪੁਰ ਗਰੇਵਾਲ, ਪ੍ਰੇਮ ਦੱਤ ਸ਼ਰਮਾ ਤਖਤਗੜ, ਸੋਹਣ ਸਿੰਘ ਠੋਡਾ, ਸਰਪੰਚ ਸੁਰਜੀਤ ਸਿੰਘ ਗੋਚਰ, ਲਖਵੀਰ ਸਿੰਘ ਐਲਗਰਾਂ, ਅਰਜਨ ਸਿੰਘ, ਕੁਸ਼ਲ ਰਾਣਾ ਭਲਾਣ, ਜਥੇਦਾਰ ਮੋਹਨ ਸਿੰਘ ਡੂਮੇਵਾਲ, ਪਰਮਜੀਤ ਸਿੰਘ ਪੰਮਾ ਐਡਵੋਕੇਟ, ਪ੍ਰਦੀਪ ਸੋਨੀ ਨੰਗਲ, ਮਾਸਟਰ ਤਰਸੇਮ ਲਾਲ ਭਨਾਮ, ਡਾਕਟਰ ਰਵਿੰਦਰ ਦੀਵਾਨ, ਰਾਜ ਸਿੰਘ ਨੰਗਲ, ਕਸ਼ਮੀਰ ਸਿੰਘ ਨੰਗਲੀ, ਗੁਰਬਖਸ਼ ਸਿੰਘ ਦਸਗਰਾਈਂ, ਰਘਵੀਰ ਸਿੰਘ ਸਾਬਕਾ ਸਰਪੰਚ, ਕਰਮ ਸਿੰਘ ਬੇਲਾ, ਦਮਨ ਸਿੰਘ ਬੇਲਾ, ਇੰਸਪੈਕਟਰ ਸਾਹਿਲ, ਕੁਲਦੀਪ ਸਿੰਘ ਬੇਲਾ, ਗਿਆਨੀ ਕੇਸਰ ਸਿੰਘ, ਜਸਵੰਤ ਸਿੰਘ ਬੇਲਾ, ਦਲਜੀਤ ਸਿੰਘ ਐਲਗਰਾਂ, ਇੰਦਰਜੀਤ ਸਿੰਘ ਫੌਜੀ, ਪਟਵਾਰੀ ਬੇਲਾ ਵੀ ਹਾਜ਼ਰ ਸਨ। ਸਮਾਗਮ ਵਿੱਚ ਮਾਈਨਿੰਗ ਖਿਲਾਫ ਆਵਾਜ਼ ਬੁਲੰਦ ਕਰਨ ਵਾਲੀ ਸਰਪੰਚ ਰਣਜੀਤ ਕੌਰ ਨੂੰ ਵਿਸ਼ੇਸ਼ ਤੌਰ ਸਨਮਾਨਿਤ ਕੀਤਾ ਗਿਆ। ਗੁਰੂ ਦਾ ਲੰਗਰ ਅਤੁੱਟ ਵਰਤਿਆ।



# ਸ.ਫਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਨੇ ਸੁਣੀਆਂ ਸ.ਫਾਈ ਸੇਵਕਾਂ ਦੀਆਂ ਸਮੱਸਿਆਵਾਂ

**ਨਵਾਂਸ਼ਹਿਰ (ਮਨੋਜ ਲਾਡੀ)**
ਹਰਦੀਪ ਸਿੰਘ ਗਿੱਲ ਵਾਈਸ ਚੇਅਰਮੈਨ ਰਾਸ਼ਟਰੀ ਸਫ਼ਾਈ ਕਮਿਸ਼ਨ ਵੱਲੋਂ ਨਗਰ ਕੌਂਸਲ ਰਾਹੋਂ ਵਿਖੇ ਸਫ਼ਾਈ ਕਰਮਚਾਰੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਤੇ ਵੱਖ-ਵੱਖ ਜ਼ਿਲ੍ਹਾ ਅਧਿਕਾਰੀਆਂ, ਸਮੂਹ ਨਗਰ ਕੌਂਸਲਾਂ ਦੇ ਅਧਿਕਾਰੀਆਂ ਅਤੇ ਸਫਾਈ ਕਰਮੀਆਂ ਨਾਲ ਮੀਟਿੰਗ ਕੀਤੀ।ਸਫ਼ਾਈ ਕਰਮੀਆਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮੂਹ ਸਫ਼ਾਈ ਕਰਮੀਆਂ ਤੇ ਸੀਵਰੇਜ ਦੀ ਸਫਾਈ ਕਰਨ ਵਾਲੇ ਕਰਮੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮੀਆਂ ਦਾ ਹਰ ਮਹੀਨੇ ਪੀ ਐੱਫ ਕੱਟਿਆ ਜਾਵੇ ਤੇ ਇਸਦੀ ਡਿਟੇਲ ਸਫਾਈ ਕਰਮੀਆਂ ਨਾਲ ਸਾਂਝੀ ਕੀਤੀ ਜਾਵੇ। ਇਸ ਤੋਂ ਇਲਾਵਾ ਸਫਾਈ ਕਰਮੀਆਂ ਨੂੰ ਵਰਦੀਆਂ, ਸਫ਼ਾਈ ਲਈ ਸਾਜੋ ਸਮਾਨ, ਮਾਸਕ ਆਦਿ ਲੋੜੀਂਦਾ ਸਮਾਨ ਮੁਹੱਈਆ ਕਰਵਾਇਆ ਜਾਵੇ। ਸਮੂਹ ਸਫ਼ਾਈ ਕਰਮੀਆਂ ਦਾ ਮੈਡੀਕਲ, ਐਕਸੀਡੈਂਟ ਬੀਮਾ ਕਰਾਉਣ ਦੇ ਨਾਲ ਸਮੇਂ-ਸਮੇਂ ਉਨ੍ਹਾਂ ਦਾ ਮੈਡੀਕਲ ਚੈੱਕਅਪ ਕਰਵਾਇਆ ਜਾਵੇ। ਸਫ਼ਾਈ ਕਰਮੀਆਂ ਉੱਪਰ ਕਿਰਤ ਕਾਨੂੰਨਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਕੰਮ ਦੌਰਾਨ ਕਿਸੇ ਸਫ਼ਾਈ ਕਰਮਚਾਰੀ ਨਾਲ ਹਾਦਸਾ ਹੋਣ 'ਤੇ ਪਹਿਲਾਂ 10 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਂਦਾ ਸੀ, ਜਿਸ ਨੂੰ ਵਧਾ ਕੇ 30 ਲੱਖ ਰੁਪਏ ਕਰ ਦਿੱਤਾ ਗਿਆ ਹੈ ਜੇਕਰ ਮੁਆਵਜ਼ਾ ਮਿਲਣ ਵਿੱਚ ਦੇਰੀ ਹੁੰਦੀ ਹੈ ਤਾਂ ਆਯੋਗ ਤੁਰੰਤ ਕਾਰਵਾਈ ਕਰਦਾ ਹੈ ਤੇ ਸਬੰਧਤ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ।



# ਵਿਰੋਧੀ ਧਿਰ ਦਾ ਇੱਕੋ ਇੱਕ ਏਜੰਡਾ, ਵੋਟ ਲਓ ਤੇ ਸ਼ੋਸ਼ਣ ਕਰੋ : ਨਾਇਬ ਸਿੰਘ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**
ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦਾ ਇੱਕੋ ਇੱਕ ਏਜੰਡਾ ਹੈ, ਵੋਟ ਲਓ ਅਤੇ ਸ਼ੋਸ਼ਣ ਕਰੋ। ਇਸ ਖੇਤਰ ਦੇ ਲੋਕਾਂ ਨਾਲ ਉਨ੍ਹਾਂ ਨੇ ਹਮੇਸ਼ਾ ਝੂਠੇ ਵਾਅਦੇ ਕੀਤੇ ਤੇ ਵਿਕਾਸ ਦੀ ਬਜਾਏ ਇੱਥੇ ਪਛੜੇਪਨ ਨੂੰ ਰੱਖਿਆ।ਮੁੱਖ ਮੰਤਰੀ ਐਤਵਾਰ ਨੂੰ ਜੀਂਦ ਵਿੱਚ ਆਯੋਜਿਤ ਧੰਨਵਾਦ ਤੇ ਵਿਕਾਸ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਰੈਲੀ ਦੇ ਕਨਵੀਨਰ ਹਰਿਆਣਾ ਦੇ ਡਿਪਟੀ ਸਪੀਕਰ ਡਾ. ਕ੍ਰਿਸ਼ਨ ਕੁਮਾਰ ਮਿੱਢਾ ਨੇ ਜੀਂਦ ਪਹੁੰਚਣ 'ਤੇ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਮੁੱਖ ਮੰਤਰੀ ਨੇ 253 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਵੀ ਰੱਖਿਆ।ਰੈਲੀ ਵਿੱਚ ਮੌਜੂਦ ਭਾਰੀ ਭੀੜ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜੀਂਦ ਦੀ ਇਹ ਧਰਤੀ ਮਿਹਨਤ ਅਤੇ ਪ੍ਰਗਤੀ ਦਾ ਸੰਗਮ ਹੈ। ਇਹ ਹਰਿਆਣਾ ਦੀ ਉਹ ਧੜਕਣ ਹੈ, ਜਿੱਥੇ ਜਦੋਂ ਕਿਸਾਨ ਦਾ ਪਸੀਨਾ ਮਿੱਟੀ ਵਿੱਚ ਮਿਲਦਾ ਹੈ, ਤਾਂ ਦੇਸ਼ ਦੇ ਅੰਨ ਭੰਡਾਰ ਭਰ ਜਾਂਦੇ ਹਨ। ਮੈਂ ਇਸ ਵੀਰ ਭੂਮੀ ਤੇ ਆਯੋਜਿਤ ਇਸ ਧੰਨਵਾਦ ਅਤੇ ਵਿਕਾਸ ਰੈਲੀ ਵਿੱਚ ਆਏ ਸਾਰੇ ਬਜ਼ੁਰਗਾਂ, ਮਾਤਾਵਾਂ-ਭੈਣਾਂ ਅਤੇ ਨੌਜਵਾਨ ਸਾਥੀਆਂ ਦਾ ਤਹਿ ਦਿਲੋਂ ਸਵਾਗਤ ਕਰਦਾ ਹਾਂ।ਮੁੱਖ ਮੰਤਰੀ ਨੇ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਜੀਂਦ ਨੂੰ ਲੰਬੇ ਸਮੇਂ ਤੋਂ ਨਜ਼ਰਅੰਦਾਜ਼ ਕੀਤਾ ਗਿਆ। ਝੂਠੇ ਵਾਅਦੇ ਕਰਕੇ ਤੁਹਾਡੀਆਂ ਵੋਟਾਂ ਦੀ ਫ਼ਸਲ ਤਾਂ ਦੋ-ਦੋ, ਤਿੰਨ-ਤਿੰਨ ਪੀੜ੍ਹੀਆਂ ਤੱਕ ਵੱਢੀ ਗਈ, ਪਰ ਵਿਕਾਸ ਦੇ ਨਾਂਅ 'ਤੇ ਕੁਝ ਨਹੀਂ ਕੀਤਾ ਗਿਆ। ਪਰਿਵਾਰਵਾਦ ਦੀ ਦਲਦਲ ਵਿੱਚ ਫਸੇ ਲੋਕ ਤੁਹਾਡੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਗੰਭੀਰ ਨਹੀਂ ਰਹੇ। ਉਨ੍ਹਾਂ ਨੇ ਸਿਰਫ਼ ਆਪਣੇ ਬੱਚਿਆਂ ਦਾ ਭਵਿੱਖ ਹੀ ਸੁਰੱਖਿਅਤ ਕੀਤਾ ਹੈ, ਪਰ ਅਸੀਂ ਇਸ ਖੇਤਰ ਦਾ ਹੱਕ ਸੂਦ ਸਮੇਤ ਮੋੜਨ ਦਾ ਕੰਮ ਕੀਤਾ ਹੈ।

# ਵਿਧਾਇਕ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਹਲਕੇ ਦੇ ਵਾਰਡ ਨੰਬਰ 17, ਪਿੰਡ ਈਸਾਪੁਰ ਤੋਂ ਸ਼ਰਧਾਲੂਆਂ ਦੀ 18ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਬਜ਼ੁਰਗਾਂ ਅਤੇ ਪਿੰਡ ਵਾਸੀਆਂ ਨੇ ਹਿੱਸਾ ਲਿਆ, ਜੋ ਅੰਮ੍ਰਿਤਸਰ ਦੇ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਏ। ਵਿਧਾਇਕ ਰੰਧਾਵਾ ਨੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਲੋਕਾਂ ਨੂੰ ਧਾਰਮਿਕ ਯਾਤਰਾਵਾਂ ਦਾ ਸੁਵਿਧਾਜਨਕ ਮੌਕਾ ਪ੍ਰਦਾਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਖਾਸ ਤੌਰ 'ਤੇ ਬਜ਼ੁਰਗਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਤਾਂ ਜੋ ਉਹ ਆਸਾਨੀ ਨਾਲ ਆਪਣੀ ਧਾਰਮਿਕ ਆਸਥਾ ਨੂੰ ਪੂਰਾ ਕਰ ਸਕਣ। ਇਸ ਮੌਕੇ ਸਥਾਨਕ ਨੁਮਾਇੰਦਿਆਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਮੌਜੂਦ ਸਨ।

# ਲੰਬੜਦਾਰਾਂ ਦਾ ਮਾਣਭੱਤਾ ਵਧਾਉਣ ਲਈ ਰਾਜਪਾਲ ਤੇ ਪ੍ਰਸ਼ਾਸਨ ਦਾ ਕੀਤਾ ਧੰਨਵਾਦ

**ਚੰਡੀਗੜ੍ਹ (ਸੁਰਜੀਤ ਸੁਮਨ)**
ਚੰਡੀਗੜ੍ਹ ਲੰਬੜਦਾਰ ਯੂਨੀਅਨ ਦੇ ਪ੍ਰਧਾਨ ਰਾਜਿੰਦਰ ਸਿੰਘ ਬਡਹੇੜੀ ਨੇ ਕੇਂਦਰੀ ਸ਼ਾਸਤ ਪ੍ਰਦੇਸ਼ ਦੇ ਪਿੰਡਾਂ ਦੇ ਲੰਬੜਦਾਰਾਂ ਦੇ ਮਾਣਭੱਤੇ ਵਿੱਚ ਪੰਜਾਬ ਦੀ ਤਰਜ਼ 'ਤੇ ਵਾਧਾ ਕਰਨ ਲਈ ਪੰਜਾਬ ਦੇ ਰਾਜਪਾਲ ਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਇਸ ਸੰਬੰਧੀ ਮੰਗ ਕੀਤੀ ਜਾ ਰਹੀ ਸੀ, ਜੋ ਮੰਗ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਮੰਨ ਲਈ ਗਈ ਹੈ। ਨਾਲ਼ ਹੀ ਸਾਰੀ ਬਕਾਇਆ ਰਕਮ ਦੀ ਅਦਾਇਗੀ ਵੀ ਕਰ ਦਿੱਤੀ ਗਈ ਹੈ। ਜਿਹਨਾਂ ਪਿੰਡਾਂ ਦੇ ਲੰਬੜਦਾਰਾਂ ਦੀ ਪਿਛਲੇ ਸਮੇਂ ਦੌਰਾਨ ਮੌਤ ਹੋ ਗਈ ਹੈ, ਉੱਥੇ ਵੀ ਪ੍ਰਸ਼ਾਸਨ ਵੱਲੋਂ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ ਹਨ। ਪਿੰਡ ਹੱਲੋਮਾਜਰਾ ਤੇ ਬਹਿਲਾਣਾ ਦੇ ਬਜ਼ੁਰਗ ਲੰਬੜਦਾਰ ਬਚਿੱਤਰ ਸਿੰਘ ਤੇ ਗੁਰਬਚਨ ਸਿੰਘ ਨੇ ਬੇਨਤੀ ਕੀਤੀ ਸੀ ਕਿ ਸਿਹਤ ਠੀਕ ਨਾ ਹੋਣ ਕਰਕੇ ਉਹ ਆਪਣੀ ਜ਼ਿੰਮੇਵਾਰੀ ਚੰਗੀ ਤਰ੍ਹਾਂ ਨਹੀਂ ਨਿਭਾ ਸਕਦੇ। ਉਹਨਾਂ ਦੀਆਂ ਸੇਵਾਵਾਂ ਨਿਭਾਉਣ ਲਈ ਉਨ੍ਹਾਂ ਦੇ ਸਰਬਰਾਹ ਕਪਤਾਨ ਸਿੰਘ ਤੇ ਅਮਰੀਕ ਸਿੰਘ ਨੂੰ ਕ੍ਰਮਵਾਰ ਪਿੰਡ ਹੱਲੋਮਾਜਰਾ ਤੇ ਬਹਿਲਾਣਾ ਦਾ ਲੰਬੜਦਾਰ ਨਿਯੁਕਤ ਕਰਕੇ ਸ਼ਨਾਖਤੀ ਕਾਰਡ ਜਾਰੀ ਕਰ ਦਿੱਤੇ ਗਏ ਹਨ। ਬਡਹੇੜੀ ਨੇ ਦੱਸਿਆ ਕਿ ਜਥੇਬੰਦੀ ਦੇ ਕੰਮਾਂ ਵਿੱਚ ਤੇਜ਼ੀ ਲਿਆਉਣ, ਚੁਸਤ ਦਰੁਸਤ ਕਰਨ ਅਤੇ ਨਵੀਂ ਰੂਹ ਫੂਕਣ ਲਈ ਪਿੰਡ ਬੁਟੇਰਲਾ ਦੀ ਲੰਬੜਦਾਰ ਡਾਕਟਰ ਅਮਨਜੋਤ ਕੌਰ ਨੂੰ ਜਥੇਬੰਦੀ ਦੀ ਦਫਤਰ ਸਕੱਤਰ ਨਿਯੁਕਤ ਕੀਤਾ ਗਿਆ ਹੈ। ਹੱਲੋਮਾਜਰਾ ਦੇ ਲੰਬੜਦਾਰ ਕਪਤਾਨ ਸਿੰਘ ਨੂੰ ਜਥੇਬੰਦੀ ਦਾ ਸਕੱਤਰ ਤਾਲਮੇਲ ਨਿਯੁਕਤ ਕੀਤਾ ਗਿਆ ਹੈ। ਮੀਤ ਪ੍ਰਧਾਨ ਦੀ ਖਾਲੀ ਅਸਾਮੀ ਪੁਰ ਕਰਨ ਲਈ ਪਿੰਡ ਡੱਡੂ ਮਾਜਰਾ ਦੇ ਲੰਬੜਦਾਰ ਚੌਧਰੀ ਜੈ ਪ੍ਰਕਾਸ਼ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।



# ਦੇਸ਼ ਦੇ ਚਾਰ ਸੂਬੇ ਦਲਿਤ ਅੱਤਿਆਚਾਰਾਂ 'ਚ ਸਭ ਤੋਂ ਅੱਗੇ : ਧਾਲੀਵਾਲ

**ਫਗਵਾੜਾ (ਡਾ. ਰਮਨ)**- ਕਾਂਗਰਸ ਦੇ ਸੀਨੀਅਰ ਨੇਤਾ ਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਭਾਜਪਾ ਸ਼ਾਸਿਤ ਰਾਜਾਂ ਵਿੱਚ ਦਲਿਤਾਂ ਵਿਰੁੱਧ ਅੱਤਿਆਚਾਰਾਂ ਦੇ ਵਧ ਰਹੇ ਮਾਮਲਿਆਂ ਲਈ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਕਿ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (ਐਨਸੀਆਰਬੀ) ਦੀ 2023 ਦੀ ਰਿਪੋਰਟ ਵਿੱਚ ਭਾਜਪਾ ਦਾ ਦਲਿਤ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ।ਭਾਜਪਾ ਦੇ ਰਾਜ ਵਿੱਚ ਦਲਿਤਾਂ ਵਿਰੁੱਧ ਮਾਮਲਿਆਂ ਵਿੱਚ ਵਾਧਾ ਚਿੰਤਾਜਨਕ ਹੈ। ਕੇਂਦਰ ਸਰਕਾਰ ਨੂੰ ਇਨ੍ਹਾਂ ਘਟਨਾਵਾਂ ਨੂੰ ਰੋਕਣਾ ਚਾਹੀਦਾ ਸੀ, ਪਰ ਇਹ ਉਨ੍ਹਾਂ ਦੇ ਰਾਜ ਵਿੱਚ ਵੱਧ ਰਹੀਆਂ ਹਨ। ਦਲਿਤ ਸੁਰੱਖਿਅਤ ਮਹਿਸੂਸ ਕਰਨ ਵਿੱਚ ਅਸਮਰੱਥ ਹਨ। ਦੇਸ਼ ਵਿੱਚ ਦਲਿਤਾਂ ਅਤੇ ਆਦਿਵਾਸੀ ਭਾਈਚਾਰਿਆਂ ਵਿਰੁੱਧ ਵਧ ਰਹੇ ਅਪਰਾਧ ਕਾਨੂੰਨ ਵਿਵਸਥਾ ਅਤੇ ਸਮਾਜਿਕ ਨਿਆਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ।ਧਾਲੀਵਾਲ ਨੇ ਦੋਸ਼ ਲਗਾਇਆ ਕਿ ਉੱਤਰ ਪ੍ਰਦੇਸ਼ ਵਿੱਚ ਸਭ ਤੋਂ ਵੱਧ ਮਾਮਲੇ ਹਨ, ਉਸ ਤੋਂ ਬਾਅਦ ਰਾਜਸਥਾਨ ਅਤੇ ਮੱਧ ਪ੍ਰਦੇਸ਼ ਹਨ, ਅਤੇ ਬਿਹਾਰ ਚੌਥੇ ਨੰਬਰ 'ਤੇ ਹੈ। ਭਾਜਪਾ ਸ਼ਾਸਿਤ ਰਾਜ ਚਾਰਾਂ ਰਾਜਾਂ ਵਿੱਚ ਸੱਤਾ ਵਿੱਚ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਰਿਪੋਰਟ ਦੇ ਅਨੁਸਾਰ, 2023 ਵਿੱਚ ਅਨੁਸੂਚਿਤ ਜਾਤੀਆਂ (ਐੱਸ ਸੀ) ਵਿਰੁੱਧ ਅੱਤਿਆਚਾਰਾਂ ਦੇ ਕੁੱਲ 57,789 ਮਾਮਲੇ ਦਰਜ ਕੀਤੇ ਗਏ ਸਨ, ਜੋ ਕਿ 2022 ਵਿੱਚ 57,582 ਮਾਮਲਿਆਂ ਤੋਂ 0.4 ਪ੍ਰਤੀਸ਼ਤ ਵੱਧ ਹੈ। ਅੰਕੜਿਆਂ ਅਨੁਸਾਰ, ਉੱਤਰ ਪ੍ਰਦੇਸ਼ ਵਿੱਚ ਸਭ ਤੋਂ ਵੱਧ 15,130 ਮਾਮਲੇ ਦਰਜ ਕੀਤੇ ਗਏ, ਜਦੋਂ ਕਿ ਰਾਜਸਥਾਨ (8,449), ਮੱਧ ਪ੍ਰਦੇਸ਼ (8,232), ਅਤੇ ਬਿਹਾਰ (7,064) ਵੀ ਚੋਟੀ ਦੇ ਰਾਜਾਂ ਵਿੱਚ ਸ਼ਾਮਲ ਹਨ।

# ਕਹਾਣੀਕਾਰ ਗੁਰਮੀਤ ਸਿੰਘ ਸਿੰਗਲ ਦਾ ਹੋਇਆ ਰੂ-ਬ-ਰੂ ਤੇ ਸਨਮਾਨ



**ਖਰੜ (ਸੁਰਜੀਤ ਸੁਮਨ)**
ਖਾਲਸਾ ਪੰਥ ਦੀ ਸਿਰਜਣਾ ਨੂੰ ਸਮਰਪਿਤ ਪੰਜਾਬੀ ਸਾਹਿਤ ਸਭਾ ਖਰੜ ਦੀ ਮਾਸਿਕ ਇਕੱਤ੍ਰਤਾ, ਖਾਲਸਾ ਸਕੂਲ ਖਰੜ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਕਹਾਣੀਕਾਰ ਗੁਰਮੀਤ ਸਿੰਗਲ ਦਾ ਰੂ-ਬ-ਰੂ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਮਨਮੋਹਨ ਸਿੰਘ ਦਾਊਂ, ਪਰਮਜੀਤ ਮਾਨ, ਡਾ. ਜਸਪਾਲ ਜੱਸੀ, ਨਕਸ਼ਦੀਪ ਪੰਜਕੋਹਾ ਤੇ ਗੁਰਮੀਤ ਸਿੰਗਲ, ਸ਼ਾਮਿਲ ਹੋਏ। ਡਾ. ਜਸਪਾਲ ਜੱਸੀ ਨੇ ਸਾਹਿਤਕਾਰਾਂ ਦਾ ਸਵਾਗਤ ਕਰਦਿਆਂ ਗੁਰਮੀਤ ਸਿੰਗਲ ਦੀ ਕਹਾਣੀ ਕਲਾ ਅਤੇ ਉਸ ਦੇ ਹੋਏ ਮਾਣ-ਸਨਮਾਨਾਂ ਬਾਰੇ ਭਰਪੂਰ ਚਰਚਾ ਕੀਤੀ। ਗੁਰਮੀਤ ਸਿੰਗਲ ਦੀ ਕਹਾਣੀ ਬਾਰੇ ਨਾਵਲਕਾਰ ਸੰਤਵੀਰ, ਨਕਸ਼ਦੀਪ ਪੰਜਕੋਹਾ, ਸਰੂਪ ਸਿਆਲਵੀ, ਡਾ. ਹਰਨੇਕ ਸਿੰਘ ਕਲੇਰ, ਜਰਨੈਲ ਹੁਸ਼ਿਆਰਪਰੀ, ਕਾਲਾ ਸਿੰਘ ਸੈਣੀ, ਰੂਪ ਦਿਓਲ, ਰਾਜਵਿੰਦਰ ਗੱਡੂ, ਰੋਮੀ ਘੜਾਮਾ, ਸੁਰਜੀਤ ਸੁਮਨ ਤੇ ਮੁਲਾਜ਼ਮ ਆਗੂ ਕੁਲਵੰਤ ਸਿੰਘ ਨੇ ਆਪਣੇ ਆਪਣੇ ਵਿਚਾਰ ਪ੍ਰਗਟਾਏ। ਇੰਜ. ਜਸਪਾਲ ਸਿੰਘ ਦੇਸੂਵੀ ਨੇ ਸਿੰਗਲ ਦੀ ਕਹਾਣੀ ਕਲਾ ਤੇ ਅੱਜ ਦੇ ਲੇਖਕਾਂ ਦੀ ਲਿਖਣ-ਸ਼ੈਲੀ ਬਾਰੇ ਮੁੱਲਵਾਨ ਨੁਕਤਿਆਂ ਵੱਲ ਧਿਆਨ ਕੇਂਦਰਿਤ ਕੀਤਾ। ਗੁਰਮੀਤ ਸਿੰਗਲ ਨੇ ਆਪਣੀਆਂ ਕਹਾਣੀਆਂ ਨੂੰ ਮਿਲੇ ਮਾਣ-ਸਨਮਾਨ ਤੇ ਕਹਾਣੀ ਸਫਰ ਬਾਰੇ ਸਰੋਤਿਆਂ ਨੂੰ ਭਾਵਪੂਰਤ ਢੰਗ ਨਾਲ਼ ਜਾਣੂੰ ਕਰਵਾਇਆ ਤੇ ਸਭਾ ਦਾ ਵੀ ਧੰਨਵਾਦ ਕੀਤਾ। ਪਰਮਜੀਤ ਮਾਨ ਨੇ ਪ੍ਰਧਾਨਗੀ ਭਾਸ਼ਣ ਵਿੱਚ ਸਾਹਿਤ ਤੇ ਲੇਖਣ ਦੀ ਭੂਮਿਕਾ ਉੱਤੇ ਜ਼ੋਰ ਦਿੱਤਾ। ਸਭਾ ਦੇ ਸਰਪ੍ਰਸਤ ਸ੍ ਮਨਮੋਹਨ ਸਿੰਘ ਦਾਊਂ ਨੇ ਧੰਨਵਾਦੀ ਸ਼ਬਦ ਆਖੇ ਤੇ ਸਿੰਗਲ ਨੂੰ ਵਧਾਈ ਦਿੱਤੀ। ਮੁੱਖ ਮਹਿਮਾਨ ਸ੍. ਰਘਵੀਰ ਸਿੰਘ ਮੋਦੀ, ਚੇਅਰਮੈਨ, ਬਲਾਕ ਸੰਮਤੀ ਖਰੜ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੰਚ ਸੰਚਾਲਨ ਸਭਾ ਦੇ ਪ੍ਰਧਾਨ ਤੇ ਉੱਘੇ ਗਾਇਕ ਡਾ. ਜਸਪਾਲ ਜੱਸੀ ਨੇ ਬਖੂਬੀ ਨਿਭਾਇਆ। ਕਾਵਿ-ਮਹਿਫਿਲ ਦੌਰਾਨ ਮਲਕੀਤ ਨਾਗਰਾ ਨੇ ਦਸ਼ਮੇਸ਼ ਪਿਤਾ ਦੀ ਕਾਵਿ ਕਥਾ ਪੇਸ਼ ਕੀਤੀ। ਹਰਜਿੰਦਰ ਗੁਪਾਲੋਂ, ਮੰਦਰ ਗਿੱਲ ਸਾਹਿਬਚੰਦੀਆ, ਪਾਲੀ ਗਿੱਦੜਵਾਹਾ, ਰਾਜੂ ਨਾਹਰ, ਜਸਪ੍ਰੀਤ, ਪ੍ਰਤਾਪ ਪਾਰਸ ਗੁਰਦਾਸਪੁਰੀਆ, ਧਿਆਨ ਸਿੰਘ ਕਾਹਲੋਂ ਤੇ ਰਘਵੀਰ ਭੁੱਲਰ ਨੇ ਕਾਵਿ ਰਚਨਾਵਾਂ ਤੇ ਗੀਤ ਪੇਸ਼ ਕੀਤੇ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਯੂਨੀਅਨ ਦੀ ਚੋਣ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਤਹਿਸੀਲ ਪੱਧਰ ਤੇ ਹੋਈ, ਜਿਸ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਅਗਲੇ ਤਿੰਨ ਸਾਲਾਂ ਵਾਸਤੇ ਨਵੀਂ ਕਾਰਜਕਾਰਨੀ ਕਮੇਟੀ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਭਖਦੀਆਂ ਮੰਗਾਂ 16 ਪ੍ਰਤੀਸ਼ਤ ਡੀ.ਏ, 2.59 ਪ੍ਰਤੀਸ਼ਤ ਨਾਲ ਪੈਨਸ਼ਨਾਂ ਵਿੱਚ ਵਾਧਾ ਤੇ ਜਥੇਬੰਦਕ ਢਾਂਚੇ ਤੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਚੋਣ ਪ੍ਰਕਿਰਿਆ ਦੌਰਾਨ ਬਹਾਦਰ ਸਿੰਘ ਨੂੰ ਜਥੇਬੰਦੀ ਦਾ ਸਰਪ੍ਰਸਤ ਅਤੇ ਭੁਪਿੰਦਰ ਸਿੰਘ (ਰੋਡਵੇਜ਼) ਨੂੰ ਪ੍ਰਧਾਨ ਚੁਣਿਆ ਗਿਆ। ਪੈਨਸ਼ਨਰਾਂ ਦੇ ਹਿੱਤਾਂ ਲਈ ਲਗਾਤਾਰ ਸੰਘਰਸ਼ ਕਰਨ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਬਲਬੀਰ ਸਿੰਘ ਨੂੰ ਜਨਰਲ ਸਕੱਤਰ ਤੇ ਹਰਵਿੰਦਰ ਸਿੰਘ (ਰਿਟਾ. ਪ੍ਰਿੰਸੀਪਲ) ਨੂੰ ਕੈਸ਼ੀਅਰ ਦੀ ਜ਼ਿੰਮੇਵਾਰੀ ਸੌਂਪੀ ਗਈ। ਇਥੇ ਜਿਕਰਯੋਗ ਹੈ ਕਿ ਉਪਰੋਕਤ ਤਿੰਨੇ ਔਹਦੇਦਾਰਾਂ ਨੂੰ ਜਥੇਬੰਦੀ ਨੇ ਦੂਜੀ ਵਾਰ ਫੇਰ ਜ਼ੁੰਮੇਵਾਰੀ ਦਿੱਤੀ ਹੈ।
ਜਥੇਬੰਦੀ ਦੇ ਕੰਮਾਂ ਵਿੱਚ ਤੇਜ਼ੀ ਲਿਆਉਣ ਲਈ ਸੀਨੀਅਰ ਮੀਤ ਪ੍ਰਧਾਨ ਚੁਣੇ ਗਏ, ਜਿਨ੍ਹਾਂ ਵਿੱਚ ਮਹਿੰਦਰ ਪਾਲ ਸਿੰਘ ਸ਼ਾਹੀ, ਹਰਮੇਸ਼ ਪਾਲ (ਰੋਡਵੇਜ਼), ਭਾਰਤ ਭੂਸ਼ਣ (ਰਿਟਾ. ਪ੍ਰਿੰਸੀਪਲ), ਸਵਰਨ ਸਿੰਘ (ਲੈਕ.) ਅਤੇ ਕਸ਼ਮੀਰਾ ਸਿੰਘ ਸ਼ਾਮਲ ਹਨ। ਇਸ ਦੇ ਨਾਲ ਹੀ ਮਲਕੀਤ ਸਿੰਘ, ਵਿਜੈ ਪਾਲ, ਸਤਨਾਮ ਸਿੰਘ ਅਤੇ ਗੁਰਦੇਵ ਸਿੰਘ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਜਥੇਬੰਦਕ ਸਕੱਤਰ ਪਰਮਜੀਤ ਸਿੰਘ ਸ਼ਾਹੀ ਨਿਯੁਕਤ ਕੀਤਾ ਗਿਆ। ਹੋਰ ਅਹੁਦੇਦਾਰਾਂ ਵਿੱਚ ਕਮਲਜੀਤ ਸਿੰਘ ਨੂੰ ਸਹਾਇਕ ਵਿੱਤ ਸਕੱਤਰ ਤੇ ਨੀਰਜ ਧੀਮਾਨ ਨੂੰ ਪ੍ਰੈੱਸ ਸਕੱਤਰ ਦੀ ਅਹਿਮ ਜ਼ਿੰਮੇਵਾਰੀ ਦਿੱਤੀ ਗਈ। ਜਥੇਬੰਦੀ ਦੇ ਕਾਨੂੰਨੀ ਮਾਮਲਿਆਂ ਦੀ ਦੇਖ-ਰੇਖ ਇੰਦਰਜੀਤ ਮਰਵਾਹਾ ਤੇ ਬਲਵਿੰਦਰ ਸਿੰਘ ਕਰਨਗੇ।

# ਵਿਧਾਇਕ ਨੇ ਕੀਤੀ ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨ ਨਾਲ ਮੀਟਿੰਗ



**ਮੋਹਾਲੀ (ਗੁਰਜੀਤ ਬਿੱਲਾ)**- ਮੁਹਾਲੀ ਦੇ ਸਮੂਹ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰ ਦੇ ਨਾਲ ਮੋਹਾਲੀ ਦੇ ਵਿਕਾਸ ਸਬੰਧੀ ਰੱਖੇ ਗਏ ਸੰਵਾਦ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਵਿੱਚ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਮੋਹਾਲੀ ਵਿੱਚ ਕਰਵਾਏ ਗਏ ਚਾਰ ਸਾਲਾਂ ਦੇ ਕਾਰਜਾਂ ਦਾ ਲੇਖਾ ਜੋਖਾ ਕੀਤਾ ਗਿਆ। ਹਾਜ਼ਰੀਨ ਵੱਲੋਂ ਭਗਵੰਤ ਸਿੰਘ ਮਾਨ ਸਰਕਾਰ ਦੁਆਰਾ ਕੀਤੇ ਗਏ ਬੇਮਿਸਾਲ ਵਿਕਾਸ ਕਾਰਜਾਂ ਦੀ ਸ਼ਲਾਂਘਾ ਕਰਦੇ ਹੋਏ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਵਿਧਾਇਕ ਕੁਲਵੰਤ ਸਿੰਘ ਨੇ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ ਦੇ ਨੁਮਾਇੰਦੇ ਨਾਲ ਮੀਟਿੰਗ ਦੌਰਾਨ ਵਿਧਾਨ ਸਭਾ ਹਲਕੇ ਮੋਹਾਲੀ ਦੇ ਵੱਖ-ਵੱਖ ਮੁੱਦੇ ਉਤੇ ਚਰਚਾ ਕੀਤੀ ਗਈ ਮੀਟਿੰਗ ਵਿੱਚ ਬਿਜਲੀ, ਪਾਣੀ ਅਤੇ ਸੜਕਾਂ ਦੀ ਮੁਰੰਮਤ ਵਰਗੀਆਂ ਮੁੱਖ ਸਮੱਸਿਆਵਾਂ 'ਤੇ ਗੱਲ ਕੀਤੀ ਗਈ। ਐਸੋਸੀਏਸ਼ਨ ਦੇ ਨੁਮਾਇੰਦੇ ਨੇ ਵਿਧਾਇਕ ਤੋਂ ਇਨ੍ਹਾਂ ਸਮੱਸਿਆਵਾਂ ਦੇ ਹੱਲ ਦੀ ਮੰਗ ਕੀਤੀ ਅਤੇ ਉਮੀਦ ਕੀਤੀ ਕਿ ਜਲਦ ਹੀ ਕਦਮ ਉਠਾਏ ਜਾਣਗੇ।

# ਸਾਲਾਨਾ ਉਰਸ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਚੋਮੋ ਵਿਖੇ ਬਾਬਾ ਰਹਿਮਤ ਸ਼ਾਹ ਕਾਦਰੀ ਦਾ ਸਾਲਾਨਾ 2 ਰੋਜ਼ਾ ਉਰਸ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਰਾਮ ਸ਼ਾਹ ਕਾਦਰੀ ਦੀ ਦੇਖਰੇਖ ਹੇਠ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ। ਉਰਸ ਦੇ ਪਹਿਲੇ ਦਿਨ ਸ਼ਾਮ ਨੂੰ ਬਾਬਾ ਰਾਮ ਸਾਈ,ਬਾਬਾ ਹਰਬੰਸ ਸ਼ਾਹ ਕਾਦਰੀ ਆਦਮਪੁਰ ਤੇ ਸਮੂਹ ਸੰਗਤਾਂ ਵਲੋਂ ਮਹਿੰਦੀ ਦੀ ਰਸਮ ਤੇ ਦੂਸਰੇ ਦਿਨ ਸਵੇਰੇ 11 ਵਜੇ ਦਰਬਾਰ ਸਾਹਿਬ ਤੇ ਨਿਸ਼ਾਨ ਸਾਹਿਬ ਚੜਾਉਣ ਦੀ ਰਸਮ ਅਦਾ ਕੀਤੀ ਗਈ । ਉਪਰੰਤ ਦੁਪਹਿਰ 1 ਵਜੇ ਤੋਂ ਰਾਤ 7 ਵਜੇ ਤੱਕ ਸ਼ਿਵ ਕੁਮਾਰ ਸੂਫ਼ੀ ਕਵਾਲ ਆਦਮਪੁਰ,ਸਲਾਮਤ ਕਾਦਰੀ ਕਵਾਲ ਐਂਡ ਪਾਰਟੀ,ਅਸ਼ੋਕ ਨਕਾਲ ਪਾਰਟੀ ਆਦਮਪੁਰ ਮਨੀ ਗਿੱਲ, ਕੁਲਵਿੰਦਰ ਕਿੰਦਾ ਤੇ ਹੋਰ ਕਲਾਕਾਰਾਂ ਨੇ ਦਰਬਾਰ ਚ ਆਪਣੀ ਆਪਣੀ ਹਾਜ਼ਰੀ ਲਗਵਾਈ। ਗੱਦੀ ਨਸ਼ੀਨ ਬਾਬਾ ਰਾਮ ਸਾਂਈ ਚੋਮੋ ਨੇ ਹਜ਼ਰਤ ਪੀਰ ਬਾਬਾ ਰਹਿਮਤ ਸ਼ਾਹ ਕਾਦਰੀ ਦੇ ਸਾਲਾਨਾ ਉਰਸ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਬਾਬਾ ਹਰਬੰਸ ਸ਼ਾਹ ਜੀ ਕਾਦਰੀ ਆਦਮਪੁਰ ਸ਼ਰੀਫ਼, ਦਲੀਪ ਸਾਈ ਦਕੋਏ ਵਾਲੇ, ਸੂਬਾ ਉਦੇਸੀਆਂ, ਸੰਦੀਪ ਸਾਈ, ਫੱਕਰ ਸਾਈ, ਬਾਬਾ ਰਾਮ ਮੂਰਤੀ ਆਦਮਪੁਰ, ਦੀਪਾ ਕਾਦਰੀ,ਤਿਲਕਾ ਸਾਈ, ਕੋਮਲ ਮਹੰਤ ,ਬਿੰਦਰ ਸਾਈ ਆਦਮਪੁਰ, ਪਰਮਜੀਤ ਸਾਈ, ਸਾਜਨ ਕਾਦਰੀ, ਮਨਜੀਤ ਕੌਰ ਕਾਦਰੀ, ਨਿਰਮਲ ਕਾਦਰੀ, ਸੁਰਜੀਤ ਕੌਰ ਕਾਦਰੀ, ਅਲੀਸ਼ਾ, ਵਿਰਾਟ ਵਾਹਿਦ ਸਿੱਧੂ ਤੇ ਹੋਰ ਸੰਗਤਾਂ ਹਾਜ਼ਰ ਸਨ।



# ਮੁੱਖ ਮੰਤਰੀ ਸਿਹਤ ਯੋਜਨਾ ਨੇ 2 ਲੱਖ ਪਰਵਾਰਾਂ ਨੂੰ ਆਰਥਿਕ ਬਰਬਾਦੀ ਤੋਂ ਬਚਾਇਆ : ਡਾ. ਬਲਬੀਰ ਸਿੰਘ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਨਵਾਂ ਰੂਪ ਦੇ ਕੇ ਇਹ ਯਕੀਨੀ ਬਣਾ ਰਹੀ ਹੈ ਕਿ ਹੁਣ ਇਲਾਜ ਕਿਸੇ ਪਰਵਾਰ ਦੀ ਵਿੱਤੀ ਸਮਰੱਥਾ ਤੱਕ ਮਹਿਦੂਦ ਨਾ ਰਹੇ ਸਗੋਂ ਹਰੇਕ ਤੱਕ ਪਹੁੰਚੇ । ਨਵਜੰਮੇ ਬੱਚਿਆਂ ਦੀ ਗੰਭੀਰ ਦੇਖਭਾਲ ਤੋਂ ਲੈ ਕੇ ਗੁੰਝਲਦਾਰ ਸਰਜਰੀਆਂ ਅਤੇ ਜੀਵਨ ਭਰ ਚੱਲਣ ਵਾਲੇ ਪੁਰਾਣੇ ਗੰਭੀਰ ਰੋਗਾਂ ਦੇ ਇਲਾਜ ਤੱਕ, ਇਹ ਸਕੀਮ ਪੰਜਾਬ ਭਰ ਦੇ ਲੱਖਾਂ ਪਰਿਵਾਰਾਂ ਨੂੰ ਸਮੇਂ ਸਿਰ, ਨਕਦ ਰਹਿਤ ਡਾਕਟਰੀ ਸਹਾਇਤਾ ਪ੍ਰਦਾਨ ਕਰ ਰਹੀ ਹੈ।ਜਦੋਂ ਏਮਜ਼ ਬਠਿੰਡਾ ਵਿਖੇ 1.5 ਕਿੱਲੋ ਤੋਂ ਵੀ ਘੱਟ ਭਾਰ ਵਾਲੇ ਅਤੇ ਸਮੇਂ ਤੋਂ ਪਹਿਲਾਂ ਪੈਦਾ ਹੋਏ ਬੱਚੇ ਨੂੰ ਬਚਾਉਣ ਲਈ ਮਕੈਨੀਕਲ ਵੈਂਟੀਲੇਸ਼ਨ ਦੀ ਲੋੜ ਸੀ, ਤਾਂ ਉਸਦੇ ਮਾਪਿਆਂ ਦੀ ਸਿਰਫ਼ ਇੱਕ ਹੀ ਜ਼ਿੰਮੇਵਾਰੀ ਸੀ-ਉਸਦੇ ਨਾਲ ਰਹਿਣਾ। ਇਸ ਇਲਾਜ ਦਾ 4.35 ਲੱਖ ਰੁਪਏ ਦਾ ਖਰਚਾ ਪੂਰੀ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਉਠਾਇਆ ਗਿਆ। ਪੂਰੇ ਪੰਜਾਬ ਵਿੱਚ, 2 ਲੱਖ ਤੋਂ ਵੱਧ ਪਰਿਵਾਰਾਂ ਨੇ ਅਜਿਹੀ ਹੀ ਰਾਹਤ ਮਹਿਸੂਸ ਕੀਤੀ ਹੈ, ਜਿੱਥੇ ਬਗ਼ੈਰ ਕਿਸੇ ਕਰਜ਼ੇ, ਗਹਿਣੇ ਗਿਰਵੀ ਰੱਖਣ ਜਾਂ ਵਿੱਤੀ ਮਦਦ ਲਈ ਹਾੜੇ ਕੱਢੇ ਬਿਨਾਂ ਤੁਰੰਤ ਇਲਾਜ ਸ਼ੁਰੂ ਹੋਇਆ।

# 12.5 ਕਰੋੜ ਦੀ ਲਾਗਤ ਨਾਲ ਸੜਕਾਂ ਦਾ ਪੁਨਰ ਨਿਰਮਾਣ ਕੀਤਾ ਜਾਵੇਗਾ : ਚੱਬੇਵਾਲ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**
ਲੋਕ ਸਭਾ ਵਿਚ ਆਮ ਆਦਮੀ ਪਾਰਟੀ ਦੇ ਉਪ-ਨੇਤਾ ਤੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦੇ ਅਣਥਕ ਯਤਨਾਂ ਨਾਲ ਹੁਣ ਫਗਵਾੜਾ ਵਿਧਾਨ ਸਭਾ ਹਲਕੇ ਦੀਆਂ ਸੜਕਾਂ ਦਾ ਰੂਪ ਪੂਰੀ ਤਰ੍ਹਾਂ ਬਦਲਣ ਵਾਲਾ ਹੈ।ਇਸ ਮਹੱਤਵਾਕਾਂਖੀ ਪ੍ਰੋਜੈਕਟ ਤਹਿਤ 12.5 ਕਰੋੜ ਰੁਪਏ ਦੀ ਲਾਗਤ ਨਾਲ ਸ਼ਹਿਰ ਦੀਆਂ ਸੜਕਾਂ ਦਾ ਪੁਨਰ-ਨਿਰਮਾਣ ਕੀਤਾ ਜਾਵੇਗਾ। ਫਗਵਾੜਾ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸ਼ੂਗਰ ਮਿੱਲ ਓਵਰਬ੍ਰਿਜ ਥੱਲੇ ਵਾਲੀਆਂ ਸੜਕਾਂ ਬਣਾਉਣ ਦੀ ਮੰਗ ਆਖਰਕਾਰ ਪੂਰੀ ਹੋ ਗਈ ਹੈ। ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਆਧਿਕਾਰਿਕ ਤੌਰ 'ਤੇ ਉਦਘਾਟਨ ਕੀਤਾ। ਇਸ ਮੌਕੇ ਆਪ ਪਾਰਟੀ ਦੇ ਫਗਵਾੜਾ ਹਲਕੇ ਦੇ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ ਵੀ ਹਾਜ਼ਰ ਸਨ।ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਵਿਕਾਸ ਨਾਲ ਜੁੜੀ ਕਿਸੇ ਵੀ ਸਮੱਸਿਆ ਨੂੰ ਹਲਕੇ ਵਿਚ ਨਹੀਂ ਰਹਿਣ ਦਿਆਂਗਾ, ਸਗੋਂ ਹਰ ਕਦਮ ਫਗਵਾੜਾ ਵਾਸੀਆਂ ਦੀਆਂ ਮੰਗਾਂ ਅਨੁਸਾਰ ਚੁੱਕਿਆ ਜਾਵੇਗਾ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਗਤੀਸ਼ੀਲ ਅਗਵਾਈ ਵਿਚ ਫਗਵਾੜਾ ਹਲਕੇ ਦਾ ਵਿਕਾਸ ਹੁਣ ਹੋਰ ਵੀ ਤੇਜ਼ੀ ਨਾਲ ਅੱਗੇ ਵਧੇਗਾ। ਉਨ੍ਹਾਂ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਕਿ ਹਰ ਯੋਜਨਾ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਪੂਰੀ ਕੀਤੀ ਜਾਵੇਗੀ, ਤਾਂ ਜੋ ਫਗਵਾੜਾ ਦਾ ਹਰ ਕੋਨਾ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹ ਸਕੇ।ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਮਹੱਤਵਪੂਰਨ ਸੜਕ ਨਿਰਮਾਣ ਕੰਮ ਦੀ ਸ਼ੁਰੂਆਤ ਕਰਵਾਉਣ ਤੋਂ ਬਾਅਦ ਖੁਦ ਸੜਕ ਦੀ ਕੁਆਲਿਟੀ ਦੀ ਡੂੰਘਾਈ ਨਾਲ ਜਾਂਚ ਵੀ ਕੀਤੀ। ਉਨ੍ਹਾਂ ਦੇ ਨਿਰਦੇਸ਼ਾਂ ਅਨੁਸਾਰ ਸੜਕ ਦਾ ਨਿਰਮਾਣ ਉੱਚਤਮ ਗੁਣਵੱਤਾ ਦੇ ਮਿਆਰਾਂ ਉੱਤੇ ਕੀਤਾ ਜਾ ਰਿਹਾ ਹੈ। ਉਨ੍ਹਾਂ ਯਕੀਨੀ ਬਣਾਇਆ ਕਿ ਕਿਸੇ ਵੀ ਤਰ੍ਹਾਂ ਦੀ ਘਟੀਆ ਸਮੱਗਰੀ ਦਾ ਇਸਤੇਮਾਲ ਨਾ ਹੋਵੇ।

# ਸੁਚੱਜੀ ਮਹਿਲਾ ਸਨਮਾਨ ਪੁਰਸਕਾਰ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉਭੀ)**-ਸਥਾਨਕ ਬੀ.ਡੀ. ਆਰੀਆ ਕਾਲਜ ਛਾਉਣੀ ਦੇ ਸ਼ੁਭੰਕਰ ਸਭਾਗਰ ਆਡੀਟੋਰੀਅਮ ਵਿਖੇ ਸੁਚਜੀ ਮਹਿਲਾ ਸਨਮਾਨ ਪੁਰਸਕਾਰ ਦਾ ਆਯੋਜਨ ਕੀਤਾ ਗਿਆ ਕੀਤਾ ਗਿਆ। ਇਹ ਪ੍ਰੋਗਰਾਮ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਕਰਨ ਅਗਰਵਾਲ ਤੇ ਖਜ਼ਾਨਚੀ ਖੁਸ਼ਬੂ ਅਗਰਵਾਲ ਦੀ ਅਗਵਾਈ ਹੇਠ ਅਜੂਨੋ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਮਾਗਮ ਔਰਤਾਂ ਨੂੰ ਸਸ਼ਕਤ ਬਣਾਉਣ ਤੇ ਔਰਤਾਂ ਦੇ ਅਧਿਕਾਰਾਂ ਪ੍ਰਤੀ ਸਮਾਜਿਕ ਸੋਚ ਨੂੰ ਬਦਲਣ ਵਿੱਚ ਪ੍ਰਬੰਧਨ ਕਮੇਟੀ ਦੇ ਯੋਗਦਾਨ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ।ਪ੍ਰੋਗਰਾਮ ਦੀ ਸ਼ੁਰੂਆਤ ਕਾਰਜਕਾਰੀ ਪ੍ਰਿੰਸੀਪਲ ਸ਼੍ਰੀਮਤੀ ਮਿੰਨੀ ਵਰਮਾ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਰਵਾਇਤੀ ਗਣੇਸ਼ ਵੰਦਨਾ ਕੀਤੀ ਗਈ। ਮੰਚ ਸੰਚਾਲਨ ਮਨਰਾਜਦੀਪ ਚੱਠਾ ਤੇ ਡਾ. ਮੀਨੂੰ ਨੰਦਾ ਦੁਆਰਾ ਕੀਤਾ ਗਿਆ।ਪ੍ਰਮੁੱਖ ਪੁਰਸਕਾਰ ਜੇਤੂਆਂ ਵਿੱਚ ਬਿਲਕਿਸ਼ ਬਜਾਜ, ਰੇਅ ਗੋਰੰਗ, ਸੀਮਾ ਅਗਰਵਾਲ, ਡਾ. ਵੀਨਾ ਗੁੰਬਰ, ਐਡਵੋਕੇਟ ਰਵਿੰਦਰ ਗੀਤ ਅਤੇ ਐਡਵੋਕੇਟ ਪ੍ਰਿਯੰਕਾ ਸ਼ਰਮਾ ਸ਼ਾਮਲ ਸਨ। ਕਾਨੂੰਨੀ ਮਾਹਿਰਾਂ ਨੇ ਔਰਤਾਂ ਦੇ ਅਧਿਕਾਰਾਂ ਬਾਰੇ ਕੀਮਤੀ ਸੂਝ ਅਤੇ ਵਿਸਤ੍ਰਿਤ ਜਾਣਕਾਰੀ ਵੀ ਸਾਂਝੀ ਕੀਤੀ, ਜਿਸ ਨਾਲ ਹਾਜ਼ਰੀਨ ਵਿੱਚ ਜਾਗਰੂਕਤਾ ਫੈਲੀ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਹੋਰ ਪਤਵੰਤਿਆਂ ਵਿੱਚ ਰਾਜਵਿੰਦਰ ਕੌਰ ਥਿਆੜਾ, ਸ਼ਵੇਤਾ ਧੀਰ, ਸੋਨੀਆ ਬਾਲੀ, ਨਿਧੀ ਸ਼ਰਮਾ, ਸੁਰਿੰਦਰ ਸਿੰਘ ਸੋਢੀ, ਰਾਜਵਰਿੰਦਰ ਕੌਰ ਸੋਢੀ ਅਤੇ ਕਾਲਜ ਦੀ ਪਹਿਲੀ ਵਿਦਿਆਰਥਣ ਸਾਵਿਤਰੀ ਦੇਵੀ ਮੌਜੂਦ ਸਨ।ਸੱਭਿਆਚਾਰਕ ਪੇਸ਼ਕਾਰੀਆਂ ਦੌਰਾਨ ਵਿਦਿਆਰਥਣ ਸੁਰਭੀ ਨੇ ਮਹਿਲਾ ਸਸ਼ਕਤੀਕਰਨ 'ਤੇ ਭਾਸ਼ਣ ਤੇ ਕਵਿਤਾ ਪੇਸ਼ ਕੀਤੀ, ਜਦੋਂ ਕਿ ਤਾਈ ਜਗੀਰੋ ਦੇ ਗੀਤਾਂ ਨੇ ਦਰਸ਼ਕਾਂ ਨੂੰ ਮੋਹਿਤ ਕਰ ਦਿੱਤਾ।

# ਮੁੱਖ ਮੰਤਰੀ ਅੱਜ ਵਿਕਾਸ ਕਾਰਜਾਂ ਦਾ ਰੱਖਣਗੇ ਨੀਂਹ ਪੱਥਰ





**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 7 ਅਪ੍ਰੈਲ ਨੂੰ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਲਈ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣਗੇ ਤੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਵੀ ਕਰਨਗੇ ਜਿਸ ਦੇ ਮੱਦੇਨਜ਼ਰ ਨੇੜਲੇ ਪਿੰਡ ਭੀਖੋਵਾਲ ਵਿਖੇ ਸਮਾਗਮ ਹੋਵੇਗਾ।ਪੰਜਾਬ ਦੇ ਸੰਸਦੀ ਕਾਰਜ ਮਾਮਲੇ, ਪ੍ਰਵਾਸੀ ਭਾਰਤੀ ਮਾਮਲੇ ਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਸਮਾਗਮ ਵਾਲੀ ਥਾਂ 'ਤੇ ਪਹੁੰਚ ਕੇ ਪ੍ਰਬੰਧਾਂ ਅਤੇ ਤਿਆਰੀਆਂ ਦੀ ਸਮੀਖਿਆ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਹਰਿਆਣਾ ਵਿਖੇ 9 ਕਰੋੜ ਰੁਪਏ ਵੱਧ ਦੀ ਲਾਗਤ ਨਾਲ ਬਣਨ ਵਾਲੇ ਸੀ ਐੱਚ ਸੀ. ਦਾ ਨੀਂਹ ਪੱਥਰ ਰੱਖਿਆ ਜਾਵੇਗਾ ਤੇ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਇਲਾਕੇ ਦੇ 40 ਤੋਂ ਵੱਧ ਪਿੰਡਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਮਿਆਰੀ ਸਿਹਤ ਸਹੂਲਤਾਂ ਮਿਲਣਗੀਆਂ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਦੇ 7 ਪਿੰਡਾਂ ਵਿਚ ਕਰੀਬ 4 ਕਰੋੜ ਰੁਪਏ ਦੀ ਹੈਲਥ ਵੈਲਨੈਸ ਸੈਂਟਰ ਬਣਾਏ ਜਾਣਗੇ ਜਿਸ ਕੰਮ ਦੀ ਸ਼ੁਰੂਆਤ ਮੁੱਖ ਮੰਤਰੀ ਵਲੋਂ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਹਲਕੇ ਦੇ ਕਈ ਪਿੰਡਾਂ ਵਿਚ ਖੇਡ ਮੈਦਾਨ ਬਣਾਉਣ ਤੋਂ ਇਲਾਵਾ ਪਬਲਿਕ ਲਾਇਬ੍ਰੇਰੀਆਂ ਵੀ ਬਣਾਈਆਂ ਜਾਣਗੀਆਂ ਅਤੇ ਇਨ੍ਹਾਂ ਪ੍ਰੋਜੈਕਟਾਂ ਦਾ ਨੀਂਹ ਪੱਥਰ ਵੀ ਮੰਗਲਵਾਰ ਨੂੰ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵਲੋਂ ਹੁਸ਼ਿਆਰਪੁਰ ਲਈ ਕਈ ਅਹਿਮ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕਰਵਾਈ ਜਾਵੇਗੀ।ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਬਿੰਦਰ ਸਿੰਘ ਪਾਬਲਾ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਸਮੇਤ ਸਮਾਗਮ ਸਥਾਨ 'ਤੇ ਪਹੁੰਚੇ। ਕੈਬਨਿਟ ਮੰਤਰੀ ਨੇ ਕਿਹਾ ਕਿ ਪ੍ਰੋਗਰਾਮ ਦੇ ਪ੍ਰਬੰਧਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ।

# ਡਿਪਟੀ ਸਪੀਕਰ ਨੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਪਾਇਆ ਚਾਨਣਾ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**
ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ 'ਤੇ ਹਲਕਾ ਗੜ੍ਹਸ਼ੰਕਰ ਦੇ ਵੱਖ-ਵੱਖ ਪਿੰਡਾਂ ਵਿੱਚ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਸਮਾਗਮਾਂ ਦੀ ਲੜੀ ਜਾਰੀ ਹੈ। ਇਨ੍ਹਾਂ ਸਮਾਗਮਾਂ ਦੌਰਾਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਐੱਮ ਐੱਲ ਏ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਲੋਕਾਂ ਨਾਲ ਸਿੱਧਾ ਸੰਪਰਕ ਕਰਦੇ ਹੋਏ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਉਪਲਬਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ।ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡਾਂ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵੱਲ ਇਤਿਹਾਸਕ ਕਦਮ ਚੁੱਕੇ ਹਨ। ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨਾਲ ਕੀਤਾ ਨੌਕਰੀਆਂ ਦਾ ਵਾਅਦਾ ਪੂਰਾ ਕੀਤਾ ਹੈ ਅਤੇ ਹਜ਼ਾਰਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮਹਿਲਾਵਾਂ ਨਾਲ ਕੀਤਾ ਵਾਅਦਾ ਵੀ ਪੂਰਾ ਕੀਤਾ ਗਿਆ ਹੈ। ਸਰਕਾਰ ਵੱਲੋਂ ਹਰ ਔਰਤ ਨੂੰ 1000 ਰੁਪਏ ਤੇ ਵਿਸ਼ੇਸ਼ ਵਰਗ ਦੀਆਂ ਭੈਣਾਂ ਲਈ 1500 ਰੁਪਏ ਦੀ ਸਹਾਇਤਾ ਦੇ ਕੇ ਆਪਣਾ ਵਾਅਦਾ ਨਿਭਾਇਆ ਗਿਆ ਹੈ। ਡਿਪਟੀ ਸਪੀਕਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਸਖ਼ਤ ਮੁਹਿੰਮ ਚਲਾਈ ਜਾ ਰਹੀ ਹੈ। ਪੂਰੇ ਪੰਜਾਬ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਗਈ ਹੈ ਅਤੇ ਨਸ਼ਿਆਂ ਦੇ ਜਾਲ ਨੂੰ ਤੋੜਨ ਲਈ ਹਰ ਪਿੰਡ ਅਤੇ ਹਰ ਘਰ ਤੱਕ ਜਾਗਰੂਕਤਾ ਮੁਹਿੰਮ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ ਦਾ ਵੀ ਵਿਸ਼ੇਸ਼ ਜ਼ਿਕਰ ਕੀਤਾ। ਰੌੜੀ ਨੇ ਕਿਹਾ ਕਿ ਮਾਹਿਲਪੁਰ ਵਿੱਚ ਪਹਿਲੀ ਵਾਰ ਕਰਵਾਈ ਗਈ ਇਸ ਵਿਸ਼ਾਲ ਮੈਰਾਥਨ ਦਾ ਮਕਸਦ ਪੰਜਾਬ ਦੇ ਹਰ ਨੌਜਵਾਨ ਨੂੰ ਖੇਡਾਂ ਨਾਲ ਜੋੜਨਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਵੱਡਾ ਸੰਦੇਸ਼ ਦੇਣਾ ਸੀ।




# ਐਕਸ ਯੂ ਵੀ ਹਾਦਸੇ ਦਾ ਸ਼ਿਕਾਰ, ਰਾਹਗੀਰਾਂ ਨੇ ਬੁਝਾਈ ਅੱਗ

**ਬਲਾਚੌਰ (ਜਸਵਿੰਦਰ ਬੈਂਸ )**
ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਨੇੜੇ ਟੋਲ ਪਲਾਜ਼ਾ ਕਾਠਗੜ੍ਹ ਕੋਲ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇੱਕ ਐਕਸ ਯੂ ਵੀ 700 ਗੱਡੀ , ਜਿਸ ਵਿੱਚ ਸੰਜੀਵ ਵਾਸੀ ਸੰਜੋਲੀ ਸ਼ਿਮਲਾ ਆਪਣੇ ਪਰਵਾਰ ਸਮੇਤ ਅੰਮ੍ਰਿਤਸਰ ਤੋਂ ਵਾਪਸ ਸ਼ਿਮਲਾ ਜਾ ਰਹੇ ਸਨ। ਅਚਾਨਕ ਗੱਡੀ ਬੇਕਾਬੂ ਹੋ ਕੇ ਸੜਕ ਕਿਨਾਰੇ ਪਲਟ ਗਈ। ?ਹਾਦਸਾ ਇੰਨਾ ਭਿਆਨਕ ਸੀ ਕਿ ਪਲਟਣ ਤੋਂ ਤੁਰੰਤ ਬਾਅਦ ਗੱਡੀ ਨੂੰ ਅੱਗ ਲੱਗ ਗਈ। ਮੌਕੇ 'ਤੇ ਮੌਜੂਦ ਰਾਹਗੀਰਾਂ ਨੇ ਹਿੰਮਤ ਦਿਖਾਉਂਦੇ ਹੋਏ ਤੁਰੰਤ ਅੱਗ 'ਤੇ ਕਾਬੂ ਪਾਇਆ ਅਤੇ ਗੱਡੀ ਸਵਾਰਾਂ ਨੂੰ ਸੁਰੱਖਿਅਤ ਬਾਹਰ ਕੱਢਿਆ। ਇਸ ਹਾਦਸੇ ਵਿੱਚ ਸੰਜੀਵ ਪੁਰੀ ਅਤੇ ਉਹਨਾਂ ਦੇ ਪੁੱਤਰ ਨਿਨਦ ਪੁਰੀ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ, ਜਿਨ੍ਹਾਂ ਨੂੰ ਮੌਕੇ 'ਤੇ ਹੀ ਮੁਢਲੀ ਸਹਾਇਤਾ ਦਿੱਤੀ ਗਈ। ?ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਕਾਠਗੜ੍ਹ ਦੇ ਮੁਨਸ਼ੀ ਹਰਪ੍ਰੀਤ ਸਿੰਘ ਨੂੰ ਮਾਮਲਾ ਨੋਟ ਕਰਵਾਇਆ ਗਿਆ। ਪੁਲਸ ਪ੍ਰਸ਼ਾਸਨ ਨੇ ਮੌਕੇ 'ਤੇ ਪਹੁੰਚ ਕੇ ਰਿਕਵਰੀ ਗੱਡੀ ਦੀ ਮਦਦ ਨਾਲ ਹਾਦਸਾਗ੍ਰਸਤ ਗੱਡੀ ਨੂੰ ਸੜਕ ਤੋਂ ਪਾਸੇ ਕਰਵਾਇਆ ਅਤੇ ਰੂਟ ਨੂੰ ਮੁਕੰਮਲ ਰੂਪ ਵਿੱਚ ਕਲੀਅਰ ਕਰਵਾ ਕੇ ਆਵਾਜਾਈ ਬਹਾਲ ਕਰਵਾਈ।



## ਸਾਂਸਦ ਅਮਰ ਸਿੰਘ ਵੱਲੋਂ ਮ੍ਰਿਤਕ ਤਿਵਾੜੀ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਮਰ ਸਿੰਘ ਪਿਛਲੇ ਦਿਨੀਂ ਕਤਲ ਕੀਤੇ ਗਏ ਮਾਛੀਵਾੜਾ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਪਿੰਡ ਤੱਖਰਾਂ ਵਿਖੇ ਪੁੱਜੇ। ਇਸ ਮੌਕੇ ਉਨ੍ਹਾਂ ਨਾਲ ਹਲਕਾ ਇਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਜਤਿੰਦਰ ਸਿੰਘ ਜੋਗਾ ਬਲਾਲਾ ਵੀ ਮੌਜੂਦ ਸਨ। ਸਾਂਸਦ ਅਮਰ ਸਿੰਘ ਨੇ ਮ੍ਰਿਤਕ ਤਿਵਾੜੀ ਦੀ ਪਤਨੀ ਕੁਸੁਮ ਤਿਵਾੜੀ ਤੇ ਛੋਟੇ-ਛੋਟੇ ਬੱਚਿਆਂ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਮਿੰਦਰ ਤਿਵਾੜੀ ਇੱਕ ਜੁਝਾਰੂ ਤੇ ਮਿਹਨਤੀ ਕਾਂਗਰਸੀ ਆਗੂ ਸਨ, ਜਿਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਜਿੱਥੇ ਪਰਵਾਰ ਨੂੰ ਉਨ੍ਹਾਂ ਦੀ ਮੌਤ ਨਾਲ ਵੱਡਾ ਘਾਟਾ ਪਿਆ ਹੈ, ਉੱਥੇ ਕਾਂਗਰਸ ਪਾਰਟੀ ਨੂੰ ਵੀ ਉਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ। ਉਨ੍ਹਾਂ ਕਿਹਾ ਕਿ ਬੇਸ਼ੱਕ ਪਰਮਿੰਦਰ ਤਿਵਾੜੀ ਦੇ ਕਾਤਲ ਫੜੇ ਗਏ, ਪਰ ਪੁਲਸ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕਰੇ ਕਿ ਇਸ ਪਿੱਛੇ ਹੋਰ ਵੀ ਜੋ ਵਿਅਕਤੀ ਸ਼ਾਮਲ ਹਨ, ਉਨ੍ਹਾਂ 'ਤੇ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਬੀਕੇਯੂ ਉਗਰਾਹਾਂ ਜੋਗੇਵਾਲਾ ਕਮੇਟੀ ਦੀ ਚੋਣ, ਭੋਲਾ ਸਿੰਘ ਮੁੜ ਪ੍ਰਧਾਨ ਚੁਣੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਪਿੰਡ ਇਕਾਈ ਜੋਗੇਵਾਲਾ ਦੀ ਚੋਣ ਕੀਤੀ ਗਈ।ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਦੀ ਅਗਵਾਈ ਹੇਠ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਇਕੱਠ ਕੀਤਾ ਗਿਆ।ਜ਼ਿਲ੍ਹਾ ਆਗੂ ਨੇ ਜਥੇਬੰਦੀ ਦੇ ਸੰਵਿਧਾਨ, ਮੰਤਵ ਤੇ ਅਨੁਸ਼ਾਸਨ ਵਿਚ ਰਹਿ ਕੇ ਕੰਮ ਕਰਨ ਦੀ ਮਹੱਤਤਾ 'ਤੇ ਚਾਨਣਾ ਪਾਇਆ।ਇਸ ਮੌਕੇ ਬਲਾਕ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ ਨੇ ਜਥੇਬੰਦ ਲੋਕਾਂ ਵੱਲੋਂ ਇਕੱਠੇ ਹੋ ਕੇ ਲੜਨ ਦੀ ਤਾਕਤ ਦੀ ਮਹੱਤਤਾ ਬਾਰੇ ਦੱਸਿਆ।ਇਸ ਮੌਕੇ ਬਲਾਕ ਜਨਰਲ ਸਕੱਤਰ ਹਰਜੀਤ ਸਿੰਘ ਚੱਠੇਵਾਲਾ ਤੇ ਰਣਜੀਤ ਸਿੰਘ ਮਾਹੀ ਨੰਗਲ ਨੇ ਕਿਹਾ ਕਿ ਸਰਕਾਰ ਸਾਮਰਾਜੀ ਨੀਤੀਆਂ ਲਾਗੂ ਕਰਨ ਲਈ ਪੱਬਾਂ ਭਾਰ ਹੈ, ਸਮੇਂ ਦੀ ਨਜ਼ਾਕਤ ਤੇ ਸਰਕਾਰ ਦੀ ਲੋਕ ਵਿਰੋਧੀ ਨੀਅਤ ਨੂੰ ਦੇਖਦਿਆਂ ਕਿਸਾਨ ਯੂਨੀਅਨ ਨੂੰ ਤਕੜੇ ਹੋ ਕੇ ਸਰਕਾਰ ਦੇ ਜਬਰ ਦਾ ਸਾਹਮਣਾ ਕਰਨ ਲਈ ਵੱਡੇ ਪੱਧਰ 'ਤੇ ਤਿਆਰ ਹੋਣਾ ਚਾਹੀਦਾ ਹੈ।ਇਕੱਠ ਵਿੱਚ ਸਰਵਸੰਮਤੀ ਨਾਲ ਭੋਲਾ ਸਿੰਘ ਜੋਗੇਵਾਲਾ ਨੂੰ ਮੁੜ ਤੋਂ ਪਿੰਡ ਕਮੇਟੀ ਦਾ ਪ੍ਰਧਾਨ ਚੁਣਿਆ ਗਿਆ, ਜਨਰਲ ਸਕੱਤਰ ਬਲਜਿੰਦਰ ਸਿੰਘ, ਖਜ਼ਾਨਚੀ ਗੁਰਸੇਵਕ ਸਿੰਘ, ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸੀਨੀਅਰ ਮੀਤ ਪ੍ਰਧਾਨ ਲਖਵੀਰ ਸਿੰਘ, ਸਹਾਇਕ ਸਕੱਤਰ ਗੁਰਪ੍ਰੀਤ ਸਿੰਘ, ਪ੍ਰਚਾਰ ਸਕੱਤਰ ਮਾਸਟਰ ਗੁਰਸੇਵਕ ਸਿੰਘ ਨੂੰ ਚੁਣਿਆ ਗਿਆ।

## ਸੀਨੀਅਰ ਸਿਟੀਜ਼ਨ ਵੱਲੋਂ ਸਮਾਜ ਸੇਵੀ ਏ ਪੀ ਸਿੰਘ ਬਾਬਾ ਦਾ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਬਨਾਸਰ ਬਾਗ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਮੁੱਖ ਅਹੁਦੇਦਾਰਾਂ ਪ੍ਰਧਾਨ ਡਾ. ਨਰਵਿੰਦਰ ਕੌਸ਼ਲ, ਸਰਪ੍ਰਸਤ ਅਤੇ ਬੱਚਤ ਸਭਾ ਪੰਜਾਬ ਦੇ ਪ੍ਰਧਾਨ ਦਲਜੀਤ ਸਿੰਘ ਸਖੀ, ਜਨਰਲ ਸਕੱਤਰ ਜਗਜੀ ਸਿੰਘ ਜੌਸਲ, ਸੀਨੀਅਰ ਮੀਤ ਪ੍ਰਧਾਨ ਤੇ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ, ਵਿੱਤ ਸਕੱਤਰ ਸ਼ਕਤੀ ਮਿੱਤਲ, ਨੈਸ਼ਨਲ ਐਵਾਰਡੀ ਸੰਤੋਖ ਸ਼ਰਮਾ, ਡਾ. ਕੇਵਲ ਲਾਲ ਕੇਟੀ ਹੋਟਲ, ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਵਿਨਾਸ਼ ਸ਼ਰਮਾ ਵੱਲੋਂ ਉੱਘੇ ਸਮਾਜ ਸੇਵੀ ਮੁਲਾਜ਼ਮ ਤੇ ਪੈਨਸ਼ਨਰਾਂ ਦੇ ਸਰਪ੍ਰਸਤ ਏ ਪੀ ਸਿੰਘ ਬਾਬਾ, ਜਿਨ੍ਹਾਂ ਨੂੰ ਗੁਹਾਟੀ ਵਿਖੇ ਹੋਈ ਆਲ ਇੰਡੀਆ ਕਾਨਫਰੰਸ ਵਿੱਚ ਬਤੌਰ ਕੌਮੀ ਸਕੱਤਰ ਬਣਾਇਆ ਗਿਆ, ਦਾ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵਿਖੇ ਪੁੱਜਣ 'ਤੇ ਸਵਾਗਤ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਸਾਬਕਾ ਡੀਨ ਕੁਰੂਕਸ਼ੇਤਰ ਯੂਨੀਵਰਸਿਟੀ, ਸਾਬਕਾ ਸੀਨੀਅਰ ਬੈਂਕ ਅਧਿਕਾਰੀ ਤੇ ਜਨਰਲ ਸਕੱਤਰ ਜਗਜੀਤ ਸਿੰਘ ਜੌਸਲ ਨੇ ਕਿਹਾ ਕਿ ਸ੍ਰੀ ਏ ਪੀ ਸਿੰਘ ਬਾਬਾ 1988 ਤੋਂ 2020 ਤੱਕ ਜ਼ਿਲ੍ਹਾ ਸੰਗਰੂਰ ਪੋਸਟਲ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਤੇ ਸਕੱਤਰ ਰਹੇ, ਉਨ੍ਹਾਂ ਨੇ ਆਪਣੀ ਸਰਕਾਰੀ ਸੇਵਾ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਭਲਾਈ ਲਈ ਕੰਮ ਕੀਤੇ।ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਸ੍ਰੀ ਏ ਪੀ ਸਿੰਘ ਬਾਬਾ ਪੋਸਟਲ ਇੰਪਲਾਈਜ਼ ਭਲਾਈ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੀ ਹਨ ਤੇ ਮੁਲਾਜ਼ਮਾਂ, ਪੈਨਸ਼ਨਰਾਂ ਦੀਆਂ ਮੰਗਾਂ ਲਈ ਸੰਘਰਸ਼ ਕਰਦੇ ਰਹੇ ਅਤੇ ਲੋੜਵੰਦਾਂ ਦੀ ਸੇਵਾ ਵੀ ਕਰ ਰਹੇ ਹਨ।ਬਜ਼ੁਰਗਾਂ ਦੀ ਭਲਾਈ ਲਈ ਬਿਰਧ ਆਸ਼ਰਮ ਨਾਲ ਵੀ ਜੁੜੇ ਹੋਏ ਹਨ।ਸ੍ਰੀ ਬਾਬਾ ਨੇ ਕਿਹਾ ਕਿ ਉਹ ਹਮੇਸ਼ਾ ਹੀ ਲੋਕ ਭਲਾਈ ਤੇ ਸਮਾਜ ਸੇਵਾ ਲਈ ਹਮੇਸ਼ਾ ਤਤਪਰ ਰਹਿਣਗੇ।ਇਸ ਮੌਕੇ ਸ੍ਰੀ ਬਾਲ ਕ੍ਰਿਸ਼ਨ ਸ਼ਰਮਾ, ਵਾਸਦੇਵ ਸ਼ਰਮਾ, ਪਵਨ ਸ਼ਰਮਾ, ਨਿਰਮਲ ਸਿੰਘ ਮਾਨ, ਡੀ ਐੱਸ ਖ਼ੁਸ਼ੀ ਆਦਿ ਮੌਜੂਦ ਸਨ।

## ਸਟਫਿਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁਰਦੁਆਰਾ ਬਾਬਾ ਬੈਰਸੀਆਣਾ ਦਾ ਦੌਰਾ



**ਸ਼ੁਤਰਾਣਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟਿਫਨ ਇੰਟਰਨੈਸ਼ਨਲ ਸਕੂਲ ਮਹਿਲਾਂ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਤੇ ਆਤਮਿਕ ਅਨੁਭਵ ਪ੍ਰਾਪਤ ਕਰਨ ਲਈ ਗੁਰਦੁਆਰਾ ਬੈਰਸੀਆਣਾ ਸਾਹਿਬ ਦਾ ਦੌਰਾ ਕੀਤਾ ਗਿਆ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਨੈਤਿਕ ਮੁੱਲਾਂ ਤੇ ਸੱਭਿਆਚਾਰਕ ਜਾਗਰੂਕਤਾ ਨੂੰ ਵਧਾਉਣਾ ਸੀ।ਦੌਰੇ ਦੌਰਾਨ ਵਿਦਿਆਰਥੀਆਂ ਨੇ ਮੱਥਾ ਟੇਕਿਆ, ਗੁਰਬਾਣੀ ਕੀਰਤਨ ਸੁਣਿਆ ਤੇ ਸਿੱਖ ਧਰਮ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਜਿਹੜੀਆਂ ਨਿਮਰਤਾ, ਸੇਵਾ ਤੇ ਸਮਾਨਤਾ ਦਾ ਸੰਦੇਸ਼ ਦਿੰਦੀਆਂ ਹਨ।ਵਿਦਿਆਰਥੀਆਂ ਨੇ ਲੰਗਰ ਸੇਵਾ ਵਿੱਚ ਭਾਗ ਲਿਆ ਤੇ ਸਮਾਜਿਕ ਸੇਵਾ ਅਤੇ ਏਕਤਾ ਦੀ ਮਹੱਤਤਾ ਨੂੰ ਸਮਝਿਆ।ਗੁਰਦੁਆਰੇ ਦਾ ਸ਼ਾਂਤ ਤੇ ਆਧਿਆਤਮਕ ਮਾਹੌਲ ਵਿਦਿਆਰਥੀਆਂ ਲਈ ਯਾਦਗਾਰ ਰਿਹਾ ਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਚੰਗੀਆਂ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਡਾਇਰੈਕਟਰ-ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਇਸ ਉਪਰਾਲੇ ਦੀ ਸਰਾਹਨਾ ਕੀਤੀ ਤੇ ਵਿਦਿਆਰਥੀਆਂ ਨੂੰ ਆਤਮਿਕ ਤੌਰ 'ਤੇ ਜੁੜੇ ਰਹਿਣ ਤੇ ਉੱਚੇ ਨੈਤਿਕ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

## ਬਾਬਾ ਖੇਤਰਪਾਲ ਮੰਦਰ ਵਿਖੇ ਸਿੰਗਲਾ ਪਰਿਵਾਰ ਨੇ ਲੰਗਰ ਲਗਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਬਾ ਖੇਤਰਪਾਲ ਜੀ ਦੇ ਪਵਿੱਤਰ ਮੰਦਰ ਵਿਖੇ ਹਰ ਹਫਤੇ ਦੀ ਤਰ੍ਹਾਂ ਇਸ ਹਫਤੇ ਵੀ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਲੰਗਰ ਲਾਇਆ ਗਿਆ।ਇਸ ਲੰਗਰ ਦੀ ਸੇਵਾ ਮੰਦਰ ਕਮੇਟੀ ਦੇ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਗਰਗ, ਕੈਸ਼ੀਅਰ ਰਕੇਸ਼ ਜਿੰਦਲ ਤੋਤਾ ਤੇ ਮੁਕੇਸ਼ ਗੋਇਲ ਦੀ ਅਗਵਾਈ ਹੇਠ ਨਿਰੰਤਰ ਚੱਲ ਰਹੀ ਹੈ।ਮੰਦਰ ਵਿਖੇ ਹਰ ਹਫਤੇ ਲਗਣ ਵਾਲਾ ਇਹ ਲੰਗਰ ਇਲਾਕੇ ਵਿਚ ਸੇਵਾ ਤੇ ਭਗਤੀ ਦਾ ਪ੍ਰਤੀਕ ਬਣ ਚੁੱਕਾ ਹੈ, ਜਿਸ ਵਿਚ ਵੱਡੀ ਗਿਣਤੀ ਵਿੱਚ ਭਗਤ ਸ਼ਾਮਲ ਹੋ ਕੇ ਲੰਗਰ ਪ੍ਰਸ਼ਾਦ ਗ੍ਰਹਿਣ ਕਰਦੇ ਹਨ।ਇਸੇ ਲੜੀ ਨੂੰ ਅੱਗੇ ਵਧਾਉਂਦੇ ਹੋਏ ਅੱਜ ਸਚਿਨ ਸਿੰਗਲਾ ਚੀਨੂੰ (ਪੰਜਾਬ ਕਰਿਆਨਾ ਵਾਲੇ) ਵੱਲੋਂ ਆਪਣੇ ਪਰਿਵਾਰ ਸਮੇਤ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਚ ਲੰਗਰ ਲਗਾਇਆ ਗਿਆ।ਇਸ ਮੌਕੇ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜਰੀ ਭਰੀ ਅਤੇ ਲੰਗਰ ਦੀ ਸੇਵਾ ਵਿੱਚ ਭਾਗ ਲਿਆ।ਸਚਿਨ ਸਿੰਗਲਾ ਚੀਨੂੰ ਦੇ ਪਰਿਵਾਰ ਵੱਲੋਂ ਬੜੀ ਸ਼ਰਧਾ ਤੇ ਭਾਵਨਾ ਨਾਲ ਇਹ ਸੇਵਾ ਨਿਭਾਈ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੱਜਣ ਸਿੰਗਲਾ ਚੀਨੂ ਨੇ ਦੱਸਿਆ ਕਿ ਬਾਬਾ ਖੇਤਰਪਾਲ ਜੀ ਦੇ ਦਰਬਾਰ ਵਿਚ ਸੱਚੇ ਦਿਲ ਨਾਲ ਮੰਗੀ ਹਰ ਮਨੋਕਾਮਨਾ ਪੂਰੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪਰਿਵਾਰ ਦੀ ਮਨੋਕਾਮਨਾ ਪੂਰੀ ਹੋਣ ਦੀ ਖੁਸ਼ੀ ਵਿਚ ਇਹ ਲੰਗਰ ਲਗਾਇਆ ਗਿਆ ਹੈ।ਉਨ੍ਹਾਂ ਨੇ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੰਦਰ ਵਿੱਚ ਆ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ।ਮੰਦਰ ਕਮੇਟੀ ਦੇ ਪ੍ਰਧਾਨ ਸੰਜੀਵ ਗਰਗ ਨੇ ਦੱਸਿਆ ਕਿ ਹਰ ਹਫਤੇ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਲੰਗਰ ਲਗਾਇਆ ਜਾਂਦਾ ਹੈ ਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਮੰਦਰ ਕਮੇਟੀ ਸੰਗਤਾਂ ਦੇ ਸਹਿਯੋਗ ਨਾਲ ਸੇਵਾ ਕਾਰਜਾਂ ਨੂੰ ਹੋਰ ਵਧਾਉਣ ਲਈ ਵਚਨਬੱਧ ਹੈ।ਇਸ ਮੌਕੇ ਹੋਰ ਭਗਤਾਂ ਨੇ ਵੀ ਲੰਗਰ ਦੀ ਸੇਵਾ ਵਿਚ ਹਿੱਸਾ ਲਿਆ ਤੇ ਬਾਬਾ ਖੇਤਰਪਾਲ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਮੰਦਰ ਦਾ ਮਾਹੌਲ ਭਗਤੀਮਈ ਰਿਹਾ ਤੇ ਸੰਗਤਾਂ ਨੇ ਸ਼ਾਂਤੀ ਤੇ ਏਕਤਾ ਦਾ ਸੰਦੇਸ਼ ਦਿੱਤਾ।

# ਆਲੂ ਉਤਪਾਦਕਾਂ ਨੂੰ ਸੰਕਟ 'ਚੋਂ ਕੱਢਣ ਲਈ ਅੱਗੇ ਆਵੇ ਪੰਜਾਬ ਸਰਕਾਰ : ਦਸਮੇਸ਼ ਯੂਨੀਅਨ



**ਲੁਧਿਆਣਾ (ਸਤੀਸ਼ ਸਚਦੇਵਾ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਨੇੜੇ ਵੇਰਕਾ ਮਿਲਕ ਪਲਾਂਟ ਲੁਧਿਆਣਾ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਵੱਖ-ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜ਼ਿਲ੍ਹਾ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਢੱਟ, ਜਸਵੰਤ ਸਿੰਘ ਮਾਨ, ਰਣਜੀਤ ਸਿੰਘ ਗੁੜੇ, ਗੁਰਸੇਵਕ ਸਿੰਘ ਸੋਨੀ ਸਵੱਦੀ ਤੇ ਸੋਹਣ ਸਿੰਘ ਸਵੱਦੀ ਨੇ ਅੱਡ-ਅੱਡ ਭਖਦੇ ਮਾਮਲਿਆਂ ਸਬੰਧੀ ਡੂੰਘੇ, ਭਰਵੇਂ ਤੇ ਨਿੱਗਰ ਵਿਚਾਰ ਪੇਸ਼ ਕੀਤੇ।

ਮੀਟਿੰਗ 'ਚ ਸਰਬਸੰਮਤੀ ਨਾਲ ਪਾਸ ਕੀਤੇ ਪਹਿਲੇ ਮਤੇ ਰਾਹੀਂ ਵਰਨਣ ਕੀਤਾ ਗਿਆ ਕਿ ਆਲੂ ਉਤਪਾਦਕ ਕਿਸਾਨਾਂ ਨੂੰ ਬੇਹੱਦ ਮਹਿੰਗਾ ਬੀਜ ਸਪਲਾਈ ਕਰਨ ਵਾਲੀਆਂ ਕਈ ਛੋਟੀਆਂ-ਵੱਡੀਆਂ ਕਾਰਪੋਰੇਟ ਕੰਪਨੀਆਂ ਆਪ ਦੇ ਮਾਰਕੀਟ ਅੰਦਰਲੇ ਵਪਾਰਕ ਹਿੱਤਾਂ ਤੇ ਹੋਰ ਯੋਜਨਾਵਾਂ ਅਧੀਨ ਅੱਜ ਆਲੂਆਂ ਦੀ ਫਸਲ ਦੀ ਖਰੀਦ 'ਚੋਂ ਭੱਜ ਚੁੱਕੀਆਂ ਹਨ।ਸਿੱਟੇ ਵਜੋਂ ਦੋਸ਼ੀ ਕੰਪਨੀਆਂ ਨੂੰ ਘੇਰਨ ਦੀ ਕਾਨੂੰਨੀ ਪ੍ਰਕਿਰਿਆ ਬਹੁਤ ਮਹਿੰਗੀ, ਗੁੰਝਲਦਾਰ ਤੇ ਲੰਮੀ ਹੋਣ ਕਰਕੇ ਪੀੜਤ ਕਿਸਾਨ ਰਾਸ਼ਨ ਵਾਲਾ ਆਲੂ (400-500 ਰੁ: ਪ੍ਰਤੀ ਗੱਟਾ ਵਿਕਣ ਵਾਲ਼ਾ) 150-200 ਰੁ: ਗੱਟਾ ਤੇ ਬੀਅ ਵਾਲਾ ਕੀਮਤੀ ਆਲੂ (800-900 ਰੁ: ਪ੍ਰਤੀ ਗੱਟਾ ਵਾਲਾ) 100 ਰੁ: ਗੱਟਾ ਭੰਗ ਦੇ ਭਾਅ ਨੂੰ ਹੋਰ ਵਪਾਰੀਆਂ ਪਾਸ ਸੁੱਟਣ ਲਈ ਮਜਬੂਰ ਹੋ ਰਿਹਾ ਹੈ।ਦੂਜੇ ਪਾਸੇ ਖੇਤਾਂ/ਘਰਾਂ 'ਚ ਭੰਡਾਰਨ ਦੇ ਢੁੱਕਵੇਂ ਪ੍ਰਬੰਧ ਨਾ ਹੋਣ ਕਰਕੇ ਆਲੂਆਂ ਦੀ ਮਹਿੰਗੀ ਫ਼ਸਲ ਦੀ ਬਰਬਾਦੀ ਦਾ ਖਤਰਾ ਸਹੇੜਨ ਜਾਂ ਘੱਟੋ ਘੱਟ 150 ਰੁ: ਦੇ ਪ੍ਰਤੀ ਗੱਟਾ ਖਰਚੇ ਵਾਲ਼ੀ ਮਹਿੰਗੀ ਕੋਲਡ ਸਟੋਰੇਜ ਪ੍ਰਣਾਲੀ ਦੇ ਰਾਹ ਪੈਣ ਲਈ ਮਜਬੂਰ ਹੋ ਰਿਹਾ ਹੈ।

ਸੋ ਜਥੇਬੰਦੀ ਨੇ ਪੰਜਾਬ ਸਰਕਾਰ ਪਾਸੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਉਹ ਆਪਦੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੀਤੇ ਚੋਣ ਵਾਅਦੇ (ਕੇਂਦਰ ਵੱਲੋਂ ਐਮਐਸਪੀ ਨਾ ਦਿੱਤੇ ਜਾਣ ਦੀ ਸੂਰਤ ਵਿੱਚ ਪੰਜਾਬ ਸਰਕਾਰ ਸਾਰੀਆਂ ਫਸਲਾਂ 'ਤੇ ਹਰ ਹਾਲਤ ਐਮਐਸਪੀ ਲਾਗੂ ਕਰੇਗੀ) ਦੀ ਰੌਸ਼ਨੀ ਵਿੱਚ ਆਪ ਦੀਆਂ ਖਰੀਦ ਏਜੰਸੀਆਂ ਰਾਹੀਂ ਘੱਟੋ ਘੱਟ 500 ਰੁ: ਪ੍ਰਤੀ ਗੱਟਾ ਵਾਲੇ ਵਾਜਬ ਭਾਅ 'ਤੇ ਆਲੂਆਂ ਦੀ ਫੌਰੀ ਸਰਕਾਰੀ ਖਰੀਦ ਯਕੀਨੀ ਬਣਾਵੇ ਅਤੇ ਪੀੜਤ ਆਲੂ ਉਤਪਾਦਕਾਂ ਨੂੰ ਭਾਰੀ ਸੰਕਟ 'ਚੋਂ ਬਾਹਰ ਕੱਢੇ। ਦੂਜੇ ਮਤੇ ਰਾਹੀਂ ਮੰਗ ਕੀਤੀ ਹੈ ਕਿ 27-28 ਮਾਰਚ ਦੇ ਬੇਮੌਸਮੇ ਮੀਂਹ ਤੇ ਤੇਜ਼ ਹਵਾਵਾਂ ਦੇ ਸਿੱਟੇ ਵਜੋਂ ਕਣਕ ਤੇ ਸਰ੍ਹੋਂ ਦੀਆਂ ਨਾਜ਼ੁਕ ਫਸਲਾਂ 'ਤੇ ਢਹਿ ਜਾਣ ਵਾਲੇ ਰਕਬੇ ਦੀ ਫੌਰੀ ਤੌਰ 'ਤੇ ਪੰਜਾਬ ਸਰਕਾਰ ਮਹਿਕਮਾਨਾ ਗਿਰਦਾਵਰੀ ਕਰਵਾ ਕੇ 15 ਦਿਨ ਦੇ ਅੰਦਰ-ਅੰਦਰ ਇਸ ਦਾ ਬਣਦਾ ਮੁਆਵਜ਼ਾ ਕਿਸਾਨ ਖਾਤਿਆਂ ਵਿੱਚ ਭੇਜੇ।ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਸਵੱਦੀ, ਨਿਰੰਜਨ ਸਿੰਘ ਕੁਲਾਰ, ਤੇਜਿੰਦਰ ਸਿੰਘ ਵਿਰਕ, ਗੁਰਦੇਵ ਸਿੰਘ ਢੱਟ, ਗੁਰਚਰਨ ਸਿੰਘ ਤਲਵੰਡੀ, ਗੁਰਚਰਨ ਸਿੰਘ ਮੰਡਿਆਣੀ, ਲਛਮਣ ਸਿੰਘ ਸਿੱਧਵਾਂ, ਅੰਮ੍ਰਿਤਪਾਲ ਸਿੰਘ ਪੰਡੋਰੀ, ਅਮਰਜੀਤ ਸਿੰਘ ਖੰਜਰਵਾਲ, ਹਰਪਾਲ ਸਿੰਘ ਸਵੱਦੀ ਉਚੇਚੇ ਤੌਰ 'ਤੇ ਹਾਜ਼ਰ ਹੋਏ।

## ਮੂਰਤੀਆਂ ਤੇ ਧਾਰਮਿਕ ਗ੍ਰੰਥਾਂ ਦੀ ਬੇਅਬਦੀ ਖ਼ਿਲਾਫ ਬਣੇ ਸਖਤ ਕਾਨੂੰਨ : ਵਿੱਕੀ ਪਰੋਚਾ



**ਧੂਰੀ (ਬਿੰਨੀ ਗਰਗ)**-ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਤੇ ਦੇਸ਼ ਅੰਦਰ ਕੁੱਝ ਮਾੜੀ ਸੋਚ ਦੇ ਲੋਕ ਜੋ ਦੇਸ਼ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਲਈ ਤੇ ਲੋਕਾਂ ਦਾ ਆਪਸੀ ਭਾਈਚਾਰਾ ਖਰਾਬ ਕਰਨ ਲਈ ਦਿਨ ਪ੍ਰਤੀ ਦਿਨ ਧਾਰਮਿਕ ਗ੍ਰੰਥਾਂ ਤੇ ਧਾਰਮਿਕ ਮੂਰਤੀਆਂ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੀ ਮੂਰਤੀ ਦੀ ਬੇਅਦਬੀ ਕਰਦੇ ਰਹਿੰਦੇ ਹਨ।ਬਹੁਤ ਸਾਰੇ ਲੋਕ ਵਿਦੇਸ਼ਾਂ ਵਿੱਚ ਬੈਠ ਕੇ ਦੇਸ਼ ਦਾ ਮਾਹੌਲ ਖਰਾਬ ਕਰਦੇ ਰਹਿੰਦੇ ਹਨ।ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਕਰੋੜਾਂ ਹੀ ਲੋਕਾਂ ਦੇ ਮਸੀਹਾ ਹਨ।ਬਾਬਾ ਸਾਹਿਬ ਨੇ ਬਿਨਾਂ ਕਿਸੇ ਜਾਤੀ ਤੇ ਲਿੰਗ ਭੇਦ ਦੇ ਹਰ ਇੱਕ ਇਨਸਾਨ ਨੂੰ ਬਰਾਬਰ ਦੇ ਹੱਕ ਦਿੱਤੇ ਹਨ ਤਾਂ ਕਿ ਦੇਸ਼ ਦਾ ਹਰ ਇੱਕ ਨਾਗਰਿਕ ਤਰੱਕੀ ਕਰੇ ਤੇ ਭਾਰਤ ਇੱਕ ਮਜ਼ਬੂਤ ਦੇਸ਼ ਬਣ ਸਕੇ।ਦੇਸ਼ ਅੰਦਰ ਬੇਅਦਬੀ ਦੀਆਂ ਘਟਨਾਵਾਂ ਦਿਨ ਪ੍ਰਤੀ ਦਿਨ ਵਧਦੀਆਂ ਜਾ ਰਹੀਆਂ ਹਨ। ਦੇਸ਼ ਦੀ ਏਕਤਾ ਹੀ ਦੇਸ਼ ਦੀ ਤਾਕਤ ਹੈ।ਇਸ ਨੂੰ ਬਰਕਰਾਰ ਰੱਖਣ ਲਈ ਸਖਤ ਕਾਨੂੰਨ ਬਣਾਉਣ ਦੀ ਜ਼ਰੂਰਤ ਹੈ ਤੇ ਮਾੜੇ ਅਨਸਰਾਂ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਦੀ ਜ਼ਰੂਰਤ ਹੈ ਤਾਂ ਕਿ ਦੇਸ਼ ਦੇ ਲੋਕਾਂ ਦਾ ਆਪਸੀ ਭਾਈਚਾਰਾ ਬਣਿਆ ਰਹੇ।

## ਪਰਿਵਾਰਕ ਮਿਲਣੀ ਆਪਸੀ ਭਾਈਚਾਰਕ ਸਾਂਝ ਲਈ ਅਤੀ ਲਾਭਦਾਇਕ : ਪਰਮਵੇਦ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਅਫਸਰ ਕਲੋਨੀ ਪਾਰਕ ਵਿਖੇ ਪਾਰਕ ਦੀ ਪੰਜਵੀਂ ਵਰ੍ਹੇਗੰਢ ਦੀ ਖੁਸ਼ੀ ਵਿੱਚ ਪਰਿਵਾਰਕ ਮਿਲਣੀ ਸਮਾਗਮ ਕੀਤਾ ਗਿਆ।ਪਾਰਕ ਕਮੇਟੀ ਦੇ ਪ੍ਰਧਾਨ ਮਾਸਟਰ ਪਰਮ ਵੇਦ ਨੇ ਇਸ ਵਿੱਚ ਸ਼ਾਮਲ ਸਾਰਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਦਾ ਉਦੇਸ਼ ਭਾਈਚਾਰਕ ਸਾਂਝ ਨੂੰ ਪੱਕੀ ਕਰਨਾ, ਆਪਸੀ ਪ੍ਰੇਮ ਪਿਆਰ ਮਿਲਵਰਤਨ, ਸਹਿਯੋਗ ਤੇ ਪਾਰਕ ਪ੍ਰਤੀ ਲਗਾਓ ਵਧਾਉਣਾ ਹੈ।ਇਸ ਵਿੱਚ 70 ਦੇ ਲਗਭਗ ਪਰਵਾਰਾਂ ਨੇ ਭਾਗ ਲਿਆ।ਨੂਰਦੀਪ ਕੋਮਲ, ਹਰਜੀਤ ਸਿੰਘ, ਲੈਕਚਰਾਰ ਕ੍ਰਿਸ਼ਨ ਸਿੰਘ ਤੇ ਜਸਪਾਲ ਸਿੰਘ ਦੇ ਗੀਤਾਂ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਹੋਈ।ਇੰਟਰਨੈਸ਼ਨਲ ਜਾਦੂਗਰ ਜਗਦੇਵ ਕੰਮੋਮਾਜਰਾ ਨੇ ਜਾਦੂ ਸ਼ੋਅ ਪੇਸ਼ ਕਰਦਿਆਂ ਕਿਹਾ ਕਿ ਜਾਦੂ ਇੱਕ ਕਲਾ ਹੈ, ਹੱਥ ਦੀ ਸਫਾਈ ਹੈ, ਚਮਤਕਾਰ ਨਹੀਂ।ਉਨ੍ਹਾਂ ਦੀ ਪੇਸ਼ਕਾਰੀ ਬਾਕਮਾਲ ਸੀ।ਉਨ੍ਹਾਂ ਅਖਬਾਰ ਵਿੱਚ ਪਾਣੀ ਪਾ ਕੇ ਪਾਣੀ ਗਾਇਬ ਕਰਨਾ ਆਦਿ ਟ੍ਰਿਕਾਂ ਰਾਹੀਂ ਹਾਜ਼ਰੀਨ ਦਾ ਭਰਵਾਂ ਕੀਤਾ।ਪ੍ਰਸ਼ੋਤਮ ਕੁਮਾਰ, ਮਿੰਟੂ ਜੈਦਕਾ, ਨਾਜ਼ਰ ਸਿੰਘ, ਬਲਰਾਜ ਕਾਨੂੰਨਗੋ, ਕਰਮਜੀਤ ਸ਼ਰਮਾ, ਹਰਜਿੰਦਰ ਸਿੰਘ ਭਿੰਡਰ, ਪੁਲਸ ਇੰਸਪੈਕਟਰ ਗੁਰਮੇਲ ਸਿੰਘ, ਲੈਕਚਰ ਬਲਵਿੰਦਰ ਸਿੰਘ, ਮਾਸਟਰ ਕਰਨੈਲ ਸਿੰਘ, ਬਲਵਿੰਦਰ ਸਿੰਘ ਬੈਂਕ ਮੈਨੇਜਰ, ਕੁਲਦੀਪ ਜੋਸ਼ੀ, ਮੈਡਮ ਸੁਖਵਿੰਦਰ ਕੌਰ ਅਧਿਆਪਕਾ, ਮੈਡਮ ਬਲਜੀਤ ਕੌਰ ਅਧਿਆਪਕਾ ਆਦਿ ਨੇ ਆਪਣੀ ਜਾਣ ਪਹਿਚਾਣ ਕਰਵਾਉਂਦਿਆਂ ਕਿਹਾ ਕਿ ਆਪਸੀ ਮਿਲਵਰਤਨ ਤੇ ਭਾਈਚਾਰਕ ਸਾਂਝ ਵਧਾਉਣ ਲਈ ਪਰਿਵਾਰਕ ਮਿਲਣੀ ਅਤੀ ਲਾਭਦਾਇਕ ਹੈ।ਇਸ ਪਰਿਵਾਰਕ ਮਿਲਣੀ ਵਿੱਚ ਅਮਰੀਕ ਸਿੰਘ ਖੋਖਰ, ਪ੍ਰੋਫ਼ੈਸਰ ਸੁਖਜੀਤ ਸਿੰਘ ਧਾਲੀਵਾਲ (ਡਾ.), ਦਰਸ਼ਨ ਸਿੰਘ ਨਾਇਬ ਤਹਿਸੀਲਦਾਰ, ਐਡਵੋਕੇਟ ਖੇਮ ਚੰਦ ਰਾਓ, ਜੰਗ ਸਿੰਘ, ਗੁਰਜੀਤ ਸਿੰਘ ਲੱਡੀ, ਪੁਲਸ ਇੰਸਪੈਕਟਰ ਤਰਸੇਮ ਰਾਮ, ਗੁਲਜਾਰ ਸਿੰਘ ਲੈਕਚਰਾਰ, ਰਜਿੰਦਰ ਛਾਬੜਾ ਮੈਨੇਜਰ, ਭੁਪਿੰਦਰ ਜੈਨ, ਵਰਿੰਦਰ ਬਾਂਸਲ, ਨਰਿੰਦਰ ਕੁਮਾਰ, ਪ੍ਰੇਮ ਪਰਿਹਾਰ, ਮਹਾਂਵੀਰ ਪ੍ਰਸ਼ਾਦ, ਲੈਕਚਰਾਰ ਗੁਲਜ਼ਾਰ ਸਿੰਘ, ਬਲਜਿੰਦਰ ਕੌਰ ਆਦਿ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੌਕੇ ਪਾਰਕ ਪ੍ਰਬੰਧਕ ਕਮੇਟੀ ਦੇ ਵਿੱਤ ਸਕੱਤਰ ਲੈਕਚਰਾਰ ਕ੍ਰਿਸ਼ਨ ਸਿੰਘ ਨੇ ਪਾਰਕ ਦੇ ਵਿਕਾਸ ਲਈ ਆਰਥਿਕ ਸਹਿਯੋਗ ਕਰਨ ਵਾਲੇ ਤੇ ਮਿਲਣੀ ਵਿੱਚ ਸ਼ਾਮਲ ਸਾਰੇ ਪਰਵਾਰਾਂ ਦਾ ਧੰਨਵਾਦ ਕੀਤਾ।ਸਮਾਗਮ ਆਪਣੀ ਮੂਲ ਭਾਵਨਾ ਵਿੱਚ ਸਫਲ ਰਿਹਾ।

## ਬਿਲਡਿੰਗ ਸ਼ਾਖਾ ਨੇ ਇੱਕ ਮਹੀਨੇ 'ਚ 18 ਕਰੋੜ ਦੇ ਰਿਕਵਰੀ ਘਾਟੇ ਨੂੰ ਕੀਤਾ ਪੂਰਾ : ਕਮਿਸ਼ਨਰ



**ਲੁਧਿਆਣਾ (ਰਾਜ ਸਿੰਗਲਾ)**-ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਵੱਲੋਂ ਬਿਲਡਿੰਗ ਸ਼ਾਖਾ ਦੇ ਕੰਮਕਾਜ ਨੂੰ ਸੁਚਾਰੂ ਬਣਾਉਣ ਲਈ ਸਖ਼ਤ ਕਦਮ ਚੁੱਕਣ ਨਾਲ, ਜਿਸ ਵਿੱਚ ਨਿਯਮਤ ਸਹਾਇਕ ਟਾਊਨ ਪਲੈਨਰਾਂ (ਏ.ਟੀ.ਪੀ.) ਦੀ ਜ਼ੋਨ-ਵਾਰ ਨਿਯੁਕਤੀ ਵੀ ਸ਼ਾਮਲ ਹੈ, ਬਿਲਡਿੰਗ ਸ਼ਾਖਾ ਨੇ ਪਿਛਲੇ ਵਿੱਤੀ ਸਾਲ ਲਈ 18 ਕਰੋੜ ਰੁਪਏ ਦੇ ਰਿਕਵਰੀ ਘਾਟੇ ਨੂੰ ਇੱਕ ਮਹੀਨੇ ਵਿੱਚ ਪੂਰਾ ਕੀਤਾ।1 ਮਾਰਚ 2026 ਤੱਕ ਨਗਰ ਨਿਗਮ ਦੀ ਬਿਲਡਿੰਗ ਸ਼ਾਖਾ ਲਈ ਨਿਰਧਾਰਤ ਸਾਲਾਨਾ ਰਿਕਵਰੀ ਟੀਚੇ 75 ਕਰੋੜ ਰੁਪਏ ਦੇ ਮੁਕਾਬਲੇ 18 ਕਰੋੜ ਰੁਪਏ ਦੀ ਘਾਟ ਸੀ।ਨਗਰ ਨਿਗਮ ਕਮਿਸ਼ਨਰ ਡਾ. ਗੁਪਤਾ ਦੀ ਅਗਵਾਈ ਹੇਠ ਕੰਮ ਕਰਦੇ ਹੋਏ, ਸੰਯੁਕਤ ਕਮਿਸ਼ਨਰ ਦੀਪਜੋਤ ਕੌਰ (ਬਿਲਡਿੰਗ ਸ਼ਾਖਾ ਦੇ ਮੁਖੀ) ਤੇ ਨਿਗਮ ਯੋਜਨਾਕਾਰ ਐਮ.ਟੀ.ਪੀ. ਵਿਜੇ ਕੁਮਾਰ ਨੇ ਬਕਾਏ ਦੀ ਰਿਕਵਰੀ ਨੂੰ ਤੇਜ਼ ਕਰਨ ਲਈ ਨਿਯਮਤ ਮੀਟਿੰਗਾਂ ਕੀਤੀਆਂ।ਇਸ ਤੋਂ ਇਲਾਵਾ, ਸਰਕਾਰ ਦੁਆਰਾ ਨਿਰਧਾਰਤ ਚੈਨਲਾਂ ਰਾਹੀਂ ਇਮਾਰਤ ਯੋਜਨਾ (ਬਿਲਡਿੰਗ ਪਲਾਨ) ਦੀਆਂ ਪ੍ਰਵਾਨਗੀਆਂ ਨੂੰ ਤੇਜ਼ ਕਰਨ ਲਈ ਵੀ ਕਦਮ ਚੁੱਕੇ ਗਏ।ਇਨ੍ਹਾਂ ਕਦਮਾਂ ਨਾਲ, ਬਿਲਡਿੰਗ ਬ੍ਰਾਂਚ ਨੇ 31 ਮਾਰਚ 2026 ਤੱਕ 18 ਕਰੋੜ ਰੁਪਏ ਦੇ ਰਿਕਵਰੀ ਘਾਟੇ ਨੂੰ ਪੂਰਾ ਕੀਤਾ ਤੇ ਬਜਟ ਟੀਚਾ ਪ੍ਰਾਪਤ ਕੀਤਾ।ਨਗਰ ਨਿਗਮ ਦੇ ਅਧਿਕਾਰੀਆਂ ਨੇ ਕਿਹਾ ਕਿ ਸੀਨੀਅਰ ਅਧਿਕਾਰੀਆਂ ਦੁਆਰਾ ਨਿਯਮਤ ਸਮੀਖਿਆ ਮੀਟਿੰਗਾਂ ਤੇ ਨਿਯਮਤ ਸਹਾਇਕ ਟਾਊਨ ਪਲੈਨਰਾਂ ਦੀ ਜ਼ੋਨ ਵਾਰ ਨਿਯੁਕਤੀ ਨੇ ਸ਼ਾਖਾ ਦੇ ਕੰਮਕਾਜ ਨੂੰ ਸੁਚਾਰੂ ਬਣਾਇਆ ਹੈ, ਜਿਸ ਨਾਲ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਨਿਯਮਤ ਤੌਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ ਤੇ ਇਮਾਰਤ ਯੋਜਨਾਵਾਂ ਨੂੰ ਜਲਦੀ ਤੋਂ ਜਲਦੀ ਮਨਜ਼ੂਰੀ ਦਿੱਤੀ ਜਾ ਰਹੀ ਹੈ।ਇਸ ਦੌਰਾਨ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਤੋਂ ਬਿਲਡਿੰਗ ਪਲਾਨ ਮਨਜ਼ੂਰ ਕਰਵਾਉਣ ਤੋਂ ਬਾਅਦ ਹੀ ਉਸਾਰੀ ਦੇ ਕੰਮ ਸ਼ੁਰੂ ਕਰਨ।

## ਲਾਡੀ ਢੋਸ ਵੱਲੋਂ ਡੀ ਏ ਵੀ ਸਕੂਲ ਦੇ ਸਟੇਡੀਅਮ ਦਾ ਉਦਘਾਟਨ



**ਕੋਟ ਈਸੇ ਖਾਂ (ਅਰੋੜਾ)**-ਡੀਏਵੀ ਕੇ ਆਰ ਬੀ ਪਬਲਿਕ ਸਕੂਲ ਵਿੱਚ ਚੇਅਰਮੈਨ ਵਿਜੇ ਕੁਮਾਰ ਧੀਰ ਦੀ ਅਗਵਾਈ ਹੇਠ ਤਿਆਰ ਕੀਤੇ ਜਾ ਰਹੇ ਨਵੇਂ ਆਧੁਨਿਕ ਸਟੇਡੀਅਮ ਦਾ ਉਦਘਾਟਨ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ, ਪ੍ਰਿੰਸੀਪਲ ਤੇ ਸਟਾਫ ਮੈਂਬਰ ਹਾਜ਼ਰ ਸਨ।ਸਮਾਗਮ ਦੀ ਸ਼ੁਰੂਆਤ ਰਿਬਨ ਕੱਟ ਕੇ ਕੀਤੀ ਗਈ ਤੇ ਮੁੱਖ ਮਹਿਮਾਨ ਨੂੰ ਫੁੱਲਾਂ ਦੇ ਗੁਲਦਸਤੇ ਨਾਲ਼ ਸਵਾਗਤ ਕੀਤਾ ਗਿਆ।ਐੱਮ ਐੱਲ ਏ ਲਾਡੀ ਢੋਸ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਆਧੁਨਿਕ ਖੇਡ ਮੈਦਾਨ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ।ਉਨ੍ਹਾਂ ਸਕੂਲ ਦੇ ਉਪਰਾਲਿਆਂ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਹ ਸਟੇਡੀਅਮ ਬੱਚਿਆਂ ਨੂੰ ਖੇਡਾਂ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕਰੇਗਾ ਤੇ ਬੁਰੀਆਂ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਸਹਾਈ ਵੀ ਹੋਵੇਗਾ।ਚੇਅਰਮੈਨ ਵਿਜੇ ਕੁਮਾਰ ਧੀਰ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਲਿਆਉਣਾ ਹੈ।ਅੰਤ ਵਿੱਚ ਸਕੂਲ ਪ੍ਰਿੰਸੀਪਲ ਰਿਤੂ ਆਹੂਜਾ ਨੇ ਸਭ ਦਾ ਧੰਨਵਾਦ ਕੀਤਾ।

## ਮਾਡਰਨ ਕਾਲਜ ਦੇ ਬੀ ਐੱਡ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ (ਸੰਗਰੂਰ) ਦੇ ਬੀ.ਐੱਡ. ਭਾਗ-2, ਸੈਮਿਸਟਰ-3 ਦਾ ਨਤੀਜਾ ਘੋਸ਼ਿਤ ਹੋ ਗਿਆ ਹੈ, ਜਿਸ ਵਿੱਚ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ।ਕਾਲਜ ਦੇ ਵਿਦਿਆਰਥੀਆਂ ਨੇ ਆਪਣੇ ਮਿਹਨਤ ਤੇ ਲਗਨ ਨਾਲ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਇਸ ਪ੍ਰੀਖਿਆ ਵਿੱਚ ਰਮਨਪ੍ਰੀਤ ਕੌਰ ਤੇ ਜਸ਼ਨਪ੍ਰੀਤ ਕੌਰ ਨੇ ਪਹਿਲਾ, ਜਸਪ੍ਰੀਤ ਸਿੰਘ ਨੇ ਦੂਜਾ ਸਥਾਨ ਅਤੇ ਗਗਨਪ੍ਰੀਤ ਕੌਰ ਤੇ ਨੇਹਾ ਸਿੰਗਲਾ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ, ਰਮਨਦੀਪ ਕੌਰ ਨੇ ਚੌਥਾ ਤੇ ਕ੍ਰਿਸ਼ਕਾ, ਜਸਮੀਨ ਕੌਰ, ਜਸਪ੍ਰੀਤ ਕੌਰ ਤੇ ਸੰਦੀਪ ਕੌਰ ਨੇ ਪੰਜਵਾਂ ਸਥਾਨ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ। ਕਾਲਜ ਦੇ ਪ੍ਰਬੰਧਕਾਂ ਤੇ ਅਧਿਆਪਕਾਂ ਨੇ ਸਾਰੇ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਸੰਸਥਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਸਦਾ ਵਚਨਬੱਧ ਹੈ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸ਼ਾਨਦਾਰ ਨਤੀਜੇ ਜਾਰੀ ਰਹਿਣ ਦੀ ਉਮੀਦ ਹੈ।

## ਅਕਾਲੀ ਦਲ ਅੰਮ੍ਰਿਤਸਰ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਕਾਨਫਰੰਸ 14 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ 14 ਅਪ੍ਰੈਲ ਨੂੰ ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪਾਰਟੀ ਪ੍ਰਧਾਨ ਸ: ਸਿਮਰਨਜੀਤ ਸਿੰਘ ਮਾਨ ਸਾਬਕਾ ਮੈਂਬਰ ਪਾਰਲੀਮੈਂਟ ਦੀ ਅਗਵਾਈ ਹੇਠ ਵਿਸ਼ਾਲ ਅਕਾਲੀ ਕਾਨਫਰੰਸ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਗੁਰਜੰਟ ਸਿੰਘ ਕੱਟੂ ਹਲਕਾ ਇੰਚਾਰਜ ਮਹਿਲ ਕਲਾਂ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸ: ਸਿਮਰਨਜੀਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਕਾਨਫਰੰਸ ਦੀਆਂ ਤਿਆਰੀਆਂ ਪੂਰੇ ਪੰਜਾਬ 'ਚ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ।ਪਾਰਟੀ ਆਗੂਆਂ ਦੀ ਅਗਵਾਈ ਹੇਠ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ 'ਚ ਸੰਗਤਾਂ ਵਿਸਾਖੀ ਕਾਨਫਰੰਸ 'ਚ ਸ਼ਰਧਾ ਸਤਿਕਾਰ ਨਾਲ ਸ਼ਾਮਲ ਹੋਣਗੀਆਂ।ਭਾਈ ਕੱਟੂ ਨੇ ਦੱਸਿਆ ਕਿ ਕਾਨਫਰੰਸ ਮੌਕੇ ਭਖਦੇ ਮੁੱਦੇ ਜਿਵੇਂ ਬੰਦੀ ਸਿੰਘਾਂ ਦੀ ਰਿਹਾਈ, ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮ ਵਰਗ ਦੀਆਂ ਭਖਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਹਲਕਾ ਇੰਚਾਰਜ ਗੁਰਜੰਟ ਸਿੰਘ ਕੱਟੂ ਨੇ ਸਮੂਹ ਸੰਗਤਾਂ ਨੂੰ ਵਿਸਾਖੀ ਕਾਨਫਰੰਸ ਦੌਰਾਨ ਪਰਵਾਰਾਂ ਸਮੇਤ ਭਰਵੀਂ ਸ਼ਮੂਲੀਅਤ ਯਕੀਨੀ ਬਣਾਉਣ ਦੀ ਅਪੀਲ ਕੀਤੀ।

## ਦੇਸ਼ ਭਗਤ ਗਲੋਬਲ ਸਕੂਲ 'ਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਗਲੋਬਲ ਸਕੂਲ ਮੰਡੀ ਗੋਬਿੰਦਗੜ੍ਹ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਧਾਰਮਿਕ ਉਤਸ਼ਾਹ, ਖੁਸ਼ੀ ਤੇ ਸਕਾਰਾਤਮਕਤਾ ਨਾਲ ਕੀਤੀ ਗਈ।ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਦਾ ਭੋਗ ਪਾਇਆ ਗਿਆ ਤੇ ਰਾਗੀ ਸਿੰਘਾਂ ਨੇ ਰਸਭਿੰਨਾ ਸ਼ਬਦ ਕੀਰਤਨ ਕੀਤਾ।ਪ੍ਰਿੰਸੀਪਲ ਇੰਦੂ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਧਾਰਮਿਕ ਸਮਾਗਮ ਦੌਰਾਨ ਸਕੂਲ ਕੈਂਪਸ 'ਚ ਸ਼ਾਂਤ ਤੇ ਸੁਹਾਵਣਾ ਮਾਹੌਲ ਭਗਤੀ ਦਾ ਅਹਿਸਾਸ ਕਰਵਾ ਰਿਹਾ ਸੀ।ਵਿਦਿਆਰਥੀਆਂ ਤੇ ਸਟਾਫ ਵਿੱਚ ਪ੍ਰਸ਼ਾਦ ਵਰਤਾਇਆ ਗਿਆ ਤੇ ਆਉਣ ਵਾਲੇ ਸਾਲ ਦੀ ਕਾਮਯਾਬੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।ਇਸ ਸ਼ੁਭ ਮੌਕੇ ਸਕੂਲ ਪਰਿਵਾਰ ਨੇ ਗੁਣਵੱਤਾਪੂਰਨ ਸਿੱਖਿਆ ਦੇਣ, ਉੱਚ ਨੈਤਿਕ ਮੁੱਲਾਂ ਨੂੰ ਵਧਾਉਣ ਤੇ ਹਰ ਵਿਦਿਆਰਥੀ ਦਾ ਚੰਗਾ ਭਵਿੱਖ ਤਿਆਰ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਵਿਦਿਆਰਥੀਆਂ ਨੇ ਵੀ ਨਵੇਂ ਜਜ਼ਬੇ, ਊਰਜਾ ਤੇ ਸਮਰਪਣ ਨਾਲ ਆਪਣੀ ਪੜ੍ਹਾਈ ਨੂੰ ਅੱਗੇ ਵਧਾਉਣ ਦਾ ਸੰਕਲਪ ਕੀਤਾ।ਨਵੇਂ ਸੈਸ਼ਨ ਦੌਰਾਨ ਨਵੇਂ ਤੇ ਪੁਰਾਣੇ ਸਾਰੇ ਵਿਦਿਆਰਥੀਆਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ, ਜਿਸ ਨਾਲ ਆਪਣੇਪਣ ਤੇ ਖੁਸ਼ੀ ਦਾ ਮਾਹੌਲ ਬਣਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ, ਜਨਰਲ ਸਕੱਤਰ ਡਾ. ਤਜਿੰਦਰ ਕੌਰ ਅਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਸਮੇਤ ਦੇਸ਼ ਭਗਤ ਗਲੋਬਲ ਸਕੂਲ ਦੇ ਅਧਿਆਪਕਾਂ ਤੇ ਸਟਾਫ ਨੇ ਆਪਣੇ ਅਸ਼ੀਰਵਾਦ ਦਿੱਤੇ ਤੇ ਵਿਦਿਆਰਥੀਆਂ ਨੂੰ ਅਨੁਸ਼ਾਸਤ, ਇਮਾਨਦਾਰ ਤੇ ਆਪਣੇ ਅਧਿਐਨ 'ਤੇ ਕੇਂਦ੍ਰਿਤ ਰਹਿਣ ਲਈ ਪ੍ਰੇਰਿਤ ਕੀਤਾ।

## ਸਫਾ 3 ਦੇ ਬਾਕੀ...

### ਅਕਾਲੀ ਆਦਤਨ ...

ਚੁਟਕੀ ਲੈਂਦਿਆਂ ਉਨ੍ਹਾ ਟਿੱਪਣੀ ਕੀਤੀ ਕਿ ਅਖੌਤੀ ਪੰਜਾਬ ਬਚਾਓ ਯਾਤਰਾ ਅਸਲ ਵਿੱਚ ਇੱਕ 'ਪਰਿਵਾਰ ਬਚਾਓ ਯਾਤਰਾ' ਹੈ। ਉਨ੍ਹਾ ਕਿਹਾ ਕਿ 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਅਕਾਲੀਆਂ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਪੰਜਾਬ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾ ਕਿਹਾ ਕਿ ਅਕਾਲੀ ਆਗੂ ਲੋਕਾਂ ਤੋਂ ਇੱਕ ਮੌਕਾ ਮੰਗ ਰਹੇ ਹਨ, ਪਰ ਸ਼ਾਇਦ ਉਹ ਭੁੱਲ ਗਏ ਹਨ ਕਿ ਉਨ੍ਹਾਂ ਨੂੰ ਪੰਜ ਵਾਰ ਮੌਕਾ ਦਿੱਤਾ ਗਿਆ ਸੀ। ਲੋਕਾਂ ਦੀ ਸੇਵਾ ਕਰਨ ਦੀ ਬਜਾਏ, ਉਨ੍ਹਾਂ ਜਨਤਾ ਅਤੇ ਸੂਬੇ ਨੂੰ ਲੁੱਟਿਆ, ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਦਰਵਾਜ਼ਾ ਦਿਖਾ ਦਿੱਤਾ।

ਹਾਲ ਹੀ ਵਿੱਚ ਵਾਪਰੀ ਇੱਕ ਘਟਨਾ ਦਾ ਹਵਾਲਾ ਦਿੰਦਿਆਂ ਮਾਨ ਨੇ ਕਿਹਾ—ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਸਮਾਗਮ ਵਿੱਚ ਅਕਾਲੀ ਲੀਡਰਸ਼ਿਪ ਨੂੰ ਬਿਜਲੀ ਚੋਰੀ ਕਰਦਿਆਂ ਫੜਿਆ ਗਿਆ ਸੀ ਅਤੇ ਸੂਬਾ ਸਰਕਾਰ ਉਨ੍ਹਾਂ ਵਿਰੁੱਧ ਕੇਸ ਦਰਜ ਕਰੇਗੀ। ਉਨ੍ਹਾ ਸਵਾਲ ਪੁੱਛਿਆ ਕਿ ਅਜਿਹੇ ਲੋਕਾਂ ਤੋਂ ਭਲਾਈ ਦੀ ਕੀ ਉਮੀਦ ਕੀਤੀ ਜਾ ਸਕਦੀ ਹੈ, ਜੋ ਬਿਜਲੀ ਚੋਰੀ ਵਰਗੇ ਛੋਟੇ-ਮੋਟੇ ਅਪਰਾਧਾਂ ਵਿੱਚ ਸ਼ਾਮਲ ਹਨ। ਉਨ੍ਹਾ ਕਿਹਾ ਕਿ ਉਨ੍ਹਾ ਦੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸਖ਼ਤ ਯਤਨ ਕਰ ਰਹੀ ਹੈ।

ਉਨ੍ਹਾ ਕਿਹਾ ਕਿ ਅਜਿਹੇ ਸਿਆਸੀ ਆਗੂ ਲੋਕਾਂ ਨੂੰ ਪੈਸਾ ਦੇਣ ਦੀ ਬਜਾਏ ਉਨ੍ਹਾਂ ਤੋਂ ਗੈਰ-ਕਾਨੂੰਨੀ ਤਰੀਕਿਆਂ ਨਾਲ ਪ੍ਰਾਪਤ ਕਰਦੇ ਹਨ। ਸਾਬਕਾ ਉਪ ਮੁੱਖ ਮੰਤਰੀ ਨੇ ਹੜ੍ਹਾਂ ਦੌਰਾਨ ਗੋਲਕਾਂ ਤੋਂ ਪੈਸਾ ਵੰਡਿਆ। ਉਨ੍ਹਾ ਟਿੱਪਣੀ ਕੀਤੀ ਕਿ ਸਾਬਕਾ ਉਪ ਮੁੱਖ ਮੰਤਰੀ ਸੂਬੇ ਦੇ ਇਤਿਹਾਸ, ਭੂਗੋਲ ਅਤੇ ਸੱਭਿਆਚਾਰ ਤੋਂ ਬਿਲਕੁਲ ਅਣਜਾਣ ਹਨ ਅਤੇ ਉਹ ਫ਼ਸਲਾਂ ਵਿਚਕਾਰ ਫਰਕ ਵੀ ਨਹੀਂ ਕਰ ਸਕਦੇ।

ਮਾਨ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਕਾਂਗਰਸ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਨੇ ਸੂਬੇ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ, ਜਿਸ ਕਾਰਨ ਪੰਜਾਬ ਵਿਕਾਸ ਵਿੱਚ ਪਛੜ ਗਿਆ। ਉਨ੍ਹਾ ਸੂਬੇ ਨੂੰ ਆਰਥਿਕ, ਸਮਾਜਿਕ, ਰਾਜਨੀਤਕ ਅਤੇ ਧਾਰਮਿਕ ਤੌਰ 'ਤੇ ਵੀ ਨੁਕਸਾਨ ਪਹੁੰਚਾਇਆ, ਪਰ ਸਾਡੀ ਸਰਕਾਰ ਦੁਆਰਾ ਚੁੱਕੇ ਗਏ ਕਦਮਾਂ ਕਾਰਨ ਪੰਜਾਬ ਹੁਣ ਵਿਕਾਸ ਦੀ ਸਹੀ ਰਾਹ 'ਤੇ ਹੈ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਹਲਕੇ ਪਟਿਆਲਾ ਦਿਹਾਤੀ ਦੀ ਅਨਾਜ ਮੰਡੀ ਵਿਖੇ ਹੋਈ ਵਿਸ਼ਾਲ ਰੈਲੀ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਆਪ ਦੇ ਸੂਬਾ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਡਾ. ਬਲਬੀਰ ਸਿੰਘ, ਹਰਭਜਨ ਸਿੰਘ ਈ ਟੀ ਓ, ਲਾਲ ਚੰਦ ਕਟਾਰੂ ਚੱਕ, ਹਰਦੀਪ ਸਿੰਘ ਮੁੰਡੀਆਂ, ਤਰੁਨਪ੍ਰੀਤ ਸਿੰਘ ਸੌਂਦ, ਬਰਿੰਦਰ ਗੋਇਲ ਤੇ ਮਹਿੰਦਰ ਭਗਤ ਸਮੇਤ ਵਿਧਾਇਕ ਨੀਨਾ ਮਿੱਤਲ, ਅਜੀਤਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਕੁਲਵੰਤ ਸਿੰਘ ਬਾਜ਼ੀਗਰ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਰਣਜੋਧ ਸਿੰਘ ਹਡਾਣਾ, ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਇੰਪਰੂਵਮੈਂਟ ਟਰੱਸਟ ਚੇਅਰਮੈਨ ਹਰਪਾਲ ਸਿੰਘ ਵਿਰਕ, ਜੱਸੀ ਸੋਹੀਆਂ ਵਾਲਾ ਤੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੀ ਮੌਜੂਦ ਸਨ। ਇਸ ਦੌਰਾਨ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਸਨਮਾਨ ਵੀ ਕੀਤਾ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਪਟਿਆਲਾ ਵਿਖੇ 250 ਨਵੀਆਂ ਪੀ ਆਰ ਟੀ ਸੀ ਬੱਸਾਂ ਨੂੰ ਹਰੀ ਝੰਡੀ ਦਿਖਾਈ ਤੇ ਇਸ ਨੂੰ ਜਨਤਕ ਆਵਾਜਾਈ ਦੀ ਮਜ਼ਬੂਤੀ, ਰੋਜ਼ਗਾਰ ਉਤਪਤੀ ਤੇ ਪੰਜਾਬ ਭਰ 'ਚ ਵਿਕਾਸ ਦੀ ਗਤੀ ਨੂੰ ਤੇਜ਼ ਕਰਨ ਵੱਲ ਇੱਕ ਵੱਡਾ ਕਦਮ ਦੱਸਿਆ। ਬੱਸ ਫਲੀਟ ਵਿੱਚ ਵਾਧੇ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਟਿਆਲਾ ਵਿੱਚ 250 ਨਵੀਆਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਪੀ ਆਰ ਟੀ ਸੀ ਫਲੀਟ ਵਿੱਚ ਸ਼ਾਮਲ ਕੀਤਾ ਗਿਆ। ਇਹ ਸਿਰਫ਼ ਆਵਾਜਾਈ ਸਹੂਲਤਾਂ ਵਿੱਚ ਸੁਧਾਰ ਨਹੀਂ, ਸਗੋਂ ਲੋਕਾਂ ਨੂੰ ਬਿਹਤਰ, ਸੁਰੱਖਿਅਤ ਅਤੇ ਵਧੇਰੇ ਆਰਾਮਦਾਇਕ ਯਾਤਰਾ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਨਾਲ ਜਨਤਕ ਆਵਾਜਾਈ ਮਜ਼ਬੂਤ ਹੋਵੇਗੀ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਆਉਣ ਵਾਲੇ ਦਿਨਾਂ ਵਿੱਚ 300 ਤੋਂ ਵੱਧ ਹੋਰ ਬੱਸਾਂ ਪੀ ਆਰ ਟੀ ਸੀ ਫਲੀਟ ਵਿੱਚ ਸ਼ਾਮਲ ਕੀਤੀਆਂ ਜਾਣਗੀਆਂ।

### ਏ ਆਈ ਦੇ ਦੌਰ 'ਚ ਵੀ ...

ਭਰ ਦੀ ਸਰਮਾਏਦਾਰੀ ਕਿਸੇ ਵੀ ਹੱਦ ਤੱਕ ਜਾ ਸਕਦੀ ਹੈ, ਇਸ ਦਾ ਸਪੱਸ਼ਟ ਤੌਰ 'ਤੇ ਪ੍ਰਗਟਾਵਾ ਈਰਾਨ-ਅਮਰੀਕਾ ਦੇਸ਼ਾਂ ਦਰਮਿਆਨ ਚੱਲ ਰਹੀ ਜੰਗ ਦੇ ਰੂਪ ਵਿੱਚ ਦਿਖਾਈ ਦੇ ਰਿਹਾ ਹੈ। ਉਹਨਾ ਕਿਹਾ ਕਿ ਇਸ ਤਰ੍ਹਾਂ ਦੀਆਂ ਤਬਦੀਲੀਆਂ ਪ੍ਰਤੀ ਦੇਸ਼ ਦੀ ਜਵਾਨੀ ਨੂੰ ਗੰਭੀਰਤਾ ਨਾਲ ਚੇਤਨ ਹੋ ਕੇ ਪੜ੍ਹਨਾ ਚਾਹੀਦਾ ਹੈ।

ਕਾਮਰੇਡ ਜਗਰੂਪ ਨੇ ਕੁਦਰਤ ਵਿੱਚ ਵਾਪਰ ਰਹੀਆਂ ਮੌਸਮੀ ਤਬਦੀਲੀਆਂ ਕਾਰਨ ਕਿਸਾਨਾਂ ਦੀਆਂ ਫਸਲਾਂ ਦੇ ਹੋ ਰਹੇ ਲਗਾਤਾਰ ਨੁਕਸਾਨ ਦੀ ਚਿੰਤਾ ਕਰਦਿਆਂ ਕਿਹਾ ਕਿ ਸਰਕਾਰਾਂ ਨੂੰ ਕਿਸਾਨਾਂ ਦੀ ਫ਼ਸਲ ਦਾ ਮੁਕੰਮਲ ਤੌਰ ਤੇ ਸਾਰਾ ਬੀਮਾ ਕਰਨ ਦੀ ਕਾਨੂੰਨੀ ਗਾਰੰਟੀ ਕਰਨੀ ਚਾਹੀਦੀ ਹੈ। ਕੇਂਦਰ ਅਤੇ ਪੰਜਾਬ ਦੀ ਸੂਬਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਉਹਨਾ ਕਿਹਾ ਕਿ ਦੇਸ਼ ਦੀ ਪਾਰਲੀਮੈਂਟ ਵਿੱਚ ਬਣੇ ਕੌਮੀ ਪੇਂਡੂ ਰੁਜ਼ਗਾਰ ਗਰੰਟੀ ਕਾਨੂੰਨ (ਨਰੇਗਾ) ਦਾ ਰਾਜਸੀ ਫਾਇਦਾ ਲੈਣ ਲਈ ਪਹਿਲਾਂ ਕਾਂਗਰਸ ਨੇ ਨਾਂਅ ਬਦਲੀ ਕੀਤੀ ਅਤੇ ਹੁਣ ਭਾਜਪਾ ਵੱਲੋਂ ਸਿਰਫ਼ ਨਾਂਅ ਹੀ ਬਦਲੀ ਨਹੀਂ ਕੀਤਾ ਗਿਆ, ਸਗੋਂ ਉਸ ਵਿੱਚ ਕਈ ਮਜ਼ਦੂਰਾਂ ਖ਼ਿਲਾਫ਼ ਫੈਸਲੇ ਲਏ ਗਏ ਹਨ। ਮਜ਼ਦੂਰਾਂ ਤੋਂ 10 ਤੋਂ 12 ਘੰਟੇ ਕੰਮ ਕਰਵਾਉਣ ਦੀ ਸ਼ਰਤ ਸ਼ਾਮਲ ਕਰਨਾ ਅਤੇ ਕੇਂਦਰ ਵੱਲੋਂ ਵੱਡਾ ਹਿੱਸਾ ਸੂਬਾ ਸਰਕਾਰਾਂ 'ਤੇ ਬੋਝ ਪਾ ਕੇ ਨਰੇਗਾ ਮਜ਼ਦੂਰਾਂ ਤੋਂ ਰੁਜ਼ਗਾਰ ਖੋਹਣ ਦਾ ਫੈਸਲਾ ਕੀਤਾ ਹੈ। ਦੂਜੇ ਪਾਸੇ ਪੰਜਾਬ ਸਰਕਾਰ ਨੇ ਹੁਣ ਤੱਕ ਨਰੇਗਾ ਮਜ਼ਦੂਰਾਂ ਨੂੰ ਪਾਰਦਰਸ਼ੀ ਢੰਗ ਨਾਲ ਕੰਮ ਦੇਣ ਦੀ ਬਜਾਏ ਉਹਨਾਂ ਦੇ ਹੱਕਾਂ 'ਤੇ ਡਾਕਾ ਹੀ ਮਾਰਿਆ ਹੈ। ਉਨ੍ਹਾ ਸਮੂਹ ਲੋਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਇਸ ਲੋਕ ਵਿਰੋਧੀ ਫੈਸਲੇ ਖਿਲਾਫ ਡਟਣ, ਤਾਂ ਹੀ ਇਸ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਉਹਨਾ ਜਵਾਨੀ ਨੂੰ ਸੁਚੇਤ ਕਰਦਿਆਂ ਕਿਹਾ ਕਿ ਏ ਆਈ ਭਾਵ ਆਰਟੀਫਿਸ਼ੀਅਲ ਇੰਟੈਲੀਜੈਂਸੀ ਨਾਲ ਭਵਿੱਖ ਵਿੱਚ ਮੌਜੂਦਾ ਰਾਜਨੀਤਕ ਪ੍ਰਬੰਧ ਵੱਲੋਂ ਰੁਜ਼ਗਾਰ ਦੇ ਮੌਕਿਆਂ ਨੂੰ ਖਤਮ ਕਰਨ ਲਈ ਹੱਥਕੰਡੇ ਅਪਣਾਏ ਜਾ ਰਹੇ ਹਨ। ਸਾਨੂੰ ਕਿਸੇ ਵੀ ਤਰ੍ਹਾਂ ਉੱਚ ਤਕਨੀਕ ਦਾ ਕਦੇ ਵਿਰੋਧ ਨਹੀਂ ਕਰਨਾ ਚਾਹੀਦਾ, ਪ੍ਰੰਤੂ ਉਚ ਤਕਨੀਕ ਨਾਲ ਦੇਸ਼ ਦਾ ਮੌਜੂਦਾ ਰਾਜਸੀ ਪ੍ਰਬੰਧ ਜੇਕਰ ਦੇਸ਼ ਦੀ ਜਵਾਨੀ ਤੋਂ ਰੁਜ਼ਗਾਰ ਦੇ ਮੌਕੇ ਖੋਹੇ ਤਾਂ ਇਹਦੇ ਲਈ ਸਾਨੂੰ ਜ਼ਰੂਰ ਸੋਚਣਾ ਪਵੇਗਾ। ਜਗਰੂਪ ਨੇ ਕਿਹਾ ਕਿ ਸਮਾਜ ਵਿੱਚ ਇਹੋ ਜਿਹੀ ਕੋਈ ਸਮੱਸਿਆ ਨਹੀਂ, ਜਿਸ ਦਾ ਹੱਲ ਮੌਜੂਦ ਨਾ ਹੋਵੇ। ਸਮਾਜਵਾਦੀ ਪ੍ਰਬੰਧ ਮੁਤਾਬਕ ਸਭ ਲਈ ਰੁਜ਼ਗਾਰ ਦੀ ਗਾਰੰਟੀ ਕੀਤੀ ਜਾ ਸਕਦੀ ਹੈ, ਭਾਵੇਂ ਉਹ ਏ ਆਈ ਤੋਂ ਵੀ ਅੱਗੇ ਦਾ ਦੌਰ ਕਿਉਂ ਨਾ ਆ ਜਾਵੇ। ਉਹਨਾ ਕਿਹਾ ਕਿ ਸੀ ਪੀ ਆਈ ਨੇ ਆਪਣੇ ਮਹਾਂ-ਸੰਮੇਲਨ ਵਿੱਚ ਮਤਾ ਪਾਸ ਕੀਤਾ ਹੈ ਕਿ ਉਹ ਦੇਸ਼ ਦੀ ਜਵਾਨੀ ਲਈ ਰੁਜ਼ਗਾਰ ਦੀ ਗਾਰੰਟੀ ਲਈ ਦੇਸ਼ ਦੇ ਨੌਜਵਾਨਾਂ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਬਨੇਗਾ ਕਾਨੂੰਨ ਪਾਸ ਕਰਵਾਉਣ ਲਈ ਲਗਾਤਾਰ ਨੌਜਵਾਨਾਂ ਦੀ ਲਾਮਬੰਦੀ ਕਰੇਗੀ।ਸਮਾਗਮ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੀਨੀਅਰ ਆਗੂ ਹੰਸ ਰਾਜ ਗੋਲਡਨ ਅਤੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਕਾਮਰੇਡ ਆਲਾ ਸਿੰਘ ਅਤੇ ਆਜ਼ਾਦੀ ਘੁਲਾਟੀਏ ਕਾਮਰੇਡ ਵਧਾਵਾ ਰਾਮ ਅਤੇ ਉਹਨਾਂ ਦੇ ਨਾਲ ਹੋਰ ਸਾਥੀਆਂ ਨੇ ਲੋਕਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਲਈ ਆਪਣੀ ਜ਼ਿੰਦਗੀ ਦਾ ਅਹਿਮ ਯੋਗਦਾਨ ਪਾਇਆ ਸੀ। ਹੁਣ ਦੇਸ਼ ਅਤੇ ਸੂਬੇ ਦੀ ਸੱਤਾ ਫਿਰ ਕਿਸਾਨਾਂ ਤੋਂ ਜ਼ਮੀਨਾਂ ਹੜੱਪਣ ਲਈ ਕਿਸਾਨ ਵਿਰੋਧੀ ਕਾਨੂੰਨ ਲੈ ਕੇ ਆ ਰਹੀਆਂ ਹਨ, ਜਿਸ ਦਾ ਟਾਕਰਾ ਕਰਨ ਲਈ ਸਾਨੂੰ ਇੱਕਜੁੱਟ ਹੋਣਾ ਪਵੇਗਾ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਸੈਦੋਕਾ, ਮਨਦੀਪ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਜ਼ਿਲ੍ਹਾ ਆਗੂ ਗੁਰਮੀਤ ਸਿੰਘ ਮੰਨੇਵਾਲਾ, ਜਗਸੀਰ ਸਿੰਘ ਘੋਲਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਰਮੇਸ਼ ਵਡੇਰਾ, ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਡਿਪਟੀ ਜਨਰਲ ਸੈਕਟਰੀ ਐਡਵੋਕੇਟ ਪਰਮਜੀਤ ਢਾਬਾਂ, ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਸ਼ੁਬੇਗ ਝੰਗੜਭੈਣੀ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ, ਬਲਵਿੰਦਰ ਮਹਾਲਮ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਆਲ ਇੰਡੀਆ ਆਸ਼ਾ ਵਰਕਰਜ ਐਂਡ ਫੈਸੀਲੇਟਰ ਯੂਨੀਅਨ ਏਟਕ ਦੇ ਸੂਬਾ ਮੀਤ ਪ੍ਰਧਾਨ ਦੁਰਗਾ ਬਾਈ, ਜਿਲ੍ਹਾ ਪ੍ਰਧਾਨ ਨੀਲਮ ਰਾਣੀ, ਮੁਲਾਜ਼ਮ ਆਗੂ ਭਜਨ ਲਾਲ ਫਾਜ਼ਿਲਕਾ ਅਤੇ ਗੁਰਦਿਆਲ ਢਾਬਾਂ ਨੇ ਵੀ ਸੰਬੋਧਨ ਕੀਤਾ।ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਸਕੱਤਰ ਸੁਮਿੱਤਰਾ ਫਾਜ਼ਿਲਕਾ, ਗੌਰਮਿਟ ਸਕੂਲ ਟੀਚਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਮਾਸਟਰ ਵਰਿਆਮ ਘੁੱਲਾ, ਕੁਲਦੀਪ ਬੱਖੂਸ਼ਾਹ, ਸੀਤਾ ਸਿੰਘ ਤੇਜਾ ਰੁਹੇਲਾ, ਧਰਮਿੰਦਰ ਮੁਰਕਵਾਲਾ, ਉਸਾਰੀ ਕਿਰਤੀਆਂ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਜੰਮੂ ਰਾਮ ਬਨਵਾਲਾ, ਜ਼ਿਲ੍ਹਾ ਸਕੱਤਰ ਸੋਨਾ ਧੁਨਕੀਆਂ, ਹਰਚਰਨ ਪਾਲੀਵਾਲਾ, ਪਰਮਜੀਤ ਸੋਹਣਾ ਸਾਂਦੜ, ਏ ਆਈ ਐੱਸ ਐੱਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਅੰਮ੍ਰਿਤ ਕਾਠਗੜ੍ਹ, ਮਾਸਟਰ ਨਿਰਮਲ ਸਿੰਘ ਬਰਾੜ, ਭੱਠਾ ਮਜ਼ਦੂਰ ਯੂਨੀਅਨ ਏਟਕ ਦੇ ਆਗੂ ਅਸ਼ੋਕ ਲਾਧੂਕਾ, ਪ੍ਰੇਮ ਸਿੰਘ, ਰਾਜਵਿੰਦਰ ਨਿਓਲਾ, ਸੰਦੀਪ ਜੋਧਾ, ਕੁਲ ਹਿੰਦ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਲਵੀਰ ਕਾਠਗੜ੍ਹ, ਬਲਵੰਤ ਚੋਹਾਣਾ, ਰੇਹੜੀ- ਫੜ੍ਹੀ ਸਬਜ਼ੀ, ਫਰੂਟ ਯੂਨੀਅਨ ਦੇ ਆਗੂ ਸੁਰਿੰਦਰ ਸਿੰਘ, ਭਗਵਾਨ ਸਿੰਘ ਅਤੇ ਸੰਨੀ ਹਾਂਡਾ ਨੇ ਵੀ ਮੁੱਖ ਤੌਰ 'ਤੇ ਹਾਜ਼ਰ ਹੋਏ। ਲੋਕ ਗਾਇਕ ਜਗਸੀਰ ਜੀਦਾ ਵੱਲੋਂ ਇਨਕਲਾਬੀ ਗੀਤ, ਟੱਪੇ ਅਤੇ ਬੋਲੀਆਂ ਪੇਸ਼ ਕੀਤੀਆਂ ਗਈਆਂ। ਸਟੇਜ ਸਕੱਤਰ ਦੀ ਭੂਮਿਕਾ ਛਿੰਦਰ ਮਹਾਲਮ ਨੇ ਨਿਭਾਈ।

### ਪੀ ਆਰ ਟੀ ਸੀ ...

ਦਾ ਖਮਿਆਜ਼ਾ ਵੇਤਨ ਭੋਗੀ ਮੁਲਾਜ਼ਮ ਭੁਗਤ ਰਹੇ ਹਨ।ਐਕਸ਼ਨ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਵਰਕਰਾਂ ਦੇ ਤਨਖਾਹਾਂ, ਪੈਨਸ਼ਨਾਂ ਤੋਂ ਇਲਾਵਾ 125 ਕਰੋੜ ਰੁਪਏ ਦੇ ਲੱਗਭੱਗ ਬਕਾਏ ਪਏ ਹਨ। ਸੇਵਾ-ਮੁਕਤ ਕਰਮਚਾਰੀਆਂ ਨੂੰ ਦੋ ਸਾਲ ਤੋਂ ਉਹਨਾਂ ਦੇ ਸੇਵਾ-ਮੁਕਤੀ ਬਕਾਏ ਨਹੀਂ ਦਿੱਤੇ ਜਾ ਰਹੇ। ਪੇ ਕਮਿਸ਼ਨ ਦੇ ਬਕਾਏ ਜੋ 01-01-2016 ਤੋਂ ਹਨ, ਉਹ ਪੀ.ਆਰ.ਟੀ.ਸੀ. ਨੇ ਦੇਣੇ ਸ਼ੁਰੂ ਹੀ ਨਹੀਂ ਕੀਤੇ, ਜਦ ਕਿ ਹੁਣ ਮਾਨਯੋਗ ਹਾਈਕੋਰਟ ਨੇ ਹੁਕਮ ਦਿੱਤੇ ਹਨ ਕਿ 6 ਪ੍ਰਤੀਸ਼ਤ ਵਿਆਜ ਸਮੇਤ ਬਕਾਏ ਦਿੱਤੇ ਜਾਣ। ਇਹ ਹੁਕਮ ਪੀ.ਆਰ.ਟੀ.ਸੀ. ਉਪਰ ਵੀ ਲਾਗੂ ਹੈ। ਵਰਕਰਾਂ ਦੇ ਨਵੇਂ ਰੇਟਾਂ ਅਨੁਸਾਰ ਟੀ.ਏ/ਡੀ.ਏ. ਨਹੀਂ ਦਿੱਤੇ ਜਾ ਰਹੇ। ਕੁੱਝ ਹੱਕਦਾਰ ਵਰਕਰਾਂ ਨੂੰ ਪੈਨਸ਼ਨ ਸਕੀਮ ਦਾ ਮੈਂਬਰ ਨਹੀਂ ਬਣਾਇਆ ਜਾ ਰਿਹਾ। ਬਨਦੀਆਂ ਤਰੱਕੀਆਂ ਲਟਕਾ ਕੇ ਰੱਖੀਆਂ ਹੋਈਆਂ ਹਨ। ਵਰਕਰਾਂ ਦੇ ਕਾਨੂੰਨੀ ਬਣਦੇ ਹੱਕ ਵੀ ਨਹੀਂ ਦਿੱਤੇ ਜਾ ਰਹੇ। ਨਵੀਆਂ ਬੱਸਾਂ ਪਾਉਣ ਦੇ ਐਲਾਨ ਸੁਣਦਿਆਂ 4 ਸਾਲ ਬੀਤ ਗਏ ਹਨ, ਪਰ ਨਵੀਂ ਬੱਸ ਇੱਕ ਵੀ ਨਹੀਂ ਖਰੀਦੀ ਗਈ। ਮੈਨੇਜਮੈਂਟ ਦੇ ਰਵੱਈਏ ਵਿਰੁੱਧ ਰੋਸ ਵਧਦਾ ਜਾ ਰਿਹਾ ਹੈ। ਜਿਸ ਦਾ ਹੀ ਸਿੱਟਾ ਹੈ ਕਿ ਵਰਕਰਾਂ ਨੂੰ ਹਰ ਮਹੀਨੇ ਦੋ-ਦੋ ਵਾਰ ਧਰਨੇ, ਮੁਜ਼ਾਹਰੇ ਕਰਨੇ ਪੈਂਦੇ ਹਨ। ਪੀ.ਆਰ.ਟੀ.ਸੀ. ਵਿੱਚ ਚੇਅਰਮੈਨ ਸਮੇਤ ਕਈ ਹੋਰ ਸਿਆਸੀ ਨੇਤਾਵਾਂ ਨੂੰ ਤਾਇਨਾਤ ਕੀਤਾ ਗਿਆ ਹੈ, ਪਰ ਉਹ ਵੀ ਵਰਕਰਾਂ ਦੀਆਂ ਸਮੱਸਿਆਵਾਂ ਵੱਲ ਉੱਕਾ ਹੀ ਧਿਆਨ ਨਹੀਂ ਦੇ ਰਹੇ। ਐਕਸ਼ਨ ਕਮੇਟੀ ਦੇ ਆਗੂਆਂ ਨੇ ਮੈਨੇਜਮੈਂਟ ਅਤੇ ਪੀ.ਆਰ.ਟੀ.ਸੀ. ਦੇ ਪ੍ਰਬੰਧ ਦਾ ਸੰਚਾਲਨ ਕਰਨ ਵਾਲੇ ਸਿਆਸੀ ਨੇਤਾਵਾਂ ਤੋਂ ਮੰਗ ਕੀਤੀ ਹੈ ਕਿ ਵਰਕਰਾਂ ਨਾਲ ਹੋ ਰਹੀਆਂ ਧੱਕੇਸ਼ਾਹੀਆਂ ਅਤੇ ਆਰਥਿਕ ਜ਼ਿਆਦਤੀਆਂ ਵੱਲ ਵਿਸ਼ੇਸ਼ ਤਵੱਜੋ ਦੇ ਕੇ ਇਨ੍ਹਾਂ ਸਮੱਸਿਆਵਾਂ ਦਾ ਪੱਕਾ ਹੱਲ ਕੱਢਣਾ ਯਕੀਨੀ ਬਣਾਇਆ ਜਾਵੇ।

### ਟੈਕਸ ਚੋਰੀ 'ਤੇ 1383...

165.71 ਕਰੋੜ ਰੁਪਏ ਦਾ ਠੋਸ ਯੋਗਦਾਨ ਪਾਇਆ। ਇਹ ਕਾਰਗੁਜ਼ਾਰੀ ਵਿੱਤੀ ਸਾਲ 2024-25 ਦੇ ਮੁਕਾਬਲੇ ਕਈ ਗੁਣਾਂ ਸੁਧਾਰ ਨੂੰ ਦਰਸਾਉਂਦੀ ਹੈ। ਸਾਲ 2024-25 ਦੌਰਾਨ ਨਿਰੀਖਣ ਇਨਫੋਰਸਮੈਂਟ ਦੇ ਨਤੀਜੇ ਵਜੋਂ 147.28 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਸੀ ਅਤੇ 41.53 ਕਰੋੜ ਰੁਪਏ ਵਸੂਲੇ ਗਏ ਸਨ। ਸੜਕੀ ਚੈਕਿੰਗ ਦੀ ਵਸੂਲੀ 157.14 ਕਰੋੜ ਰੁਪਏ ਰਹੀ ਸੀ।

ਚੀਮਾ ਨੇ ਕਿਹਾ ਕਿ ਟੈਕਸ ਵਿਭਾਗ ਨੇ ਸਾਲ ਭਰ ਵਿੱਚ 8 ਐੱਫ ਆਈ ਆਰ ਅਤੇ 15 ਗ੍ਰਿਫਤਾਰੀਆਂ ਕੀਤੀਆਂ। ਦੋ ਸਭ ਤੋਂ ਪ੍ਰਮੁੱਖ ਐੱਫ ਆਈ ਆਰਜ਼ ਵਿੱਚ ਸੱਤ ਵਿਅਕਤੀ ਸ਼ਾਮਲ ਸਨ ਅਤੇ 385 ਕਰੋੜ ਰੁਪਏ ਦੇ ਧੋਖੇਬਾਜ਼ ਲੈਣ-ਦੇਣ ਦਾ ਪਰਦਾ ਫਾਸ਼ ਹੋਇਆ। ਇਹਨਾਂ ਟੀਚਾਗਤ ਕਾਰਵਾਈਆਂ ਨੇ ਮਾਲ ਦੀ ਅਸਲ ਸਪਲਾਈ ਤੋਂ ਬਿਨਾਂ ਇਨਵਾਇਸ ਜਾਰੀ ਕਰਨ ਵਾਲੀਆਂ ਫਰਮਾਂ ਦੁਆਰਾ ਕੀਤੀ ਗਈ 69.57 ਕਰੋੜ ਰੁਪਏ ਦੀ ਟੈਕਸ ਚੋਰੀ ਦਾ ਪਰਦਾ ਫਾਸ਼ ਕੀਤਾ। 9 ਕਰੋੜ ਰੁਪਏ ਤੋਂ ਵੱਧ ਦਾ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ ਪਾਸ ਕਰਨ ਲਈ ਲੁਧਿਆਣਾ ਸਥਿਤ ਇੱਕ ਮਾਲਕ ਨੂੰ ਗ੍ਰਿਫਤਾਰ ਕੀਤਾ ਗਿਆ।

ਉਨ੍ਹਾ ਦੱਸਿਆ—ਵਿਭਾਗ ਦੇ ਆਧੁਨਿਕ ਖੁਫੀਆ ਨੈੱਟਵਰਕ ਨੇ ਕਈ ਵੱਡੇ ਪਰਦਾ ਫਾਸ਼ ਕੀਤੇ, ਜਿਨ੍ਹਾਂ ਵਿੱਚ ਲੁਧਿਆਣਾ ਵਿੱਚ ਸੋਨੇ ਦੇ ਲੈਣ-ਦੇਣ ਵਿੱਚ 900 ਕਰੋੜ ਰੁਪਏ ਦੀ ਜਾਲ੍ਹੀ ਬਿਲਿੰਗ, ਮੁਹਾਲੀ, ਖਰੜ ਅਤੇ ਕੋਟਕਪੂਰਾ ਵਿੱਚ ਨਜਾਇਜ਼ ਕੋਲੇ ਦੇ ਲੈਣ-ਦੇਣ ਵਿੱਚ 226 ਕਰੋੜ ਰੁਪਏ, ਅਤੇ ਲੁਧਿਆਣਾ ਤੇ ਮੰਡੀ ਗੋਬਿੰਦਗੜ੍ਹ ਵਿੱਚ ਕੰਮ ਕਰ ਰਹੇ 423 ਕਰੋੜ ਰੁਪਏ ਦੇ ਬੋਗਸ ਬਿਲਿੰਗ ਨੈੱਟਵਰਕ ਸ਼ਾਮਲ ਹਨ। ਇਸ ਤੋਂ ਇਲਾਵਾ ਗੁੰਝਲਦਾਰ ਜਾਂਚ ਦੌਰਾਨ 'ਪੇਟ ਪੂਜਾ ਐਪ' ਨਾਲ ਜੁੜੇ 200 ਕਰੋੜ ਰੁਪਏ ਦੇ ਘੁਟਾਲੇ ਦਾ ਪਰਦਾ ਫਾਸ਼ ਹੋਇਆ, ਜੋ ਆਧੁਨਿਕ ਟੈਕਸ ਚੋਰੀ ਨੈੱਟਵਰਕਾਂ ਦੇ ਵੱਡੇ ਪੱਧਰ ਅਤੇ ਗੁੰਝਲਦਾਰ ਸੁਭਾਅ ਨੂੰ ਉਜਾਗਰ ਕਰਦਾ ਹੈ। ਵੈਰੀਫਿਕੇਸ਼ਨ ਮੁਹਿੰਮਾਂ ਬਾਰੇ ਵਿੱਤ ਮੰਤਰੀ ਨੇ ਕਿਹਾ ਕਿ ਫੋਕਸਡ ਵੈਰੀਫਿਕੇਸ਼ਨ ਅਭਿਆਸਾਂ ਦੌਰਾਨ 1,579 ਸ਼ੱਕੀ ਡੀਲਰਾਂ ਦੀ ਪਛਾਣ ਕੀਤੀ ਗਈ। ਸਖ਼ਤ ਚੈਕਿੰਗ ਤੋਂ ਬਾਅਦ ਇਹਨਾਂ ਵਿੱਚੋਂ 922 ਸੰਸਥਾਵਾਂ ਦੀ ਕੋਈ ਹੋਂਦ ਹੀ ਨਹੀਂ ਪਾਈ ਗਈ ਅਤੇ ਕੇਂਦਰ ਸਰਕਾਰ ਨਾਲ ਤਾਲਮੇਲ ਕਰਕੇ ਉਹਨਾਂ ਦੀ ਰਜਿਸਟ੍ਰੇਸ਼ਨ ਰੱਦ ਕਰ ਦਿੱਤੀ ਗਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਗੜੇਮਾਰੀ ਦੀ ਫੌਰੀ ਗਿਰਦਾਵਰੀ ਕਰਵਾ ਕੇ ਮੁਆਵਜ਼ਾ ਦੇਵੇ ਮਾਨ ਸਰਕਾਰ : ਐੱਸ ਕੇ ਐੱਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਦੇ ਡੀ ਸੀ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਮੰਗ ਪੱਤਰ ਡੀ ਸੀ ਨੂੰ ਸੌਂਪੇ ਗਏ ਤੇ ਮੰਗ ਕੀਤੀ ਕਿ ਪੰਜਾਬ ਸਰਕਾਰ ਕਿਸਾਨੀ ਮਸਲਿਆਂ ਵੱਲ ਧਿਆਨ ਦੇਵੇ। ਐੱਸ ਡੀ ਐੱਮ ਅਲਕਾ ਕਾਲੀਆ ਨੂੰ ਗਵਰਨਰ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਮੀਟਿੰਗ ਵਿੱਚ ਪਿੰਡਾਂ ਦੇ ਕਿਸਾਨ ਆਗੂ ਸ਼ਾਮਲ ਹੋਏ। ਇਸ ਦੌਰਾਨ ਡਾ. ਸਤਨਾਮ ਸਿੰਘ ਅਜਨਾਲਾ, ਲਖਬੀਰ ਸਿੰਘ ਨਿਜ਼ਾਮਪੁਰਾ, ਜਤਿੰਦਰ ਸਿੰਘ ਛੀਨਾ, ਬਘੇਲ ਸਿੰਘ ਕੋਟਮੁਗਲ, ਗੁਰਦੇਵ ਸਿੰਘ ਵਰਪਾਲ, ਅਮਰੀਕ ਸਿੰਘ ਸੰਗਤਪੁਰਾ, ਹਰਜੀਤ ਝੀਤਾ, ਸ਼ਮਸ਼ੇਰ ਹੇਰ, ਸਵਿੰਦਰ ਸਿੰਘ ਮੀਰਾਂਕੋਟ, ਉਮਰਾਓ ਸਿੰਘ ਧਰਦਿਉ ਅਤੇ ਸੁੱਚਾ ਸਿੰਘ ਕਿਹਾ ਕਿ ਪੰਜਾਬ ਸਰਕਾਰ ਦੇ ਸਭ ਦਾਅਵੇ ਖੋਖਲੇ ਹਨ। ਉਨ੍ਹਾਂ ਕਿਹਾ ਕਿ ਕਿਸਾਨੀ ਕਰਜ਼ਾ ਖੇਤੀ ਸੰਕਟ ਨਾਲ ਵੱਧ ਰਿਹਾ। ਪਿਛਲੇ ਦਿਨੀਂ ਫਰੀਦਕੋਟ ਵਿੱਚ ਦੋ ਸਕੇ ਭਰਾਵਾਂ (ਕਿਸਾਨਾਂ) ਨੇ ਖੁਦਕੁਸ਼ੀ ਕਰ ਲਈ। ਸਰਕਾਰ ਕਿਸਾਨਾਂ ਦੀ ਬਾਂਹ ਨਹੀਂ ਫੜ ਰਹੀ। ਉਨ੍ਹਾਂ ਕਿਹਾ ਕਿ ਕਿਸਾਨਾਂ ਤੇ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਕਤੀ ਕੀਤੀ ਜਾਵੇ ਕਿਉਂਕਿ ਇਹ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਚੜ੍ਹਿਆ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਨੂੰ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਜੇ ਅਮਰੀਕਾ-ਭਾਰਤ ਵਪਾਰ ਸਮਝੌਤਾ ਹੋ ਗਿਆ ਤਾਂ ਕਿਸਾਨੀ ਦੀ ਮੌਤ ਦਾ ਵਾਰੰਟ ਹੋਵੇਗੀ। ਉਥੋਂ ਆਉਣ ਵਾਲੀਆਂ ਜੀਐੱਮ ਫ਼ਸਲਾਂ ਕੈਂਸਰ ਤੇ ਹੋਰ ਭਿਆਨਕ ਬਿਮਾਰੀਆਂ ਨਾਲ ਲੈ ਕੇ ਆਉਣਗੀਆਂ। ਇਸ ਡੀਲ ਨੂੰ ਤੁਰੰਤ ਰੱਦ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਆਲੂ, ਗੋਭੀ, ਮਟਰ ਦੀ ਜੋ ਕਿਸਾਨ ਖੇਤੀ ਕਰਦਾ ਉਸਦਾ ਲਾਗਤ ਖਰਚ ਵੀ ਪੂਰਾ ਨਹੀਂ ਹੋ ਰਿਹਾ। ਮੰਗ ਕੀਤੀ ਗਈ ਕਿ ਸਬਜ਼ੀਆਂ, ਫਲਾਂ 'ਤੇ ਐੱਮਐੱਸਪੀ ਦਿੱਤੀ ਜਾਵੇ। ਉਨ੍ਹਾਂ ਪੰਜਾਬ ਦੇ ਪਾਣੀਆਂ 'ਤੇ ਡੂੰਘੀ ਚਿੰਤਾ ਜ਼ਾਹਰ ਕੀਤੀ। ਇਸ ਦੇ ਨਾਲ ਉਨ੍ਹਾਂ ਬਿਜਲੀ ਸੋਧ ਬਿੱਲ, ਬੀਜ ਐਕਟ ਅਤੇ ਹੋਰ ਨਿੱਜੀਕਰਨ ਦੀਆਂ ਨੀਤੀਆਂ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ



ਪੰਜਾਬ ਦੇ ਬਹੁਤ ਸਾਰੇ ਜ਼ਿਲਿਆਂ ਵਿੱਚ ਬੇਮੌਸਮੀ ਬਾਰਸ਼ ਤੇ ਗੜੇਮਾਰੀ ਨੇ ਫਸਲਾਂ ਤੇ ਸਬਜ਼ੀਆਂ ਦਾ ਨੁਕਸਾਨ ਕੀਤਾ ਹੈ। ਉਸ ਦੀ ਤੁਰੰਤ ਗਿਰਦਾਵਰੀ ਕਰਵਾ ਕੇ 50 ਹਜ਼ਾਰ ਏਕੜ ਮੁਆਵਜ਼ਾ ਦਿੱਤਾ ਜਾਵੇ। ਕਿਸਾਨਾਂ ਤੇ ਮਜ਼ਦੂਰਾਂ ਦ 58 ਸਾਲ ਤੋਂ ਵੱਧ ਉਮਰ ਦੀ ਪੈਨਸ਼ਨ ਲਾਈ ਜਾਵੇ, ਯੂਰੀਆ ਖਾਦ ਦੀ ਕੀਮਤ 'ਚ ਵਾਧਾ ਵਾਪਸ ਲੈਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਈਰਾਨ ਉਪਰ ਅਮਰੀਕਾ, ਇਜ਼ਰਾਈਲ ਵੱਲੋਂ ਸ਼ੁਰੂ ਕੀਤੀ ਨਿਹੱਕੀ ਜੰਗ ਬੰਦ ਕੀਤੀ ਜਾਵੇ। ਭਾਰਤ ਦੇ ਸਮੂਹ ਕਿਰਤੀ ਲੋਕ ਈਰਾਨ ਦੇ ਨਾਲ ਖੜੇ ਹਨ। ਇਸ ਮੌਕੇ ਸਵਿੰਦਰ ਮੀਰਾਂਕੋਟ, ਸੁਖਵਿੰਦਰ ਚਾਹਲ, ਜੋਗਿੰਦਰ ਸਿੰਘ, ਨਿਸ਼ਾਨ ਸਿੰਘ, ਰਤਨ ਰੰਧਾਵਾ, ਜੋਗਿੰਦਰ ਸਿੰਘ ਗੋਪਾਲਪੁਰ, ਡਾ. ਪਰਮਿੰਦਰ ਸਿੰਘ ਪੰਡੋਰੀ ਆਦਿ ਹਾਜ਼ਰ ਸਨ।

## ਸਕੂਲਾਂ/ਕਾਲਜਾਂ 'ਚ ਅੱਧੇ ਦਿਨ ਦੀ ਲੋਕਲ ਛੁੱਟੀ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਸ੍ਰੀ ਕੁਲਦੀਪ ਸਿੰਘ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਵੱਲੋਂ ਜਾਰੀ ਕੀਤੇ ਹੁਕਮਾਂ ਵਿੱਚ ਦੱਸਿਆ ਗਿਆ ਹੈ ਕਿ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਮਹਾਰਾਜ ਦੇ 490ਵੇਂ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਪੰਜਾਬ ਪ੍ਰਧਾਨ ਯੁੱਧਵੀਰ ਸਿੰਘ, ਸ੍ਰੀ ਗੁਰੂ ਨਾਭਾ ਦਾਸ ਮਹਾਰਾਜ ਕਮੇਟੀ, ਗੁਰਦਾਸਪੁਰ ਵੱਲੋਂ ਮੰਗ ਕੀਤੀ ਗਈ ਸੀ ਕਿ 7 ਅਪ੍ਰੈਲ ਨੂੰ ਜ਼ਿਲ੍ਹਾ ਗੁਰਦਾਸਪੁਰ ਵਿੱਚ ਇੱਕ ਵਿਸ਼ਾਲ ਸੋਭਾ ਯਾਤਰਾ ਕੱਢੀ ਜਾ ਰਹੀ ਹੈ।

ਸ਼ਹਿਰ ਦੇ ਕਈ ਰੂਟ ਡਾਇਵਰਟ ਕੀਤੇ ਜਾਣੇ ਹਨ। ਇਸ ਲਈ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ/ਕਾਲਜਾਂ ਵਿੱਚ 7 ਅਪ੍ਰੈਲ ਨੂੰ ਦੁਪਹਿਰ ਤੋਂ ਬਾਅਦ ਅੱਧੇ ਦਿਨ ਦੀ ਲੋਕਲ ਛੁੱਟੀ ਐਲਾਨੀ ਜਾਂਦੀ ਹੈ। ਜਿਨ੍ਹਾਂ ਸਰਕਾਰੀ/ਗੈਰ-ਸਰਕਾਰੀ ਸਕੂਲਾਂ/ਕਾਲਜਾਂ ਵਿੱਚ ਬੋਰਡ, ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਉਕਤ ਮਿਤੀ ਨੂੰ ਨਿਰਧਾਰਿਤ ਹਨ, ਉਨ੍ਹਾਂ ਸਕੂਲਾਂ/ਕਾਲਜਾਂ 'ਤੇ ਇਹ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।

# ਕਿਸਾਨਾਂ ਨੇ ਖੰਡ ਮਿੱਲ ਸ਼ੇਰੋਂ ਵਿਖੇ ਲਾਇਆ ਵਿਸ਼ਾਲ ਧਰਨਾ



ਤਰਨ ਤਾਰਨ, (ਪ੍ਰਿਤਪਾਲ ਸਿੰਘ)-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਪੰਜਾਬ ਦੀਆਂ ਮੰਗਾਂ ਵਾਸਤੇ ਧਰਨੇ ਦਿੱਤੇ ਗਏ। ਇਸ ਐਕਸ਼ਨ ਨੂੰ ਲਾਗੂ ਕਰਦਿਆਂ ਤਰਨ ਤਾਰ ਜ਼ਿਲ੍ਹੇ ਵਿਖੇ ਡੀਸੀ ਦੀ ਰਿਹਾਇਸ਼ ਦੇ ਨੇੜੇ ਸ਼ੇਰੋਂ ਖੰਡ ਮਿਲ ਵਿਖੇ ਕਿਸਾਨਾਂ ਨੇ ਵਿਸ਼ਾਲ ਧਰਨਾ ਲਾਇਆ ਜਿਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਪਿੰਡਾਂ ਤੋਂ ਕਿਸਾਨ ਤੇ ਮਜ਼ਦੂਰ ਸ਼ਾਮਿਲ ਹੋਏ। ਪ੍ਰਧਾਨਗੀ ਮੰਡਲ ਵਿੱਚ ਵੱਖ-ਵੱਖ ਸਥਾਨ ਜਥੇਬੰਦੀਆਂ ਦੇ ਇਹ ਆਗੂ ਸ਼ਾਮਿਲ ਸਨ। ਇਸ ਮੌਕੇ ਅਮੋਲਕ ਸਿੰਘ ਗੋਰਖਾ, ਸੁਖਚੈਨ ਸਿੰਘ ਸਰਹਾਲੀ, ਕੇਵਲ ਸਿੰਘ ਕੰਬੋਕੇ, ਦਵਿੰਦਰ ਸੋਹਲ, ਤਰਸੇਮ ਸਿੰਘ ਲੁਹਾਰ, ਮੇਹਰ ਸਿੰਘ ਸਖੀਰਾ, ਜੱਸਾ ਸਿੰਘ ਕੱਦਗਿੱਲ, ਮਨਜੀਤ ਸਿੰਘ, ਲਖਬੀਰ ਸਿੰਘ ਨਿੱਝਰ, ਇੰਦਰਜੀਤ ਸਿੰਘ ਮਰਹਾਣਾ ਤੇ ਚਮਨ ਲਾਲ ਦਰਾਜਕੇ ਮੌਜੂਦ ਸਨ। ਇਸ ਵਿਸ਼ਾਲ ਕਿਸਾਨ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਕਿਸਾਨ ਆਗੂਆਂ ਭੁਪਿੰਦਰ ਸਿੰਘ ਪੰਡੋਰੀ, ਹਰਜਿੰਦਰ ਸਿੰਘ ਟਾਂਡਾ, ਨਛੱਤਰ ਸਿੰਘ ਪੰਨੂ, ਮੇਜਰ ਸਿੰਘ ਭਿੱਖੀਵਿੰਡ, ਮਹਾਂਬੀਰ ਸਿੰਘ ਗਿੱਲ, ਪਰਗਟ ਸਿੰਘ ਮਹਿੰਦੀਪੁਰ, ਬਾਬਾ ਸੁਲੱਖਣ ਸਿੰਘ ਮੁੰਢਾਲਾ, ਗੁਰਚਰਨ ਸਿੰਘ ਸਭਰਾ, ਜਰਨੈਲ ਸਿੰਘ ਬੱਠੇਭੈਣੀ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਪੰਜਾਬ ਨਾਲ ਬਹੁਤ ਵੱਡਾ ਵਿਤਕਰਾ ਹੋਇਆ ਹੈ। ਸੰਯੁਕਤ ਕਿਸਾਨ ਮੋਰਚਾ ਵੱਲੋਂ ਫ਼ੈਸਲਾ ਕੀਤਾ ਗਿਆ ਕਿ 10 ਅਪ੍ਰੈਲ ਨੂੰ 1 ਵਜੇ ਗਾਂਧੀ ਪਾਰਕ ਮੀਟਿੰਗ ਕਰਕੇ ਸ਼ੇਰੋਂ ਖੰਡ ਮਿੱਲ ਬਚਾਉਣ ਲਈ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਸ਼ਹਿਰੀ ਤੇ ਦਿਹਾਤੀ ਖੇਤਰ ਅੰਦਰ ਨਕਲੀ ਦੁੱਧ ਦੀ ਭਰਮਾਰ, ਸੰਬੰਧਿਤ ਵਿਭਾਗ ਸੁੱਤਾ ਕੁੰਭਕਰਨੀ ਨੀਂਦ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਤੇ ਆਲੇ ਦੁਆਲੇ ਦੇ ਕਸਬਿਆਂ ਵਿੱਚ ਨਕਲੀ ਦੁੱਧ, ਦਹੀਂ, ਪਨੀਰ ਵੇਚਣ ਵਾਲੇ ਦੁਕਾਨ 'ਤੇ ਘਟੀਆ ਸਮੱਗਰੀ ਮਿਲਣ ਕਾਰਨ ਲੋਕ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋਣ ਦੇ ਨਾਲ ਨਾਲ ਨਵਜੰਮਿਆਂ 'ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਇਸ ਪਾਸੇ ਸਬੰਧਿਤ ਵਿਭਾਗ ਵੱਲੋਂ ਧਿਆਨ ਨਾ ਦੇਣ ਕਰਕੇ ਲੋਕਾਂ ਦਾ ਸਿਹਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕੁੱਝ ਲੋਕਾਂ ਨੇ ਦੱਸਿਆ ਕਿ ਕਈ ਮਸ਼ਹੂਰ ਕੰਪਨੀਆਂ ਦੇ ਦੁੱਧ ਵਾਲੇ ਸੈਂਪਲ ਫੇਲ੍ਹ ਹੋ ਚੁੱਕੇ ਹਨ ਬਾਵਜੂਦ ਇਸ ਦੇ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਦੁੱਧ ਤਿਆਰ ਕਰਨ ਅਤੇ ਵੇਚਣ ਵਾਲੀਆਂ ਕੰਪਨੀਆਂ ਡੇਅਰੀਆਂ, ਹਲਵਾਈਆਂ ਦੀਆਂ ਦੁਕਾਨਾਂ 'ਤੇ ਕੋਈ ਛਾਪੇਮਾਰੀ ਨਹੀਂ ਕੀਤੀ ਜਾਂਦੀ ਅਤੇ ਖਾਨਾਪੂਰਤੀ ਕਰਨ ਲਈ ਇਸ ਸਬੰਧੀ ਕਦੀ-ਕਦੀ ਵਿਭਾਗ ਵੱਲੋਂ ਇੱਕ-ਅੱਧੀ ਦੁਕਾਨ 'ਤੇ ਜਾ ਕੇ ਸੈਂਪਲ ਭਰ ਲਏ ਜਾਂਦੇ ਹਨ ਪਰ ਬਾਅਦ ਵਿਚ ਕੋਈ ਵੀ ਠੋਸ ਨਤੀਜਾ ਸਾਹਮਣੇ ਨਹੀਂ ਆਉਂਦਾ। ਉਨ੍ਹਾਂ ਦਾ ਕਹਿਣਾ ਹੈ ਕਿ ਸ਼ਹਿਰ ਅਤੇ ਦਿਹਾਤੀ ਖੇਤਰ ਵਿਚ ਦੁੱਧ ਦੀ ਖਪਤ ਬਹੁਤ ਤਾਦਾਤ ਵਿਚ ਹੈ ਜਦ ਕਿ ਦੁੱਧ ਦੇਣ ਵਾਲੇ ਪਸ਼ੂਆਂ ਦੀ ਗਿਣਤੀ ਬਹੁਤ ਘੱਟ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਜ਼ਿਆਦਾਤਰ ਦੁੱਧ ਨਕਲੀ ਤਿਆਰ ਕਰਕੇ ਲੋਕਾਂ ਨੂੰ ਪਿਲਾਇਆ ਜਾ ਰਿਹਾ। ਲੋਕਾਂ ਨੇ ਸਿਹਤ ਵਿਭਾਗ ਪਾਸ ਕੀਤੀ ਗਈ ਦੁੱਧ ਦੇ ਸੈਂਪਲ ਭਰ ਕੇ ਇਸ ਨੂੰ ਚੱਕ ਕੀਤਾ ਜਾਵੇ ਅਤੇ ਜੇਕਰ ਦੁੱਧ ਨਕਲੀ ਪਾਇਆ ਜਾਂਦਾ ਹੈ ਤਾਂ ਦੁਕਾਨਦਾਰ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਵੀ ਡੇਅਰੀ ਮਾਲਕ ਨਕਲੀ ਦੁੱਧ ਅਤੇ ਦੁੱਧ ਤੋਂ ਬਣਿਆ ਸਮਾਨ ਨਕਲੀ ਨਾ ਵੇਚ ਸਕਣ।

## ਐਡਵੋਕੇਟ ਬੇਦੀ ਵੱਲੋਂ ਭੱਟੀ ਮੈਡੀਕਲ ਸਟੋਰ ਦਾ ਉਦਘਾਟਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੀ ਦਾਣਾ ਮੰਡੀ ਨਜ਼ਦੀਕ ਸਾਹਮਣੇ ਬੀਡੀਪੀਓ ਦਫਤਰ ਬਟਾਲਾ ਰੋਡ ਡੇਰਾ ਬਾਬਾ ਨਾਨਕ ਵਿਖੇ ਕਸਬੇ ਦੇ ਨਾਮਵਰ ਡਾਕਟਰ ਮਨਮੋਹਨ ਸਿੰਘ ਭੱਟੀ ਵੱਲੋਂ ਸਰਹੱਦੀ ਖੇਤਰ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਮੰਤਵ ਨਾਲ ਨਵੇ ਬਣਾਏ ਗਏ



ਭੱਟੀ ਮੈਡੀਕਲ ਸਟੋਰ ਦਾ ਉਦਘਾਟਨ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਪਹਿਲਾ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਉਪਰੰਤ ਭਾਈ ਨਿਸ਼ਾਨ ਸਿੰਘ ਮਛਰਾਲਾਂ ਵੱਲੋਂ ਭੱਟੀ ਮੈਡੀਕਲ ਸਟੋਰ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਸਾਬਕਾ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ ਨੇ ਕਿਹਾ ਕਿ ਭੱਟੀ ਮੈਡੀਕਲ ਸਟੋਰ ਸਰਹੱਦੀ ਖੇਤਰ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ। ਇਸ ਮੌਕੇ ਭੱਟੀ ਮੈਡੀਕਲ ਸਟੋਰ ਦੇ ਮਾਲਕ ਡਾਕਟਰ ਮਨਮੋਹਨ ਸਿੰਘ ਭੱਟੀ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮੈਡੀਕਲ ਸਟੋਰ ਤੇ ਗਰੀਬ ਤੇ ਲੋੜਵੰਦ ਮਰੀਜ਼ਾਂ ਨੂੰ ਸਸਤੀਆਂ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਐਡਵੋਕੇਟ ਯੁਵਰਾਜ ਸਿੰਘ ਬੇਦੀ, ਭੁਪਿੰਦਰ ਸਿੰਘ ਭੱਟੀ, ਦੇਸ ਰਾਜ ਕਾਨੂੰਗੋ, ਪ੍ਰਧਾਨ ਵਿਪਨ ਸੋਨੀ, ਸੰਜੀਵ ਸੋਨੀ, ਡਾਕਟਰ ਅਸ਼ੋਕ ਸੋਨੀ, ਰਾਕੇਸ਼ ਮਹਾਜਨ, ਮਨਜੀਤ ਸਿੰਘ ਬੇਦੀ, ਗੁਰਪ੍ਰੀਤ ਸਿੰਘ ਬਾਦਲ, ਗਗਨਦੀਪ ਸਿੰਘ ਬੇਦੀ, ਤੇਜਿੰਦਰ ਸਿੰਘ ਰੰਧਾਵਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਸੁਖਜਿੰਦਰ ਸਿੰਘ ਪੱਖੋਕੇ, ਕੌਂਸਲਰ ਬਲਕਾਰ ਸਿੰਘ ਘੁੰਮਣ, ਨਰਿੰਦਰ ਸਿੰਘ ਬਿੱਟੂ ਪੂੰਨੀ, ਰਮਿੰਦਰ ਸਿੰਘ ਪੂੰਨੀ, ਕਰਨੈਲ ਸਿੰਘ ਪੂੰਨੀ, ਸੁਧੀਰ ਬੇਦੀ ਆਦਿ ਹਾਜ਼ਰ ਸਨ।

# ਖਾਲਸਾ ਕਾਲਜ ਵਿਖੇ ਦੋ ਦਿਨਾ ਟੈਕਨਾਲੋਜੀ ਮੇਲਾ-2026 ਕਰਵਾਇਆ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਵਿਭਾਗ ਦੀ ਟੈੱਕ ਇਰਾ ਕੰਪਿਊਟਰ ਸੋਸਾਇਟੀ ਵੱਲੋਂ ਦੋ ਦਿਨਾ ਟੈੱਕ-ਫੈਸਟ 2026 ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸਮਾਗਮ ਮੌਕੇ ਤਕਨੀਕੀ ਇਵੈਂਟਸ ਬਗ ਸਮੈਸ਼ ਕੋਡ, ਕੋਡ ਮੈਰਾਥਨ, ਵੈੱਬ ਨੈਕਸਸ, ਕੈਪਚਰ ਦਿ ਫਲੈਗ ਅਤੇ ਵੈੱਬ ਬਲੌਗ ਰਚਨਾਤਮਕ ਅਤੇ ਨਵੋਨਮੇਸ਼ੀ ਮੁਕਾਬਲੇ ਆਈਟੀ ਚਾਰਟ ਇਨੋਵੇਸ਼ਨ, ਟੈਕਨੋ ਰੀਲਜ਼, ਟੈੱਕ ਕਾਲਾਜ, ਟੈਕ ਰੰਗੋਲੀ, ਏਆਈ ਪਾਵਰਡ ਸੋਲੂਸ਼ਨ ਐਕਸਪੋ ਅਤੇ ਜੰਕ ਵਾਰਜ਼ ਕਰਵਾਏ ਗਏ। ਇਹ ਇਕ ਰੌਣਕਮਈ ਅਤੇ ਗਤੀਸ਼ੀਲ ਸਮਾਗਮ ਸੀ ਜਿਸ 'ਚ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਆਪਣੀ ਤਕਨੀਕੀ ਕਾਬਲੀਅਤ, ਰਚਨਾਤਮਕਤਾ ਅਤੇ ਨਵੀਂ ਸੋਚ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਸਮਾਗਮ ਦੇ ਆਯੋਜਨ ਲਈ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੰਚ ਵਿਦਿਆਰਥੀਆਂ 'ਚ ਪ੍ਰਤਿਭਾ ਨੂੰ ਨਿਖਾਰਦੇ, ਰਚਨਾਤਮਕਤਾ ਨੂੰ ਉਤਸ਼ਾਹਿਤ ਕਰਦੇ ਅਤੇ ਉਨ੍ਹਾਂ ਨੂੰ ਭਵਿੱਖ ਲਈ ਤਿਆਰ ਕਰਦੇ ਹਨ। ਉਨ੍ਹਾਂ ਕਿਹਾ ਕਿ ਉਕਤ ਤੋਂ ਇਲਾਵਾ ਟ੍ਰੇਜ਼ਰ ਹੰਟ, ਆਈਟੀ ਡ੍ਰਾਮਾ ਅਤੇ ਐਡ-ਮੈਡ ਸ਼ੋਅ ਵਰਗੇ ਦਿਲਚਸਪ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਉਕਤ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਕਰਮਜੀਤ ਸਿੰਘ ਚਾਹਲ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਇਲੈਕਟ੍ਰਾਨਿਕਸ ਵਿਭਾਗ ਮੁਖੀ ਡਾ. ਰਵਿੰਦਰ ਕੁਮਾਰ ਅਤੇ ਖ਼ਾਲਸਾ ਯੂਨੀਵਰਸਿਟੀ ਤੋਂ ਭਾਸ਼ਾਵਾਂ ਡੀਨ ਡਾ. ਰਮਿੰਦਰ ਕੌਰ ਨੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਚਾਹਲ ਨੇ ਕਿਹਾ ਕਿ ਅਜਿਹੇ ਸਮਾਗਮ ਟੀਮ ਵਰਕ, ਨਵੀਂ ਸੋਚ ਅਤੇ ਉਦਯੋਗਿਕ ਯੋਗਤਾਵਾਂ ਦੇ ਵਿਕਾਸ 'ਚ ਮਦਦਗਾਰ ਸਾਬਤ ਹੁੰਦੇ ਹਨ। ਇਸ ਮੌਕੇ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਮੁਖੀ ਪ੍ਰੋ. ਸੁਖਵਿੰਦਰ ਕੌਰ ਨੇ ਸਾਰੇ ਭਾਗੀਦਾਰਾਂ, ਅਧਿਆਪਕਾਂ ਅਤੇ ਆਯੋਜਕ ਟੀਮ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਨਾਲ ਇਹ ਸਮਾਗਮ ਬਹੁਤ ਸਫਲ ਬਣਿਆ।




ਇਸ ਮੌਕੇ ਪ੍ਰੋ. ਸੁਖਵਿੰਦਰ ਕੌਰ ਅਤੇ ਟੈੱਕ ਇਰਾ ਕੰਪਿਊਟਰ ਸੋਸਾਇਟੀ ਕੋ-ਕੋਆਰਡੀਨੇਟਰ ਡਾ. ਮਨੀ ਅਰੋੜਾ ਵੀ ਮੌਜੂਦ ਸਨ। ਇਸ ਮੌਕੇ ਡਾ. ਚਾਹਲ ਨੇ ਪ੍ਰਿੰ: ਡਾ. ਰੰਧਾਵਾ ਨਾਲ ਮਿਲ ਕੇ ਵਧੀਆ ਪ੍ਰਦਰਸ਼ਨ ਲਈ ਖ਼ਾਲਸਾ ਕਾਲਜ ਨੂੰ ਓਵਰਆਲ ਟਰਾਫੀ ਪ੍ਰਦਾਨ ਕਰਨ ਤੋਂ ਇਲਾਵਾ ਹੋਰਨਾਂ ਜੇਤੂਆਂ ਨੂੰ ਵੀ ਟਰਾਫੀਆਂ ਨਾਲ ਸਨਮਾਨਿਤ ਕੀਤਾ। ਇਸ ਮੌਕੇ ਡਾ. ਰੁਪਿੰਦਰ ਸਿੰਘ, ਪ੍ਰੋ. ਪ੍ਰਭਜੋਤ ਕੌਰ, ਡਾ. ਅਨੁਰੀਤ ਕੌਰ ਤੋਂ ਇਲਾਵਾ ਹੋਰ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

## ਦਰਿਆ ਬਿਆਸ ਕੰਢੇ ਕਿਸਾਨਾਂ ਨੇ ਘੜਿਆਲ ਵੇਖਿਆ; ਡੇਰਿਆਂ ਦੇ ਲੋਕਾਂ 'ਚ ਸਹਿਮ ਦਾ ਮਾਹੌਲ



ਗੁਰਦਾਸਪੁਰ, (ਜਨਕ ਮਹਾਜਨ)-ਦਰਿਆ ਬਿਆਸ ਨੌਸ਼ਹਿਰਾ ਪੱਤਣ ਦੇ ਕੰਢੇ ਜਗਤਪੁਰ ਅਤੇ ਟਾਂਡਾ ਦੇ ਕਿਸਾਨਾਂ ਨੇ ਦਰਿਆ ਦੇ ਬਾਹਰਲੇ ਹਿੱਸੇ ਵਿੱਚ ਘੜਿਆਲ ਵੇਖਣ ਨਾਲ ਲੋਕਾਂ ਤੇ ਕਿਸਾਨਾਂ ਦੇ ਮਨ ਵਿੱਚ ਕਾਫੀ ਚਿੰਤਾ ਨਜ਼ਰ ਆ ਰਹੀ ਹੈ। ਇਥੋਂ ਤੱਕ ਕਿ ਕਿਸਾਨ ਆਪਣੇ ਖੇਤਾਂ ਵੱਲ ਜਾਣ ਤੋਂ ਵੀ ਘਬਰਾ ਰਹੇ ਹਨ। ਸਾਬਕਾ ਸਰਪੰਚ ਰਾਮ ਲੁਭਾਇਆ ਨੇ ਦੱਸਿਆ ਕਿ ਉਹ ਆਪਣੇ ਖੇਤਾਂ ਵੱਲ ਚੱਕਰ ਮਾਰਨ ਗਏ ਸਨ ਅਤੇ ਦਰਿਆ ਦੇ ਕੰਢੇ ਖੇਤਾਂ ਦੇ ਬਾਹਰ ਘੜਿਆਲ ਧੁੱਪ ਸੇਕਦਾ ਦੇਖਿਆ ਜਿਸ ਨੂੰ ਦੇਖ ਕੇ ਉਹ ਡਰ ਕੇ ਪਿੰਡ ਆ ਗਏ। ਉਨ੍ਹਾਂ ਦੱਸਿਆ ਕਿ ਮਹਿਕਮੇ ਵੱਖ-ਵੱਖ ਦਰਿਆਵਾਂ ਵਿੱਚ ਮੱਛੀਆਂ ਵਾਂਗ ਘੜਿਆਲ ਦੇ ਬੱਚੇ ਵੀ ਛੱਡੇ ਗਏ ਹਨ ਜੋ ਹੁਣ ਕਾਫ਼ੀ ਵੱਡੇ ਹੋ ਗਏ ਹਨ ਜਦੋਂ ਕਿ ਇਸ ਤੋਂ ਪਹਿਲਾਂ ਹੀ ਲੋਕਾਂ ਨੇ ਮਗਰਮੱਛ ਦਰਿਆ ਬਿਆਸ ਵਿੱਚ ਵੇਖਿਆ ਸੀ ਅਤੇ ਕਿਸਾਨਾਂ ਨੇ ਆਪਣੇ ਖੇਤਾਂ ਵੱਲ ਜਾਣਾ ਛੱਡ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਇਹੋ ਜਿਹੇ ਜਾਨਵਰ ਕਿਸੇ ਵੇਲੇ ਵੀ ਕਿਸਾਨਾਂ 'ਤੇ ਹਮਲਾ ਕਰ ਸਕਦੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਗਈ ਦਰਿਆ ਬਿਆਸ ਵਿੱਚ ਛੱਡੇ ਘੜਿਆਲ ਤੋਂ ਬਚਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ ਜਿਸ ਨਾਲ ਲੋਕਾਂ ਦੇ ਜਾਨ ਮਾਲ ਦੀ ਰਾਖੀ ਹੋ ਸਕੇ। ਇਸ ਸਬੰਧੀ ਗੱਲਬਾਤ ਦੌਰਨ ਰੇਂਜ ਅਫ਼ਸਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਬਿਆਸ ਦਰਿਆ ਕੰਜ਼ਰਵੇਸ਼ਨ ਭੂਮੀ ਅਧੀਨ ਆਉਂਦਾ ਹੈ ਅਤੇ ਇਹ ਪ੍ਰਜਾਤੀ ਘੜਿਆਲ ਕਿਸੇ ਦਾ ਕੋਈ ਜਾਨੀ ਨੁਕਸਾਨ ਨਹੀਂ ਕਰਦੀ ਅਤੇ ਅਜਿਹੇ ਜਾਨਵਰ ਨੂੰ ਨੁਕਸਾਨ ਪਹੁੰਚਾਉਣ ਵਾਲੇ ਨੂੰ ਸਖ਼ਤ ਸਜ਼ਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਘੜਿਆਲ ਤੋਂ ਡਰਨ ਦੀ ਕੋਈ ਲੋੜ ਨਹੀਂ ਅਤੇ ਇਹ ਆਪਣੇ-ਆਪਣੇ ਏਰੀਏ ਤੱਕ ਹੀ ਸੀਮਿਤ ਰਹਿੰਦੇ ਹਨ।

## ਧਾਲੀਵਾਲ ਨੇ ਸਰਪੰਚ ਹਰਦੇਵ ਸਿੰਘ ਨੂੰ ਦਿੱਤਾ ਥਾਪੜਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਰਪੰਚ ਹਰਦੇਵ ਸਿੰਘ ਨੂੰ ਕੁਲਦੀਪ ਸਿੰਘ ਧਾਲੀਵਾਲ ਨੇ ਵੱਧ ਤੋਂ ਵੱਧ ਵਿਕਾਸ ਕਰਾਉਣ ਦਾ ਥਾਪੜਾ ਦਿੱਤਾ। ਵਿਧਾਇਕ ਧਾਲੀਵਾਲ ਪਿੰਡ ਭੋਏਵਾਲੀ ਦੇ ਸਰਪੰਚ ਹਰਦੇਵ ਸਿੰਘ ਦੇ ਗ੍ਰਹਿ ਵਿਖੇ ਇੱਕ ਨੁੱਕੜ ਮੀਟਿੰਗ 'ਚ ਸ਼ਾਮਲ ਹੋਏ। ਉਨ੍ਹਾਂ ਸਰਪੰਚ ਹਰਦੇਵ ਸਿੰਘ ਨੂੰ ਪਿੰਡ ਦਾ ਅਤੇ ਇਲਾਕੇ ਦਾ ਵੱਧ ਤੋਂ ਵੱਧ ਵਿਕਾਸ ਅਤੇ ਲੋਕਾਂ ਦੇ ਕੰਮ



ਕਰਾਉਣ ਦਾ ਥਾਪੜਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਹੈ ਉਸ ਨੇ ਉਹ ਵਿਕਾਸ ਦੇ ਕੰਮ ਕਰਵਾਏ ਹਨ ਜੋ 75 ਸਾਲਾਂ ਵਿੱਚ ਕਿਸੇ ਵੀ ਰਾਜਨੀਤਿਕ ਪਾਰਟੀ ਨੇ ਨਹੀਂ ਕੀਤੇ। ਉਨ੍ਹਾਂ ਨੇ ਆਪਣੇ ਚਾਰ ਸਾਲ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਕਿਹਾ ਕਿ ਬਹੁਤ ਜਲਦ ਭੈਣਾਂ ਨੂੰ ਸਨਮਾਨ ਰਾਸ਼ੀ ਵੀ ਮਿਲਣੀ ਸ਼ੁਰੂ ਹੋ ਜਾਏਗੀ। ਇਸ ਮੌਕੇ ਸਰਪੰਚ ਹਰਦੇਵ ਸਿੰਘ ਨੇ ਆਈਆਂ ਸੰਗਤਾਂ ਅਤੇ ਮੌਜੂਦਾ ਵਿਧਾਇਕ ਧਾਲੀਵਾਲ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਹੇਠ ਪਿੰਡ ਭੋਏਵਾਲੀ ਦੇ ਸਕੂਲ ਅਤੇ ਸ਼ਮਸ਼ਾਨਘਾਟ ਦਾ ਨਵੀਨੀਕਰਨ ਹੋਇਆ ਹੈ। ਇਸ ਮੌਕੇ ਲੰਬੜਦਾਰ ਜਸਵਿੰਦਰ ਸਿੰਘ, ਸਕੱਤਰ ਸਿੰਘ ਮੈਂਬਰ ਪੰਚਾਇਤ, ਗੁਰਪ੍ਰੀਤ ਸਿੰਘ, ਪਰਦੀਪ ਸਿੰਘ ਮੈਂਬਰ, ਮਹਿੰਦਰ ਸਿੰਘ ਮਨਬੀਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿਖੇ ਨਵਾਂ ਵਿੱਦਿਅਕ ਸੈਸ਼ਨ ਆਰੰਭ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ। ਸਕੂਲ ਦੇ ਗੁਰਦੁਆਰਾ ਸਾਹਿਬ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ, ਮੀਤ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਮੈਂਬਰ ਇੰਚਾਰਜ ਨਵਜੋਤ ਸਿੰਘ, ਮੈਂਬਰ ਇੰਚਾਰਜ ਰਣਦੀਪ ਸਿੰਘ, ਸਕੂਲ ਦੇ ਪ੍ਰਿੰ. ਸਤਵੰਤ ਸਿੰਘ ਬੈਂਸ, ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ। ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਕੀਰਤਨੀ ਜੱਥਿਆਂ ਨੇ ਸ਼ਬਦ ਕੀਰਤਨ ਨਾਲ ਹਾਜ਼ਰ ਸੰਗਤਾਂ ਨੂੰ ਨਿਹਾਲ ਕੀਤਾ। ਕੀਰਤਨ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਚੀਫ਼ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸ.ਹਰਜੀਤ ਸਿੰਘ ਜੀ ਨੇ ਮੱਥਾ ਟੇਕਿਆ ਅਤੇ ਕਿਹਾ ਕਿ ਹਰ ਕਾਰਜ ਪ੍ਰਮਾਤਮਾ ਦੀ ਬਖਸ਼ਿਸ਼ ਨਾਲ ਆਰੰਭਿਆ ਜਾਵੇ। ਮੀਤ ਪ੍ਰਧਾਨ ਲੋਕਲ ਕਮੇਟੀ ਚੀਫ਼ ਖ਼ਾਲਸਾ ਦੀਵਾਨ ਅਤੇ ਮੈਂਬਰ ਇੰਚਾਰਜ ਸ.ਗੁਰਿੰਦਰ ਸਿੰਘ ਨੇ ਕਿਹਾ ਕਿ ਪ੍ਰਮਾਤਮਾ ਦੇ ਨਾਮ ਨਾਲ ਆਰੰਭਿਆ ਕਾਰਜ ਹਮੇਸ਼ਾ ਫਲਦਾਇਕ ਹੁੰਦਾ ਹੈ। ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਰਣਦੀਪ ਸਿੰਘ ਨੇ ਵੀ ਸਕੂਲ ਭਾਈਚਾਰੇ ਦੀ ਸਮਰਪਣ ਅਤੇ ਵਚਨਬੱਧਤਾ ਲਈ ਉਨ੍ਹਾਂ ਦੀ ਤਹਿ ਦਿਲੋਂ ਪ੍ਰਸ਼ੰਸਾ ਕੀਤੀ। ਸਕੂਲ ਦੇ ਪ੍ਰਿੰ. ਸਤਵੰਤ ਸਿੰਘ ਬੈਂਸ ਨੇ ਇਸ ਸ਼ੁਭ ਅਵਸਰ ਵਿੱਚ ਭਾਗ ਲੈਣ ਅਤੇ ਸਹਿਯੋਗ ਦੇਣ ਲਈ ਸਕੂਲ ਦੇ ਪ੍ਰਬੰਧਕਾਂ, ਸਟਾਫ਼ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਧੰਨਵਾਦ ਕੀਤਾ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਸਾਰੀ ਸੰਗਤ ਨੇ ਬੜੀ ਸ਼ਰਧਾ ਭਾਵਨਾ ਨਾਲ ਲੰਗਰ ਛਕਿਆ।

# ਸ਼ਬਦ ਗੁਰੂ ਸਪੋਰਟਸ ਕਲੱਬ ਵੱਲੋਂ ਕਰਵਾਇਆ ਦੂਜਾ ਫੁੱਟਬਾਲ ਟੂਰਨਾਮੈਂਟ ਚੜ੍ਹਦੀ ਕਲਾ ਨਾਲ ਸੰਪੰਨ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਫਤਿਆਬਾਦ ਦੇ ਸ਼ਬਦ ਗੁਰੂ ਸਪੋਰਟਸ ਕਲੱਬ ਦੇ ਪ੍ਰਧਾਨ ਜਸਬੀਰ ਸਿੰਘ ਸਾਬੀ, ਮਲਕੀਤ ਸਿੰਘ, ਚਰਨਜੀਤ ਸਿੰਘ ਦਿਉਲ ਅਤੇ ਐੱਨਆਰਆਈ ਬਸਰਾ ਭਰਾਵਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਦੂਜਾ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਇਆ। ਇਸ ਮੌਕੇ ਫਾਈਨਲ ਮੈਚ ਅੱਲੋਵਾਲ ਤੇ ਜੌਹਲ ਰਾਜੂ ਸਿੰਘ ਦੀਆਂ ਟੀਮਾਂ ਦਰਮਿਆਨ ਹੋਇਆ। ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਆਗੂਆ ਜਸਬੀਰ ਸਿੰਘ ਸਾਬੀ ਮੈਂਬਰ ਪੰਚਾਇਤ, ਮਲਕੀਤ ਸਿੰਘ, ਚਰਨਜੀਤ ਸਿੰਘ ਦਿਓਲ ਆਦਿ ਨੇ ਦੱਸਿਆ ਕਿ ਤਿੰਨ ਰੋਜ਼ਾ ਟੂਰਨਾਮੈਂਟ ਦੌਰਾਨ 32 ਦੇ ਕਰੀਬ ਫੁਟਬਾਲ ਦੀਆਂ ਟੀਮਾਂ ਦੇ ਦਿਲਖਿੱਚਵੇਂ ਮੁਕਾਬਲੇ ਹੋਏ। ਇਸ ਮੌਕੇ ਪ੍ਰਬੰਧਕਾਂ ਦੱਸਿਆ ਕਿ ਇਸ ਮੌਕੇ ਕਬੱਡੀ ਸ਼ੋਅ ਮੈਚ ਤੋਂ ਇਲਾਵਾ ਬੱਚਿਆਂ ਦੀਆਂ ਦੌੜਾਂ ਵਿਸ਼ੇਸ਼ ਖਿੱਚ ਦਾ ਕਾਰਨ ਬਣੀਆਂ, ਜਿਸ ਦਾ ਦਰਸ਼ਕਾਂ ਨੇ ਭਰਪੂਰ ਅਨੰਦ ਮਾਣਿਆ। ਉਨ੍ਹਾਂ ਦੱਸਿਆ ਕਿ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਐੱਨ ਆਰ ਆਈ ਬਲਿਹਾਰ ਸਿੰਘ ਨਾਰਵੇ ਵਾਲੇ, ਤੇਜਿੰਦਰ ਸਿੰਘ ਪ੍ਰਿੰਸ ਭਰੋਵਾਲ, ਪ੍ਰਧਾਨ ਜਸਬੀਰ ਸਿੰਘ ਸਾਹਬੀ, ਚਰਨਜੀਤ ਸਿੰਘ ਦਿਉਲ, ਬੇਅੰਤ ਸਿੰਘ ਪੰਪ ਵਾਲੇ, ਮਲਕੀਤ ਸਿੰਘ, ਪ੍ਰਧਾਨ ਜਸਕਰਨ ਸਿੰਘ ਜੱਸਾ ਆੜ੍ਹਤੀਏ ਆਦਿ ਨੇ ਕੀਤੀ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਕਬੱਡੀ ਦੇ ਖਿਡਾਰੀ ਸੋਨੀ ਫਤਿਆਬਾਦ ਤੇ ਰੱਕਾ ਭਰੋਵਾਲ ਨੂੰ ਮੋਟਰਸਾਈਕਲ ਅਤੇ ਐੱਲਈਡੀ ਦੇਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਟੂਰਨਾਮੈਂਟ ਦੀ ਕੁਮੈਂਟਰੀ ਬਿੱਕਾ ਲਾਹੌਰੀਆ ਗੋਇੰਦਵਾਲ ਸਾਹਿਬ ਨੇ ਬਾਕਮਾਲ ਕੀਤੀ। ਇਸ ਮੌਕੇ ਸ਼੍ਰੋਮਣੀ ਦੇ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਕੁਲਦੀਪ ਸਿੰਘ ਲਾਹੌਰੀਆ ਜਰਨਲ ਸਕੱਤਰ ਯੂਥ ਅਕਾਲੀ ਦਲ, ਯੂਥ ਆਗੂ ਵਰਿੰਦਰ ਜੋਤੀ ਗੋਇੰਦਵਾਲ ਸਾਹਿਬ, ਬੇਅੰਤ ਸਿੰਘ ਪੰਪ ਵਾਲੇ, ਪ੍ਰਧਾਨ ਰਤਨ ਸਿੰਘ ਦਿਉਲ, ਸਾਬਕਾ ਸਰਪੰਚ ਜਗਤਾਰ ਸਿੰਘ ਧੂੰਦਾ, ਗੁਰਮੀਤ ਸਿੰਘ ਪੰਪ ਵਾਲੇ, ਪ੍ਰਿੰਸੀਪਲ ਨਿਰਮਲ, ਸੁਖਵਿੰਦਰ ਸਿੰਘ ਵਸੀਕਾ, ਕੁਲਦੀਪ ਸਿੰਘ ਸਹੋਤਾ ਮੈਂਬਰ ਪੰਚਾਇਤ, ਮਲਕੀਤ ਸਿੰਘ ਮੀਤਾ ਮੈਂਬਰ ਪੰਚਾਇਤ, ਬਾਬਾ ਸਾਹਿਬ ਸਿੰਘ, ਗੁਲਜਾਰ ਸਿੰਘ, ਜਥੇਦਾਰ ਕਸ਼ਮੀਰ ਸਿੰਘ ਸਹੋਤਾ, ਡਾਕਟਰ ਮਨਜੀਤ ਸਿੰਘ, ਕੁਲਜੀਤ ਸਿੰਘ ਥਿੰਦ, ਕਸ਼ਮੀਰ ਸਿੰਘ ਠਾਣੇਦਾਰ, ਜੋਗਿੰਦਰ ਸਿੰਘ ਫੌਜੀ, ਸਵਿੰਦਰ ਸਿੰਘ ਸ਼ਿੰਦਾ, ਕੁਲਦੀਪ ਸਿੰਘ ਮੈਂਬਰ, ਯਾਦਵਿੰਦਰ ਸਿੰਘ ਭੰਗੂ, ਬਿੱਕਾ ਲਾਹੌਰੀਆ, ਪਰਮਿੰਦਰ ਸਿੰਘ ਸੋਢੀ, ਮਾਸਟਰ ਗੁਰਿੰਦਰ ਸਿੰਘ ਲਾਡੀ, ਹਰਪ੍ਰੀਤ ਸਿੰਘ, ਡਾ, ਮਨਜੀਤ ਸਿੰਘ, ਬਲਜੀਤ ਸਿੰਘ ਸ਼ਾਹ, ਦਵਿੰਦਰ ਸਿੰਘ ਕਾਕਾ ਮੈਂਬਰ, ਗੁਰਦੀਪ ਸਿੰਘ ਦੀਪ, ਗੁਰਵੀਰ ਸਿੰਘ ਦਿਓਲ, ਹਰਜੀਤ ਸਿੰਘ, ਥਾਣੇਦਾਰ ਰਣਜੀਤ ਸਿੰਘ ਸਹੋਤਾ, ਥਾਣੇਦਾਰ ਸੁਰਜੀਤ ਸਿੰਘ ਸਹੋਤਾ, ਪਹਿਲਵਾਨ ਕਰਮਜੀਤ ਕੰਮੋ, ਪਹਿਲਵਾਨ ਅਮਰਜੀਤ ਸਿੰਘ ਧੰਦੂ, ਕਰਨਜੀਤ ਸਿੰਘ ਭਰੋਵਾਲ, ਕੁਲਦੀਪ ਸਿੰਘ ਭਰੋਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।



## ਪੰਥਕ ਇਕੱਤਰਤਾ 'ਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ

ਜੈਂਤੀਪੁਰ (ਸੁਖਬੀਰ ਸਿੱਧੂ)-ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਅਤੇ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ 8 ਅਪ੍ਰੈਲ ਨੂੰ ਗੱਗੋਮਾਹਲ ਵਿਖੇ ਹੋਣ ਜਾ ਰਹੀ ਪੰਥਕ ਇਕੱਤਰਤਾ ਸਬੰਧੀ ਵੱਖ-ਵੱਖ



ਪਿੰਡਾਂ ਵਿੱਚ ਲੋਕਾਂ ਨੂੰ ਲਾਮਬੰਦ ਕਰਨ ਅਤੇ ਸੰਗਤਾਂ ਨੂੰ ਵਹੀਰਾਂ ਘੱਤਕੇ ਆਉਣਾ ਦਾ ਸੱਦਾ ਦਿੱਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ ਸੇਵਾਦਾਰ ਵਿਧਾਨ ਸਭਾ ਹਲਕਾ ਅਜਨਾਲਾ ਨੇ ਕਿਹਾ ਕਿ ਇਹ ਪੰਥਕ ਇਕੱਤਰਤਾ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਮੋੜ ਲੈ ਕੇ ਆਵੇਗੀ। ਭਾਈ ਤਾਲਬਪੁਰਾ ਨੇ ਸਿੱਖਾਂ, ਹਿੰਦੂਆਂ, ਇਸਾਈਆਂ, ਮੁਸਲਮਾਨਾਂ, ਵਪਾਰੀਆਂ, ਮਜ਼ਦੂਰਾਂ, ਮੁਲਾਜ਼ਮਾਂ, ਧਾਰਮਿਕ ਆਗੂਆਂ ਨੂੰ ਇਸ ਪੰਥਕ ਇਕੱਤਰਤਾ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ। ਸੂਬੇ ਦੀ ਖੇਤਰੀ ਪਾਰਟੀ ਹੀ ਪੰਜਾਬ ਦੇ ਹੱਕਾਂ ਤੇ ਹਿੱਤਾਂ ਲਈ ਸੰਘਰਸ਼ ਕਰ ਸਕਦੀ ਹੈ, ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਤੇਜ ਕੀਤਾ ਜਾਵੇਗਾ। ਇਸ ਸਮੇਂ ਰਜਵੰਤ ਸਿੰਘ ਮਹਿਲਾਂਵਾਲਾ, ਡਾ. ਦਰਸ਼ਨ ਸਿੰਘ ਗੁੱਜਰਪੁਰਾ, ਡਾ. ਸੁਖਪ੍ਰੀਤ ਸਿੰਘ ਭਲਾ ਪਿੰਡ, ਸਰਤਾਜਪ੍ਰੀਤ ਸਿੰਘ ਭੰਗੂ, ਮਨਜੋਤ ਸਿੰਘ ਪੁਰੇਵਾਲ, ਬੱਗਾ ਸਿੰਘ ਬੱਲੜਵਾਲ, ਗੁਰਬੀਰ ਸਿੰਘ ਦੁਧਰਾਏ, ਮੁਨਸ਼ੀ ਸਿੰਘ ਨਿੱਕਾ ਫੱਤੇਵਾਲ, ਫੌਜੀ ਕੁਲਵਿੰਦਰ ਸਿੰਘ ਰਮਦਾਸ, ਕੁਲਵਿੰਦਰ ਸਿੰਘ ਕੋਟ ਰਜਾਦਾ, ਨਰਿੰਦਰ ਸਿੰਘ ਨਾਸਰ, ਸੁੱਚਾ ਸਿੰਘ ਜੱਟਾ, ਮੰਗਲ ਸਿੰਘ ਮਾਛੀਵਾਹਲਾ, ਸੁਰਜੀਤ ਸਿੰਘ ਕੋਟਲੀ ਕੋਕਾ, ਸਾਬਕਾ ਸਰਪੰਚ ਹਰਦੀਪ ਸਿੰਘ ਰੂੜੇਵਾਲ, ਜੋਬਨਜੀਤ ਸਿੰਘ, ਨਵਰਾਜ ਸਿੰਘ ਯੂਥ ਆਗੂ, ਤਰਨਦੀਪ ਸਿੰਘ ਸਿੰਘੋਕੇ, ਹਰਪ੍ਰੀਤ ਸਿੰਘ ਫਤਿਹ ਸੈਂਸਰਾ ਆਦਿ ਆਗੂ ਹਾਜ਼ਰ ਸਨ।

# ਰਣਜੀਤ ਪੰਜਾਬੀ ਸਾਹਿਤ ਸਭਾ ਅੰਮ੍ਰਿਤਸਰ ਵੱਲੋਂ ਇਨਾਮ ਵੰਡ ਸਮਾਰੋਹ ਤੇ ਕਵੀ ਦਰਬਾਰ ਆਯੋਜਿਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਰਣਜੀਤ ਪੰਜਾਬੀ ਸਾਹਿਤ ਸਭਾ ਸ੍ਰੀ ਅੰਮ੍ਰਿਤਸਰ ਵੱਲੋਂ ਸਥਾਪਨਾ ਦੇ 25 ਵਰ੍ਹੇ ਪੂਰੇ ਹੋਣ ਤੇ ਸਿਲਵਰ ਜੁਬਲੀ ਸਮਾਗਮ ਕਰਵਾਇਆ ਗਿਆ। ਵਿਸਾਖੀ ਨੂੰ ਸਮਰਪਿਤ ਇਸ ਵਾਰ 25ਵਾਂ ਸਾਲਾਨਾ ਇਨਾਮ ਵੰਡ ਸਮਾਰੋਹ ਅਤੇ ਕਵੀ ਦਰਬਾਰ ਅਮੀਰਾ ਫਾਰਮ, ਏਅਰਪੋਰਟ ਰੋਡ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਸਮਾਰੋਹ ਦੀ ਪ੍ਰਧਾਨਗੀ ਡਾ: ਧਰਮ ਸਿੰਘ, ਡਾ: ਹੀਰਾ ਸਿੰਘ, ਸਤਬੀਰ ਸਿੰਘ, ਅਰਵਿੰਦਰ ਸਿੰਘ ਭੱਟੀ, ਸੁਰਿੰਦਰ ਫਰਿਸ਼ਤਾ ਅਤੇ ਰਣਜੀਤ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਪ੍ਰਿੰਸੀਪਲ ਡਾ: ਗਿਆਨ ਸਿੰਘ ਘਈ ਨੇ ਸਾਂਝੇ ਰੂਪ ਵਿੱਚ ਕੀਤੀ। ਸਨਮਾਨ ਸਮਾਰੋਹ ਵਿੱਚ ਪ੍ਰੋ. ਬਲਬੀਰ ਕੌਰ ਰਾਏਕੋਟੀ ਨੂੰ ਭਗਤ ਪੂਰਨ ਸਿੰਘ ਪੁਰਸਕਾਰ, ਡਾ: ਹਰਮੀਤ ਕੌਰ ਮੀਤ ਨੂੰ 'ਮਾਈ ਭਾਗੋ ਪੁਰਸਕਾਰ', ਹਰਭਜਨ ਸਿੰਘ ਨਾਹਲ ਨੂੰ 'ਗਿਆਨ ਸਿੰਘ ਕੰਵਲ ਪੁਰਸਕਾਰ', ਲੇਖਕ/ਪੱਤਰਕਾਰ ਅਤੇ ਗਾਇਕ ਸੁਖਵੰਤ ਚੇਤਨਪੁਰੀ ਨੂੰ 'ਬਲਵੰਤ ਸਿੰਘ ਤੇਗ ਪੁਰਸਕਾਰ, ਡਾ: ਜਸਵਿੰਦਰ ਕੌਰ ਨੂੰ 'ਅੰਮ੍ਰਿਤਾ ਪ੍ਰੀਤਮ ਪੁਰਸਕਾਰ, ਸੁਰਿੰਦਰ ਫਰਿਸ਼ਤਾ ਉਰਫ ਘੁੱਲੇ ਸ਼ਾਹ ਨੂੰ 'ਹਰਭਜਨ ਸਿੰਘ ਜੱਬਲ ਪੁਰਸਕਾਰ', ਬਲਬੀਰ ਸਿੰਘ ਲਹਿਰੀ ਨੂੰ 'ਹਰਬੰਸ ਸਿੰਘ ਨਾਗੀ ਪੁਰਸਕਾਰ' ਅਤੇ ਕਵੀ ਮੁਖਤਾਰ ਸਿੰਘ ਗਿੱਲ ਨੂੰ 'ਲਾਲਾ ਧਨੀ ਰਾਮ ਚਾਤਰਿਕ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ। ਇਸ ਸਮੇਂ ਕਹਾਣੀਕਾਰ



ਦੀਪ ਦਵਿੰਦਰ ਸਿੰਘ, ਸਤਬੀਰ ਸਿੰਘ, ਦਲਬੀਰ ਸਿੰਘ ਅਤੇ ਦਰਸ਼ਨ ਕੌਰ ਨਾਗੀ ਸਮੇਤ ਸ਼ਖਸ਼ੀਅਤਾਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੰਚ ਦਾ ਸੰਚਾਲਨ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਵੱਲੋਂ ਬਾਖ਼ੂਬੀ ਕੀਤਾ ਗਿਆ। ਇਸ ਮੌਕੇ ਕਰਵਾਏ ਗਏ ਕਵੀ ਦਰਬਾਰ ਵਿੱਚ ਦਲਬੀਰ ਸਿੰਘ ਰਿਆੜ, ਹਰਭਜਨ ਸਿੰਘ ਨਾਹਲ, ਸੁਖਦੇਵ ਸਿੰਘ ਆਸ਼ੀ, ਐੱਸ. ਪੁਰਸ਼ੋਤਮ, ਪ੍ਰਿੰ. ਸੁਰਿੰਦਰ ਮੋਹਨ, ਗੁਰਦੀਪ ਸਿੰਘ ਉਜਾਲਾ, ਅਵਤਾਰ ਸਿੰਘ ਖਾਲਸਾ, ਬਲਬੀਰ ਸਿੰਘ ਲਹਿਰੀ, ਸੁਖਵੰਤ ਚੇਤਨਪੁਰੀ, ਮੁਖਤਾਰ ਸਿੰਘ ਗਿੱਲ, ਪ੍ਰਿੰ. ਰਘਬੀਰ ਸਿੰਘ ਸੋਹਲ, ਜਗਦੀਸ਼ ਸਿੰਘ ਬਮਰਾਹ, ਇਤਿਹਾਸਕਾਰ ਏ. ਐੱਸ. ਦਲੇਰ, ਕੁਲਦੀਪ ਸਿੰਘ ਦਰਾਜਕੇ, ਸਤਬੀਰ ਸਿੰਘ ਸਿਫ਼ਰ, ਡਾ. ਹਰਮੀਤ ਕੌਰ ਮੀਤ, ਹਰਿਜੀਉ ਸਿੰਘ, ਡਾ. ਜਸਵਿੰਦਰ ਕੌਰ, ਕੁਲਵੰਤ ਸਿੰਘ ਕੰਤ, ਬਲਬੀਰ ਸਿੰਘ ਬੇਲੀ, ਜਸਵਿੰਦਰ ਸਿੰਘ ਢਿੱਲੋਂ, ਜਸਵੰਤ ਧਾਪ, ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਦਵਿੰਦਰ ਸਿੰਘ ਭੋਲਾ, ਸਾਹਿਬਾ ਜੀਟਨ ਕੌਰ, ਮਰਕਸ ਪਾਲ ਗੁਮਟਾਲਾ, ਗੁਰਜੀਤ ਕੌਰ ਅਜਨਾਲਾ, ਮੱਖਣ ਭੈਣੀ ਵਾਲਾ, ਸਤਿੰਦਰ ਸਿੰਘ ਓਠੀ, ਦੁੱਖ ਭੰਜਨ ਸਿੰਘ ਰੰਧਾਵਾ, ਅਮਾਨਤ ਵੀਰ ਸਿੰਘ, ਰਾਜਕੁਮਾਰ ਚੌੜਾ ਬਾਜ਼ਾਰ, ਬਲਜੀਤ ਗਰੇਵਰ, ਮੰਗਲਜੀਤ ਆਦਿ ਸ਼ਾਇਰਾਂ ਨੇ ਆਪਣਾ ਕਲਾਮ ਪੇਸ਼ ਕੀਤਾ। ਇਸ ਮੌਕੇ ਤੇ ਸਲਵਿੰਦਰ ਸਿੰਘ, ਹਰਿੰਦਰ ਸਿੰਘ, ਜਨਰਲ ਸਕੱਤਰ ਜਸਬੀਰ ਸਿੰਘ ਤੇਗ, ਖਜਾਨਚੀ ਅਮਰਜੀਤ ਕੌਰ, ਸਕੱਤਰ ਡਾ: ਬਲਜੀਤ ਕੌਰ, ਵਜੀਰ ਸਿੰਘ ਰੰਧਾਵਾ, ਡਾ.ਬਲਜੀਤ ਕੌਰ, ਅਮਰਜੀਤ ਸਿੰਘ ਚੇਤਨਪੁਰਾ ਸਾਬਕਾ ਸਰਪੰਚ, ਡਾ. ਕੁਲਦੀਪ ਸਿੰਘ ਢਿੱਲੋਂ, ਕਰਨਲ ਹਰਜੀਤ ਸਿੰਘ ਗਰੇਵਰ, ਮਨਦੀਪ ਘਈ ਆਦਿ ਸ਼ਖਸ਼ੀਅਤਾਂ ਨੇ ਸਮਾਰੋਹ ਨੂੰ ਭਰਪੂਰਤਾ ਬਖਸ਼ੀ।

# 10ਵੀਂ ਤੇ 12ਵੀਂ ਜਮਾਤ ਦੇ ਮੈਰਿਟ 'ਚ ਆਏ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ




ਧਾਰੀਵਾਲ, (ਮਨਦੀਪ ਵਿੱਕੀ)-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਦੇ 10ਵੀਂ ਅਤੇ 12ਵੀਂ ਜਮਾਤ (ਬੈਚ 2025) ਦੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚੋਂ 100 ਵਿੱਚੋਂ 100 ਅੰਕ ਲੈ ਕੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ। ਇਸ ਸਬੰਧੀ ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਪ੍ਰਿੰ. ਸੈਮੂਅਲ ਦਾਸ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦਸਵੀਂ ਜਮਾਤ ਦੇ 12 ਵਿਦਿਆਰਥੀਆਂ ਨੇ ਮੈਰਿਟ ਹਾਸਲ ਕੀਤੀ, ਜਿਨ੍ਹਾਂ ਵਿੱਚ ਵਿਦਿਆਰਥਣ ਦੀਆ, ਐਸ਼ਪ੍ਰੀਤ ਕੌਰ, ਜਸਲੀਨ ਕੌਰ, ਨੀਅਤੀ ਮਹਾਜਨ, ਮੰਨਤਪ੍ਰੀਤ ਕੌਰ, ਗਗਨਦੀਪ ਕੌਰ, ਪ੍ਰਭਜੋਤ ਸਿੰਘ, ਗੀਨਾ, ਅਨੁਪ੍ਰੀਤ ਕੌਰ, ਰਮਨਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਰਨਦੀਪ ਸਿੰਘ ਹਨ ਅਤੇ ਬਾਰ੍ਹਵੀਂ ਜਮਾਤ ਦੇ 7 ਵਿਦਿਆਰਥੀਆਂ ਜਿਨਾਂ ਵਿੱਚ ਵਿਦਿਆਰਥਣ ਪਾਵਨੀ, ਪਵਨੀਤ ਕੌਰ, ਗੁਰਲੀਨ ਕੌਰ, ਖੁਸ਼ਲੀਨ ਕੌਰ, ਜੈਸਮੀਨ ਕੌਰ, ਜੈਸਮੀਨ ਕੌਰ ਅਤੇ ਸੀਰਤ ਸੰਧੂ ਨੇ ਪੰਜਾਬੀ ਅਤੇ ਫਿਜ਼ੀਕਲ ਐਜੂਕੇਸ਼ਨ ਵਿੱਚੋਂ 100 'ਚੋਂ 100 ਅੰਕ ਪ੍ਰਾਪਤ ਕੀਤੇ ਹਨ। ਇਨ੍ਹਾਂ ਮੈਰਿਟ ਪ੍ਰਾਪਤ ਵਿਦਿਆਰਥੀਆਂ ਨੂੰ ਆਈਸੀਐੱਸਸੀ ਬੋਰਡ ਨਵੀਂ ਦਿੱਲੀ ਵੱਲੋਂ ਭੇਜੇ ਮੈਰਿਟ ਸਰਟੀਫਿਕੇਟ ਵੰਡੇ ਗਏ ਹਨ। ਪ੍ਰਿੰਸੀਪਲ ਸੈਮੂਅਲ ਦਾਸ ਨੇ ਮੈਰਿਟ ਪ੍ਰਾਪਤ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਪ੍ਰੇਰਿਤ ਕਰਦਿਆਂ ਭਵਿੱਖ ਵਿੱਚ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਉਤਸ਼ਾਹਿਤ ਕੀਤਾ।

ਉਨ੍ਹਾਂ ਨੇ ਬੱਚਿਆਂ ਨੂੰ ਸਖਤ ਮਿਹਨਤ ਕਰਵਾ ਕੇ ਇਸ ਉਪਲੱਬਧੀ ਦੇ ਕਾਬਲ ਬਣਾਉਣ ਲਈ ਅਧਿਆਪਕਾ ਅਮਨਦੀਪ ਕੌਰ, ਰੁਪਿੰਦਰ ਕੌਰ ਅਤੇ ਰਣਦੀਪ ਕੌਰ ਦਾ ਧੰਨਵਾਦ ਕੀਤਾ।

## ਕੂੜੇ ਦੇ ਡੰਪ ਨੂੰ ਲੈ ਕੇ ਵਫਦ ਵਿਧਾਇਕ ਨੂੰ ਮਿਲਿਆ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਟੋਟਲ ਪਾਲਿਟੀਕਲ ਰੈਵੋਲਿਊਸ਼ਨ ਅੰਮ੍ਰਿਤਸਰ, ਗ੍ਰੀਨ ਅੰਮ੍ਰਿਤਸਰ ਜਾਗਰੂਕਤਾ ਮੁਹਿੰਮ ਟੀਮ ਦੇ ਚੀਫ ਕੋਆਰਡੀਨੇਟਰ ਵਰਿੰਦਰ ਸਿੰਘ, ਕਿਰਨ ਵਿੱਗ ਰੋਟੇਰੀਅਨ, ਪੰਕਜ



ਸਹਿਗਲ, ਰਾਮੂ ਚਾਚਾ, ਸਤਨਾਮ ਸਿੰਘ, ਦੀਪਕ ਵਿੱਗ, ਗਗਨਦੀਪ ਸਿੰਘ ਤੇ ਰਣਜੀਤ ਐਵੇਨਿਊ ਦੇ ਵਸਨੀਕਾਂ ਨੇ ਆਨੰਦ ਪਾਰਕ ਨੇੜੇ ਬਣ ਰਹੇ ਕੂੜੇ ਦੇ ਡੰਪ ਨੂੰ ਲੈ ਕੇ ਵਿਧਾਇਕ ਕੁੰਵਰਵਿਜੈ ਪ੍ਰਤਾਪ ਸਿੰਘ ਨਾਲ ਮੁਲਾਕਾਤ ਕੀਤੀ। ਇਸ ਮੌਕੇ ਚੀਫ ਕੁਆਰਡੀਨੇਟਰ ਵਰਿੰਦਰ ਸਿੰਘ ਕਿਹਾ ਕਿ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਦੋ ਵਾਰ ਡੰਪ ਖਾਲੀ ਕਰਵਾਇਆ ਸੀ ਪਰ ਹੁਣ ਨਵੀਂ ਕੰਪਨੀ ਉਥੇ ਮੁੜ ਡੰਪ ਲਗਵਾ ਰਹੀ ਹੈ। ਇਸ 'ਤੇ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਕਿਹਾ ਕਿ ਉਹ ਜਲਦੀ ਹੀ ਮੇਅਰ ਮੋਤੀ ਭਾਟੀਆ ਨੂੰ ਮਿਲ ਕੇ ਇਸ ਮਸਲੇ ਨੂੰ ਹੱਲ ਕਰਵਾਉਣਗੇ।

## ਘੁਮਾਣ-ਮਹਿਤਾ ਰੋਡ ਦਾ ਨਿਰਮਾਣ ਕਾਰਜ ਜਾਰੀ : ਵਿਧਾਇਕ ਅਮਰਪਾਲ ਸਿੰਘ

ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ (ਡਾ. ਮਲਵਿੰਦਰ ਸਿੰਘ)-ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਨਿਰੰਤਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਜਿਸ ਦੇ ਚੱਲਦਿਆਂ ਘੁਮਾਣ-ਮਹਿਤਾ ਰੋਡ ਦਾ ਵਿਕਾਸ ਕਾਰਜ ਤੇਜ਼ਗਤੀ ਨਾਲ ਜਾਰੀ ਹੈ, ਜੋ ਜਲਦੀ ਮੁਕੰਮਲ ਹੋ ਜਾਵੇਗਾ। ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ



ਪੰਜਾਬ ਸਰਕਾਰ ਨੇ ਸੂਬੇ ਭਰ ਅੰਦਰ ਲੋਕ ਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਵਿਕਾਸ ਕਾਰਜ ਕਰਵਾਏ ਗਏ ਹਨ ਜਿਸ ਦੇ ਚੱਲਦਿਆਂ ਹਲਕੇ ਦੇ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜਾਂ ਸਮੇਤ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ ਅਤੇ ਹੋਰ ਵੀ ਵੱਖ-ਵੱਖ ਵਿਕਾਸ ਕਾਰਜ ਚੱਲ ਰਹੇ ਹਨ।

# ਬਹਿਰਾਮਪੁਰ ਦੇ ਬੱਸ ਅੱਡਾ ਚੌਕ 'ਚ ਮੀਂਹ ਕਣੀ ਲਈ ਸ਼ੈੱਡ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਤੋਂ 8 ਕਿਲੋਮੀਟਰ ਦੂਰ ਪੈਂਦੇ ਕਸਬਾ ਬਹਿਰਹਰਾਮਪੁਰ ਦੇ ਬੱਸ ਅੱਡਾ ਚੌਕ ਵਿੱਚ ਬਸ ਸ਼ੈੱਡ ਤੋਂ ਇਲਾਵਾ ਹੋਰ ਕੋਈ ਵੀ ਸਹੂਲਤ ਨਾ ਹੋਣ ਕਰਕੇ ਇਲਾਕਾ ਵਾਸੀਆਂ ਦਾ ਪ੍ਰਸ਼ਾਸਨ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਕਸਬਾ ਪਾਕਿਸਤਾਨ ਬਾਰਡਰ ਏਰੀਏ ਦਾ ਮਸ਼ਹੂਰ ਕਸਬਾ ਨਾਲ ਵੱਡੀ ਗਿਣਤੀ ਵਿੱਚ ਪਿੰਡ ਲੱਗਦੇ ਹਨ। ਲੋਕਾਂ ਨੇ ਦੱਸਿਆ ਕਿ ਇਸ ਚੌਕ ਵਿਚੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਬੱਸਾਂ ਦੀਨਾਨਗਰ, ਦੋਰਾਂਗਲਾ, ਗਾਹਲੜੀ, ਝਬਕਰਾ ਅਤੇ ਗੁਰਦਾਸਪੁਰ ਆਦਿ ਸ਼ਹਿਰਾਂ ਤੇ ਕਸਬਿਆਂ ਨੂੰ ਆਉਂਦੀਆਂ ਜਾਂਦੀਆਂ ਹਨ। ਬੱਸਾਂ ਦੀ ਗਿਣਤੀ ਕਾਫੀ ਹੋਣ ਦੇ ਬਾਵਜੂਦ ਬੱਸਾਂ ਦੀ ਉਡੀਕ ਕਰਨ ਵਾਲੇ ਲੋਕਾਂ ਲਈ ਕੋਈ ਬੱਸ ਸ਼ੈੱਡ ਇੱਥੇ ਨਹੀਂ ਹੈ ਜਿਸ ਕਾਰਨ ਲੋਕਾਂ ਨੂੰ ਅੱਤ ਦੀ ਗਰਮੀ ਅਤੇ ਭਾਰੀ ਠੰਡ ਵਿੱਚ ਬੱਸਾਂ ਦੀ ਉਡੀਕ ਖੁੱਲ੍ਹੇ ਅਸਮਾਨ ਹੇਠ ਕਰਨੀ ਪੈਂਦੀ ਹੈ। ਇਸ ਚੌਕ ਵਿੱਚ ਕੋਈ ਵੀ ਸਪੀਡ ਬਰੇਕਰ ਵੀ ਨਹੀਂ ਹੈ ਅਤੇ ਵਾਹਨ ਚਾਲਕ ਤੇਜ਼ ਰਫ਼ਤਾਰ ਨਾਲ ਇਥੋਂ ਗੁਜ਼ਰਦੇ ਹਨ ਜਿਸ ਕਾਰਨ ਕਿਸੇ ਵੀ ਕੋਈ ਹਾਦਸਾ ਵਗੈਰਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਨੇ ਦੱਸਿਆ ਕਿ ਕਈ ਵਾਰ ਇਸ ਚੌਕ ਵਿਚ ਹਾਦਸੇ ਵੀ ਵਾਪਰ ਚੁੱਕੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਬਹਿਰਾਮਪੁਰ ਚੌਕ ਵਿਚ ਕੋਈ ਪੱਕਾ ਬੱਸ ਅੱਡਾ ਬਣਾਉਣ ਤੋਂ ਇਲਾਵਾ ਲੋਕਾਂ ਦੀ ਸਹੂਲਤ ਲਈ ਬਾਕੀ ਵੀ ਪ੍ਰਬੰਧ ਕੀਤੇ ਜਾਣ।

## ਪਲੇਸਮੈਂਟ ਕੈਂਪ ਅੱਜ

**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ ਮੋਹਾਲੀ ਵੱਲੋਂ 7 ਅਪ੍ਰੈਲ ਨੂੰ ਪਲੇਸਮੈਂਟ ਕੈਂਪ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ.461, ਤੀਜੀ ਮੰਜਿਲ, ਸੈਕਟਰ-76 ਮੋਹਾਲੀ ਵਿਖੇ ਲਾਇਆ ਜਾ ਰਿਹਾ ਹੈ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 01.00 ਵਜੇ ਤੱਕ ਹੋਵੇਗਾ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ, ਸ੍ਰੀ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਨੇ ਦੱਸਿਆ ਕਿ ਇਸ ਕੈਂਪ ਵਿੱਚ ਬੀ ਐੱਲ ਡੀ ਆਊਟਸੋਰਸਿੰਗ, ਸਨ ਟਰੱਸਟ ਕੈਪੀਟਲ, ਮੁਰਾਰੀ ਸੇਵਾਵਾਂ, ਏ ਆਰ ਮੈਰੀਡੀਅਨ (ਹੋਮ ਕੇਅਰ ਐਫ ਐਮ ਸੀ ਜੀਬ੍ਰਾਂਡ), ਏ ਟੀ.ਐਸ ਅਤੇ ਡਿਜੀਟੇਕ ਕਾਲ ਸਿਸਟਮ ਪ੍ਰਾਈਵੇਟ. ਲਿਮ. ਕੰਪਨੀਆਂ ਵੱਲੋਂ ਗਾਹਕ ਸਹਾਇਤਾ ਕਾਰਜਕਾਰੀ, ਗਾਹਕ ਸੰਬੰਧ ਪ੍ਰਬੰਧਕ, ਖਪਤਕਾਰ, ਸਰਵੇਖਣ ਮੈਨੇਜਰ, ਪੈਕਰ, ਇਲੈਕਟ੍ਰੀਕਲ ਉਮੀਦਵਾਰ, ਲੇਖਾਕਾਰ (ਮਹਿਲਾ), ਏਰੀਆ ਸੇਲਜ਼ ਅਫਸਰ-ਆਨ ਰੋਲ, ਡੀ ਈ ਓ, ਸੀ.ਸੀ.ਈ ਲਈ ਬਾਰਵੀਂ, ਗ੍ਰੈਜੂਏਸ਼ਨ ਪਾਸ (12ਵੀ, ਗ੍ਰੈਜੂਏਟ) ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ।

# ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰੀਵਾਲ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

*** ਸਾਬਕਾ ਮੰਤਰੀ ਲੰਗਾਹ, ਮਾਹਲ, ਜਥੇਦਾਰ ਗੋਰਾ, ਬੀਬੀ ਜ਼ਫਰਵਾਲ ਸਣੇ ਕਈ ਸ਼ਖਸੀਅਤਾਂ ਹੋਈਆਂ ਸ਼ਾਮਲ**

ਧਾਰੀਵਾਲ, (ਮਨਦੀਪ ਵਿੱਕੀ)-ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਤੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ। ਨਗਰ ਕੀਰਤਨ ਦੀ ਆਰੰਭਤਾ ਅਰਦਾਸ ਕਥਾਵਾਚਕ ਭਾਈ ਜਸਵਿੰਦਰ ਸਿੰਘ ਕਲੇਰ ਨੇ ਕੀਤੀ। ਉਪਰੰਤ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਅਕਾਲੀ ਦਲ ਹਲਕਾ ਕਾਦੀਆਂ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਗੁਰਿੰਦਰਪਾਲ ਸਿੰਘ ਗੋਰਾ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜ਼ਫਰਵਾਲ, ਬਾਬਾ ਜੋਗਾ ਸਿੰਘ ਕਾਰ ਸੇਵਾ ਵਾਲੇ, ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ ਸਿੰਘ ਬੁੱਟਰ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ ਸਮੇਤ ਹੋਰ ਸ਼ਖਸੀਅਤਾਂ ਵੱਲੋਂ ਪੰਜ ਪਿਆਰਿਆਂ ਅਤੇ ਨਿਸ਼ਾਨਚੀਆਂ ਦਾ ਸਿਰਪਾਓ ਭੇਟ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਨਗਰ ਕੀਰਤਨ ਨੂੰ ਰਵਾਨਾ ਕੀਤਾ। ਨਗਰ ਕੀਰਤਨ ਗੁਰਦੁਆਰਾ ਬੁਰਜ ਸਾਹਿਬ ਤੋਂ ਆਰੰਭ ਹੋ ਕੇ ਹੋ ਕੇ ਬੇਦੀ ਕਲੋਨੀ ਧਾਰੀਵਾਲ, ਖੁੰਡਾ, ਖੁੰਡੀ, ਭੁੰਬਲੀ, ਅਲਾਵਲਪੁਰ, ਸਿੱਧਵਾਂ, ਮਾਨ ਚੋਪੜਾ, ਨਵੀਂ ਅਬਾਦੀ, ਕੋਟਲੀ ਸੈਣੀਆਂ ਤੋਂ ਹੁੰਦਾ ਹੋਇਆ ਇਤਿਹਾਸਕ ਗੁਰਦੁਆਰਾ ਛੋਟਾ ਘੱਲੂਘਾਰਾ ਸਾਹਿਬ ਛੰਭ ਕਾਹਨੂੰਵਾਨ ਨਤਮਸਤਕ ਹੋਣ ਮਗਰੋਂ ਲਮੀਨੀ ਕਰਾਲਾ, ਚਾਵਾਂ ਨਵਾਂ ਸਾਲਾ, ਗੁੰਝੀਆਂ, ਤਿੱਬੜੀ, ਤਿੱਬੜ, ਬਾਹੀਆਂ, ਤਲਵੰਡੀ, ਬੱਬਰੀ, ਨੰਗਲ, ਪੀਰ ਦੀ ਸੈਨ, ਪੁਰਾਣਾ ਧਾਰੀਵਾਲ ਤੋਂ ਵਾਪਿਸ ਸ਼ਾਮ ਨੂੰ ਗੁਰਦੁਆਰਾ ਬੁਰਜ ਸਾਹਿਬ ਵਿਖੇ ਸੰਪੂਰਨਤਾ ਅਰਦਾਸ ਕਰਕੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਗੁਰਮਤਿ ਪ੍ਰਚਾਰ ਲਹਿਰ ਗੱਤਕਾ ਜਥਾ ਧਾਰੀਵਾਲ ਦੇ ਜਥੇਦਾਰ ਪਰਦੀਪ ਸਿੰਘ ਸੇਵਕ ਸਣੇ ਖਿਡਾਰੀਆਂ ਨੇ ਗਤਕੇ ਦੇ ਜੌਹਰ ਵਿਖਾਏ ਅਤੇ ਰਾਗੀ, ਢਾਡੀ, ਕਵੀਸਰਾਂ ਨੇ ਕੀਤਰਨ, ਕਵੀਸਰੀਆਂ, ਵਾਰਾਂ ਪੇਸ਼ ਕਰਦਿਆਂ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ। ਨਗਰ ਕੀਰਤਨ ਦਾ ਥਾਂ-ਥਾਂ 'ਤੇ ਸ਼ਰਧਾਲੂਆਂ ਸਵਾਗਤ ਕੀਤਾ ਅਤੇ ਲੰਗਰ ਲਾਏ। ਨਗਰ ਕੀਰਤਨ ਵਿੱਚ ਕੁਲਬੀਰ ਸਿੰਘ ਰਿਆੜ, ਭਾਈ ਵੱਸਣ ਸਿੰਘ ਜਫਰਵਾਲ, ਡਾ: ਗੁਰਜਿੰਦਰ ਸਿੰਘ ਸੰਧੂ, ਬਲਵਿੰਦਰ ਸਿੰਘ ਜਫਰਵਾਲ, ਇੰਜ. ਜੇਪੀ ਸਿੰਘ, ਹਰਚਰਨ ਸਿੰਘ ਟੋਨਾ, ਪ੍ਰਚਾਰਕ ਜਗਰੂਪ ਸਿੰਘ ਕਲਿਆਣਪੁਰ, ਮੈਨੇਜਰ ਸੁਰਜੀਤ ਸਿੰਘ ਚਾਹਲ, ਗ੍ਰੰਥੀ ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਸੇਵਾ ਮੁਕਤ ਐਸਡੀਓ ਲਖਵਿੰਦਰ ਸਿੰਘ ਪੰਨੂੰ, ਕੰਵਲਜੀਤ ਸਿੰਘ ਚਾਹਲ, ਹੈੱਡ ਗ੍ਰੰਥੀ ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਪ੍ਰਚਾਰਕ ਜਗਰੂਪ ਸਿੰਘ ਕਲਿਆਣਪੁਰ, ਹਰਮਨਦੀਪ ਸਿੰਘ ਅਕਾਊਂਟੈਂਟ, ਹਰਪ੍ਰੀਤ ਸਿੰਘ ਸਟੋਰ ਕੀਪਰ, ਸਵਰਨਜੀਤ ਸਿੰਘ ਡਰਾਈਵਰ, ਰਿਕਾਰਡ ਕੀਪਰ ਸੰਦੀਪ ਸਿੰਘ ਜ਼ਫਰਵਾਲ, ਸਤਨਾਮ ਸਿੰਘ, ਗੁਰਦਿਆਲ ਸਿੰਘ, ਹਰਦੇਵ ਸਿੰਘ, ਬਲਦੇਵ ਸਿੰਘ ਨਿਮਾਣਾ, ਬਾਬਾ ਨੱਥਾ ਸਿੰਘ ਸੰਧਵਾਂ ਆਦਿ ਸਮੇਤ ਇਲਾਕੇ ਦੀਆਂ ਹੋਰ ਵੀ ਸ਼ਖਸੀਅਤਾਂ ਸ਼ਾਮਲ ਸਨ।



**ਜਨਮ ਦਿਨ ਮੁਬਾਰਕ**



ਸਮਰਥ ਦੁੱਗਲ,
ਫਗਵਾੜਾ



ਅੰਸ਼ਪ੍ਰੀਤ
ਪਿੰਡ ਢੰਡਾ



ਕਿਰਨਦੀਪ ਕੌਰ
ਪਿੰਡ ਦੋਰਾਂਗਲਾ, ਗੁਰਦਾਸਪੁਰ

# ਐੱਲ ਪੀ ਯੂ ਵੱਲੋਂ ਸਾਬਕਾ ਵਿਦਿਆਰਥੀਆਂ ਦਾ ਸਵਾਗਤ



**ਜਲੰਧਰ (ਸ਼ੈਲੀ ਐਲਬਰਟ)**

ਇੱਕ ਨਿੱਘੇ ਅਤੇ ਯਾਦਗਾਰੀ ਘਰ ਵਾਪਸੀ ਸਮਾਰੋਹ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਆਪਣੇ ਸਾਬਕਾ ਵਿਦਿਆਰਥੀਆਂ ਦਾ ਕੈਂਪਸ ਵਿੱਚ ਵਾਪਸ ਸਵਾਗਤ ਕੀਤਾ ਜੋ ਉਨ੍ਹਾਂ ਦੇ ਜੀਵਨ ਯਾਤਰਾ ਦਾ ਇੱਕ ਮਹੱਤਵਪੂਰਨ ਹਿੱਸਾ ਬਣਿਆ ਹੋਇਆ ਹੈ। ਐਲੂਮਨੀ ਹੋਮਕਮਿੰਗ 2026 ਨੇ 145 ਤੋਂ ਵੱਧ ਦੇਸ਼ਾਂ ਦੇ 1.75 ਲੱਖ ਤੋਂ ਵੱਧ ਸਾਬਕਾ ਵਿਦਿਆਰਥੀਆਂ ਦੇ ਇੱਕ ਵਿਸ਼ਵਵਿਆਪੀ ਭਾਈਚਾਰੇ ਨੂੰ ਇਕੱਠਾ ਕੀਤਾ। ਯੂਨੀਵਰਸਿਟੀ ਦਾ ਮਾਹੌਲ ਹਾਸੇ, ਪੁਰਾਣੀਆਂ ਕਹਾਣੀਆਂ ਅਤੇ ਨਵੇਂ ਰਿਸ਼ਤਿਆਂ ਨਾਲ ਭਰਿਆ ਹੋਇਆ ਸੀ।ਹਜ਼ਾਰਾਂ ਵਾਪਸ ਆਉਣ ਵਾਲੇ ਸਾਬਕਾ ਵਿਦਿਆਰਥੀ ਕੈਂਪਸ ਨੂੰ ਇੱਕ ਨਵੀਂ ਊਰਜਾ ਨਾਲ ਭਰ ਗਏ। ਉਹ ਆਪਣੇ ਬੈਚਮੇਟ ਨਾਲ ਦੁਬਾਰਾ ਇਕੱਠੇ ਹੋਏ, ਆਪਣੇ ਅਧਿਆਪਕਾਂ ਨਾਲ ਦੁਬਾਰਾ ਜੁੜੇ ਤੇ ਆਪਣੇ ਵਿਦਿਆਰਥੀ ਦਿਨਾਂ ਦੇ ਖਾਸ ਪਲਾਂ ਨੂੰ ਮੁੜ ਜੀਵਿਆ ਜਿਨ੍ਹਾਂ ਨੇ ਉਨ੍ਹਾਂ ਦੀ ਜ਼ਿੰਦਗੀ ਨੂੰ ਆਕਾਰ ਦਿੱਤਾ। ਉੱਤਰੀ ਅਮਰੀਕਾ ਅਤੇ ਯੂਰਪ ਤੋਂ ਮੱਧ ਪੂਰਬ ਅਤੇ ਆਸਟ੍ਰੇਲੀਆ ਤੱਕ ਵਿਭਿੰਨ ਖੇਤਰਾਂ ਦੀ ਨੁਮਾਇੰਦਗੀ ਕਰਦੇ ਹੋਏ ਐੱਲ ਪੀ ਯੂ ਦੇ ਸਾਬਕਾ ਵਿਦਿਆਰਥੀ ਅੱਜ ਵਿੱਤ, ਤਕਨਾਲੋਜੀ, ਸਿਹਤ ਸੰਭਾਲ, ਉੱਦਮਤਾ, ਸਿੱਖਿਆ ਅਤੇ ਜਨਤਕ ਸੇਵਾ ਵਰਗੇ ਵਿਭਿੰਨ ਖੇਤਰਾਂ ਵਿੱਚ ਆਪਣੀ ਪਛਾਣ ਬਣਾ ਰਹੇ ਹਨ।ਇਕੱਠ ਨੂੰ ਸੰਬੋਧਨ ਕਰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ, ਸੰਸਥਾਪਕ ਚਾਂਸਲਰ, ਐੱਲ ਪੀ ਯੂ ਤੇ ਸੰਸਦ ਮੈਂਬਰ (ਰਾਜ ਸਭਾ) ਨੇ ਕਿਹਾ ਇਸ ਸ਼ਾਨਦਾਰ ਵਿਸ਼ਵਵਿਆਪੀ ਭਾਈਚਾਰੇ ਨੂੰ ਇਕੱਠੇ ਹੁੰਦੇ ਦੇਖਣਾ ਸਾਨੂੰ ਇੱਕ ਵਾਰ ਫਿਰ ਉਨ੍ਹਾਂ ਕਦਰਾਂ-ਕੀਮਤਾਂ ਦੀ ਯਾਦ ਦਿਵਾਉਂਦਾ ਹੈ ਜਿਨ੍ਹਾਂ ਲਈ ਐੱਲ ਪੀ ਯੂ ਸੱਚਮੁੱਚ ਖੜ੍ਹਾ ਹੈ। ਸਾਡੇ ਸਾਬਕਾ ਵਿਦਿਆਰਥੀ ਨਾ ਸਿਰਫ਼ ਆਪਣੇ ਲਈ ਸਫਲ ਕਰੀਅਰ ਬਣਾ ਰਹੇ ਹਨ, ਸਗੋਂ ਵਿਭਿੰਨ ਖੇਤਰਾਂ ਨੂੰ ਵੀ ਆਕਾਰ ਦੇ ਰਹੇ ਹਨ, ਨਵੀਆਂ ਕਾਢਾਂ ਪੈਦਾ ਕਰ ਰਹੇ ਹਨ ਤੇ ਦੁਨੀਆ ਭਰ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੇ ਹਨ।ਸਾਬਕਾ ਵਿਦਿਆਰਥੀਆਂ ਦਾ ਸਵਾਗਤ ਕਰਦੇ ਹੋਏ ਐੱਲ ਪੀ ਯੂ ਦੀ ਪ੍ਰੋ-ਚਾਂਸਲਰ, ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ ਤੁਹਾਡੇ ਸਾਰਿਆਂ ਦਾ ਘਰ ਵਾਪਸ ਸਵਾਗਤ ਕਰਨਾ ਸਾਡੇ ਲਈ ਬਹੁਤ ਖ਼ੁਸ਼ੀ ਦੀ ਗੱਲ ਹੈ।

# ਕਿਸਾਨਾਂ ਨੂੰ ਫਸਲ ਵੇਚਣ 'ਚ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਰਾਣਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਕਿਸਾਨਾਂ ਨੂੰ ਫਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਕਣਕ ਖਰੀਦ ਸੀਜ਼ਨ ਦੌਰਾਨ 24 ਘੰਟੇ ਮੰਡੀਆਂ ਖੁੱਲੀਆਂ ਰਹਿਣਗੀਆਂ। ਗੇਟਪਾਸ ਅਤੇ ਵਿਕਰੀ ਵਿੱਚ ਹਰ ਸਮੇਂ ਬਣੀ ਰਹੇਗੀ।ਸ਼ਿਆਮ ਸਿੰਘ ਰਾਣਾ ਨੇ ਅਨਾਜ ਮੰਡੀ ਥਾਨੇਸਰ ਦੀ ਮਾਰਕਿਟ ਕਮੇਟੀ ਦਫਤਰ ਵਿੱਚ ਪੱਤਰਕਾਰਾਂ ਨਾਲ ਗਲਬਾਤ ਕਰ ਰਹੇ ਸਨ।ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਵੇਚਣ ਵਿੱਚ ਸਮੇਂ ਦੀ ਬਚੱਤ ਕਰਨ ਅਤੇ ਖਰੀਦ ਪ੍ਰਕ੍ਰਿਆ ਪੂਰੀ ਪਾਰਦਰਸ਼ਿਤਾ ਯਕੀਨੀ ਕਰਨ ਦਾ ਟੀਚਾ ਨਿਰਧਾਰਿਤ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨ ਦੀ ਫਸਲ ਦਾ ਇੱਕ-ਇੱਕ ਦਾਨਾ ਐੱਮ ਐੱਸ ਪੀ 'ਤੇ ਖਰੀਦਿਆ ਜਾਵੇਗਾ ਅਤੇ ਫਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਦਿਕੱਤ ਨਹੀਂ ਆਉਣ ਦਿੱਤੀ ਜਾਵੇਗੀ। ਸੂਬੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕਣਕ ਖਰੀਦ 'ਤੇ ਬਹੁਤ ਗੰਭੀਰ ਹਨ। ਉਨਾਂ ਦੱਸਿਆ ਕਿ ਉਨ੍ਹਾਂ ਨੇ ਅਧਿਕਾਰੀਆਂ ਦੇ ਨਾਲ ਕਣਕ ਦੀ ਆਮਦ ਤੇ ਲਿਫਟਿੰਗ ਕੰਮ, ਮਾਲ ਢੁਆਈ ਕੰਮਾਂ ਅਤੇ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਹੋਰ ਵਿਵਸਥਾਵਾਂ ਦੀ ਸਮੀਖਿਆ ਕੀਤੀ ਹੈ।

# ਸੰਜੀਵਨ ਦੀ ਕਿਤਾਬ 'ਬੜੇ ਚੇਤੇ ਆਉਂਦੇ ਨੇ' ਲੋਕ-ਅਰਪਣ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**

ਸੰਜੀਵਨ ਸਿੰਘ ਦੀ ਰੰਗਮੰਚੀ, ਸਾਹਿਤਕ, ਸਭਿਆਚਾਰਕ ਅਤੇ ਸਮਾਜਿਕ ਖੇਤਰਾਂ ਦੀਆਂ ਵਿਛੜ ਚੁੱਕੀਆਂ ਸਖਸ਼ੀਅਤਾਂ ਬਾਰੇ ਸ਼ਬਦ-ਚਿੱਤਰਾਂ ਦੀ ਨਵ-ਪ੍ਰਕਾਸ਼ਿਤ ਕਿਤਾਬ 'ਬੜੇ ਚੇਤੇ ਆਉਂਦੇ ਨੇ' ਆਰਥਿਕ ਮਾਹਿਰ ਕਈ ਮੁੱਖ ਮੰਤਰੀਆਂ ਦੇ ਸਲਾਹਕਾਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਸਮੇਤ ਕਈ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਰਹੇ ਡਾ. ਸਰਦਾਰਾ ਸਿੰਘ ਜੌਹਲ, ਚਰਚਿੱਤ ਲੇਖਕ ਡਾ. ਵਰਿਆਮ ਸੰਧੂ, ਸ਼ਾਇਰ ਡਾ. ਲਖਵਿੰਦਰ ਜੌਹਲ, ਪ੍ਰੋ. ਗੁਰਭਜਨ ਗਿੱਲ, ਚਿੰਤਕ ਅਤੇ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਅਤੇ ਡਾ. ਗੁਰਇਕਬਾਲ ਸਿੰਘ ਨੇ ਪੰਜਾਬੀ ਭਵਨ, ਲੁਧਿਆਣਾ ਵਿਖੇ ਅਕਾਡਮੀ ਦੇ ਨਵੇਂ ਚੁਣੇ ਗਏ ਪ੍ਰਬੰਧਕੀ ਦੀ ਪਲੇਠੀ ਇਕੱਤ੍ਰਤਾ ਦੌਰਾਨ ਬੀਤੇ ਦਿਨੀ ਲੋਕ-ਅਪਰਣ ਕੀਤੀ ਕਿਤਾਬ ਦੇ ਲੇਖਕ ਸੰਜੀਵਨ ਸਿੰਘ ਨੇ ਕਿਹਾ ਸ਼ਬਦ ਚਿੱਤਰਾਂ ਦੀਆਂ ਕਿਤਾਬਾਂ ਮੈਂ ਇਕ ਤੋਂ ਵਧੇਰੇ ਲੇਖਕਾਂ ਦੀਆਂ ਪੜ੍ਹੀਆਂ, ਪਰ ਜਦ ਮੈਂ ਬਲਵੰਤ ਗਾਰਗੀ ਦੀ ਆਪਣੇ ਸਮਕਾਲੀ ਪ੍ਰਮੁੱਖ ਸਾਹਿਤਕਾਰਾਂ ਅਤੇ ਕਲਾਕਾਰਾਂ ਬਾਰੇ ਜੀਵੰਤ ਸ਼ਬਦ ਵਿਚ, ਬੇਬਾਕ ਅਤੇ ਦਿਲਚਸਪ ਵਾਰਤਕ ਸ਼ੈਲੀ ਵਿਚ ਸ਼ਬਦ ਚਿੱਤਰਾਂ ਦੀ ਕਿਤਾਬ 'ਸੁਰਮੇ ਵਾਲੀ ਅੱਖ' ਪੜ੍ਹੀ, ਤਾਂ ਮੈਂ ਸੋਚਿਆ, ਮੈਂ ਵੀ ਕੁੱਝ ਅਦੀਬਾਂ/ਫਨਕਾਰਾਂ ਬਾਰੇ ਲਿਖਾਂ, ਜਿੰਨ੍ਹਾਂ ਦੇ ਸਾਹਿਤਕ, ਰੰਗਮੰਚੀ ਅਤੇ ਸਭਿਆਚਾਰਕ ਕੰਮ ਤੋਂ ਇਲਾਵਾ ਉਨ੍ਹਾਂ ਦੀ ਵਿਅਕਤੀਗਤ ਜ਼ਿੰਦਗੀ ਨੇ ਮੈਨੂੰ ਪ੍ਰਭਾਵਿਤ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ (ਲੁਧਿਆਣਾ), ਮੀਤ ਪ੍ਰਧਾਨ ਸ੍ਰੀ ਜਸਪਾਲ ਮਾਨਖੇੜਾ (ਬਠਿੰਡਾ), ਸਹਿਜਪ੍ਰੀਤ ਸਿੰਘ ਮਾਂਗਟ (ਲੁਧਿਆਣਾ), ਡਾ. ਗੁਰਚਰਨ ਕੌਰ ਕੋਚਰ (ਲੁਧਿਆਣਾ), ਸ੍ਰੀਮਤੀ ਸੁਰਿੰਦਰ ਨੀਰ (ਜੰਮੂ) ਅਤੇ ਡਾ. ਅਰਵਿੰਦਰ ਕੌਰ ਕਾਕੜਾ (ਪਟਿਆਲਾ), ਪ੍ਰਬੰਧਕੀ ਬੋਰਡ ਮੈਂਬਰ, ਸੁਰਿੰਦਰ ਕੈਲੇ (ਲੁਧਿਆਣਾ), ਭੁਪਿੰਦਰ ਸਿੰਘ ਸੰਧੂ (ਅੰਮ੍ਰਿਤਸਰ), ਡਾ. ਸਿਮਰਜੀਤ ਕੌਰ ਗਿੱਲ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ (ਲੁਧਿਆਣਾ), ਨਵਤੇਜ ਗੜ੍ਹਦੀਵਾਲਾ, ਡਾ. ਹਰਵਿੰਦਰ ਸਿੰਘ ਸਿਰਸਾ (ਹਰਿਆਣਾ), ਡਾ. ਅੰਮੀਆਂ ਕੁੰਵਰ, (ਦਿੱਲੀ) ਰਜਿੰਦਰ ਸਿੰਘ ਰਾਜਨ, ਮੱਖਣ ਮਾਨ (ਜਲੰਧਰ), ਡਾ.ਰੋਜ਼ੀ ਸਿੰਘ (ਫਤਹਿਗੜ੍ਹ ਚੂੜੀਆਂ), ਦੀਪ ਜਗਦੀਪ ਸਿੰਘ (ਲੁਧਿਆਣਾ), ਪ੍ਰਭਜੋਤ ਸਿੰਘ ਸੋਹੀ, ਕੇ. ਸਾਧੂ ਸਿੰਘ ਹਾਜ਼ਰ ਸਨ।



# ਪੁਲਸ ਵੱਲੋਂ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਤਿਬੜ ਦੇ ਏ.ਐਸ.ਆਈ. ਰਕੇਸ ਕੁਮਾਰ ਨੇ ਸਮੇਤ ਪੁਲਿਸ ਵਲੋਂ ਨਵਾਂ ਪਿੰਡ ਹੁੰਦਲ ਤੋਂ ਗੌਰਵ ਕੁਮਾਰ ਪੱਤਰ ਮਹਿੰਦਰ ਪਾਲ ਵਾਸੀ ਭੁੱਲੇ ਚੱਕ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋ 8 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਪੁਰਾਣਾ ਸ਼ਾਲਾ ਦੇ ਏ.ਐਸ.ਆਈ. ਵਿਜੇ ਕੁਮਾਰ ਨੇ ਨਵਾ ਪਿੰਡ ਬਹਾਦਰ ਤੋਂ ਅਕਾਸ ਉਰਫ ਰਿੰਕੂ ਪੁੱਤਰ ਅਸ਼ੋਕ ਕੁਮਾਰ ਵਾਸੀ ਅਵਾਖਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 06 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਥਾਣਾ ਕਲਾਨੌਰ ਦੇ ਏ.ਐਸ.ਆਈ. ਗੁਰਨਾਮ ਸਿੰਘ ਗੁਰਨਾਮ ਸਿੰਘ ਨੇ ਸਮੇਤ ਪੁਲਿਸ ਪਾਰਟੀ ਕਲਾਨੋਰ ਤੋਂ ਮਨਜੋਤ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਸਾਹਪੁਰ ਥਾਣਾ ਨੂੰ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 7 ਗ੍ਰਾਮ 25 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਥਾਣਾ ਸਿਟੀ ਗੁਰਦਾਸਪੁਰ ਦੇ ਏ.ਐਸ.ਆਈ. ਕੁਲਦੀਪ ਸਿੰਘ ਨੇ ਸਮੇਤ ਪੁਲਿਸ ਪਾਰਟੀ ਬਟਾਲਾ ਰੋਡ ਗੁਰਦਾਸਪੁਰ ਤੋਂ ਨਿਸ਼ਾਨ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਤਰਨ ਤਾਰਨ ਹਾਲ ਪਿੰਡ ਬਲੱਗਣ ਥਾਣਾ ਸਦਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 06 ਗ੍ਰਾਮ 500 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਿਸ ਨੇ ਕਾਬੂ ਕੀਤੇ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਆਸ਼ਾ ਵਰਕਰਜ਼ ਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਆਸ਼ਾ ਵਰਕਰਾਂ ਦੀ ਸੰਘਰਸ਼ਸ਼ੀਲ ਜਥੇਬੰਦੀ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੀ ਸੂਬਾ ਪ੍ਰਧਾਨ ਰਾਣੋ ਖੇੜੀ ਗਿੱਲਾਂ, ਚੇਅਰਪਰਸਨ ਸੁਖਵਿੰਦਰ ਕੌਰ, ਜਨਰਲ ਸਕੱਤਰ ਲਖਵਿੰਦਰ ਕੌਰ ਝਬਾਲ ਅਤੇ ਵਿੱਤ ਸਕੱਤਰ ਹਰਨਿੰਦਰ ਕੌਰ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਜਿੱਥੇ ਆਮ ਲੋਕਾਂ, ਕਿਸਾਨਾਂ ਅਤੇ ਬਾਕੀ ਮੁਲਾਜ਼ਮਾਂ ਵਾਂਗ ਆਸ਼ਾ ਵਰਕਰਾਂ ਦਾ ਸ਼ੋਸ਼ਣ ਕਰਨ ਵਿੱਚ ਵੀ ਪਿੱਛੇ ਨਹੀਂ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਭੁਲਾ ਕੇ ਮੁਲਾਜ਼ਮ ਵਿਰੋਧੀ ਨੀਤੀਆਂ ਪਹਿਲਿਆਂ ਸਰਕਾਰਾਂ ਨਾਲੋਂ ਵੀ ਤੇਜ਼ੀ ਨਾਲ ਲਾਗੂ ਕਰ ਰਹੀ ਹੈ। ਜਥੇਬੰਦੀ ਦੀਆਂ ਆਗੂਆਂ ਸੰਦੀਪ ਕੌਰ, ਰਾਜ ਕੁਮਾਰੀ, ਜਸਵੀਰ ਕੌਰ, ਬੀਰਪਾਲ ਕੌਰ, ਰੀਟਾ ਰਾਣੀ, ਨਿਰਮਲਾ ਦੇਵੀ ਨੇ ਕਿਹਾ ਕਿ ਸਰਕਾਰ ਵਲੋਂ ਆਸ਼ਾ ਵਰਕਰਾਂ ਪ੍ਰਤੀ ਅਪਣਾਈਆਂ ਵਿਰੋਧੀ ਨੀਤੀਆਂ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਪੰਜਾਬ ਅੰਦਰ ਸੰਘਰਸ਼ਾਂ ਨੂੰ ਪ੍ਰਣਾਈਆਂ ਹੋਈਆਂ ਆਸ਼ਾ ਵਰਕਰਾਂ ਦੀਆਂ ਚਾਰ ਜਥੇਬੰਦੀਆਂ ਵਲੋਂ ਆਸ਼ਾ ਵਰਕਰ ਆਸ਼ਾ ਫੈਸਿਲੀਟੇਟਰ ਸਾਂਝਾ ਮੋਰਚਾ ਬਣਾ ਕੇ ਸਰਕਾਰ ਵਿਰੁੱਧ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਪ੍ਰੰਤੂ ਮੁੱਖ ਮੰਤਰੀ ਵਲੋਂ ਅਜੇ ਤੱਕ ਮੀਟਿੰਗ ਦਾ ਕੋਈ ਵੀ ਸਮਾਂ ਨਹੀਂ ਦਿੱਤਾ ਗਿਆ ਅਤੇ ਸਿਹਤ ਮੰਤਰੀ ਵਲੋਂ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਕਿਹਾ ਕਿ ਸਾਂਝੇ ਮੋਰਚੇ ਵਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਦਿਆਂ 9 ਅਪ੍ਰੈਲ ਤੋਂ ਮੁੱਖ ਮੰਤਰੀ ਦੇ ਹਲਕੇ ਧੂਰੀ ਵਿਖੇ ਪੱਕਾ ਮੋਰਚਾ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਬਾਕੀ ਜਥੇਬੰਦੀਆਂ ਦੇ ਨਾਲ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਵਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਜਥੇਬੰਦੀ ਦੀ ਸੂਬਾ ਪ੍ਰੈਸ ਸਕੱਤਰ ਪਰਮਜੀਤ ਕੌਰ ਨੇ ਦੱਸਿਆ ਕਿ ਇਸ ਸੰਘਰਸ਼ ਦੀ ਤਿਆਰੀ ਲਈ ਲੁਧਿਆਣੇ ਵਿਖੇ ਸੂਬਾ ਪੱਧਰੀ ਮੀਟਿੰਗ ਕਰਕੇ ਸੰਘਰਸ਼ ਵਿੱਚ ਸ਼ਮੂਲੀਅਤ ਕਰਨ ਦਾ ਪ੍ਰੋਗਰਾਮ ਉਲੀਕ ਦਿੱਤਾ ਗਿਆ ਹੈ। ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਇਹ ਪੱਕਾ ਮੋਰਚਾ ਮੰਗਾਂ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ ਅਤੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ। ਇਸ ਮੌਕੇ ਰੁਪਿੰਦਰ ਕੌਰ, ਸੁਖਵਿੰਦਰ ਕੌਰ, ਚਰਨਜੀਤ ਕੌਰ, ਮਨਜੀਤ ਕੌਰ, ਰਵਿੰਦਰ ਕੌਰ ਆਦਿ ਆਗੂ ਵੀ ਹਾਜ਼ਰ ਸਨ।

# ਅਧਿਆਪਕ ਜਥੇਬੰਦੀਆਂ ਨੇ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

**ਜਲੰਧਰ/ਮਹਿਤਪੁਰ (ਇਕਬਾਲ ਸਿੰਘ ਉਭੀ, ਰਾਜਾ)**-ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਬਾਕੀ ਆਧਿਆਪਕ ਜਥੇਬੰਦੀਆ ਵੱਲੋਂ ਸਰਕਾਰ ਵੱਲੋ ਵਾਅਦਾ ਖਿਲਾਫੀ ਕਰਨ ਤੇ ਅਰਥੀ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ। ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਨਵਪ੍ਰੀਤ ਸਿੰਘ ਬੱਲੀ, ਕਰਨੈਲ ਫਿਲੌਰ, ਮੰਗਤ ਸਿੰਘ, ਤੀਰਥ ਸਿੰਘ ਬਾਸੀ ਨੇ ਮੰਗ ਕੀਤੀ ਕਿ ਰਾਜ ਸਭਾ ਵਿੱਚ ਸੰਸਦ ਮੈਂਬਰ ਜੋਹਨ ਬਿਰਟਾਸ ਸੀ ਪੀ ਆਈ (ਐੱਮ) ਵਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਪੇਸ਼ ਕੀਤੇ ਪ੍ਰਾਈਵੇਟ ਬਿੱਲ ਨੂੰ ਤਰੁੰਤ ਪਾਸ ਕੀਤਾ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਅਧਿਆਪਕਾਂ ਦੀਆਂ ਗੈਰ ਵਿਦਿਅਕ ਡਿਊਟੀਆਂ ਖ਼ਤਮ ਕੀਤੀਆਂ ਜਾਣ। ਇਸ ਸਮੇਂ ਬਲਜੀਤ ਸਿੰਘ ਕੁਲਾਰ, ਸੰਦੀਪ ਕੰਬੋਜ, ਵਿਜੈ ਕੁਮਾਰ, ਭਾਰਤ ਭੂਸ਼ਨ, ਮਨਜਿੰਦਰ ਸਿੰਘ ਰਸ਼ਮਿੰਦਰ ਪਾਲ ਸੋਨੂ, ਪ੍ਰੇਮ ਕੁਮਾਰ, ਸੁੱਖਵਿੰਦਰ ਸਿੰਘ ਮੱਕੜ, ਵੇਦ ਰਾਜ, ਕਮਲ ਦੇਵ, ਰਾਕੇਸ਼ ਕੁਮਾਰ , ਅਰਜਨ ਬਰਾੜ, ਗੁਰਿੰਦਰ ਸਿੰਘ, ਕੁਲਭੂਸ਼ਣ ਗੁਪਤਾ, ਮੰਗਲਜੀਤ ਸਿੰਘ, ਮਨਵਿੰਦਰ ਪਾਲ ਸਿੰਘ, ਜਗਸੀਰ, ਬਖਸ਼ੀ ਰਾਮ, ਇੰਦਰਜੀਤ ਕੌਰ, ਸਵਿੰਦਰ ਗਿੱਲ, ਮਿਨਾਕਸ਼ੀ ਕਪਿਲਾ, ਇੰਦੂ ਸ਼ਰਮਾ, ਅਮਨਦੀਪ ਕੌਰ ਆਦਿ ਆਗੂ ਹਾਜ਼ਰ ਸਨ। ਉੱਕਤ ਜਾਣਕਾਰੀ ਸਾਂਝਾ ਅਧਿਆਪਕ ਮੋਰਚਾ ਦੇ ਆਗੂ ਨਵਪ੍ਰੀਤ ਸਿੰਘ ਬੱਲੀ ਨੇ ਸਾਂਝੀ ਕੀਤੀ।

# ਕੰਵਰ ਸਰਤਾਜ ਸਿੰਘ ਮੰਡਲ ਇੰਚਾਰਜ ਨਿਯੁਕਤ



**ਜਲੰਧਰ (ਇਕਬਾਲ ਸਿੰਘ ਉਭੀ)**-ਪੰਜਾਬ ਅੰਦਰ 2027 ਵਿੱਚ ਹੋਣ ਵਾਲੀਆਂ ਚੋਣਾਂ ਨੂੰ ਮੁੱਖ ਰੱਖਦੇ ਹੋਏ ਭਾਰਤੀ ਜਨਤਾ ਪਾਰਟੀ ਦੀ ਹਾਈਕਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਰਟੀ ਦੀ ਮਜਬੂਤੀ ਲਈ ਮੰਡਲ ਇੰਚਾਰਜ ਨਿਯੁਕਤ ਕੀਤੇ ਗਏ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸ਼ੁਸ਼ੀਲ ਸ਼ਰਮਾ ਨੇ ਦੱਸਿਆ ਕਿ ਕੈਂਟ ਵਿਧਾਨ ਸਭਾ ਹਲਕੇ ਦੇ ਮੰਡਲ ਨੰਬਰ 13 ਤੋਂ ਪ੍ਰੋ. ਕੰਵਰ ਸਰਤਾਜ ਸਿੰਘ ਨੂੰ ਮੰਡਲ ਇੰਚਾਰਜ ਨਿਯੁਕਤ ਕੀਤਾ ਗਿਆ। ਕੰਵਰ ਸਰਤਾਜ ਨੇ ਪਾਰਟੀ ਹਾਈਕਮਾਨ ਦਾ ਧੰਨਵਾਦ ਕੀਤਾ। ਇਸੇ ਤਰ੍ਹਾਂ ਮੰਡਲ ਨੰਬਰ 18 ਤੋਂ ਜਸਵੰਤ ਸਿੰਘ ਸੋਹਲ ਨੂੰ ਵੀ ਮੰਡਲ ਇੰਚਾਰਜ ਨਿਯੁਕਤ ਕੀਤਾ ਗਿਆ।

### ਹਰਿਆਣਾ ਸਰਕਾਰ ਨੇ ਲਗਾਏ ਲਿੰਕ ਅਧਿਕਾਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਵਿਭਾਗਾਂ ਦਾ ਸੁਚਾਰੂ ਕੰਮ ਸੰਚਾਲਨ ਯਕੀਨੀ ਕਰਨ ਦੇ ਸਕਸਦ ਨਾਲ ਲਿੰਕ ਅਧਿਕਾਰੀ ਨਾਮਜਦ ਕੀਤੇ ਹਨ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਜਾਰੀ ਆਦੇਸ਼ ਅਨੁਸਾਰ, ਜੇਕਰ ਟ੍ਰਾਂਸਫਰ, ਸੇਵਾਮੁਕਤੀ, ਛੁੱਟੀ, ਟ੍ਰੇਨਿੰਗ, ਦੌਰੇ ਜਾਂ ਚੋਣ ਕੰਮਾਂ ਕਾਰਨ ਸਿਵਲ ਪ੍ਰਸ਼ਾਸਨ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਦਾ ਅਹੁਦਾ ਖਾਲੀ ਰਹਿੰਦਾ ਹੈ ਤਾਂ ਮਨੁੱਖੀ ਸਰੋਤ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਲਿੰਕ ਅਧਿਕਾਰੀ-1 ਜਦੋਂ ਕਿ ਵਿਤੀ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ-1 ਲਿੰਕ ਅਧਿਕਾਰੀ-2 ਦੇ ਤੌਰ 'ਤੇ ਕੰਮ ਕਰਨਗੇ।ਮਨੁੱਖੀ ਸਰੋਤ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਦੀ ਗੈਰ-ਹਾਜਿਰੀ ਵਿੱਚ ਸਿਵਲ ਪ੍ਰਸ਼ਾਸਨ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਲਿੰਕ ਅਧਿਕਾਰੀ-1 ਜਦੋਂ ਕਿ ਵਿਤੀ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ-2 ਲਿੰਕ ਅਧਿਕਾਰੀ-2 ਵੱਜੋਂ ਕੰਮ ਕਰਨਗੇ।

# ਖੇਡਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਦੀਆਂ : ਸੋਨੂੰ , ਜਸਵਿੰਦਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਖਿਡਾਰੀਆਂ ਨੂੰ ਨਸ਼ਿਆਂ ਜਿਹੀਆਂ ਅਲਾਮਤਾਂ ਤੋਂ ਦੂਰ ਕਰਨ ਤੇ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਸਬੰਧੀ ਮਨਦੀਪ ਸਿੰਘ ਦੀਪਾ ਦੀ ਅਗਵਾਈ ਵਿੱਚ ਸਪੋਰਟਸ ਕਲੱਬ ਬੁੱਢੀ ਪਿੰਡ ਤੇ ਐੱਮ ਐੱਸ ਸਪੋਰਟਸ ਟਾਂਡਾ ਦੇ ਸਹਿਯੋਗ ਨਾਲ ਬੁੱਢੀ ਪਿੰਡ ਵਿਖੇ ਪਹਿਲਾ ਓਪਨ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ ਦਾ ਉਦਘਾਟਨ ਰਿਟਾ: ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾਕਟਰ ਕੇਵਲ ਸਿੰਘ ਕਾਜਲ ਅਤੇ ਡਾਕਟਰ ਲਵਪ੍ਰੀਤ ਸਿੰਘ ਪਾਬਲਾ ਨੇ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਉੱਘੇ ਸਮਾਜ ਸੇਵੀ ਸੋਨੂੰ ਖੰਨਾ, ਮੋਬਾਈਲ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਜੱਸੀ, ਰਾਜਵਿੰਦਰ ਰਾਜੂ ਅਤੇ ਵਿਵੇਕ ਵਿਜ਼ਨ ਸ਼ਾਮਿਲ ਹੋਏ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਉੱਘੇ ਸਮਾਜ ਸੇਵੀ ਸੋਨੂੰ ਖੰਨਾ ਨੇ ਕਿਹਾ ਕਿ ਅਜਿਹੇ ਓਪਨ ਕ੍ਰਿਕਟ ਟੂਰਨਾਮੈਂਟ ਕਰਵਾਉਣ ਨਾਲ ਜਿੱਥੇ ਖਿਡਾਰੀਆਂ ਨੂੰ ਆਪਣਾ ਹੁਨਰ ਉਜਾਗਰ ਕਰਨ ਦਾ ਮੌਕਾ ਮਿਲਦਾ ਹੈ ਉੱਥੇ ਆਪਸੀ ਭਾਈਚਾਰੇ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਮਨਦੀਪ ਸਿੰਘ ਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਖੇਡਾਂ ਵਿੱਚ ਹਿੱਸਾ ਲੈਣ ਲਈ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਨਾਲ ਜਿੱਥੇ ਨਸ਼ਿਆਂ ਜਿਹੀਆਂ ਅਲਾਮਤਾਂ ਵਿੱਚ ਗਰਤ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਕਰਦੀ ਹੈ ਉੱਥੇ ਉਨ੍ਹਾਂ ਨੂੰ ਆਪਣੀ ਪੰਜਾਬੀ ਸੱਭਿਅਤਾ ਨਾਲ ਜੁੜਨ ਦੀ ਵੀ ਪ੍ਰੇਰਨਾ ਦਿੰਦੀ ਹੈ। ਮਨਦੀਪ ਸਿੰਘ ਦੀਪਾ ਨੇ ਕਿਹਾ ਕਿ ਇਸ ਟੂਰਨਾਮੈਂਟ ਵਿੱਚ 8 ਕ੍ਰਿਕਟ ਟੀਮਾਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਇਸ ਟੂਰਨਾਮੈਂਟ ਵਿੱਚ ਜੇਤੂ ਰਹੀ ਪਿੰਡ ਪੰਡੋਰੀ ਦੀ ਟੀਮ ਨੂੰ ਵਿਸ਼ੇਸ਼ ਮਹਿਮਾਨ ਸੋਨੂੰ ਖੰਨਾ ਨੇ 11 ਹਜ਼ਾਰ ਰੁਪਏ ਦੇ ਕੇ ਵਧਾਈ ਦਿੱਤੀ। ਉਪ ਵਿਜੇਤਾ ਪਿੰਡ ਚਤੋਵਾਲ ਦੀ ਕ੍ਰਿਕਟ ਟੀਮ ਨੂੰ ਸੁਖਪਾਲ ਸਿੰਘ ਸੁੱਖੀ ਨੇ 5100 ਰੁਪਏ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਖੇਡ ਦੇ ਬੈਸਟ ਪਲੇਅਰ ਨੂੰ ਐੱਨ ਆਰ ਆਈ ਰਾਜਵਿੰਦਰ ਸਿੰਘ ਰਾਜੂ ਨੇ 2000 ਰੁਪਏ ਦੇ ਕੇ ਵਧਾਈ ਦਿੱਤੀ। ਮੁੱਖ ਮਹਿਮਾਨਾਂ ਵੱਲੋਂ ਵੱਖ-ਵੱਖ ਜੇਤੂ ਟੀਮਾਂ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ। ਟੂਰਨਾਮੈਂਟ ਦੇ ਆਖਿਰ ਵਿੱਚ ਮਨਦੀਪ ਸਿੰਘ ਦੀਪਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਹਿੰਦੇ ਹੋਏ ਸਰੋਪੇ ਪਾ ਕੇ ਸਨਮਾਨਤ ਕੀਤਾ। ਮਹਿਮਾਨਾਂ ਅਤੇ ਕ੍ਰਿਕਟ ਟੀਮਾਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਇਸ ਮੌਕੇ ਤੇ ਰਾਜਵਿੰਦਰ ਰਾਜੂ, ਵਿਵੇਕ, ਮਾਸਟਰ ਗਗਨ, ਮਨਪ੍ਰੀਤ ਸਿੰਘ, ਸੰਨੀ ਹੁਸੈਨ ਪੁਰੀ, ਸਤਵੰਤ ਸਿੰਘ, ਪਵਨ ਮਾਨ, ਮਨਦੀਪ ਝੱਜੀ ਪਿੰਡ, ਓਂਕਾਰ ਸਿੰਘ, ਡਾ. ਬਲਵਿੰਦਰ ਸਿੰਘ ਤੇ ਡਾ. ਕਰਤਾਰ ਸਿੰਘ ਤੋਂ ਇਲਾਵਾ ਹੋਰ ਕ੍ਰਿਕਟ ਪ੍ਰੇਮੀ ਹਾਜ਼ਰ ਸਨ।



# ਅਵਿਨਾਸ਼ ਚੰਦਰ ਵੱਲੋਂ ਵੱਲੋਂ ਮਾਤਾ ਕਲਸੀ ਨਗਰ ਦੀ ਸਮੱਸਿਆ ਹੱਲ ਕਰਨ ਦਾ ਭਰੋਸਾ



**ਫਿਲੌਰ (ਨਿਰਮਲ)**-ਲੋਕ ਸਭਾ ਹਲਕਾ ਜਲੰਧਰ ਦੇ ਵਿਧਾਨ ਸਭਾ ਫਿਲੌਰ ਵਿਚ ਨੈਸ਼ਨਲ ਹਾਈਵੇ ਦੇ ਨਾਲ ਲਗਦੇ ਮਾਤਾ ਕਲਸੀ ਨਗਰ ਮਾਰਕੀਟ ਦੇ ਕਰੀਬ 300 ਦੁਕਾਨਦਾਰਾਂ ਤੇ ਮੁਹੱਲਾ ਵਸਨੀਕਾਂ ਨਾਲ ਸਾਬਕਾ ਮੁੱਖ ਸੰਸਦ ਸਕੱਤਰ ਸਾਬਕਾ ਵਿਧਾਇਕ ਅਵਿਨਾਸ਼ ਚੰਦਰ ਕਲੇਰ ਨੇ ਮੁਲਾਕਾਤ ਕਰਕੇ ਉਹਨਾਂ ਦੀ ਮੁਸ਼ਕਿਲ ਹੱਲ ਕਰਨ ਦੀ ਕੋਸ਼ਿਸ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਉਹਨਾਂ ਨਾਲ ਜਲੰਧਰ ਭਾਜਪਾ ਦੀ ਜਰਨਲ ਸਕੱਤਰ ਅਸ਼ੋਕ ਸਰੀਨ ਹਿੱਕੀ, ਮੰਡਲ ਪ੍ਰਧਾਨ ਫਿਲੌਰ ਵਿਨੋਦ ਰਹੇਜਾ ਜੀ, ਪੰਜਾਬ ਭਾਜਪਾ ਕਾਰਜਕਾਰੀ ਮੈਂਬਰ ਗੋਲਡੀ ਨਾਹਰ, ਸੀਨੀਅਰ ਭਾਜਪਾ ਨੇਤਾ ਸ਼ਾਮ ਲਾਲ, ਜਗਣ ਨਾਥ ਜੱਗੀ, ਅਭਿਸ਼ੇਕ ਕੁਮਾਰ, ਪਰਵੀਨ ਜੈਨ, ਬਲਵਿੰਦਰ ਸਿੰਘ, ਰਵੀ ਜੋਸ਼ੀ, ਅਮਿਤ ਗੁਪਤਾ ਤੇ ਹੋਰ ਭਾਜਪਾ ਆਗੂ ਮੌਜੂਦ ਰਹੇ।

# ਯਾਦੋਂ ਕੀ ਬਰਾਤ ਪ੍ਰੋਗਰਾਮ 14 ਨੂੰ

**ਸੁਲਤਾਨਪੁਰ ਲੋਧੀ (ਹਨੀ)**-ਜੇ ਵੀ ਏ ਐੱਮ ਮਿਊਜ਼ਿਕਲ ਗਰੁੱਪ ਵੱਲੋਂ ਯਾਦੋਂ ਕੀ ਬਰਾਤ ਪ੍ਰੋਗਰਾਮ 14 ਅਪ੍ਰੈਲ ਨੂੰ ਸ਼ਾਮ 4 ਵਜੇ ਟੈਗੋਰ ਥੀਏਟਰ ਸੈਕਟਰ 18 ਚੰਡੀਗੜ੍ਹ ਵਿਖੇ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦੇ ਔਰਗੇਨਾਈਜ਼ਰ ਜਯੋਤੀ ਕਾਂਸਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿਚ ਬਾਲੀਵੁੱਡ ਐਕਟਰ ਅਤੇ ਗਾਇਕ ਅਰਜੁਨ ਫਿਰੋਜ਼ ਖਾਨ ਵਿਸ਼ੇਸ਼ ਤੌਰ 'ਤੇ ਸਮਾਗਮ ਦੀ ਸ਼ੋਭਾ ਵਧਾਉਣ ਲਈ ਪਹੁੰਚ ਰਹੇ ਹਨ। ਪ੍ਰੋਗਰਾਮ ਨੂੰ ਚਾਰ ਚੰਨ ਲਾਉਣ ਲਈ ਆਪਣੇ ਗੀਤਾਂ ਰਾਹੀਂ ਜਯੋਤੀ ਕਾਂਸਲ, ਰਾਹੁਲ ਸੋਨੀ, ਨੀਨਾ ਭਾਟੀਆ, ਪ੍ਰੇਮ ਸਾਗਰ ਗੁਪਤਾ, ਆਦਰਸ਼, ਨੰਦ ਕਿਸ਼ੋਰ, ਦੁਪਾਂਸ਼ੂ ਸੋਨੀ, ਪੂਨਮ ਡੋਗਰਾ, ਨੈਨਸੀ, ਪ੍ਰਵੀਨ ਗਰਗ, ਵਿਕਰਮ ਜੀਤ ਗਰੋਵਰ, ਸ਼ਿਖਾ ਬਾਂਸਲ, ਸੁਨੀਲ ਬਾਗੜੀ, ਆਰ ਸੀ ਦਾਸ, ਸ਼ਿਵਾਨੀ ਦੁਆ, ਨੀਰਜ ਅਗਰਵਾਲ, ਸਤੀਸ਼ ਮਹਿਰਾਮੀ, ਅਮਨ ਸ਼ਰਮਾ, ਡਾ.ਪੁਨੀਤ ਅਗਰਵਾਲ, ਵਿਸ਼ਾਲ ਸ਼ਰਮਾ, ਪਰਮ ਚੰਦੇਲ, ਹਨੀ ਜਲੰਧਰ, ਪਿਊਸ਼ ਸ਼ਰਮਾ, ਦਵਿੰਦਰ, ਆਸ਼ਾ ਲੂਥਰਾ, ਰਾਜੇਸ਼ ਖਰੇ, ਇਰਫਾਨ ਖਾਨ ਆਦਿ ਵਿਸ਼ੇਸ਼ ਰੂਪ ਵਿਚ ਪਹੁੰਚ ਰਹੇ ਹਨ । ਜ਼ਿਕਰਯੋਗ ਹੈ ਕਿ ਡਾ.ਅਰੁਨ ਕਾਂਤ ਸਾਰੇ ਗਾਇਕਾਂ ਨੂੰ ਲਾਈਵ ਮਿਊਜ਼ਿਕ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।




# ਸ਼ੈਰੀ ਕਲਸੀ ਨੇ ਮੁਹੱਲਾ ਜੋਗੀਆਂ ਦੀਆਂ ਨਿਰਮਾਣ ਅਧੀਨ ਸੜਕਾਂ ਦਾ ਲਿਆ ਜਾਇਜ਼ਾ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਦੇ ਚੱਲਦਿਆਂ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਜਾਰੀ ਹਨ।ਇਹ ਪ੍ਰਗਟਾਵਾ ਚੇਅਰਮੈਨ ਮਾਨਿਕ ਮਹਿਤਾ ਨੇ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਜੋਗੀਆਂ ਮੁਹੱਲਾ ਵਿਖੇ ਸੜਕਾਂ ਦੇ ਨਿਰਮਾਣ ਦੇ ਕੰਮਾਂ ਦਾ ਜਾਇਜ਼ਾ ਲੈਣ ਉਪਰੰਤ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਅਤੇ ਦੁਕਾਨਦਾਰਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕੰਮ ਨਿਯਮਿਤ ਸਮੇਂ ਅੰਦਰ ਮੁਕੰਮਲ ਕਰਨ ਲਈ ਕਿਹਾ ਤਾਂ ਜੋ ਰਾਹਗੀਰਾਂ ਨੂੰ ਜਲਦ ਸਹੂਲਤ ਮਿਲ ਸਕੇ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਸ਼ਹਿਰ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।ਉਨ੍ਹਾਂ ਅੱਗੇ ਦੱਸਿਆ ਕਿ ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾਏ ਰਹੇ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ ਅਤੇ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।

# ਸੀ ਟੀ ਗਰੁੱਪ 'ਚ ਬਿਜ਼ਨੈੱਸ ਐਨਾਲਿਟਿਕਸ ਵਰਕਸ਼ਾਪ ਕਰਵਾਈ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਨੌਰਥ ਕੈਂਪਸ, ਮਕਸੂਦਾਂ ਵਿੱਚ ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਰਿਸਰਚ ਕਲੱਬ ਦੇ ਅਧੀਨ ਡਾਟਾ ਟੂ ਡਿਸੀਜ਼ਨ: ਬਿਜ਼ਨਸ ਐਨਾਲਿਟਿਕਸ ਵਿਧ ਐਕਸਲ ਐਂਡ ਪਾਵਰ ਬੀਆਈ ਵਿਸ਼ੇ 'ਤੇ ਤਿੰਨ ਦਿਨਾਂ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦੇ ਰਿਸੋਰਸ ਪਰਸਨ ਡਾ. ਵਿਕਾਸ ਖੁੱਲਰ ਸਨ, ਜੋ ਕਿ ਚਿਤਕਾਰਾ ਯੂਨੀਵਰਸਿਟੀ ਵਿੱਚ ਪ੍ਰੋਫੈਸਰ ਹਨ। ਉਨ੍ਹਾਂ ਨੇ ਆਪਣੇ ਸੈਸ਼ਨਾਂ ਦੌਰਾਨ ਬਿਜ਼ਨਸ ਐਨਾਲਿਟਿਕਸ ਦੇ ਖੇਤਰ ਵਿੱਚ ਵਿਸਤ੍ਰਿਤ ਅਤੇ ਪ੍ਰਯੋਗਿਕ ਜਾਣਕਾਰੀ ਸਾਂਝੀ ਕੀਤੀ ਅਤੇ ਅੱਜ ਦੇ ਡਾਟਾ-ਕੇਂਦਰਿਤ ਕਾਰੋਬਾਰੀ ਮਾਹੌਲ ਵਿੱਚ ਇਸ ਦੀ ਵਧਦੀ ਮਹੱਤਤਾ ਬਾਰੇ ਰੋਸ਼ਨੀ ਪਾਈ।ਪਹਿਲੇ ਦਿਨ ਵਰਕਸ਼ਾਪ ਦੀ ਸ਼ੁਰੂਆਤ ਬਿਜ਼ਨਸ ਐਨਾਲਿਟਿਕਸ ਦੇ ਮੂਲ ਸਿਧਾਂਤਾਂ ਨਾਲ ਕੀਤੀ ਗਈ। ਇਸ ਦੌਰਾਨ ਵਿਦਿਆਰਥੀਆਂ ਨੂੰ ਮਾਇਕਰੋਸਾਫਟ ਐਕਸਲ ਰਾਹੀਂ ਹੱਥੀ-ਅਨੁਭਵ ਅਧਾਰਿਤ ਸਿਖਲਾਈ ਦਿੱਤੀ ਗਈ। ਡਾਟਾ ਦੀ ਸੰਗਠਨਾ, ਸਫਾਈ, ਸੋਰਟਿੰਗ, ਫਿਲਟਰਿੰਗ ਅਤੇ ਵੱਖ-ਵੱਖ ਫ਼ਾਰਮੂਲਾ ਅਤੇ ਫੰਕਸ਼ਨਾਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਗਈ, ਜਿਸ ਨਾਲ ਵਿਦਿਆਰਥੀਆਂ ਨੇ ਕੱਚੇ ਡਾਟਾ ਨੂੰ ਅਰਥਪੂਰਨ ਜਾਣਕਾਰੀ ਵਿੱਚ ਬਦਲਣ ਦੀ ਪ੍ਰਕਿਰਿਆ ਨੂੰ ਸਮਝਿਆ।ਦੂਜੇ ਦਿਨ ਤਵੱਜੋ ਉੱਚ ਪੱਧਰੀ ਟੂਲ ਪਾਵਰ ਬੀਆਈ 'ਤੇ ਕੇਂਦਰਿਤ ਕੀਤੀ ਗਈ। ਵਿਦਿਆਰਥੀਆਂ ਨੂੰ ਡਾਟਾ ਇੰਪੋਰਟ, ਟ੍ਰਾਂਸਫਾਰਮੇਸ਼ਨ ਅਤੇ ਇੰਟਰਐਕਟਿਵ ਡੈਸ਼ਬੋਰਡ ਤੇ ਰਿਪੋਰਟਾਂ ਬਣਾਉਣ ਦੀ ਸਿਖਲਾਈ ਦਿੱਤੀ ਗਈ। ਤੀਜੇ ਦਿਨ ਵਿਦਿਆਰਥੀਆਂ ਦੀ ਪ੍ਰਯੋਗਿਕ ਸਮਝ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ 'ਤੇ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਇਸ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਦੌਰ ਵਿੱਚ ਡਾਟਾ ਸਾਖਰਤਾ ਅਤੇ ਵਿਸ਼ਲੇਸ਼ਣਾਤਮਕ ਹੁਨਰ ਬਹੁਤ ਜ਼ਰੂਰੀ ਹਨ ਅਤੇ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਸਾਬਕਾ ਸੈਨਿਕਾਂ ਦੀ ਸਰਬਸਾਂਝੀ ਕਮੇਟੀ ਦੀ ਚੋਣ

## ਸੂਬੇਦਾਰ ਗੁਰਮੀਤ ਸਿੰਘ ਨੂੰ ਚੇਅਰਮੈਨ ਤੇ ਦਿਲਬਾਗ ਸਿੰਘ ਨੂੰ ਪ੍ਰਧਾਨ ਚੁਣਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਸਾਬਕਾ ਸੈਨਿਕ ਸਰਬਸਾਂਝੀ ਕਮੇਟੀ ਦੀ ਇੱਕ ਅਹਿਮ ਮੀਟਿੰਗ ਅੱਡਾ ਝਬਾਲ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਹੋਈ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਦਿਲਬਾਗ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ।ਇਸ ਮੀਟਿੰਗ ਵਿੱਚ ਸਾਬਕਾ ਸੈਨਿਕਾਂ ਨੂੰ ਆਉਂਦੀਆ ਮੁਸ਼ਕਿਲਾਂ ਸੁਣੀਆਂ ਗਈਆਂ ਜਿਨ੍ਹਾਂ ਨੂੰ ਪ੍ਰਸ਼ਾਸਨ ਕੋਲੋਂ ਹੱਲ ਕਰਵਾਉਣ ਲਈ ਭਰੋਸਾ ਦਿੱਤਾ ਗਿਆ।ਇਸ ਮੀਟਿੰਗ ਵਿੱਚ ਬਲਾਕ ਗੰਡੀਵਿੰਡ ਦੀ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਬਲਾਕ ਗੰਡੀਵਿੰਡ ਦੇ ਚੇਅਰਮੈਨ ਸੂਬੇਦਾਰ ਗੁਰਮੀਤ ਸਿੰਘ ਛੀਨਾ, ਬਲਾਕ ਪ੍ਰਧਾਨ ਦਿਲਬਾਗ ਸਿੰਘ ਛੀਨਾ, ਬਲਾਕ ਮੀਡੀਆ ਇੰਚਾਰਜ ਦਫੇਦਾਰ ਕਿਰਪਾਲ ਸਿੰਘ ਸੋਹਲ, ਕੈਸ਼ੀਅਰ ਹਰਜਿੰਦਰ ਸਿੰਘ ਅਤੇ ਨਰਿੰਦਰ ਸਿੰਘ ਨੂੰ ਸੈਕਟਰੀ ਨਿਯੁਕਤ ਕੀਤਾ ਗਿਆ ਅਤੇ ਬਾਕੀ ਦੇ 6 ਮੈਂਬਰ ਵੀ ਜਲਦੀ ਨਿਯੁਕਤ ਕਰਨ ਲਈ ਕਿਹਾ ਗਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਜੋ ਨਜਾਇਜ਼ ਫੈਸਲੇ ਸਾਬਕਾ ਸੈਨਿਕਾਂ ਵਿਰੁੱਧ ਲੈ ਰਹੀ ਉਨ੍ਹਾਂ ਨੂੰ ਕਿਸੇ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ ਬੇਸ਼ੱਕ ਸਾਬਕਾ ਸੈਨਿਕਾਂ ਨੂੰ ਕੋਈ ਵੀ ਸੰਘਰਸ਼ ਕਿਉਂ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਦੇਸ਼ ਦੀ ਸੈਨਾ ਵਿੱਚ ਪਹਿਲਾਂ ਹੀ ਨਫਰੀ ਦੀ ਵੱਡੀ ਘਾਟ ਹੈ ਤੇ ਜੇਕਰ ਇਹ ਨਜਾਇਜ਼ ਫੈਸਲੇ ਲਾਗੂ ਕਰ ਦਿੱਤੇ ਤਾਂ ਸੈਨਾ ਵਿੱਚ ਭਰਤੀ ਹੋਣ ਤੋਂ ਦੇਸ਼ ਦੇ ਨੌਜਵਾਨ ਪਾਸਾ ਵੱਟ ਲੈਣਗੇ ਜਿਸ ਨਾਲ ਦੇਸ਼ ਦੀ ਸੁਰੱਖਿਆ ਨੂੰ ਵੱਡਾ ਘਾਟਾ ਪਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੂਬੇਦਾਰ ਦਿਲਬਾਗ ਸਿੰਘ, ਸੂਬੇਦਾਰ ਗੁਰਮੀਤ ਸਿੰਘ, ਕੈਪਟਨ ਸਰਦੂਲ ਸਿੰਘ, ਸੂਬੇਦਾਰ ਸੁਖਪਾਲ ਸਿੰਘ ਜ਼ਿਲ੍ਹਾ ਪ੍ਰਧਾਨ, ਸੂਬੇਦਾਰ ਗੁਰਦੇਵ ਸਿੰਘ ਵਾਈਸ ਪ੍ਰਧਾਨ, ਸੁਖਵਿੰਦਰ ਸਿੰਘ ਠੱਠਾ ਮੀਡੀਆ ਇੰਚਾਰਜ ,ਕੈਪਟਨ ਸਾਹਿਬ ਸਿੰਘ ਝਬਾਲ, ਲੱਖਾ ਸਿੰਘ ਪੰਜਵੜ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਸਾਬਕਾ ਸੈਨਿਕ ਹਾਜ਼ਰ ਸਨ।



# ਬਲਜਿੰਦਰ ਮਾਨ ਨੇ ਦੁਆਬੇ ਦਾ ਮਾਣ ਵਧਾਇਆ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਵਾਈਸ ਚਾਂਸਲਰ ਡਾ.ਜਗਦੀਪ ਸਿੰਘ ਦੀ ਸਰਪ੍ਰਸਤੀ ਹੇਠ ਪੰਜਾਬੀ ਵਿਭਾਗ ਅਤੇ ਪਬਲੀਕੇਸ਼ਨ ਬਿਊਰੋ ਦੇ ਸਾਂਝੇ ਉੱਦਮ ਸਦਕਾ 12 ਵੇਂ ਪੰਜ ਰੋਜ਼ਾ ਪੁਸਤਕ ਮੇਲੇ ਤੇ ਸਾਹਿਤ ਉਤਸਵ ਦਾ ਆਯੋਜਨ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਦੀ ਅਗਵਾਈ ਹੇਠ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਇਸ ਮੌਕੇ ਜਿੱਥੇ ਦੇਸ਼ ਭਰ ਦੇ ਪ੍ਰਕਾਸ਼ਕ ਆਪਣੀਆਂ ਪੁਸਤਕਾਂ ਦੀ ਨੁਮਾਇਸ਼ਾਂ ਲਗਾਉਣ ਲਈ ਪੁੱਜੇ ਉੱਥੇ ਪੰਜ ਦਿਨ ਸਾਹਿਤ ਕਲਾ ਸੱਭਿਆਚਾਰ ਦੇ ਵੱਖ ਵੱਖ ਵਿਸ਼ਿਆਂ ਨਾਲ ਸੰਬੰਧਿਤ ਦੇਸ਼ ਦੇ ਮਾਹਿਰ ਸਾਹਿਤਕਾਰ ਅਤੇ ਪਤਵੰਤੇ ਪੁੱਜਦੇ ਰਹੇ। ਸੰਗੀਤਕ ਸ਼ਾਮਾਂ ਦਰਮਿਆਨ ਰਣਜੀਤ ਕੌਰ, ਗੁਲਸ਼ਨ ਕੋਮਲ, ਸੁੱਖੀ ਬਰਾੜ ਅਤੇ ਦੇਬੀ ਮਖਸੂਸਪੁਰੀ ਵਰਗੇ ਕਲਾਕਾਰਾਂ ਨੇ ਖੂਬ ਰੌਣਕਾਂ ਲਾਈ ਰੱਖੀਆਂ। ਇਸ ਉਤਸਵ ਦੇ ਪੰਜਵੇਂ ਦਿਨ ਪ੍ਰਬੰਧਕਾਂ ਵੱਲੋਂ ਸਮੇਂ ਦੀ ਲੋੜ ਨੂੰ ਮੱਦੇ ਨਜ਼ਰ ਰੱਖਦਿਆਂ ਇੱਕ ਨਵਾਂ ਤੇ ਨਰੋਆ ਉਪਰਾਲਾ ਬਾਲ ਸਾਹਿਤ ਸੰਵਾਦ ਰਚਾ ਕੇ ਕੀਤਾ। ਇਸ ਪੱਧਰ ਦੀ ਬਾਲ ਸਾਹਿਤ ਚਰਚਾ ਕਿਸੇ ਯੂਨੀਵਰਸਿਟੀ ਵਿੱਚ ਪਹਿਲੀ ਵਾਰ ਕਰਵਾਈ ਗਈ । ਪ੍ਰਬੰਧਕਾਂ ਵੱਲੋਂ ਯੂਨੀਵਰਸਿਟੀ ਪੱਧਰ ਤੇ ਸ਼ੁਰੂ ਕੀਤੇ ਇਸ ਨਵੇਂ ਅਧਿਆਏ ਵਿੱਚ ਪੰਜਾਬ ਦੇ ਉੱਘੇ ਬਾਲ ਸਾਹਿਤ ਲੇਖਕ ਉਚੇਚੇ ਤੌਰ ਤੇ ਹਾਜ਼ਰ ਹੋਏ। ਜਿਸ ਵਿੱਚ ਅੰਮ੍ਰਿਤਸਰ ਤੋਂ ਪ੍ਰਸਿੱਧ ਨਾਵਲਕਾਰ ਨਾਨਕ ਸਿੰਘ ਦੇ ਸਪੁੱਤਰ ਡਾ. ਕੁਲਬੀਰ ਸਿੰਘ ਸੂਰੀ , ਬਾਲ ਸੰਦੇਸ਼ ਦੇ ਬਾਨੀ ਸੰਪਾਦਕ ਗੁਰਬਖਸ਼ ਸਿੰਘ ਪ੍ਰੀਤਲੜੀ ਦੇ ਸੁਪੁੱਤਰ ਹਿਰਦੇਪਾਲ ਸਿੰਘ, ਚੰਡੀਗੜ੍ਹ ਤੋਂ ਮਨਮੋਹਨ ਸਿੰਘ ਦਾਊਂ ,ਪਟਿਆਲੇ ਤੋਂ ਡਾ.ਦਰਸ਼ਨ ਸਿੰਘ ਆਸ਼ਟ (ਸਾਰੇ ਸਾਹਿਤ ਅਕੈਡਮੀ ਤੇ ਸ਼੍ਰੋਮਣੀ ਬਾਲ ਸਾਹਿਤ ਪੁਰਸਕਾਰ ਜੇਤੂ) ਅਤੇ ਦੁਆਬੇ ਦੀ ਨੁਮਾਇੰਦਗੀ ਇੰਡੀਆ ਬੁਕ ਆਫ਼ ਰਿਕਾਰਡਸ ਵਿੱਚ ਦਰਜ ਪੰਜਾਬੀ ਦੇ ਇੱਕੋ ਇੱਕ ਬਾਲ ਰਸਾਲੇ ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਅਤੇ ਸ਼੍ਰੋਮਣੀ ਬਾਲ ਸਾਹਿਤ ਲੇਖਕ ਬਲਜਿੰਦਰ ਮਾਨ ਨੇ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਕੀਤੀ।ਬਾਲ ਸਾਹਿਤ ਦੇ ਸੰਵਾਦ ਦਾ ਵਿਸ਼ਾ ਬਾਲ ਸਾਹਿਤ ਦਾ ਸੰਕਟ: ਗੁਣਵੱਤਾ ਜਾਂ ਘਾਟ ਦਿੱਤਾ ਗਿਆ ਸੀ। ਜਿਸ ਤੇ ਮਾਹਿਰ ਵਿਦਵਾਨਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰਬੰਧਕਾਂ ਦੀ ਇਸ ਉਪਰਾਲੇ ਲਈ ਵਿਸ਼ੇਸ਼ ਤੌਰ ਤੇ ਸ਼ਲਾਘਾ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਵਿਚਾਰ ਚਰਚਾ ਵਿੱਚ ਸ਼ਾਮਿਲ ਸਾਹਿਤਕਾਰਾਂ ਨੂੰ ਪੰਜਾਬੀ ਵਿਭਾਗ ਦੀ ਮੁਖੀ ਤੇ ਮੁੱਖ ਮੇਲਾ ਪ੍ਰਬੰਧਕ ਡਾ. ਰਾਜਵੰਤ ਕੌਰ ਪੰਜਾਬੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਵਿਚਾਰ ਚਰਚਾ ਦੌਰਾਨ ਡਾ. ਦਰਸ਼ਨ ਸਿੰਘ ਆਸ਼ਟ ਦੇ ਦੋ ਨਾਟਕ ਸੰਗ੍ਰਹਿ ਤੁਸੀਂ ਬੱਚੇ ਕਦੋਂ ਬਣੋਗੇ ਅਤੇ ਹੋਰ ਬਾਲ ਨਾਟਕ, ਚੁਗਲਖੋਰ ਅਤੇ ਹੋਰ ਬਾਲ ਨਾਟਕ ਤੇ ਨਿੱਕੀਆਂ ਕਰੂੰਬਲਾਂ ਦਾ ਨਵੀਨਤਮ ਅੰਕ ਵੀ ਜਾਰੀ ਕੀਤਾ ਗਿਆ।

# ਗੁਰਦੁਆਰਾ ਕਿਲਾ ਸਾਹਿਬ ਪਿੰਡ ਠੱਠਗੜ੍ਹ ਵਿਖੇ ਸਾਲਾਨਾ ਜੋੜ ਮੇਲਾ ਭਲਕੇ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਨਜ਼ਦੀਕੀ ਪਿੰਡ ਠੱਠਗੜ੍ਹ ਜ਼ਿਲਾ ਤਰਨਤਾਰਨ ਵਿਖੇ ਸਥਿਤ ਗੁ: ਕਿਲਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ 26 ਚੇਤ 8 ਅਪ੍ਰੈਲ ਦਿਨ ਬੁੱਧਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।ਗੁਰਦੁਆਰਾ ਕਿਲਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸੁੱਧ ਸਿੰਘ ਟੂਸੇ ਸ੍ਰੀ ਮਾਛੀਵਾੜਾ ਸਾਹਿਬ ਵਾਲਿਆਂ ਦੀ ਅਗਵਾਈ, ਗ੍ਰਾਮ ਪੰਚਾਇਤ ਪਿੰਡ ਠੱਠਗੜ੍ਹ ਅਤੇ ਸਮੂਹ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸੁੱਧ ਸਿੰਘ ਟੂਸੇ ਸ੍ਰੀ ਮਾਛੀਵਾੜਾ ਸਾਹਿਬ ਵਾਲਿਆਂ ਨੇ ਦੱਸਿਆ ਕਿ 6 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਜਿਨ੍ਹਾਂ ਦੇ 8 ਅਪ੍ਰੈਲ ਨੂੰ ਭੋਗ ਪਾਏ ਜਾਣ ਉਪਰੰਤ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਨਿਹਾਲ ਕਰਨਗੇ।ਉੱਥੇ ਹੀ ਪ੍ਰਮੁੱਖ ਧਾਰਮਿਕ ਤੇ ਰਾਜਸੀ ਸ਼ਖ਼ਸੀਅਤਾਂ ਵੀ ਹਾਜ਼ਰੀਆਂ ਭਰਨ ਲਈ ਪੁੱਜ ਰਹੀਆਂ ਹਨ।ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।ਬਾਬਾ ਸੁੱਧ ਸਿੰਘ ਨੇ ਇਸ ਗੁਰਦੁਆਰਾ ਕਿਲਾ ਸਾਹਿਬ ਬਾਰੇ ਸੰਗਤਾਂ ਨੂੰ ਦੱਸਿਆ ਕਿ ਇਸ ਅਸਥਾਨ ਤੇ ਹਰ ਮਹੀਨੇ ਪੰਚਮੀ ਵਾਲੇ ਦਿਨ ਅਣਗਿਣਤ ਸੰਗਤਾਂ ਨਤਮਸਤਕ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ।ਉਨ੍ਹਾਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਮਨਾਏ ਜਾ ਰਹੇ ਸਾਲਾਨਾ ਜੋੜ ਮੇਲੇ ਮੌਕੇ ਹੁੰਮ ਹੁਮਾ ਕੇ ਹਾਜ਼ਰੀਆਂ ਭਰਨ ਅਤੇ ਗੁਰੂ ਘਰ ਚੋਂ ਖੁਸ਼ੀਆਂ ਪ੍ਰਾਪਤ ਕਰਨ ਜਦਕਿ ਇਸ ਸਮੇਂ ਭਾਈ ਸਰਬਜੀਤ ਸਿੰਘ, ਭਾਈ ਸਤ ਸਤਵੰਤ ਸਿੰਘ ਤੇ ਸੰਗਤਾਂ ਵੀ ਮੌਜੂਦ ਸਨ।

# ਪੱਤਰਕਾਰ ਬਲਜੀਤ ਕਾਹਲੋਂ ਦੇ ਪਰਵਾਰ ਨਾਲ ਦੁੱਖ ਦਾ ਇਜ਼ਹਾਰ

**ਮਜੀਠਾ (ਸੋਇਮ ਅਨੰਦ)**

ਬਟਾਲਾ ਤੋਂ ਸੀਨੀਅਰ ਪ੍ਰਤੀਨਿਧ ਬਲਜੀਤ ਸਿੰਘ ਕਾਹਲੋਂ ਪ੍ਰਧਾਨ ਚੰਡੀਗੜ੍ਹ ਪੱਤਰਕਾਰ ਯੂਨੀਅਨ ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, ਦੇ ਪਰਿਵਾਰ ਨਾਲ ਵੱਖ-ਵੱਖ ਸਿਆਸੀ, ਧਾਰਮਿਕ ਤੇ ਸਮਾਜਿਕ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਜਿਨ੍ਹਾਂ ਵਿੱਚ ਕਾਂਗਰਸੀ ਆਗੂ ਭਗਵੰਤਪਾਲ ਸਿੰਘ ਸੱਚਰ, ਤਲਬੀਰ ਸਿੰਘ ਗਿੱਲ, ਬਲਬੀਰ ਸਿੰਘ ਬੋਪਾਰਾਏ, ਬਾਊ ਵਿਜੇ ਕੁਮਾਰ ਥਰੀਏਵਾਲ, ਪ੍ਰਮਜੀਤ ਸਿੰਘ ਪੰਮਾ ਪ੍ਰਧਾਨ, ਬਲਵਿੰਦਰ ਸਿੰਘ ਮਰੜੀ ਕਲਾਂ, ਸੁਖਚੈਨ ਸਿੰਘ ਸੁੱਖ ਭਗਵਾਂ, ਨਵਦੀਪ ਸਿੰਘ ਸੋਨਾ ਪ੍ਰਧਾਨ, ਅਨੂਪ ਸਿੰਘ ਸੰਧੂ, ਕਾਮਰੇਡ ਬਲਕਾਰ ਸਿੰਘ ਦੁਧਾਲਾ, ਸੁਖਵਿੰਦਰ ਸਿੰਘ ਬਿੱਟੂ, ਸਤਿੰਦਰ ਸਿੰਘ ਸ਼ਾਹ, ਚੰਡੀਗੜ੍ਹ ਜਰਨਲਿਸਟ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ, ਮੈਡਮ ਮੰਮਤਾ, ਕਵਲਜੀਤ ਸਿੰਘ ਵਾਲੀਆ, ਸਕੱਤਰ ਮਾਰਕੀਟ ਕਮੇਟੀ ਜਸਪਾਲ ਸਿੰਘ, ਪੰਜਾਬ ਪ੍ਰਧਾਨ ਆੜ੍ਹਤੀ ਜਸਕਰਨ ਸਿੰਘ ਭੰਗੂ, ਸੁਖਚੈਨ ਸਿੰਘ ਤਲਵੰਡੀ, ਕਿਸਾਨ ਆਗੂ ਜਗਜੀਵਨ ਸਿੰਘ ਤਲਵੰਡੀ, ਕਮਲ ਪਹਿਲਵਾਨ, ਮਨਿੰਦਰ ਸਿੰਘ ਸ਼ੇਖੀ, ਜਗਤਾਰ ਸਿੰਘ ਸਹਿਮੀ, ਜਸਵਿੰਦਰ ਸਿੰਘ ਸੰਧੂ, ਰਮਨ ਸ਼ਰਮਾ, ਸਰਬਜੀਤ ਸਿੰਘ ਵਡਾਲਾ, ਪ੍ਰੀਤਮ ਸਿੰਘ ਚਵਿੰਡਾ, ਸਰਬਜੀਤ ਸਿੰਘ, ਜਰਨੈਲ ਸਿੰਘ ਤੱਗੜ, ਭੁਪਿੰਦਰ ਸਿੰਘ ਗਿੱਲ, ਮਾ. ਭੁਪਿੰਦਰ ਸਿੰਘ, ਸਤਨਾਮ ਸਿੰਘ ਜੱਜ, ਮਨਦੀਪ ਸਿੰਘ ਗਿੱਲ, ਮਨੋਹਰ ਸਿੰਘ ਰੰਧਾਵਾ, ਪਲਵਿੰਦਰ ਸਿੰਘ ਸਰਹਾਲਾ, ਸੋਇਮ ਅਨੰਦ, ਪ੍ਰਮੋਦ ਕੁਮਾਰ, ਵਿੱਕੀ ਭੰਡਾਰੀ, ਰਾਜ ਕੋਟਲੀ, ਅਸ਼ਵਨੀ ਕੁਮਾਰ, ਮਨਮੋਹਨ ਸਿੰਘ ਢਿੱਲੋਂ, ਜਗਤਾਰ ਸਿੰਘ ਛਿੱਤ, ਨਿਰਵੈਰ ਸਿੰਘ ਗਿੱਲ, ਰਾਜਵਿੰਦਰ ਸਿੰਘ, ਰਜੇਸ਼ ਭੱਟੀ, ਮਹਾਂਬੀਰ ਸਿੰਘ ਗਿੱਲ, ਸ਼ਰਨਜੀਤ ਸਿੰਘ ਗਿੱਲ, ਰਣਬੀਰ ਸਿੰਘ ਮਿੰਟੂ, ਕਿਸਾਨ ਆਗੂ ਜੋਗਾ ਸਿੰਘ ਨੱਤ, ਨਵਜੋਤ ਸਿੰਘ ਭੰਗੂ, ਦੀਪਕ ਆੜ੍ਹਤੀ, ਮਨੋਹਰ ਲਾਲ , ਕਾਬਲ ਸਿੰਘ, ਦੀਪਕ ਰੌਕੀ, ਮਨਜੀਤ ਸਿੰਘ ਸੋਹੀ, ਜੋਗਾ ਸਿੰਘ ਅਠਵਾਲ, ਹਰਦੀਪ ਸਿੰਘ, ਹਰਜਿੰਦਰ ਸਿੰਘ, ਸ਼ਿਵ ਵਰਿੰਦਰ ਸਿੰਘ, ਸਤੀਸ਼ ਕੁਮਾਰ, ਗੁਰਮੀਤ ਸਿੰਘ ਬੱਲ, ਇਕਬਾਲ ਸਿੰਘ ਮੱਲੀ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਲਾਡੀ ਤਲਵੰਡੀ, ਹਰਬੰਸ ਸਿੰਘ ਮੱਲੀ, ਸੰਦੀਪ ਬੁਤਾਲਾ, ਘੁੱਲਾ , ਬਿੱਕਰ ਪੰਧੇਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਨੇਹੀ ਦੁੱਖ ਵਿਚ ਸ਼ਾਮਿਲ ਹੋਏ।



